ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 108
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ ***

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Monday, 20 April, 2026) ਸੋਮਵਾਰ, 20 ਅਪ੍ਰੈਲ, 2026, 7 ਵੈਸਾਖ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ


## ਕੇਂਦਰ ਵੱਲੋਂ 6500.90 ਰੁਪਏ ਪ੍ਰਤੀ ਟਨ 'ਤੇ ਆਲੂ ਦੀ ਖਰੀਦ ਨੂੰ ਮਨਜ਼ੂਰੀ

ਨਵੀਂ ਦਿੱਲੀ, 19 ਅਪ੍ਰੈਲ (ਚ.ਨ.ਸ.):ਕੇਂਦਰ ਸਰਕਾਰ ਨੇ ਉੱਤਰ ਪ੍ਰਦੇਸ਼ 'ਚ 6500.90 ਰੁਪਏ ਪ੍ਰਤੀ ਟਨ ਦੇ ਬਾਜ਼ਾਰ ਦਖਲਅੰਦਾਜ਼ੀ ਮੁੱਲ 'ਤੇ 20 ਲੱਖ ਟਨ ਆਲੂ ਦੀ ਖਰੀਦ ਨੂੰ ਮਨਜ਼ੂਰੀ ਦਿੱਤੀ ਹੈ। ਇਸ 'ਤੇ ਸਰਕਾਰੀ ਖ਼ਜ਼ਾਨੇ ਤੋਂ 203.15 ਕਰੋੜ ਰੁਪਏ ਖਰਚ ਹੋਣਗੇ। ਇਹ ਕਦਮ ਵੱਖ-ਵੱਖ ਸੂਬਿਆਂ 'ਚ ਕਿਸਾਨਾਂ ਨੂੰ ਮਜਬੂਰੀ 'ਚ ਘੱਟ ਮੁੱਲ 'ਤੇ ਫ਼ਸਲ ਵੇਚਣ ਤੋਂ ਬਚਾਉਣ ਦੇ ਵਿਆਪਕ ਯਤਨ ਦਾ ਹਿੱਸਾ ਹੈ। ਇਕ ਵੱਖਰੇ ਫੈਸਲੇ 'ਚ ਕੇਂਦਰੀ ਖੇਤੀਬਾੜੀ ਮੰਤਰਾਲਾ ਨੇ ਆਂਧਰਾ ਪ੍ਰਦੇਸ਼ 'ਚ ਛੋਲਿਆਂ ਦੀ ਖਰੀਦ ਦੀ ਹੱਦ 94,500 ਟਨ ਤੋਂ ਵਧਾ ਕੇ 1.13 ਲੱਖ ਟਨ ਕਰ ਦਿੱਤੀ ਹੈ। (ਬਾਕੀ ਸਫ਼ਾ 2 'ਤੇ)

# ਅਮਰੀਕਾ ਨਾਲ ਗੱਲਬਾਤ ਲਈ ਈਰਾਨ ਆਪਣਾ ਵਫ਼ਦ ਨਹੀਂ ਭੇਜੇਗਾ ਪਾਕਿਸਤਾਨ



ਚੜ੍ਹਦੀਕਲਾ ਬਿਊਰੋ

================

ਤਹਿਰਾਨ, 19 ਅਪ੍ਰੈਲ : ਅਮਰੀਕਾ ਅਤੇ ਈਰਾਨ ਵਿਚਾਲੇ ਜੰਗ ਖ਼ਤਮ ਕਰਨ ਨੂੰ ਲੈ ਕੇ ਇਸਲਾਮਾਬਾਦ ਵਿੱਚ ਸੋਮਵਾਰ ਨੂੰ ਦੂਜੇ ਦੌਰ ਦੀ ਗੱਲਬਾਤ ਹੋਣ ਵਾਲੀ ਹੈ ਪਰ ਇਸ ਤੋਂ ਪਹਿਲਾਂ ਹੀ ਈਰਾਨ ਨੇ ਉੱਥੇ ਆਪਣੇ ਪ੍ਰਤੀਨਿਧਾਂ ਨੂੰ ਭੇਜਣ ਤੋਂ ਇਨਕਾਰ ਕਰ ਦਿੱਤਾ ਹੈ।

ਈਰਾਨ ਦੀ ਸਰਕਾਰੀ ਨਿਊਜ਼ ਏਜੰਸੀ 'ਤਸਨੀਮ' ਮੁਤਾਬਕ ਜਦੋਂ ਤੱਕ ਈਰਾਨ 'ਤੇ ਸਮੁੰਦਰੀ ਨਾਕਾਬੰਦੀ ਜਾਰੀ ਰਹੇਗੀ, ਉਦੋਂ ਤੱਕ ਪਾਕਿਸਤਾਨ ਵਿੱਚ ਗੱਲਬਾਤ ਲਈ ਕੋਈ ਵਫ਼ਦ ਨਹੀਂ ਭੇਜਿਆ ਜਾਵੇਗਾ। ਇਸ ਦੌਰਾਨ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਧਮਕੀ ਦਿੰਦੇ ਹੋਏ ਕਿਹਾ ਕਿ ਈਰਾਨ ਕੋਲ ਆਖਰੀ ਮੌਕਾ ਹੈ। ਜੇਕਰ ਸਮਝੌਤਾ ਨਹੀਂ ਹੋਇਆ, ਤਾਂ ਈਰਾਨ ਦੇ ਬੁਨਿਆਦੀ ਢਾਂਚੇ 'ਤੇ ਵੱਡੇ ਹਮਲੇ ਕੀਤੇ ਜਾਣਗੇ। ਉਨ੍ਹਾਂ ਨੇ ਇਹ ਵੀ ਕਿਹਾ ਕਿ ਅਮਰੀਕੀ ਵਫ਼ਦ ਸੋਮਵਾਰ ਨੂੰ ਗੱਲਬਾਤ ਲਈ ਪਾਕਿਸਤਾਨ ਪਹੁੰਚੇਗਾ। ਟਰੰਪ ਨੇ 'ਨਿਊਯਾਰਕ ਪੋਸਟ' ਨਾਲ ਗੱਲਬਾਤ ਵਿੱਚ ਪੁਸ਼ਟੀ ਕੀਤੀ ਹੈ ਕਿ ਉਨ੍ਹਾਂ ਦੇ ਵਿਸ਼ੇਸ਼ ਦੂਤ ਸਟੀਵ ਵਿਟਕੋਫ ਅਤੇ ਜੇਰੇਡ ਕੁਸ਼ਨਰ ਇਸਲਾਮਾਬਾਦ ਪਹੁੰਚਣਗੇ।

### ਅਮਰੀਕੀ ਕਾਹਲੀ ਕਾਰਨ ਫੇਲ੍ਹ ਹੋਈ ਸੀ ਇਸਲਾਮਾਬਾਦ ਗੱਲਬਾਤ: ਗਲੀਬਾਫ

ਤਹਿਰਾਨ, 19 ਅਪ੍ਰੈਲ (ਚ.ਨ.ਸ.): ਲਗਭਗ 40 ਦਿਨਾਂ ਤੱਕ ਚੱਲੇ ਫੌਜੀ ਟਕਰਾਅ ਤੋਂ ਬਾਅਦ ਇਸਲਾਮਾਬਾਦ 'ਚ ਅਮਰੀਕਾ ਤੇ ਈਰਾਨ ਵਿਚਾਲੇ ਪਿਛਲੇ ਦਿਨੀਂ 21 ਘੰਟਿਆਂ ਤੱਕ ਚੱਲੀ ਸ਼ਾਂਤੀ ਵਾਰਤਾ ਆਖ਼ਿਰਕਾਰ ਫੇਲ੍ਹ ਹੋ ਗਈ ਸੀ। ਈਰਾਨ ਦੀ ਸੰਸਦ ਦੇ ਸਪੀਕਰ ਮੁਹੰਮਦ ਬਾਕਰ ਗਲੀਬਾਫ ਨੇ ਇਕ ਇੰਟਰਵਿਊ 'ਚ ਗੱਲਬਾਤ ਟੁੱਟਣ ਪਿੱਛੇ ਦੇ ਮੁੱਖ ਕਾਰਨ ਦਾ ਖੁਲਾਸਾ ਕੀਤਾ ਹੈ। ਉਨ੍ਹਾਂ ਇਸ ਲਈ ਅਮਰੀਕਾ ਦੀ ਕਾਹਲੀ ਨੂੰ ਜ਼ਿੰਮੇਵਾਰ ਠਹਿਰਾਇਆ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਗੱਲਬਾਤ ਦੌਰਾਨ ਹੀ ਅਮਰੀਕੀ ਮਾਈਨਸਵੀਪਰ ਹੋਰਮੁਜ਼ ਸਟੇਟ 'ਚ ਵਿਛੀਆਂ ਸਮੁੰਦਰੀ ਬਾਰੂਦੀ ਸੁਰੰਗਾਂ (ਬਾਕੀ ਸਫ਼ਾ 2 'ਤੇ)

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਵਿਰੁੱਧ ਬਿੱਲ ਰਾਜਪਾਲ ਦੀ ਪ੍ਰਵਾਨਗੀ ਤੋਂ ਬਾਅਦ ਬਣਿਆ ਕਾਨੂੰਨ

## ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਾਹਿਗੁਰੂ ਦਾ ਸ਼ੁਕਰਾਨਾ ਅਤੇ ਸੰਗਤ ਦਾ ਕੀਤਾ ਧੰਨਵਾਦ

ਅੰਮ੍ਰਿਤਪਾਲ ਸਿੰਘ

================

ਚੰਡੀਗੜ੍ਹ, 19 ਅਪ੍ਰੈਲ :ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਤਵਾਰ ਨੂੰ ਐਲਾਨ ਕੀਤਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਵਿਰੁੱਧ ਪੰਜਾਬ ਵਿਧਾਨ ਸਭਾ ਵਿੱਚ ਪਾਸ ਕੀਤਾ ਗਿਆ ਬਿੱਲ ਹੁਣ ਰਾਜਪਾਲ ਦੀ ਪ੍ਰਵਾਨਗੀ ਮਿਲਣ ਤੋਂ ਬਾਅਦ ਅਧਿਕਾਰਤ ਤੌਰ 'ਤੇ ਕਾਨੂੰਨ ਬਣ ਗਿਆ ਹੈ। ਇਹ ਪਵਿੱਤਰ ਗ੍ਰੰਥ ਦੀ ਮਰਿਆਦਾ ਦੀ ਰਾਖੀ ਲਈ ਇੱਕ ਮਹੱਤਵਪੂਰਨ ਵਿਧਾਨਕ ਕਦਮ ਹੈ। ਐਕਸ 'ਤੇ ਇੱਕ ਪੋਸਟ ਵਿੱਚ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 'ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਵਿਰੁੱਧ ਵਿਧਾਨ ਸਭਾ ਵਿੱਚ ਪਾਸ ਕੀਤੇ ਬਿੱਲ 'ਤੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਦਸਤਖਤ ਕਰ ਦਿੱਤੇ ਹਨ। ਹੁਣ ਇਹ ਬਿੱਲ ਕਾਨੂੰਨ ਬਣ





ਗਿਆ ਹੈ। ਮੈਂ ਵਾਹਿਗੁਰੂ ਦਾ ਤਹਿ ਦਿਲੋਂ ਸ਼ੁਕਰਗੁਜ਼ਾਰ ਹਾਂ ਕਿ ਉਨ੍ਹਾਂ ਨੇ ਇਸ ਨਿਮਾਣੇ ਸੇਵਕ ਨੂੰ ਅਜਿਹੀ ਸੇਵਾ ਬਖਸ਼ੀ। ਸਮੁੱਚੀ ਸੰਗਤ ਦਾ ਤਹਿ ਦਿਲੋਂ ਧੰਨਵਾਦ।'

ਪੰਜਾਬ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਇਸ ਵਿਕਾਸ ਨੂੰ ਸਾਰਿਆਂ ਲਈ 'ਬੇਹੱਦ ਸ਼ੁਭ ਅਤੇ ਇਤਿਹਾਸਕ ਪਲ' ਕਰਾਰ ਦਿੱਤਾ। ਉਨ੍ਹਾਂ ਕਿਹਾ, 'ਇਹ ਸਾਰਿਆਂ ਲਈ ਬਹੁਤ ਹੀ ਸ਼ੁਭ ਅਤੇ ਇਤਿਹਾਸਕ ਪਲ ਹੈ। ਵਿਸਾਖੀ ਦੇ ਮੌਕੇ 'ਤੇ 13 ਅਪ੍ਰੈਲ ਨੂੰ ਪਾਸ ਕੀਤਾ ਗਿਆ ਬਿੱਲ ਹੁਣ 'ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਤਿਕਾਰ ਐਕਟ, 2026' ਵਜੋਂ ਲਾਗੂ ਹੋ ਗਿਆ ਹੈ। ਮੈਂ ਨਾ ਸਿਰਫ਼ ਸਿੱਖਾਂ ਨੂੰ, ਸਗੋਂ ਉਨ੍ਹਾਂ ਸਾਰੇ ਧਰਮਾਂ ਦੇ ਲੋਕਾਂ ਨੂੰ ਵਧਾਈ ਦਿੰਦਾ ਹਾਂ ਜੋ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਸ਼ਰਧਾ ਰੱਖਦੇ ਹਨ, ਕਿਉਂਕਿ ਇਹ ਕਾਨੂੰਨ ਕਰੋੜਾਂ ਲੋਕਾਂ ਦੇ ਸਾਂਝੇ ਵਿਸ਼ਵਾਸ ਅਤੇ ਭਾਵਨਾਵਾਂ ਦੀ ਤਰਜਮਾਨੀ ਕਰਦਾ ਹੈ।'

ਕੈਬਨਿਟ ਮੰਤਰੀ ਬਲਜੀਤ ਕੌਰ ਨੇ ਕਿਹਾ, 'ਇਹ ਇੱਕ ਭਾਗਾਂ ਵਾਲਾ ਅਤੇ ਇਤਿਹਾਸਕ ਦਿਨ ਹੈ। ਇਹ ਕਾਨੂੰਨ ਉਨ੍ਹਾਂ ਲੋਕਾਂ ਵਿਰੁੱਧ ਇੱਕ ਸਖ਼ਤ ਰੋਕ ਵਜੋਂ ਕੰਮ ਕਰੇਗਾ ਜੋ ਸਮਾਜ ਵਿੱਚ ਵੰਡ ਪਾਉਣ ਦੇ ਇਰਾਦੇ ਨਾਲ ਬੇਅਦਬੀ ਦੀਆਂ ਘਟਨਾਵਾਂ ਨੂੰ ਅੰਜਾਮ ਦਿੰਦੇ ਸਨ। ਮਾਨ ਸਰਕਾਰ ਨੇ ਉਹ ਕਰ ਦਿਖਾਇਆ ਹੈ ਜੋ ਪਿਛਲੀਆਂ ਸਰਕਾਰਾਂ ਪੰਥਕ ਕਦਰਾਂ-ਕੀਮਤਾਂ ਦੇ ਰਾਖੇ ਹੋਣ ਦਾ ਦਾਅਵਾ ਕਰਨ ਦੇ ਬਾਵਜੂਦ ਵੀ ਹਾਸਲ ਕਰਨ ਵਿੱਚ ਅਸਫਲ ਰਹੀਆਂ ਸਨ। ਇਹ ਕਾਨੂੰਨ ਸਖ਼ਤ ਸਜ਼ਾ ਯਕੀਨੀ (ਬਾਕੀ ਸਫਾ 2 'ਤੇ)

### ਡਾ. ਗੁਰਪ੍ਰੀਤ ਕੌਰ ਮਾਨ ਵੱਲੋਂ ਰਾਜਪਾਲ ਦਾ ਧੰਨਵਾਦ



ਚੰਡੀਗੜ੍ਹ, 19 ਅਪ੍ਰੈਲ (ਚ.ਨ.ਸ.):ਪੰਜਾਬ ਵਿੱਚ ਬੇਅਦਬੀ ਖਿਲਾਫ ਕਾਨੂੰਨ ਬਣਨ 'ਤੇ ਡਾ. ਗੁਰਪ੍ਰੀਤ ਮਾਨ ਨੇ ਟਵੀਟ ਕੀਤਾ ਤੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਦਾ ਧੰਨਵਾਦ ਕੀਤਾ। ਉਨ੍ਹਾਂ ਲਿਖਿਆ ਕਿ ਬਿੱਲ 'ਤੇ ਦਸਤਖ਼ਤ ਕਰਕੇ ਮਨਜ਼ੂਰੀ ਦੇਣ ਲਈ ਗਵਰਨਰ ਦਾ ਧੰਨਵਾਦ। ਇਹ ਇੱਕ ਕਾਨੂੰਨ ਹੀ ਨਹੀਂ, ਸਾਡੀ ਆਸਥਾ ਲਈ ਵੀ ਵੱਡਾ ਕਦਮ ਹੈ। ਸਮੁੱਚੇ ਪੰਜਾਬੀਆਂ ਦੇ ਸਹਿਯੋਗ ਨਾਲ ਇਹ ਕਾਨੂੰਨ ਬਣਿਆ। ਹੁਣ ਕੋਈ ਬੇਅਦਬੀ ਕਰਨ ਬਾਰੇ ਸੋਚੇਗਾ ਵੀ ਨਹੀਂ। ਦੱਸ ਦੇਈਏ ਕਿ ਹੁਣ, ਬਿੱਲ ਦੀ ਪ੍ਰਵਾਨਗੀ ਤੋਂ ਬਾਅਦ, (ਬਾਕੀ ਸਫਾ 2 'ਤੇ)

### ਸ਼੍ਰੋਮਣੀ ਕਮੇਟੀ ਦੀ ਮੀਟਿੰਗ 'ਚ ਅੱਜ ਬੇਅਦਬੀ ਕਾਨੂੰਨ 'ਤੇ ਹੋਵੇਗਾ ਪੁਨਰ ਵਿਚਾਰ

ਅੰਮ੍ਰਿਤਸਰ, 19 ਅਪ੍ਰੈਲ ਬਬਲੂ ਮਹਾਜਨ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 20 ਅਪ੍ਰੈਲ ਨੂੰ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਹੋਵੇਗੀ। ਇਸ ਇਕੱਤਰਤਾ ਵਿਚ ਬੇਅਦਬੀ ਕਾਨੂੰਨ ਨਾਲ ਸਬੰਧਤ ਸ਼੍ਰੋਮਣੀ ਕਮੇਟੀ ਵੱਲੋਂ ਬਣਾਈ 15 ਮੈਂਬਰੀ ਕਮੇਟੀ ਦੀ ਰਿਪੋਰਟ ਨੂੰ ਅੰਤ੍ਰਿੰਗ ਕਮੇਟੀ ਵਿੱਚ ਵਿਚਾਰ ਕੀਤੀ ਜਾਣੀ ਸੀ। 15 ਮੈਂਬਰੀ ਕਮੇਟੀ ਵੱਲੋਂ ਜਿਥੇ 27 ਮਾਰਚ ਨੂੰ ਮੀਟਿੰਗ ਕਰਕੇ ਇਸ ਕਾਨੂੰਨ ਬਾਰੇ ਹਰ ਪਹਿਲੂ ਨੂੰ ਵਿਚਾਰਿਆ ਗਿਆ ਸੀ, ਉਸੇ ਤਰਾਂ ਸ਼੍ਰੋਮਣੀ ਕਮੇਟੀ ਵੱਲੋਂ ਪੰਜਾਬ ਸਰਕਾਰ ਵੱਲੋਂ ਬਣਾਏ ਬੇਅਦਬੀਆਂ ਸਬੰਧੀ ਕਾਨੂੰਨ ਦੇ ਸਬੰਧ ਵਿਚ 6 ਅਪ੍ਰੈਲ ਨੂੰ ਮੁੱਖ ਦਫ਼ਤਰ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਸਮੁੱਚੀਆਂ ਸਿੱਖ (ਬਾਕੀ ਸਫ਼ਾ 2 'ਤੇ)

# ਜਦੋਂ ਮੋਦੀ ਨੇ 'ਝਾਲਮੁੜੀ' ਖਾਣ ਲਈ ਰੁਕਵਾਇਆ ਆਪਣਾ ਕਾਫ਼ਲਾ

ਚੜ੍ਹਦੀਕਲਾ ਬਿਊਰੋ

================

ਝਾਰਗ੍ਰਾਮ, 19 ਅਪ੍ਰੈਲ : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਐਤਵਾਰ ਨੂੰ ਪੱਛਮੀ ਬੰਗਾਲ ਦੇ ਆਦਿਵਾਸੀ ਬਹੁਲ ਇਲਾਕਿਆਂ ਵਿੱਚ ਚੋਣ ਪ੍ਰਚਾਰ ਲਈ ਪਹੁੰਚੇ ਸਨ, ਜਿੱਥੇ ਉਨ੍ਹਾਂ ਦਾ ਇੱਕ ਬੇਹੱਦ ਵੱਖਰਾ ਅਤੇ ਦਿਲਚਸਪ ਅੰਦਾਜ਼ ਦੇਖਣ ਨੂੰ ਮਿਲਿਆ। ਝਾਰਗ੍ਰਾਮ ਵਿੱਚ ਇੱਕ ਤੋਂ ਬਾਅਦ ਇੱਕ ਚੋਣ ਰੈਲੀਆਂ ਨੂੰ ਸੰਬੋਧਨ ਕਰਨ ਦੌਰਾਨ, ਪੀ.ਐੱਮ. ਮੋਦੀ ਦਾ ਕਾਫ਼ਲਾ ਬੰਗਾਲ ਦੇ ਮਸ਼ਹੂਰ ਸਟ੍ਰੀਟ ਫੂਡ - 'ਝਾਲਮੁੜੀ' ਦਾ ਸਵਾਦ ਲੈਣ ਲਈ ਇੱਕ ਦੁਕਾਨ 'ਤੇ ਰੁਕ ਗਿਆ। ਪ੍ਰਧਾਨ ਮੰਤਰੀ ਨੇ ਖੁਦ ਦੁਕਾਨਦਾਰ ਤੋਂ ਝਾਲਮੁੜੀ ਖਰੀਦੀ ਅਤੇ ਉਸ ਦਾ ਆਨੰਦ ਲਿਆ।



ਝਾਲਮੁੜੀ ਦੀ ਦੁਕਾਨ 'ਤੇ ਪਹੁੰਚ ਕੇ ਪੀ.ਐੱਮ. ਨੇ ਦੁਕਾਨਦਾਰ ਨੂੰ ਕਿਹਾ, 'ਮੈਨੂੰ ਝਾਲਮੁੜੀ ਖਵਾਓ'। ਇਸ ਦੌਰਾਨ ਜਦੋਂ ਦੁਕਾਨਦਾਰ ਨੇ ਝਾਲਮੁੜੀ ਤਿਆਰ ਕਰਦੇ ਸਮੇਂ ਪੀ.ਐੱਮ. ਮੋਦੀ ਨੂੰ ਪੁੱਛਿਆ ਕਿ ਕੀ ਉਹ ਪਿਆਜ਼ ਖਾਂਦੇ ਹਨ, ਤਾਂ ਉਨ੍ਹਾਂ ਨੇ ਬਹੁਤ ਹੀ ਹਲਕੇ-ਫੁਲਕੇ ਅੰਦਾਜ਼ ਵਿੱਚ ਜਵਾਬ ਦਿੱਤਾ, 'ਹਾਂ, ਪਿਆਜ਼ ਖਾਂਦੇ ਹਾਂ, ਦਿਮਾਗ ਨਹੀਂ'। ਉਨ੍ਹਾਂ ਦਾ ਇਹ ਜਵਾਬ ਸੁਣ ਕੇ ਉੱਥੇ ਮੌਜੂਦ ਸਾਰੇ ਲੋਕ ਹੱਸ ਪਏ। ਦੁਕਾਨਦਾਰ ਵੱਲੋਂ ਪੈਸੇ ਲੈਣ ਤੋਂ ਇਨਕਾਰ ਕਰਨ ਦੇ ਬਾਵਜੂਦ ਪ੍ਰਧਾਨ ਮੰਤਰੀ ਨੇ ਜ਼ੋਰ ਦੇ ਕੇ ਉਸ ਨੂੰ ਪੈਸੇ ਦਿੱਤੇ। ਮੋਦੀ ਨੇ ਇਸ ਮੁਲਾਕਾਤ ਦੀ ਇੱਕ ਵੀਡੀਓ ਵੀ ਆਪਣੇ ਸੋਸ਼ਲ ਮੀਡੀਆ ਹੈਂਡਲ 'ਐਕਸ' 'ਤੇ ਸਾਂਝਾ ਕੀਤੀ ਹੈ।

# ਹੋਰਮੁਜ਼ 'ਤੇ ਈਰਾਨ ਦੀ ਸਖ਼ਤੀ ਕਾਰਨ ਮੁੜ ਦੋ ਭਾਰਤੀ ਜਹਾਜ਼ਾਂ ਨੂੰ ਆਉਣਾ ਪਿਆ ਵਾਪਸ



ਚੜ੍ਹਦੀਕਲਾ ਬਿਊਰੋ

================

ਨਵੀਂ ਦਿੱਲੀ, 19 ਅਪ੍ਰੈਲ : ਹੋਰਮੁਜ਼ ਜਲਡਮਰੂ ਵਿੱਚ ਵਧਦੇ ਤਣਾਅ ਦੇ ਵਿਚਕਾਰ, ਭਾਰਤੀ ਜਹਾਜ਼ਾਂ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਹੈ। ਈਰਾਨ ਦੀ ਜਲ ਸੈਨਾ ਨੇ ਭਾਗਿਆ ਲਕਸ਼ਮੀ ਸਮੇਤ ਦੋ ਭਾਰਤੀ ਟੈਂਕਰਾਂ ਨੂੰ ਅੱਗੇ ਵਧਣ ਤੋਂ ਰੋਕਿਆ, ਜਿਸ ਕਾਰਨ ਉਨ੍ਹਾਂ ਨੂੰ ਵਾਪਸ ਮੁੜਨਾ ਪਿਆ।

ਰਿਪੋਰਟਾਂ ਦੇ ਅਨੁਸਾਰ, 'ਭਾਗਿਆ ਲਕਸ਼ਮੀ' ਨਾਮ ਦਾ ਭਾਰਤੀ ਝੰਡੇ ਵਾਲਾ ਟੈਂਕਰ ਹੋਰਮੁਜ਼ ਜਲਡਮਰੂ ਵਿੱਚੋਂ ਲੰਘਣ ਦੀ ਕੋਸ਼ਿਸ਼ ਕਰ ਰਿਹਾ ਸੀ ਜਦੋਂ ਈਰਾਨੀ ਜਲ ਸੈਨਾ ਨੇ ਇਸ ਨੂੰ ਰਸਤਾ ਦੇਣ ਤੋਂ ਇਨਕਾਰ ਕਰ ਦਿੱਤਾ। ਜਹਾਜ਼ ਦੇ ਅਮਲੇ ਨੇ ਰੇਡੀਓ ਸੰਪਰਕ ਕਰਨ ਅਤੇ ਰਸਤਾ ਦੇਣ ਦੀ ਬੇਨਤੀ ਕਰਨ ਦੀ ਕੋਸ਼ਿਸ਼ ਕੀਤੀ ਪਰ ਉਨ੍ਹਾਂ ਨੂੰ ਤੁਰੰਤ ਵਾਪਸ ਮੁੜਨ ਲਈ ਕਿਹਾ ਗਿਆ। ਇੱਕ ਵੀਡੀਓ ਵਿੱਚ ਇੱਕ ਚਾਲਕ ਦਲ ਦੇ ਮੈਂਬਰ ਨੂੰ ਇਹ ਕਹਿੰਦੇ ਹੋਏ ਦਿਖਾਇਆ ਗਿਆ ਹੈ,'ਅਸੀਂ ਤੁਹਾਨੂੰ ਸਾਫ਼-ਸਾਫ਼ ਸੁਣ ਸਕਦੇ ਹਾਂ,' ਜਦੋਂ ਕਿ ਈਰਾਨੀ ਜਲ ਸੈਨਾ ਨੇ ਜਹਾਜ਼ ਨੂੰ ਤੁਰੰਤ ਵਾਪਸ ਮੋੜਨ ਦੀ ਮੰਗ ਕਰਕੇ ਜਵਾਬ ਦਿੱਤਾ।

**ਮਦਦ ਲਈ ਕਾਲਾਂ ਇੱਕ ਹੋਰ ਜਹਾਜ਼ ਤੋਂ ਵੀ ਆਈਆਂ**: ਇਸ ਦੌਰਾਨ, ਇੱਕ ਹੋਰ ਤੇਲ ਟੈਂਕਰ, ਸਨਮਾਰ ਹੇਰਾਲਡ ਤੋਂ ਵੀ ਇੱਕ ਸੰਕਟ ਦੀ ਕਾਲ ਆਈ। ਜਹਾਜ਼ ਵਿੱਚ ਸਵਾਰ ਇੱਕ ਚਾਲਕ ਦਲ ਦੇ ਮੈਂਬਰ ਨੇ ਕਿਹਾ ਕਿ ਉਨ੍ਹਾਂ ਨੂੰ ਸ਼ੁਰੂ ਵਿੱਚ ਅੱਗੇ ਵਧਣ ਦੀ ਇਜਾਜ਼ਤ ਦਿੱਤੀ ਗਈ ਸੀ, (ਬਾਕੀ ਸਫਾ 2 'ਤੇ)

# ਮਮਤਾ ਵੱਲੋਂ ਬਰਧਮਾਨ 'ਚ ਪਾਰਟੀ ਉਮੀਦਵਾਰਾਂ ਦੇ ਹੱਕ ਵਿੱਚ ਰੋਡ ਸ਼ੋਅ



ਚੜ੍ਹਦੀਕਲਾ ਬਿਊਰੋ

================

ਬਰਧਮਾਨ (ਪੱਛਮੀ ਬੰਗਾਲ), 19 ਅਪ੍ਰੈਲ :ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਵਿਧਾਨ ਸਭਾ ਚੋਣਾਂ ਲਈ ਤ੍ਰਿਣਮੂਲ ਕਾਂਗਰਸ ਦੇ ਉਮੀਦਵਾਰਾਂ ਦੇ ਸਮਰਥਨ ਵਿੱਚ ਐਤਵਾਰ ਨੂੰ ਬਰਧਮਾਨ ਵਿੱਚ ਲਗਭਗ ਦੋ ਕਿਲੋਮੀਟਰ ਪੈਦਲ ਚੱਲ ਕੇ ਇੱਕ ਰੋਡਸ਼ੋਅ ਦੀ ਅਗਵਾਈ ਕੀਤੀ। ਰੋਡਸ਼ੋਅ ਦੌਰਾਨ ਬੈਨਰਜੀ ਨੇ ਸੜਕ ਕਿਨਾਰੇ ਖੜ੍ਹੇ ਸਮਰਥਕਾਂ ਅਤੇ ਤ੍ਰਿਣਮੂਲ ਵਰਕਰਾਂ ਦੀਆਂ ਸ਼ੁਭਕਾਮਨਾਵਾਂ ਸਵੀਕਾਰ ਕਰਦਿਆਂ ਉਨ੍ਹਾਂ ਦਾ ਅਭਿਵਾਦਨ ਕੀਤਾ। ਬੈਨਰਜੀ ਦੱਖਣੀ ਬਰਧਮਾਨ ਤੋਂ ਤ੍ਰਿਣਮੂਲ ਉਮੀਦਵ (ਬਾਕੀ ਸਫਾ 2 'ਤੇ)

### ਲਾਲਜੀਤ ਸਿੰਘ ਭੁੱਲਰ ਦੇ ਪਿਤਾ ਨੇ ਦਾਇਰ ਕੀਤੀ ਅਗਾਊਂ ਜ਼ਮਾਨਤ ਪਟੀਸ਼ਨ

ਅੰਮ੍ਰਿਤਸਰ, 19 ਅਪ੍ਰੈਲ (ਚ.ਨ.ਸ.): ਡੀ.ਐਮ. ਗਗਨਦੀਪ ਰੰਧਾਵਾ ਖੁਦਕੁਸ਼ੀ ਮਾਮਲੇ 'ਚ ਨਾਮਜ਼ਦ ਸਾਬਕਾ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਦੇ ਪਿਤਾ ਸੁਖਦੇਵ ਸਿੰਘ ਭੁੱਲਰ ਨੇ ਅੰਮ੍ਰਿਤਸਰ ਦੀ ਅਦਾਲਤ ਵਿਚ ਅਗਾਊਂ ਜ਼ਮਾਨਤ ਲਈ ਪਟੀਸ਼ਨ ਦਾਇਰ ਕੀਤੀ ਹੈ। ਦਾਇਰ ਪਟੀਸ਼ਨ 'ਚ ਸੁਖਦੇਵ ਸਿੰਘ ਭੁੱਲਰ ਨੇ ਹਵਾਲਾ ਦਿੱਤਾ ਕਿ ਰਾਜਨੀਤਿਕ ਉਦੇਸ਼ ਅਤੇ ਮੀਡੀਆ ਟ੍ਰਾਇਲ ਦੇ ਚਲਦਿਆਂ ਉਨ੍ਹਾਂ ਦੇ ਪਰਿਵਾਰ ਨੂੰ ਬਦਨਾਮ ਕੀਤਾ ਜਾ ਰਿਹਾ ਹੈ। ਹੁਣ ਦੇਖਣਾ ਹੈ ਕਿ ਅਦਾਲਤ ਵੱਲੋਂ ਸੁਖਦੇਵ ਸਿੰਘ ਭੁੱਲਰ ਨੂੰ ਅਗਾਊਂ ਜ਼ਮਾਨਤ ਦਿੱਤੀ ਜਾਂਦੀ ਹੈ ਜਾਂ ਨਹੀਂ। ਜ਼ਿਕਰਯੋਗ ਹੈ ਕਿ ਡੀ.ਐਮ. ਗਗਨਦੀਪ ਰੰਧਾਵਾ ਖੁਦਕੁਸ਼ੀ (ਬਾਕੀ ਸਫਾ 2 'ਤੇ)



# ਪੰਜਾਬ 'ਚ ਗਰਮੀ ਨੇ ਕੱਢੇ ਵੱਟ, 41 ਡਿਗਰੀ ਤੱਕ ਪੁੱਜਾ ਪਾਰਾ

## ਚੰਡੀਗੜ੍ਹ 'ਚ ਵੱਧ ਤੋਂ ਵੱਧ 40.0 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਤਾਪਮਾਨ

ਚੜ੍ਹਦੀਕਲਾ ਬਿਊਰੋ

================



ਚੰਡੀਗੜ੍ਹ, 19 ਅਪ੍ਰੈਲ :ਪੰਜਾਬ ਅਤੇ ਚੰਡੀਗੜ੍ਹ ਵਿੱਚ ਦਿਨੋਂ ਦਿਨ ਗਰਮੀ ਵੱਧ ਰਹੀ ਹੈ। ਬਠਿੰਡਾ ਵਿੱਚ ਤਾਪਮਾਨ 41.1 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ, ਜਦੋਂ ਕਿ ਚੰਡੀਗੜ੍ਹ ਵਿੱਚ ਵੱਧ ਤੋਂ ਵੱਧ 40.0 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਸੂਬੇ ਭਰ ਵਿੱਚ ਤਾਪਮਾਨ 1.8 ਡਿਗਰੀ ਸੈਲਸੀਅਸ ਵਧਿਆ ਹੈ, ਜਿਸ ਨਾਲ ਇਹ ਆਮ ਨਾਲੋਂ 3.5 ਡਿਗਰੀ ਵੱਧ ਹੈ। ਮੌਸਮ ਵਿਭਾਗ ਅਨੁਸਾਰ ਅੱਜ ਤੋਂ 24 ਅਪ੍ਰੈਲ ਤੱਕ ਮੌਸਮ ਖੁਸ਼ਕ ਰਹੇਗਾ। ਆਉਣ ਵਾਲੇ ਦਿਨਾਂ ਵਿੱਚ ਤਾਪਮਾਨ 2 ਤੋਂ 3 ਡਿਗਰੀ ਵਧੇਗਾ। ਮੌਸਮ ਵਿਭਾਗ ਨੇ ਲੋਕਾਂ ਨੂੰ ਸੁਚੇਤ ਰਹਿਣ ਅਤੇ ਆਪਣੇ ਖਾਣ-ਪੀਣ ਦੀਆਂ ਆਦਤਾਂ ਵੱਲ ਧਿਆਨ ਦੇਣ ਦੀ ਅਪੀਲ ਕੀਤੀ ਹੈ। ਮੌਸਮ ਵਿਭਾਗ ਦੇ ਅੰਕੜਿਆਂ ਅਨੁਸਾਰ, ਸੂਬੇ ਭਰ ਦੇ 18 ਸ਼ਹਿਰਾਂ ਵਿਚ ਵੱਧ ਤੋਂ ਵੱਧ ਤਾਪਮਾਨ 35 ਤੋਂ 41 ਡਿਗਰੀ ਸੈਲਸੀਅਸ ਦੇ ਦਾਇਰੇ ਵਿੱਚ ਦਰਜ ਕੀਤਾ ਗਿਆ। ਅੰਮ੍ਰਿਤਸਰ ਵਿੱਚ 36.8 ਡਿਗਰੀ, ਲੁਧਿਆਣਾ ਵਿੱਚ 39.8 ਡਿਗਰੀ ਸੈਲਸੀਅਸ, ਪਟਿਆਲਾ ਵਿੱਚ 40.4 ਡਿਗਰੀ ਸੈਲਸੀਅਸ ਅਤੇ ਹੁਸ਼ਿਆਰਪੁਰ ਵਿੱਚ 37.3 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਮੌਸਮ ਵਿਭਾਗ ਦੇ ਡਾਇਰੈਕਟਰ ਦੇ ਅਨੁਸਾਰ, ਮੌਸਮ ਖੁਸ਼ਕ ਰਹਿਣ ਦੀ ਉਮੀਦ ਹੈ।

### 21 ਤੋਂ 23 ਅਪ੍ਰੈਲ ਤੱਕ 12 ਜ਼ਿਲ੍ਹਿਆਂ 'ਚ ਮੀਂਹ ਦਾ ਅਲਰਟ

ਚੰਡੀਗੜ੍ਹ, 19 ਅਪ੍ਰੈਲ (ਚ.ਨ.ਸ.): ਪੰਜਾਬ ਵਿਚ ਮੌਸਮ ਨੂੰ ਲੈ ਕੇ ਵੱਡੀ ਅਪਡੇਟ ਸਾਹਮਣੇ ਆਈ ਹੈ। ਅਗਲੇ ਦਿਨਾਂ ਦੌਰਾਨ ਪੰਜਾਬ ਵਿਚ ਗਰਮੀ ਆਪਣਾ ਕਹਿਰ ਵਿਖਾਏਗੀ। ਭਾਰਤੀ ਮੌਸਮ ਵਿਭਾਗ ਚੰਡੀਗੜ੍ਹ ਵੱਲੋਂ ਅੱਜ ਤੋਂ ਲੈ ਕੇ 23 ਅਪ੍ਰੈਲ ਤੱਕ ਮੌਸਮ ਸਬੰਧੀ ਵੱਡੀ ਭਵਿੱਖਬਾਣੀ ਕੀਤੀ ਗਈ ਹੈ। ਮੌਸਮ ਵਿਭਾਗ ਵੱਲੋਂ ਸਾਂਝੀ ਕੀਤੀ ਗਈ ਜਾਣਕਾਰੀ ਮੁਤਾਬਕ ਅੱਜ ਲਈ ਸੂਬੇ ਦੇ ਉੱਤਰੀ ਹਿੱਸਿਆਂ, ਖ਼ਾਸ ਕਰਕੇ ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ ਅਤੇ ਰੂਪਨਗਰ ਦੇ ਇਲਾਕਿਆਂ 'ਚ ਬਿਜਲੀ ਚਮਕਣ ਦੇ ਨਾਲ-ਨਾਲ ਕਈ ਜ਼ਿਲ੍ਹਿਆਂ ਲਈ 'ਯੈਲੋ ਅਲਰਟ' (ਬਾਕੀ ਸਫਾ 2 'ਤੇ)

### ਮੋਦੀ ਤੇ ਸ਼ਾਹ ਨੇ ਮਹਿਲਾ ਬਿੱਲ ਬਾਰੇ ਦੇਸ਼ ਨਾਲ ਝੂਠ ਬੋਲਿਆ: ਰਾਹੁਲ ਗਾਂਧੀ

ਤਿਰੁਚਿਰਾਪੱਲੀ/ਰਾਣੀਪੇਟ, 19 ਅਪ੍ਰੈਲ (ਚ.ਨ.ਸ.):ਕਾਂਗਰਸ ਦੇ ਸੀਨੀਅਰ ਨੇਤਾ ਰਾਹੁਲ ਗਾਂਧੀ ਨੇ ਤਾਮਿਲਨਾਡੂ ਵਿਚ ਚੋਣ ਪ੍ਰਚਾਰ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ 'ਤੇ ਗੰਭੀਰ ਇਲਜ਼ਾਮ ਲਗਾਏ। ਉਨ੍ਹਾਂ ਕਿਹਾ ਕਿ "ਮਹਿਲਾ ਰਿਜ਼ਰਵੇਸ਼ਨ ਬਿਲ ਦੇ ਨਾਮ 'ਤੇ ਦੇਸ਼ ਨੂੰ ਝੂਠ ਬੋਲਿਆ ਗਿਆ, ਜਿਸ ਦਾ ਆਸਲ ਮਕਸਦ ਸੀਟਾਂ ਦੀ ਹੇਰਾਫੇਰੀ ਕਰ ਕੇ 'ਆਸਾਮ ਅਤੇ ਜੰਮੂ-ਕਸ਼ਮੀਰ ਮਾਡਲ' ਨੂੰ ਦੇਸ਼ ਭਰ ਵਿਚ ਲਾਗੂ ਕਰਨਾ ਸੀ।" ਰਾਹੁਲ ਨੇ ਏ.ਆਈ.ਏ.ਡੀ.ਐਮ.ਕੇ. ਨੂੰ "ਭਾਜਪਾ ਦਾ ਨਕਾਬ" ਕਰਾਰ ਦਿੰਦੇ ਹੋਏ ਕਿਹਾ ਕਿ "ਮੋਦੀ ਅਤੇ ਸ਼ਾਹ ਤਾਮਿਲਨਾਡੂ ਵਿਚ ਇਕ ਐਸਾ ਮੁੱਖ ਮੰਤਰੀ ਬਿਠਾਉਣਾ ਚਾਹੁੰਦੇ ਹਨ ਜੋ ਸੂਬੇ ਨੂੰ ਵੇਚ ਦੇਵੇ ਅਤੇ ਦਿੱਲੀ ਦੇ ਹੁਕਮਾਂ 'ਤੇ ਚੱਲੇ।" ਉਨ੍ਹਾਂ ਨੇ ਦਾਅਵਾ ਕੀਤਾ ਕਿ ਭਾਜਪਾ ਦਾ ਮਨੋਰਥ ਸੀ ਡੀ.ਐਮ.ਕੇ. ਪ੍ਰਧਾਨ ਐਮ.ਕੇ. ਸਟਾਲਿਨ ਨੂੰ ਹਟਾ ਕੇ ਇਕ "ਪੁਤਲਾ" ਮੁੱਖ ਮੰਤਰੀ (ਬਾਕੀ ਸਫਾ 2 'ਤੇ)

# ਅਮਰੀਕਾ ਦੇ ਵੀਜ਼ੇ ਲਈ 61 ਫ਼ੀਸਦੀ ਭਾਰਤੀ ਵਿਦਿਆਰਥੀਆਂ ਨੂੰ ਹੋਈ ਨਾਂਹ !

ਚੜ੍ਹਦੀਕਲਾ ਬਿਊਰੋ

================





ਨਵੀਂ ਦਿੱਲੀ, 19 ਅਪ੍ਰੈਲ : ਵਿਦੇਸ਼ਾਂ ਵਿੱਚ ਪੜ੍ਹਾਈ ਕਰਨ ਦੇ ਸੁਪਨੇ ਦੇਖਣ ਵਾਲੇ ਭਾਰਤੀ ਵਿਦਿਆਰਥੀਆਂ ਲਈ ਸਥਿਤੀ ਹੋਰ ਵੀ ਮੁਸ਼ਕਿਲ ਹੁੰਦੀ ਜਾ ਰਹੀ ਹੈ। ਸੰਯੁਕਤ ਰਾਜ ਅਮਰੀਕਾ ਵਿੱਚ ਸਾਲ 2025 ਵਿਚ ਐਫ਼-1 ਵੀਜ਼ਾ ਲਈ ਅਰਜ਼ੀ ਦੇਣ ਵਾਲੇ 61 ਫ਼ੀਸਦੀ ਭਾਰਤੀ ਵਿਦਿਆਰਥੀਆਂ ਨੂੰ ਰੱਦ ਕਰ ਦਿੱਤਾ ਗਿਆ। ਇਹ ਦਰ 2023 ਵਿੱਚ 36 ਫ਼ੀਸਦੀ ਅਤੇ 2024 ਵਿੱਚ 53 ਫ਼ੀਸਦੀ ਦਰ ਨਾਲੋਂ ਕਾਫ਼ੀ ਜ਼ਿਆਦਾ ਹੈ, ਜੋ ਸਪੱਸ਼ਟ ਤੌਰ 'ਤੇ ਦਰਸਾਉਂਦੀ ਹੈ ਕਿ ਵੀਜ਼ਾ ਪ੍ਰਾਪਤ ਕਰਨਾ ਪਹਿਲਾਂ ਨਾਲੋਂ ਕਿਤੇ ਜ਼ਿਆਦਾ ਮੁਸ਼ਕਿਲ ਹੋ ਗਿਆ ਹੈ। ਮਾਹਿਰਾਂ ਦਾ ਮੰਨਣਾ ਹੈ ਕਿ ਇਹ ਸਿਰਫ਼ ਵਿਦਿਆਰਥੀਆਂ ਦੀ ਯੋਗਤਾ ਦਾ ਮਾਮਲਾ ਨਹੀਂ ਹੈ, ਸਗੋਂ ਇੱਕ 'ਭੂਗੋਲਿਕ ਕਾਰਕ' ਵੀ ਹੈ। ਇਕ ਪਾਸੇ ਜਿਥੇ ਯੂਰਪੀਅਨ ਵਿਦਿਆਰਥੀਆਂ ਦੀ ਸਵੀਕ੍ਰਿਤੀ ਦਰ 90 ਪ੍ਰਤੀਸ਼ਤ ਤੋਂ ਵੱਧ ਹੈ, ਉਥੇ ਹੀ ਭਾਰਤੀ ਵਿਦਿਆਰਥੀਆਂ ਨੂੰ ਅਸਵੀਕਾਰ ਦੀ ਦਰ ਦਾ ਜ਼ਿਆਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਨਾਲ ਇਹ ਸਵਾਲ ਉੱਠਦਾ ਹੈ ਕਿ ਕੀ ਵੀਜ਼ਾ ਪ੍ਰੋਸੈਸਿੰਗ ਵਿੱਚ ਖੇਤਰੀ ਅਸਮਾਨਤਾਵਾਂ ਵਧ ਰਹੀਆਂ ਹਨ। ਆਸਟ੍ਰੇਲੀਆ ਨੇ ਵੀ ਆਪਣੀ ਵੀਜ਼ਾ ਨੀਤੀ ਨੂੰ ਸਖ਼ਤ ਕਰ ਦਿੱਤਾ ਹੈ। 2026 ਤੋਂ ਸ਼ੁਰੂ ਹੋ ਕੇ ਲਗਭਗ 40 ਪ੍ਰਤੀਸ਼ਤ ਭਾਰਤੀ (ਬਾਕੀ ਸਫਾ 2 'ਤੇ)

### ਤਰਨ ਤਾਰਨ ਵਿੱਚ ਟਰੈਵਲ ਏਜੰਟ ਦੀ ਗੋਲ਼ੀਆਂ ਮਾਰ ਕੇ ਹੱਤਿਆ

ਤਰਨਤਾਰਨ, 19 ਅਪ੍ਰੈਲ (ਚ.ਨ.ਸ.): ਤਰਨਤਾਰਨ ਦੇ ਥਾਣਾ ਚੋਹਲਾ ਸਾਹਿਬ ਅਧੀਨ ਪੈਂਦੇ ਪਿੰਡ ਗੰਡੀਵਿੰਡ ਧੱਤਲ ਦੇ ਰਹਿਣ ਵਾਲੇ 65 ਸਾਲਾ ਆਤਮਾ ਸਿੰਘ ਦੀ ਅੱਜ ਦੁਪਹਿਰ ਮੋਟਰਸਾਈਕਲ ਸਵਾਰ ਦੋ ਵਿਅਕਤੀਆਂ ਨੇ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ। ਮ੍ਰਿਤਕ ਦੇ ਰਿਸ਼ਤੇਦਾਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਆਤਮਾ ਸਿੰਘ ਆਪਣੇ ਘਰ ਵਿੱਚ ਮੌਜੂਦ ਸੀ,ਜਦੋਂ ਮੋਟਰਸਾਈਕਲ ਸਵਾਰ ਦੋ ਵਿਅਕਤੀਆਂ ਨੇ ਉਸ ਨੂੰ ਬਾਹਰ ਬੁਲਾਇਆ। ਉਨ੍ਹਾਂ ਕਿਹਾ ਕਿ ਜਿਵੇਂ ਹੀ ਉਹ ਬਾਹਰ ਆਇਆ ਤਾਂ ਹਥਿਆਰਬੰਦ ਵਿਅਕਤੀਆਂ ਨੇ ਉਸ 'ਤੇ ਗੋਲੀਆਂ ਚਲਾ ਦਿੱਤੀਆਂ। ਇੱਕ ਗੋਲੀ ਆਤਮਾ ਸਿੰਘ ਦੇ ਮੱਥੇ ਵਿੱਚ ਲੱਗੀ, ਜੋ ਜਾਨਲੇਵਾ ਸਾਬਤ ਹੋਈ। ਉਸ ਨੂੰ ਇੱਥੋਂ ਦੇ ਇੱਕ ਨਿੱਜੀ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ (ਬਾਕੀ ਸਫਾ 2 'ਤੇ)

# ਤਾਮਿਲਨਾਡੂ ਦੇ ਵਿਰੁਧੁਨਗਰ ਦੀ ਪਟਾਕਾ ਫ਼ੈਕਟਰੀ 'ਚ ਜ਼ਬਰਦਸਤ ਧਮਾਕਾ, 18 ਦੀ ਮੌਤ



ਚੜ੍ਹਦੀਕਲਾ ਬਿਊਰੋ

================

ਵਿਰੁਧੁਨਗਰ, 19 ਅਪ੍ਰੈਲ : ਤਾਮਿਲਨਾਡੂ ਦੇ ਵਿਰੁਧੁਨਗਰ ਜ਼ਿਲ੍ਹੇ ਵਿੱਚ ਇੱਕ ਪਟਾਕਾ ਫੈਕਟਰੀ ਵਿੱਚ ਹੋਏ ਇੱਕ ਵੱਡੇ ਧਮਾਕੇ ਵਿੱਚ 18 ਲੋਕਾਂ ਦੀ ਮੌਤ ਹੋ ਗਈ ਅਤੇ ਛੇ ਹੋਰ ਗੰਭੀਰ ਜ਼ਖ਼ਮੀ ਹੋ ਗਏ। ਇਸ ਹਾਦਸੇ ਕਾਰਨ ਇਲਾਕੇ ਵਿੱਚ ਵਿਆਪਕ ਦਹਿਸ਼ਤ ਫੈਲ ਗਈ। ਜ਼ਖਮੀਆਂ ਨੂੰ ਨੇੜਲੇ ਹਸਪਤਾਲਾਂ ਵਿੱਚ ਦਾਖਲ ਕਰਵਾਇਆ ਗਿਆ, ਜਿੱਥੇ ਕੁਝ ਦੀ ਹਾਲਤ ਗੰਭੀਰ ਬਣੀ ਹੋਈ ਹੈ। ਅਧਿਕਾਰੀਆਂ ਨੇ ਕਿਹਾ ਕਿ ਮਲਬੇ ਹੇਠ ਅਜੇ ਵੀ ਕਈ ਲੋਕਾਂ ਦੇ ਫਸੇ ਹੋਣ ਦਾ ਖਦਸ਼ਾ ਹੈ, ਜਿਸ ਨਾਲ ਮੌਤਾਂ ਦੀ ਗਿਣਤੀ ਵੱਧ ਸਕਦੀ ਹੈ। ਰਿਪੋਰਟਾਂ ਅਨੁਸਾਰ, ਫੈਕਟਰੀ ਦੇ ਅੰਦਰ ਅਚਾਨਕ ਧਮਾਕਾ (ਬਾਕੀ ਸਫਾ 2 'ਤੇ)

### ਪੰਜਾਬ 'ਚ ਬੇਰੁਜ਼ਗਾਰੀ ਕੌਮੀ ਔਸਤ ਨਾਲੋਂ ਵੱਧ

ਨਵੀਂ ਦਿੱਲੀ, 19 ਅਪ੍ਰੈਲ (ਚ.ਨ.ਸ.): ਮਿਆਦੀ ਕਿਰਤ ਬਲ ਸਰਵੇ (ਪੀ.ਐਲ.ਐਫ਼.ਐੱਸ.) 2025 ਨੇ ਪੰਜਾਬ ਅਤੇ ਹਰਿਆਣਾ ਵਿਚ ਬੇਰੁਜ਼ਗਾਰੀ ਦੀ ਚਿੰਤਾਜਨਕ ਤਸਵੀਰ ਪੇਸ਼ ਕੀਤੀ ਹੈ। ਕੌਮੀ ਪੱਧਰ 'ਤੇ ਬੇਰੁਜ਼ਗਾਰੀ ਦਰ 5.3 ਫ਼ੀਸਦੀ ਹੈ, ਪਰ ਪੰਜਾਬ ਵਿਚ ਇਹ 6.7 ਫ਼ੀਸਦੀ ਦਰਜ ਕੀਤੀ ਗਈ ਹੈ। ਖ਼ਾਸ ਕਰ ਕੇ ਸੂਬੇ ਦੇ ਪਿੰਡਾਂ ਵਿਚ ਇਹ ਦਰ 7.4 ਫ਼ੀਸਦੀ ਤਕ ਪਹੁੰਚ ਗਈ ਹੈ। ਰਿਪੋਰਟ ਵਿਖਾਉਂਦੀ ਹੈ ਕਿ ਉੱਚ ਸਿੱਖਿਆ ਵੀ ਰੁਜ਼ਗਾਰ ਦੀ ਗਾਰੰਟੀ ਨਹੀਂ। ਗਰੈਜੂਏਟਾਂ ਦੀ ਬੇਰੁਜ਼ਗਾਰੀ ਪੰਜਾਬ ਵਿਚ 20.6 ਫ਼ੀਸਦੀ ਤਕ ਪਹੁੰਚ ਗਈ ਹੈ। ਪੋਸਟਗ੍ਰੈਜੂਏਟਾਂ ਵਿਚ ਵੀ ਪੰਜਾਬ ਵਿਚ ਬੇਰੁਜ਼ਗਾਰੀ 11.6 ਫ਼ੀਸਦੀ ਹੈ। ਇਸ ਹਾਲਾਤ 'ਤੇ ਮਾਹਰ ਚੇਤਾਵਨੀ ਦੇ ਰਹੇ ਹਨ। ਇਕ ਅਰਥਸ਼ਾਸਤਰੀ ਨੇ ਕਿਹਾ,"ਸਿਖਿਆ ਦਾ ਤੇਜ਼ੀ ਨਾਲ ਵਾਧਾ ਹੋਇਆ ਹੈ ਪਰ ਉਦਯੋਗਿਕ ਵਿਕਾਸ ਉਸੇ ਗਤੀ ਨਾਲ ਨਹੀਂ ਹੋਇਆ। ਇਸ ਕਰ ਕੇ ਡਿਗਰੀਧਾਰੀਆਂ ਨੂੰ ਢੁਕਵੀਆਂ ਨੌਕਰੀਆਂ (ਬਾਕੀ ਸਫਾ 2 'ਤੇ)

# ਮਹਿਲਾ ਰਾਖਵਾਂਕਰਨ ਅਤੇ ਹਲਕਾਬੰਦੀ 'ਤੇ ਕੇਂਦਰ ਵੱਲੋਂ ਸਪੱਸ਼ਟੀਕਰਨ; ਲੋਕ ਸਭਾ ਸੀਟਾਂ 850 ਕਰਨ ਦੀ ਤਜਵੀਜ਼

ਚੜ੍ਹਦੀਕਲਾ ਬਿਊਰੋ

================

ਨਵੀਂ ਦਿੱਲੀ, 19 ਅਪ੍ਰੈਲ : ਸੰਵਿਧਾਨ ਦੇ 131ਵੇਂ ਸੋਧ ਬਿੱਲ 2026 ਅਤੇ ਹਲਕਾਬੰਦੀ ਨੂੰ ਲੈ ਕੇ ਚੱਲ ਰਹੀ ਬਹਿਸ ਦੇ ਵਿਚਕਾਰ, ਕੇਂਦਰ ਸਰਕਾਰ ਨੇ ਇੱਕ ਨੋਟ ਜਾਰੀ ਕਰਕੇ ਆਪਣਾ ਪੱਖ ਸਪੱਸ਼ਟ ਕੀਤਾ ਹੈ। ਸਰਕਾਰ ਨੇ ਦੱਸਿਆ ਹੈ ਕਿ 'ਨਾਰੀ ਸ਼ਕਤੀ ਵੰਦਨ ਅਧਿਨਿਯਮ' ਨੂੰ ਹਲਕਾਬੰਦੀ ਦੀਆਂ ਪੁਰਾਣੀਆਂ ਸ਼ਰਤਾਂ ਤੋਂ ਵੱਖ ਕਰਨਾ ਕਿਉਂ ਜ਼ਰੂਰੀ ਸੀ ਅਤੇ ਇਸ ਨਾਲ ਦੇਸ਼ ਦੀ ਸਿਆਸੀ ਬਣਤਰ 0146 ਤੇ ਕੀ ਅਸਰ ਪਵੇਗਾ।

**ਲੋਕ ਸਭਾ ਸੀਟਾਂ ਵਿੱਚ ਹੋਵੇਗਾ ਵਾਧਾ: 550 ਤੋਂ ਵਧ ਕੇ ਹੋਣਗੀਆਂ 850**

ਸਰਕਾਰ ਨੇ ਸਪੱਸ਼ਟ ਕੀਤਾ ਕਿ 1971 ਵਿੱਚ ਭਾਰਤ ਦੀ ਆਬਾਦੀ 54 ਕਰੋੜ ਸੀ, ਜੋ ਹੁਣ ਵਧ ਕੇ 140 ਕਰੋੜ ਹੋ ਚੁੱਕੀ ਹੈ। ਇਸ ਵਧਦੀ ਆਬਾਦੀ ਨੂੰ ਸਹੀ ਪ੍ਰਤੀਨਿਧਤਾ ਦੇਣ ਲਈ ਲੋਕ ਸਭਾ ਦੀਆਂ ਸੀਟਾਂ ਦੀ ਮੌਜੂਦਾ ਸੀਮਾ 550 ਤੋਂ ਵਧਾ ਕੇ 850 ਕਰਨ ਦੀ ਤਜਵੀਜ਼ ਹੈ। ਸਰਕਾਰ ਅਨੁਸਾਰ, ਜੇਕਰ ਹਲਕਾਬੰਦੀ ਨੂੰ ਜਨਗਣਨਾ ਦੀ ਉਡੀਕ ਵਿੱਚ ਛੱਡ ਦਿੱਤਾ ਜਾਂਦਾ, ਤਾਂ 2029 ਦੀਆਂ ਚੋਣਾਂ ਵਿੱਚ ਵੀ ਔਰਤਾਂ ਨੂੰ 33 ਫੀਸਦੀ ਰਾਖਵਾਂਕਰਨ ਮਿਲਣਾ ਅਸੰਭਵ ਸੀ। ਇਸ ਲਈ ਇਸ ਪ੍ਰਕਿਰਿਆ ਨੂੰ ਤੇਜ਼ ਕਰਨ ਲਈ ਨਵੇਂ ਬਿੱਲ ਲਿਆਂਦੇ ਗਏ ਹਨ।



**ਸਰਕਾਰ ਵੱਲੋਂ ਦਿੱਤੇ ਗਏ ਮੁੱਖ ਸਪੱਸ਼ਟੀਕਰਨ**: ਦੱਖਣੀ ਸੂਬਿਆਂ ਦਾ ਹਿੱਤ: ਸਰਕਾਰ ਨੇ ਭਰੋਸਾ ਦਿੱਤਾ ਹੈ ਕਿ ਨਵੀਂ ਹਲਕਾਬੰਦੀ ਨਾਲ ਦੱਖਣੀ ਜਾਂ ਛੋਟੇ ਸੂਬਿਆਂ ਨੂੰ ਕੋਈ ਨੁਕਸਾਨ ਨਹੀਂ ਹੋਵੇਗਾ। ਸੀਟਾਂ ਵਿੱਚ 50 ਫੀਸਦੀ ਦਾ ਵਾਧਾ ਸਾਰੇ ਸੂਬਿਆਂ ਵਿੱਚ ਇਕਸਾਰ ਹੋਵੇਗਾ। ਅੰਕੜਿਆਂ ਅਨੁਸਾਰ, ਦੱਖਣੀ ਸੂਬਿਆਂ ਦੀ ਲੋਕ ਸਭਾ ਵਿੱਚ ਮੌਜੂਦਾ ਹਿੱਸੇਦਾਰੀ 23.76% ਹੈ, ਜੋ ਇਨ੍ਹਾਂ ਬਿੱਲਾਂ ਤੋਂ ਬਾਅਦ ਮਾਮੂਲੀ ਵਧ ਕੇ 23.87% ਹੋ ਜਾਵੇਗੀ।

**ਜਾਤੀ ਜਨਗਣਨਾ**: ਸਰਕਾਰ ਨੇ ਉਨ੍ਹਾਂ ਦੋਸ਼ਾਂ ਨੂੰ ਨਕਾਰਿਆ ਹੈ ਕਿ ਇਹ ਬਿੱਲ ਜਾਤੀ ਜਨਗਣਨਾ ਵਿੱਚ ਦੇਰੀ ਕਰਨ ਲਈ ਲਿਆਂਦਾ ਗਿਆ ਹੈ। ਸਰਕਾਰ ਨੇ ਕਿਹਾ ਕਿ ਜਾਤੀ ਜਨਗਣਨਾ ਲਈ ਸਮਾਂਬੱਧ ਪ੍ਰੋਗਰਾਮ ਪਹਿਲਾਂ ਹੀ ਸ਼ੁਰੂ ਕੀਤਾ ਜਾ ਚੁੱਕਾ ਹੈ।

**ਧਰਮ ਦੇ ਆਧਾਰ 'ਤੇ ਰਾਖਵਾਂਕਰਨ ਨਹੀਂ**: ਮੁਸਲਿਮ ਔਰਤਾਂ ਲਈ ਵੱਖਰੇ ਕੋਟੇ ਦੀ ਮੰਗ 'ਤੇ ਸਰਕਾਰ ਨੇ ਕਿਹਾ ਕਿ ਭਾਰਤੀ ਸੰਵਿਧਾਨ ਧਰਮ ਦੇ ਆਧਾਰ 'ਤੇ (ਬਾਕੀ ਸਫਾ 2 'ਤੇ)

### ਪਿੰਡ 'ਚ ਹਾਥੀਆਂ ਨੇ ਢਾਹਿਆ ਕਹਿਰ, ਨੌਜਵਾਨ ਦੀ ਮੌਤ

ਰਾਂਚੀ, 19 ਅਪ੍ਰੈਲ (ਚ.ਨ.ਸ.): ਝਾਰਖੰਡ ਦੇ ਕੋਡਰਮਾ ਜ਼ਿਲ੍ਹੇ ਦੇ ਸਤਗਾਵਾਂ ਬਲਾਕ ਅਧੀਨ ਪੈਂਦੇ ਪਿੰਡ ਕਟਈਆ ਵਿੱਚ ਜੰਗਲੀ ਹਾਥੀਆਂ ਨੇ 35 ਸਾਲਾ ਰੋਹਿਤ ਕੁਮਾਰ ਨੂੰ ਬੇਰਹਿਮੀ ਨਾਲ ਮੌਤ ਦੇ ਘਾਟ ਉਤਾਰ ਦਿੱਤਾ। ਇਸ ਘਟਨਾ ਤੋਂ ਬਾਅਦ ਪੂਰੇ ਇਲਾਕੇ ਵਿੱਚ ਦਹਿਸ਼ਤ ਅਤੇ ਗੁੱਸੇ ਦਾ ਮਾਹੌਲ ਹੈ। ਜਾਣਕਾਰੀ ਅਨੁਸਾਰ ਪਿੰਡ ਵਿੱਚ ਪਿਛਲੇ ਦੋ ਦਿਨਾਂ ਤੋਂ ਤਿੰਨ ਹਾਥੀਆਂ ਦਾ ਝੁੰਡ ਘੁੰਮ ਰਿਹਾ ਸੀ। ਰੋਹਿਤ ਕੁਮਾਰ ਰਾਤ ਸਮੇਂ ਆਪਣੇ ਪਸ਼ੂਆਂ ਨੂੰ ਬਚਾਉਣ ਲਈ ਗਊਸ਼ਾਲਾ ਵੱਲ ਗਿਆ ਸੀ, ਜਿੱਥੇ ਹਾਥੀਆਂ ਨੇ ਉਸ 'ਤੇ ਹਮਲਾ ਕਰ ਦਿੱਤਾ, ਜਿਸ ਕਾਰਨ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਹਾਥੀਆਂ ਨੇ ਨਾ ਸਿਰਫ਼ ਜਾਨੀ ਨੁਕਸਾਨ ਕੀਤਾ, ਸਗੋਂ ਕਟਈਆ ਪੰਚਾਇਤ ਭਵਨ ਦੀ ਇਮਾਰਤ ਨੂੰ ਵੀ ਬੁਰੀ ਤਰ੍ਹਾਂ ਨੁਕਸਾਨ ਪਹੁੰਚਾਇਆ। ਜੰਗਲਾਤ (ਬਾਕੀ ਸਫਾ 2 'ਤੇ)



ਪਦਮਸ਼੍ਰੀ ਡਾ. ਜਗਜੀਤ ਸਿੰਘ ਦਰਦੀ ਚੇਅਰਮੈਨ ਚੜ੍ਹਦੀਕਲਾ ਗਰੁੱਪ ਦਾ ਹਾਲ-ਚਾਲ ਜਾਣਨ ਲਈ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਜਗਦੀਸ਼ ਸਿੰਘ ਝੀਂਡਾ, ਇੰਟਰਨੈਸ਼ਨਲ ਸਿੱਖ ਫੋਰਮ ਦੇ ਆਗੂ ਐਡਵੋਕੇਟ ਪ੍ਰਿਤਪਾਲ ਸਿੰਘ ਪੰਨੂ ਪੁੱਜੇ। ਇਸ ਮੌਕੇ ਡਾਇਰੈਕਟਰ ਸਰਦਾਰ ਹਰਪ੍ਰੀਤ ਸਿੰਘ ਦਰਦੀ, ਸਰਦਾਰਨੀ ਜਸਵਿੰਦਰ ਕੌਰ ਦਰਦੀ, ਰਵਿੰਦਰ ਸਿੰਘ ਸਰੂਜਾ, ਜਗਮੋਹਨ ਸਿੰਘ ਕਥੂਰੀਆ ਤੇ ਹਰਮਿੰਦਰ ਪਾਲ ਸਿੰਘ ਵਿੰਟੀ, ਪਰਮਜੀਤ ਸਿੰਘ ਮੈਨੇਜਰ, ਦਮਨਦੀਪ ਸਿੰਘ ਅਕਾਊਂਟ ਮੈਨੇਜਰ ਮੌਜੂਦ ਸਨ।

# ਮੌਜੂਦਾ ਲੋਕ ਸਭਾ ਸੀਟਾਂ ਦੇ ਆਧਾਰ ’ਤੇ ਮਹਿਲਾ ਰਾਖਵਾਂਕਰਨ ਲਾਗੂ ਕੀਤਾ ਜਾਵੇ: ਕਾਂਗਰਸ

## ‘ਮੋਦੀ ਸਰਕਾਰ ਸਿਆਸੀ ਕਾਰਨਾਂ ਕਰਕੇ ਰਾਖਵਾਂਕਰਨ ’ਚ ਕਰ ਰਹੀ ਦੇਰੀ’

ਨਵੀਂ ਦਿੱਲੀ, 19 ਅਪ੍ਰੈਲ (ਚ.ਨ.ਸ.): ਕਾਂਗਰਸ ਪਾਰਟੀ ਨੇ ਐਤਵਾਰ ਨੂੰ ਲੋਕ ਸਭਾ ਸੀਟਾਂ ਦੀ ਮੌਜੂਦਾ ਗਿਣਤੀ ਦੇ ਆਧਾਰ ’ਤੇ ਮਹਿਲਾ ਰਾਖਵੇਂਕਰਨ ਨੂੰ ਤੁਰੰਤ ਲਾਗੂ ਕਰਨ ਦੀ ਮੰਗ ਕੀਤੀ ਅਤੇ ਇਸ ਮੁੱਦੇ ’ਤੇ ਮੋਦੀ ਸਰਕਾਰ ਖ਼ਿਲਾਫ਼ ਵਿਰੋਧ ਪ੍ਰਦਰਸ਼ਨ ਕੀਤਾ। ਪਾਰਟੀ ਨੇ ਇਲਜ਼ਾਮ ਲਗਾਇਆ ਕਿ ਸਰਕਾਰ ਰਾਜਨੀਤਿਕ ਕਾਰਨਾਂ ਕਰਕੇ ਜਾਣਬੁੱਝ ਕੇ ਔਰਤਾਂ ਦੇ ਰਾਖਵੇਂਕਰਨ ਵਿੱਚ ਦੇਰੀ ਕਰ ਰਹੀ ਹੈ। ਦਿੱਲੀ ਪ੍ਰਦੇਸ਼ ਕਾਂਗਰਸ ਕਮੇਟੀ ਨੇ ਇਹ ਵਿਰੋਧ ਪ੍ਰਦਰਸ਼ਨ ਸੰਵਿਧਾਨ (131ਵਾਂ ਸੋਧ) ਬਿੱਲ ਜਿਸ ਦਾ ਉਦੇਸ਼ ਵਿਧਾਨ ਸਭਾਵਾਂ ਵਿੱਚ ਔਰਤਾਂ ਲਈ 33 ਪ੍ਰਤੀਸ਼ਤ ਰਾਖਵਾਂਕਰਨ ਲਾਗੂ ਕਰਨਾ ਅਤੇ ਲੋਕ ਸਭਾ ਸੀਟਾਂ ਦੀ ਗਿਣਤੀ 816 ਕਰਨਾ ਹੈ, ਨੂੰ ਲੋਕ ਸਭਾ ਵਿੱਚ ਰੱਦ ਕੀਤੇ ਜਾਣ ਤੋਂ ਦੋ ਦਿਨ ਬਾਅਦ ਕੀਤਾ। ਵਿਰੋਧ ਪ੍ਰਦਰਸ਼ਨ ਵਿੱਚ ਹਿੱਸਾ ਲੈਂਦੇ ਹੋਏ ਕਾਂਗਰਸ ਦੇ ਜਨਰਲ ਸਕੱਤਰ ਅਤੇ ਸੰਚਾਰ ਇੰਚਾਰਜ ਜੈਰਾਮ ਰਮੇਸ਼ ਨੇ ਕਿਹਾ ਕਿ ਜਦੋਂ ਇਹ ਬਿੱਲ ਪਾਸ ਹੋਇਆ ਸੀ, ਤਾਂ ਕਾਂਗਰਸ ਨੇ ਮੰਗ ਕੀਤੀ ਸੀ ਕਿ ’ਨਾਰੀ ਸ਼ਕਤੀ ਵੰਦਨ ਅਧਿਨਿਯਮ’ ਨੂੰ 2024 ਦੀਆਂ ਲੋਕ ਸਭਾ ਚੋਣਾਂ ਤੋਂ ਲਾਗੂ ਕੀਤਾ ਜਾਵੇ। ਇਸ ਮੰਗ ਨੂੰ ਅਣਡਿੱਠਾ ਕਰ ਦਿੱਤਾ ਗਿਆ ਸੀ ਅਤੇ ਸਾਨੂੰ ਦੱਸਿਆ ਗਿਆ ਸੀ ਕਿ ਇਸ ਨੂੰ ਲਾਗੂ ਕਰਨ ਦੀ ਮਿਤੀ ਬਾਅਦ ਵਿੱਚ ਤੈਅ ਕੀਤੀ ਜਾਵੇਗੀ। ਲੱਗਭੱਗ 30 ਮਹੀਨਿਆਂ ਤੱਕ ਚੁੱਪ ਰਹੀ ਅਤੇ ਅਚਾਨਕ 16 ਅਪ੍ਰੈਲ ਦੀ ਰਾਤ ਨੂੰ ਇਸ ਕਾਨੂੰਨ ਨੂੰ ਸੂਚਿਤ ਕਰ ਦਿੱਤਾ ਗਿਆ।



ਜੈਰਾਮ ਰਮੇਸ਼ ਨੇ ਦੋਸ਼ ਲਗਾਇਆ ਕਿ ਜਦੋਂ ਇਹ ਸਪੱਸ਼ਟ ਹੋ ਗਿਆ ਕਿ ਵਿਰੋਧੀ ਏਕਤਾ ਕਾਰਨ ਹੱਦਬੰਦੀ ਨਾਲ ਸਬੰਧਤ ਉਪਬੰਧਾਂ ਵਾਲਾ ਬਿੱਲ ਪਾਸ ਨਹੀਂ ਹੋਵੇਗਾ, ਤਾਂ ਸਰਕਾਰ ਨੇ ਜਲਦੀ ਨਾਲ ਮਹਿਲਾ ਰਿਜ਼ਰਵੇਸ਼ਨ ਕਾਨੂੰਨ ਨੂੰ ਸੂਚਿਤ ਕੀਤਾ ਅਤੇ ਹੁਣ ਦਾਅਵਾ ਕਰ ਰਹੀ ਹੈ ਕਿ ਕਾਂਗਰਸ ਮਹਿਲਾ ਰਿਜ਼ਰਵੇਸ਼ਨ ਦਾ ਵਿਰੋਧ ਕਰਦੀ ਹੈ। ਦਿੱਲੀ ਕਾਂਗਰਸ ਪ੍ਰਧਾਨ ਦੇਵੇਂਦਰ ਯਾਦਵ ਦੀ ਅਗਵਾਈ ਵਿੱਚ ਪਾਰਟੀ ਵਰਕਰਾਂ ਨੇ ਵਿਰੋਧ ਪ੍ਰਦਰਸ਼ਨ ਦੌਰਾਨ ਭਾਜਪਾ ਹੈੱਡਕੁਆਰਟਰ ਵੱਲ ਮਾਰਚ ਕੀਤਾ ਅਤੇ ਨਾਅਰੇਬਾਜ਼ੀ ਕੀਤੀ।ਇਸ ਸਮਾਗਮ ਦੌਰਾਨ ਕਈ ਸੀਨੀਅਰ ਆਗੂ ਮੌਜੂਦ ਸਨ, ਜਿਨ੍ਹਾਂ ਵਿੱਚ ਆਲ ਇੰਡੀਆ ਮਹਿਲਾ ਕਾਂਗਰਸ ਪ੍ਰਧਾਨ ਅਲਕਾ ਲਾਂਬਾ, ਦਿੱਲੀ ਮਹਿਲਾ ਕਾਂਗਰਸ ਪ੍ਰਧਾਨ ਪੁਸ਼ਪਾ ਸਿੰਘ ਅਤੇ ਏ.ਆਈ.ਸੀ.ਸੀ. ਬੁਲਾਰਾ ਰਾਗਿਨੀ ਨਾਇਕ ਸ਼ਾਮਲ ਸਨ।ਇਕੱਠ ਨੂੰ ਸੰਬੋਧਨ ਕਰਦਿਆਂ ਯਾਦਵ ਨੇ ਕਿਹਾ ਕਿ ਇਹ ਵਿਰੋਧ ਪ੍ਰਦਰਸ਼ਨ ਲੋਕ ਸਭਾ ਵਿੱਚ ਮੌਜੂਦਾ 543 ਸੀਟਾਂ ਦੇ ਆਧਾਰ ’ਤੇ ਮਹਿਲਾ ਰਾਖਵੇਂਕਰਨ ਨੂੰ ਤੁਰੰਤ ਲਾਗੂ ਕਰਨ ਦੀ ਮੰਗ ਨੂੰ ਦਬਾਉਣ ਲਈ ਕੀਤਾ ਗਿਆ ਸੀ। ਉਨ੍ਹਾਂ ਕਿਹਾ, ‘ਅੱਜ ਸਾਡਾ ਵਿਰੋਧ ਪ੍ਰਦਰਸ਼ਨ ਔਰਤਾਂ ਦੇ ਰਾਖਵੇਂਕਰਨ ਦੀ ਮੰਗ ਲਈ ਹੈ, ਇਹ ਮਾਮਲਾ ਕਈ ਸਾਲਾਂ ਤੋਂ ਲਟਕਿਆ ਹੋਇਆ ਹੈ। ਇਹ ਬਿੱਲ 2023 ਵਿੱਚ ਸੰਸਦ ਵਿੱਚ ਪੇਸ਼ ਕੀਤਾ ਗਿਆ ਸੀ ਅਤੇ ਸਰਬਸੰਮਤੀ ਨਾਲ ਪਾਸ ਹੋ ਗਿਆ ਸੀ।

ਅੱਜ ਭਾਜਪਾ ਔਰਤਾਂ ਦੇ ਰਾਖਵੇਂਕਰਨ ਦੇ ਨਾਮ ’ਤੇ ਹੱਦਬੰਦੀ ਲਾਗੂ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਜੇਕਰ ਤੁਸੀਂ ਸੱਚਮੁੱਚ ਔਰਤਾਂ ਦੀ ਭਲਾਈ ਲਈ ਵਚਨਬੱਧ ਹੋ, ਤਾਂ ਮੌਜੂਦਾ 543 ਸੀਟਾਂ ’ਤੇ ਰਾਖਵਾਂਕਰਨ ਲਾਗੂ ਕਰੋ।’

## ਭਾਗਵਤ ਨੂੰ ਮਿਲੀ ‘ਜ਼ੈੱਡ ਪਲੱਸ’ ਸੁਰੱਖਿਆ ’ਤੇ ਹੋ ਰਿਹਾ ਖ਼ਰਚਾ ਵਸੂਲਣ ਲਈ ਰਿਟ ਦਾਇਰ

ਨਾਗਪੁਰ, 19 ਅਪ੍ਰੈਲ (ਚ.ਨ.ਸ.): ਬੰਬੇ ਹਾਈ ਕੋਰਟ ਦੀ ਨਾਗਪੁਰ ਬੈਂਚ ਦੇ ਸਾਹਮਣੇ ਇਕ ਲੋਕਹਿੱਤ ਰਿਟ ਦਾਇਰ ਕਰ ਕੇ ਰਾਸ਼ਟਰੀ ਸਵੈਮਸੇਵਕ ਸੰਘ (ਆਰ.ਐੱਸ.ਐੱਸ.) ਦੇ ਮੁਖੀ ਮੋਹਨ ਭਾਗਵਤ ਨੂੰ ਮੁਹੱਈਆ ਕੀਤੀ ਗਈ ‘ਜ਼ੈੱਡ ਪਲੱਸ’ ਸੁਰੱਖਿਆ ਕਵਰ ਉੱਤੇ ਹੋਣ ਵਾਲੇ ਖ਼ਰਚ ਦੀ ਵਸੂਲੀ ਦੀ ਮੰਗ ਕੀਤੀ ਗਈ ਹੈ। ਜਾਣਕਾਰੀ ਮੁਤਾਬਕ ਇਹ ਰਿਟ ਸੋਸ਼ਲ ਵਰਕਰ ਲਲਨ ਕਿਸ਼ੋਰ ਸਿੰਘ ਵੱਲੋਂ ਵਕੀਲ ਅਸ਼ਵਿਨ ਇੰਗੋਲੇ ਨੇ ਦਾਇਰ ਕੀਤੀ ਹੈ।



ਦੱਸ ਦੇਈਏ ਕਿ ਜਸਟਿਸ ਅਨਿਲ ਕਿਲੋਰ ਅਤੇ ਜਸਟਿਸ ਰਾਜ ਵਾਕੋਡੇ ਦੀ ਬੈਂਚ 20 ਅਪ੍ਰੈਲ ਨੂੰ ਇਸ ਰਿਟ ’ਤੇ ਸੁਣਵਾਈ ਕਰਨ ਵਾਲੀ ਹੈ। ਰਿਟਕਰਤਾ ਦੇ ਅਨੁਸਾਰ ਜਨਤਕ ਧਨ ਦੀ ਵਰਤੋਂ ਕਰ ਕੇ ਉੱਚ ਪੱਧਰੀ ਸੁਰੱਖਿਆ ਮੁਹੱਈਆ ਕੀਤੀ ਜਾ ਰਹੀ ਹੈ ਅਤੇ ਰਿਟਕਰਤਾ ਨੇ ਮੰਗ ਕੀਤੀ ਹੈ ਕਿ ਇਸ ਪੂਰੇ ਖ਼ਰਚ ਦੀ ਵਸੂਲੀ ਸਬੰਧਤ ਵਿਅਕਤੀ ਜਾਂ ਸੰਗਠਨ ਕੋਲੋਂ ਕੀਤੀ ਜਾਵੇ। ਰਿਟ ਵਿਚ ਸੁਪਰੀਮ ਕੋਰਟ ਦੇ ਫੈਸਲੇ ਦਾ ਵੀ ਹਵਾਲਾ ਦਿੱਤਾ ਗਿਆ ਹੈ, ਜਿਸ ਵਿਚ ਕਿਹਾ ਗਿਆ ਸੀ ਕਿ ਕੁਝ ਮਾਮਲਿਆਂ ਵਿਚ ਸੁਰੱਖਿਆ ਦਾ ਖਰਚਾ ਲਾਭਪਾਤਰੀ ਨੂੰ ਖੁਦ ਝੱਲਣਾ ਚਾਹੀਦਾ ਹੈ।

## ਕੇਂਦਰ ਵੱਲੋਂ 6500.90 ਰੁਪਏ ਪ੍ਰਤੀ

ਕਰਨਾਟਕ ’ਚ ਮੁੱਲ ਸਮੱਰਥਨ ਯੋਜਨਾ (ਪੀ.ਐੱਸ.ਐੱਸ.) ਹੇਠ ਅਰਹਰ ਦੀ ਖਰੀਦ ਦੀ ਮਿਆਦ 15 ਮਈ ਤੱਕ ਵਧਾ ਦਿੱਤੀ ਗਈ ਹੈ, ਜਿਸ ਨਾਲ ਕਿਸਾਨਾਂ ਨੂੰ ਆਪਣੀ ਫਸਲ ਘੱਟੋ-ਘੱਟ ਸਮੱਰਥਨ ਮੁੱਲ (ਐੱਮ.ਐੱਸ.ਪੀ.) ’ਤੇ ਵੇਚਣ ਲਈ ਵਾਧੂ ਸਮਾਂ ਮਿਲ ਸਕੇ। ਇਕ ਅਧਿਕਾਰਤ ਬਿਆਨ ’ਚ ਕਿਹਾ ਗਿਆ ਕਿ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਸੂਬਿਆਂ ਦੇ ਖੇਤੀਬਾੜੀ ਮੰਤਰੀਆਂ ਅਤੇ ਸੀਨੀਅਰ ਅਧਿਕਾਰੀਆਂ ਨਾਲ ਬੈਠਕ ਤੋਂ ਬਾਅਦ ਇਨ੍ਹਾਂ ਪ੍ਰਸਤਾਵਾਂ ਨੂੰ ਮਨਜ਼ੂਰੀ ਦਿੱਤੀ। ਮੰਤਰਾਲਾ ਅਨੁਸਾਰ, ਕਰਨਾਟਕ ’ਚ ਮਿਆਦ ਵਧਾਉਣ ਨਾਲ ਵੱਧ ਗਿਣਤੀ ’ਚ ਅਰਹਰ ਕਿਸਾਨਾਂ ਨੂੰ ਲਾਭਕਾਰੀ ਮੁੱਲ ਮਿਲ ਸਕੇਗਾ ਅਤੇ ਉਹ ਮਜਬੂਰੀ ’ਚ ਘੱਟ ਮੁੱਲ ’ਤੇ ਵਿਕਰੀ ਤੋਂ ਬਚ ਸਕਣਗੇ।

## ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਵਿਰੁੱਧ

ਬਣਾਏਗਾ ਅਤੇ ਧਰਮ ਦੇ ਨਾਂ ’ਤੇ ਨਫ਼ਰਤ ਫੈਲਾਉਣ ਦੀਆਂ ਕੋਸ਼ਿਸ਼ਾਂ ਨੂੰ ਰੋਕ ਕੇ ਫਿਰਕੂ ਸਦਭਾਵਨਾ ਨੂੰ ਉਤਸ਼ਾਹਿਤ ਕਰੇਗਾ।’

ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਝਰ ਨੇ ਕਿਹਾ, ‘ਪੰਜਾਬ ਲਈ ਇਹ ਇੱਕ ਇਤਿਹਾਸਕ ਦਿਨ ਹੈ। ਵਿਧਾਨ ਸਭਾ ਵਿੱਚ ਇਹ ਬਿੱਲ ਸਰਬਸੰਮਤੀ ਨਾਲ ਪਾਸ ਕੀਤਾ ਗਿਆ ਸੀ ਅਤੇ ਹੁਣ ਇਸ ਨੂੰ ਰਾਜਪਾਲ ਦੀ ਮਨਜ਼ੂਰੀ ਮਿਲ ਗਈ ਹੈ। ਮੈਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਦਲੇਰੀ ਅਤੇ ਇਮਾਨਦਾਰੀ ਨਾਲ ਇਹ ਬਿੱਲ ਪੇਸ਼ ਕਰਨ ਦਾ ਸਿਹਰਾ ਦਿੰਦਾ ਹਾਂ ਅਤੇ ਮੈਨੂੰ ਉਮੀਦ ਹੈ ਕਿ ਕਾਨੂੰਨ ਦੀਆਂ ਸਖ਼ਤ ਵਿਵਸਥਾਵਾਂ ਬੇਅਦਬੀ ਦੀਆਂ ਘਟਨਾਵਾਂ ਨੂੰ ਪੂਰੀ ਤਰ੍ਹਾਂ ਰੋਕ ਦੇਣਗੀਆਂ, ਕਿਉਂਕਿ ਦੋਸ਼ੀ ਹੁਣ ਅਜਿਹੀ ਹਰਕਤ ਕਰਨ ਤੋਂ ਪਹਿਲਾਂ ਕਈ ਵਾਰ ਸੋਚਣਗੇ।’

ਐਮਪੀ ਮਾਲਵਿੰਦਰ ਸਿੰਘ ਕੰਗ ਨੇ ਕਿਹਾ, ’ਇਹ ਕਾਨੂੰਨ ਬੇਅਦਬੀ ਵਿਰੁੱਧ ਸਖ਼ਤ ਸਜ਼ਾ ਦੀ ਦੁਨੀਆ ਭਰ ਦੇ ਸਿੱਖਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਪੂਰਾ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ। ਇਹ ਅਜਿਹੀਆਂ ਕੋਸ਼ਿਸ਼ਾਂ ਕਰਨ ਵਾਲਿਆਂ ਵਿੱਚ ਡਰ ਪੈਦਾ ਕਰੇਗਾ ਅਤੇ ਇਨਸਾਫ਼ ਯਕੀਨੀ ਬਣਾਏਗਾ। ਮੈਂ ਵਾਹਿਗੁਰੂ ਅਤੇ ਮਾਨ ਸਰਕਾਰ ਦਾ ਧੰਨਵਾਦ ਕਰਦਾ ਹਾਂ ਜਿਨ੍ਹਾਂ ਨੇ ਪੰਜਾਬ ਦੇ ਲੋਕਾਂ ਦੀਆਂ ਭਾਵਨਾਵਾਂ ਨੂੰ ਇੱਕ ਮਜ਼ਬੂਤ ਕਾਨੂੰਨੀ ਢਾਂਚੇ ਵਿੱਚ ਬਦਲਿਆ ਹੈ।’

‘ਆਪ’ ਪੰਜਾਬ ਦੇ ਮੁੱਖ ਬੁਲਾਰੇ ਅਤੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਇਸ ਨੂੰ ਦੁਨੀਆਂ ਭਰ ਦੇ ਸਿੱਖਾਂ ਲਈ ਮਾਣ ਵਾਲੀ ਗੱਲ ਦੱਸਦਿਆਂ ਭਾਰੀ ਖੁਸ਼ੀ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ, ’ਇਹ ਦੁਨੀਆਂ ਭਰ ਦੇ ਸਿੱਖਾਂ ਲਈ ਮਾਣ ਵਾਲਾ ਪਲ ਹੈ। ਇਹ ਕਾਨੂੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਿਹਤਰ ਸੁਰੱਖਿਆ ਯਕੀਨੀ ਬਣਾਏਗਾ। ਮੈਂ ਦੁਨੀਆਂ ਭਰ ਦੀ ਸਿੱਖ ਸੰਗਤ ਨੂੰ ਵਧਾਈ ਦਿੰਦਾ ਹਾਂ ਅਤੇ ਇਸ ਨੂੰ ਸੰਭਵ ਬਣਾਉਣ ਲਈ ਮੁੱਖ ਮੰਤਰੀ ਅਤੇ ਰਾਜਪਾਲ ਦਾ ਧੰਨਵਾਦ ਕਰਦਾ ਹਾਂ।’

ਇਸੇ ਤਰ੍ਹਾਂ ਦੇ ਵਿਚਾਰ ਪ੍ਰਗਟ ਕਰਦਿਆਂ ਪਾਰਟੀ ਆਗੂਆਂ ਨੇ ਕਿਹਾ ਕਿ ਇਸ ਕਾਨੂੰਨ ਦੇ ਲਾਗੂ ਹੋਣ ਨਾਲ ਇਹ ਸਪੱਸ਼ਟ ਸੰਦੇਸ਼ ਜਾਂਦਾ ਹੈ ਕਿ ਕਿਸੇ ਵੀ ਕੀਮਤ ’ਤੇ ਬੇਅਦਬੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਕਾਨੂੰਨ ਧਾਰਮਿਕ ਸਦਭਾਵਨਾ ਦੀ ਰਾਖੀ ਕਰੇਗਾ ਅਤੇ ਸਾਰੇ ਪਵਿੱਤਰ ਗ੍ਰੰਥਾਂ ਦੀ ਮਰਿਆਦਾ ਨੂੰ ਬਹਾਲ ਰੱਖੇਗਾ।

ਆਮ ਆਦਮੀ ਪਾਰਟੀ ਦੇ ਜਨਰਲ ਸਕੱਤਰ ਅਤੇ ਟੂਰਿਜ਼ਮ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨੇ ਕਿਹਾ ਕਿ ਅੱਜ ਕਿਹਾ ਕਿ ਪੰਜਾਬ ਵਿਧਾਨ ਸਭਾ ਵੱਲੋਂ ਪਾਸ ਕੀਤੇ ਬੇਅਦਬੀ ਵਿਰੋਧੀ ਬਿੱਲ ’ਤੇ ਮਾਨਯੋਗ ਰਾਜਪਾਲ ਸਾਹਿਬ ਨੇ ਦਸਤਖਤ ਕਰ ਦਿੱਤੇ ਹਨ, ਜਿਸ ਨਾਲ ਇਹ ਬਿੱਲ ਹੁਣ ਕਾਨੂੰਨ ਦਾ ਰੂਪ ਧਾਰਨ ਕਰ ਗਿਆ ਹੈ। ਦੀਪਕ ਬਾਲੀ ਨੇ ਕਿਹਾ ਕਿ ਇਹ ਪੰਜਾਬ ਲਈ ਇਤਿਹਾਸਿਕ ਦਿਨ ਹੈ ਅਤੇ ਇਹ ਕਾਨੂੰਨ ਸਾਡੀਆਂ ਧਾਰਮਿਕ ਭਾਵਨਾਵਾਂ ਅਤੇ ਗੁਰੂ ਸਾਹਿਬਾਨ ਦੀ ਸ਼ਾਨ ਨੂੰ ਬਰਕਰਾਰ ਰੱਖਣ ਦੀ ਦਿਸ਼ਾ ਵਿੱਚ ਇੱਕ ਵੱਡਾ ਬਦਲਾਅ ਹੈ। ਉਨ੍ਹਾਂ ਕਿਹਾ ਕਿ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਸੇ ਵੀ ਤਰੀਕੇ ਨਾਲ ਬੇਅਦਬੀ ਹੁਣ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਤਿੱਖੇ ਸ਼ਬਦਾਂ ਵਿੱਚ ਕਿਹਾ ਕਿ ਪੰਥ ਦੇ ਨਾਂ ’ਤੇ ਵੋਟਾਂ ਲੈ ਕੇ ਅਤੇ ਸਰਕਾਰਾਂ ਬਣਾ ਕੇ ਕਿਸੇ ਵੀ ਅਖੌਤੀ ਪੰਥਕ ਪਾਰਟੀ ਨੇ ਇਸ ਤਰ੍ਹਾਂ ਦਾ ਕਾਨੂੰਨ ਕਦੇ ਨਹੀਂ ਘੜਿਆ। ਆਮ ਆਦਮੀ ਪਾਰਟੀ ਨੇ ਇਹ ਸਾਬਿਤ ਕੀਤਾ ਹੈ ਕਿ ਉਹ ਗੁਰੂ ਸਾਹਿਬਾਨ ਦੀ ਸ਼ਾਨ ਲਈ ਸਖ਼ਤ ਤੋਂ ਸਖ਼ਤ ਕਾਨੂੰਨ ਬਣਾਉਣ ਤੋਂ ਨਹੀਂ ਝਿਜਕਦੀ। ਅੰਤ ਵਿੱਚ ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਉਨ੍ਹਾਂ ਦੀ ਪੂਰੀ ਟੀਮ ਨੂੰ ਵਧਾਈ ਦਿੱਤੀ।

## ਡਾ. ਗੁਰਪ੍ਰੀਤ ਕੌਰ ਮਾਨ ਵੱਲੋਂ

ਇਹ ਕਾਨੂੰਨੀ ਬਣ ਗਿਆ ਹੈ। ਇਸ ਵਿੱਚ ਬੇਅਦਬੀ ਲਈ ਉਮਰ ਕੈਦ ਤੱਕ ਦੀ ਸਜ਼ਾ ਦੀ ਵਿਵਸਥਾ ਹੈ।

ਇਸ ਤੋਂ ਇਲਾਵਾ, ਪੁਲਿਸ ਬਿਨਾਂ ਨੋਟਿਸ ਦੇ ਗ੍ਰਿਫ਼ਤਾਰ ਕਰ ਸਕਦੀ ਹੈ। ਜ਼ਮਾਨਤ ਵੀ ਨਹੀਂ ਦਿੱਤੀ ਜਾਂਦੀ। ਇਸ ਤੋਂ ਇਲਾਵਾ, ਮਾਨਸਿਕ ਤੌਰ ‘ਤੇ ਬਿਮਾਰ ਵਿਅਕਤੀ ਦੇ ਸਰਪ੍ਰਸਤ ਲਈ ਸਜ਼ਾ ਦਾ ਪ੍ਰਬੰਧ ਹੈ। ਸਰਕਾਰ ਹੁਣ ਇਸਨੂੰ ਲਾਗੂ ਕਰਨ ਲਈ ਇੱਕ ਗਜ਼ਟ ਨੋਟੀਫਿਕੇਸ਼ਨ ਜਾਰੀ ਕਰੇਗੀ।

## ਅਮਰੀਕੀ ਕਾਹਲੀ ਕਾਰਨ ਫੇਲ੍ਹ ਹੋਈ ਸੀ ਇਸਲਾਮਾਬਾਦ

ਹਟਾਉਣ ਪਹੁੰਚ ਗਏ, ਜਿਸ ਨਾਲ ਮਾਹੌਲ ਵਿਗੜ ਗਿਆ। ਅਲ ਜ਼ਜ਼ੀਰਾ ਨੂੰ ਦਿੱਤੀ ਇੰਟਰਵਿਊ ’ਚ ਗਲੀਬਾਫ ਨੇ ਕਿਹਾ ਕਿ ਈਰਾਨੀ ਅਧਿਕਾਰੀਆਂ ਨੇ ਹੋਰਮੁਜ਼ ’ਚ ਅਮਰੀਕੀ ਜਲ ਸੈਨਿਕਾਂ ਦੀਆਂ ਗਤੀਵਿਧੀਆਂ ਦਾ ਸਖ਼ ਵਿਰੋਧ ਕੀਤਾ। ਉਨ੍ਹਾਂ ਦੇ ਅਨੁਸਾਰ,‘ਹੋਰਮੁਜ਼ ਇਸਲਾਮਿਕ ਗਣਰਾਜ ਦੇ ਕਬਜ਼ੇ ’ਚ ਹੈ ਤੇ ਸਾਡੇ ਅਧਿਕਾਰ ਖੇਤਰ ’ਚ ਮਾਈਨ ਸਾਫ਼ ਕਰਨ ਦੀ ਅਮਰੀਕੀ ਕੋਸ਼ਿਸ਼ ਜੰਗਬੰਦੀ ਦੀ ਖੁੱਲ੍ਹੀ ਉਲੰਘਣਾ ਹੈ।’ ਇਸ ਘਟਨਾ ਤੋਂ ਬਾਅਦ ਦੋਵੇਂ ਧਿਰਾਂ ਵਿਚਾਲੇ ਤਣਾਅ ਤੇਜ਼ੀ ਨਾਲ ਵੱਧ ਗਿਆ।

ਗਲੀਬਾਫ ਨੇ ਦਾਅਵਾ ਕੀਤਾ ਕਿ ਸਥਿਤੀ ਨਵੇਂ ਸੰਘਰਸ਼ ਦੀ ਦਹਿਲੀਜ਼ ਤੱਕ ਪਹੁੰਚ ਗਈ ਸੀ। ਉਨ੍ਹਾਂ ਕਿਹਾ ਕਿ ਅਸੀਂ ਅਮਰੀਕੀ ਵਫਦ ਨੂੰ ਸਪੱਸ਼ਟ ਕਰ ਦਿੱਤਾ ਸੀ ਕਿ ਜੇ ਉਨ੍ਹਾਂ ਮਾਈਨ ਸਵੀਪਰ ਆਪਣੇ ਸਥਿਤੀ ਤੋਂ ਅੱਗੇ ਵੱਧ ਤਾਂ ਉਨ੍ਹਾਂ ’ਤੇ ਕਾਰਵਾਈ ਕੀਤੀ ਜਾਵੇਗੀ। ਈਰਾਨ ਨੇ ਅਮਰੀਕੀ ਜਹਾਜ਼ਾਂ ਨੂੰ ਪਿੱਛੇ ਹਟਣ ਲਈ 15 ਮਿੰਟਾਂ ਦਾ ਸਮਾਂ ਦਿੱਤਾ, ਜਿਸ ਤੋਂ ਬਾਅਦ ਉਹ ਪਰਤ ਗਏ। ਇਸ ਦੌਰਾਨ ਜੰਗਬੰਦੀ ਦੀ ਮਿਆਦ ਖ਼ਤਮ ਹੋਣ ਦੇ ਨੇੜੇ ਆਉਂਦੇ ਹੀ ਈਰਾਨ ਨੇ ਹੋਰਮੁਜ਼ ਸਮੁੰਦਰੀ ਮਾਰਗ ’ਤੇ ਆਪਣੀ ਪਕੜ ਹੋਰ ਮਜ਼ਬੂਤ ਕਰ ਦਿੱਤੀ ਹੈ। ਏਪੀ ਦੇ ਅਨੁਸਾਰ ਗਲੀਬਾਫ ਨੇ ਅਮਰੀਕੀ ਨਾਕੇਬੰਦੀ ਨੂੰ ਅਨਾੜੀ ਤੇ ਅਗਿਆਨਤਾਪੂਰਨ ਫੈਸਲਾ ਦੱਸਦੇ ਹੋਏ ਕਿਹਾ ਕਿ ਜੇ ਈਰਾਨ ਇਸ ਮਾਰਗ ਦੀ ਵਰਤੋਂ ਨਹੀਂ ਕਰੇਗਾ, ਤਾਂ ਹੋਰ ਦੇਸ਼ਾਂ ਲਈ ਵੀ ਇਥੋਂ ਲੰਘਣਾ ਮੁਸ਼ਕਿਲ ਹੋਵੇਗਾ। ਉਨ੍ਹਾਂ ਨੇ ਮੰਨਿਆ ਕਿ ਅਮਰੀਕਾ ਦੇ ਪ੍ਰਤੀ ਈਰਾਨ ਦੀ ਬੇਭਰੋਸਗੀ ਡੂੰਘੀ ਹੈ। ਹਾਲਾਂਕਿ ਸ਼ਾਂਤੀ ਦੀਆਂ ਕੋਸ਼ਿਸ਼ਾਂ ਜਾਰੀ ਹਨ ਤੇ ਕਈ ਬੁਨਿਆਦੀ ਮੁੱਦੇ ਹੁਣ ਵੀ ਅਣਸੁਲਝੇ ਹਨ।

ਜ਼ਿਕਰਯੋਗ ਹੈ ਕਿ ਲਿਬਨਾਨ ’ਚ ਜੰਗਬੰਦੀ ਲਾਗੂ ਹੋਣ ਤੋਂ ਬਾਅਦ ਈਰਾਨ ਨੇ ਹੋਰਮੁਜ਼ ਨੂੰ 10 ਦਿਨਾਂ ਲਈ ਅਸਥਾਈ ਤੌਰ’ਤੇ ਖੋਲ੍ਹ ਦਿੱਤਾ ਸੀ ਪਰ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਸਮਝੌਤੇ ਤੱਕ ਨਾਕੇਬੰਦੀ ਜਾਰੀ ਰੱਖਣ ਦੇ ਫੈਸਲੇ ਨੇ ਤਣਾਅ ਨੂੰ ਫਿਰ ਵਧਾ ਦਿੱਤਾ। ਇਸ ਦੇ ਜਵਾਬ ’ਚ ਈਰਾਨ ਨੇ ਜਲਡਮਰੂਮੱਧ ਨੂੰ ਮੁੜ ਬੰਦ ਕਰ ਦਿੱਤਾ।

ਦੁਨੀਆਂ ਦੀ ਊਰਜਾ ਸਪਲਾਈ ਦੇ ਲਿਹਾਜ਼ ਤੋਂ ਬੇਹੱਦ ਮਹੱਤਵਪੂਰਨ ਹੋਰਮੁਜ਼ ਜਲਡਮਰੂਮੱਧ ਤੋਂ ਲੱਗਭੱਗ 20 ਫੀਸਦ ਕੱਚਾ ਤੇਲ ਲੰਘਦਾ ਹੈ। ਪਿਛਲੇ ਲੱਗਭੱਗ 50 ਦਿਨਾਂ ਤੋਂ ਤੇਲ ਤੇ ਗੈਸ ਸਪਲਾਈ ਪ੍ਰਭਾਵਿਤ ਰਹਿਣ ਦੇ ਕਾਰਨ ਕਈ ਦੇਸ਼ਾਂ ’ਚ ਐਮਰਜੈਂਸੀ ਵਰਗੇ ਹਾਲਾਤ ਬਣ ਗਏ ਹਨ ਤੇ ਵਿਸ਼ਵ ਪੱਧਰ ’ਤੇ ਮਹਿੰਗਾਈ ਦਾ ਦਬਾਅਦ ਲਗਾਤਾਰ ਵਧ ਰਿਹਾ ਹੈ।

# ਪਹਿਲੇ ਸਫ਼ੇ ਦੀ ਬਾਕੀ

## ਸ਼੍ਰੋਮਣੀ ਕਮੇਟੀ ਦੀ ਮੀਟਿੰਗ ’ਚ ਅੱਜ ਬੇਅਦਬੀ ਕਾਨੂੰਨ ’ਤੇ

ਜਥੇਬੰਦੀਆਂ ਦੀ ਇਕੱਤਰਤਾ ਤੋਂ ਬਾਅਦ ਆਏ ਵਿਚਾਰ ਤੇ ਪਾਸ ਕੀਤੇ ਮਤੇ ਨੂੰ 7 ਅਪ੍ਰੈਲ ਨੂੰ ਮੀਟਿੰਗ ਕਰਕੇ ਵਿਚਾਰਿਆ ਸੀ। ਇਸ ਦਰਮਿਆਨ 15 ਮੈਂਬਰੀ ਕਮੇਟੀ ਵੱਲੋਂ ਸਰਕਾਰ ਪਾਸੋਂ ਖਰੜਾ ਲੈਣ ਦੇ ਯਤਨ ਵੀ ਕੀਤੇ ਸਨ, ਪਰ ਸਰਕਾਰ ਵੱਲੋਂ ਇਸ ਕਮੇਟੀ ਨਾਲ ਕੋਈ ਵੀ ਰਾਬਤਾ ਨਹੀਂ ਕੀਤਾ ਗਿਆ। ਇਸ ਦੇ ਬਾਵਜੂਦ 13 ਅਪ੍ਰੈਲ ਨੂੰ ਵਿਧਾਨ ਸਭਾ ਦੇ ਵਿਸ਼ੇਸ਼ ਸੈਸ਼ਨ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਬੇਅਦਬੀ ਨਾਲ ਸਬੰਧੀ ਕਾਨੂੰਨ ਵਿਚ ਸੋਧ ਕਰਦਿਆ ਹਾਊਸ ਦੀ ਸਹਿਮਤੀ ਨਾਲ ਪਾਸ ਕਰਕੇ ਇਸ ‘ਤੇ ਆਖਰੀ ਮੋਹਰ ਲਈ ਰਾਜਪਾਲ ਨੂੰ ਭੇਜਿਆ, ਜਿਸ ਤੇ ਰਾਜਪਾਲ ਵੱਲੋਂ ਵੀ ਇਸ ਕਾਨੂੰਨ ਨੂੰ ਪਾਸ ਕਰ ਦਿੱਤਾ ਗਿਆ ਹੈ।

ਪਿਛਲੇ ਦਿਨੀਂ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਬਿੱਲ ‘ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਸੀ ਕਿ ਇਸ ਗੰਭੀਰ ਮਾਮਲੇ ‘ਤੇ ਸਿੱਖ ਕੌਮ ਚਿਰਾਂ ਤੋਂ ਨਿਰਣਾਇਕ ਫ਼ੈਸਲੇ ਦੀ ਮੰਗ ਕਰਦੀ ਆ ਰਹੀ ਹੈ, ਲੇਕਿਨ ਅਜੇ ਤੀਕ ਕੌਮੀ ਭਾਵਨਾਵਾਂ ਅਨੁਸਾਰ ਕੋਈ ਵੀ ਸਿੱਟਾ ਸਾਹਮਣੇ ਨਹੀਂ ਆ ਸਕਿਆ। ਉਨ੍ਹਾਂ ਕਿਹਾ ਸੀ ਕਿ ਵਿਧਾਨ ਸਭਾ ਵੱਲੋਂ ਇਸ ਸਬੰਧੀ ਬਿੱਲ ਪਾਸ ਕਰਨਾ ਇੱਕ ਸਕਾਰਾਤਮਕ ਕਦਮ ਜ਼ਰੂਰ ਹੈ, ਪਰ ਸਿਰਫ਼ ਬਿੱਲ ਪਾਸ ਕਰ ਦੇਣਾ ਹੀ ਕਾਫ਼ੀ ਨਹੀਂ। ਅਸਲ ਸਵਾਲ ਤਾਂ ਇਸ ਨੂੰ ਲਾਗੂ ਕਰਵਾਉਣ ਦਾ ਹੈ। ਬਿੱਲ ਪਾਸ ਕਰਨ ਦੀ ਪ੍ਰਕਿਰਿਆ ਤਾਂ ਪਹਿਲੀਆਂ ਸਰਕਾਰਾਂ ਸਮੇਂ ਵੀ ਦੋ ਵਾਰ ਪੂਰੀ ਹੋ ਚੁੱਕੀ ਹੈ। ਜਰੂਰੀ ਗੱਲ ਇਹ ਹੈ ਕਿ ਇਸ ਨੂੰ ਲੋੜੀਂਦੀ ਪ੍ਰਵਾਨਗੀ ਮਿਲੇ ਤਾਂ ਜੋ ਇਹ ਲਾਗੂ ਹੋ ਸਕੇ। ਜਿਸ ਤੇ ਪੰਜਾਬ ਸਰਕਾਰ ਰਾਜਪਾਲ ਵੱਲੋਂ ਵੀ ਇਸ ਬਿੱਲ ਨੂੰ ਪ੍ਰਵਾਨਗੀ ਦੇ ਦਿੱਤੀ ਗਈ ਹੈ।

ਜ਼ਿਕਰਯੋਗ ਹੈ ਕਿ ਇਸ ਸਬੰਧੀ ਵੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿੱਚ ਵਿਚਾਰ ਕੀਤੀ ਜਾ ਸਕਦੀ ਹੈ ਕਿ ਇਸ ਬਿੱਲ ਨੂੰ ਬਣਾਉਣ ਅਤੇ ਪਾਸ ਕਰਨ ਸਮੇਂ ਪੰਜਾਬ ਸਰਕਾਰ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕਿਸੇ ਪ੍ਰਕਾਰ ਦੀ ਕੋਈ ਰਾਏ ਰਿਪੋਰਟ ਨਹੀਂ ਲਈ।

ਇਸ ਤੋਂ ਇਲਾਵਾ ਕੱਲ ਦੀ ਇਕੱਤਰਤਾ ਵਿੱਚ ਪਿਛਲੇ ਦਿਨੀਂ ਸ਼ੋਸ਼ਲ ਮੀਡੀਆ ਉਤੇ ਏਆਈ ਤਕਨੀਕ ਨਾਲ ਸਿੱਖ ਭਾਵਨਾਵਾਂ ਨਾਲ ਖਿਲਵਾੜ ਕਰਦਿਆਂ ਕਿਸੇ ਸਿਰਫਿਰੇ ਵਿਅਕਤੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਦੀ ਏਆਈ ਵੀਡੀਓ ਵਾਇਰਲ ਕੀਤੀ ਗਈ, ਜੋ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕਈ ਪਲੇਟਫ਼ਾਰਮਾਂ ਤੋਂ ਹਟਵਾਈ ਗਈ ਹੈ। ਇਸ ਮੁੱਦੇ ’ਤੇ ਵੀ ਸਰਕਾਰ ਦੀ ਕਾਰਗੁਜ਼ਾਰੀ ਨਿਰਾਸ਼ਾਜਨਕ ਹੋਣ ਕਰਕੇ ਵਿਚਾਰ ਕੀਤੀ ਜਾ ਸਕਦੀ ਹੈ।

ਸਰਕਾਰ ਤੇ ਸ਼੍ਰੋਮਣੀ ਕਮੇਟੀ ਦਾ ਰਿਹਾ ਰੇੜਕਾ

ਦਸਣਯੋਗ ਹੈ ਕਿ ਪੰਜਾਬ ਸਰਕਾਰ ਨੇ ਪਹਿਲਾਂ ਪੰਜਾਬ ਧਾਰਮਿਕ ਗ੍ਰੰਥਾਂ ਵਿਰੁੱਧ ਅਪਰਾਧਾਂ ਦੀ ਰੋਕਥਾਮ ਬਿੱਲ 2025 ਲਈ ਸਲੈਕਟ ਕਮੇਟੀ ਬਣਾਈ ਸੀ, ਜਿਸ ਵੱਲੋਂ ਮੰਗੇ ਸੁਝਾਅ ਲਈ ਸ਼੍ਰੋਮਣੀ ਕਮੇਟੀ ਦੀ 15 ਮੈਂਬਰੀ ਕਮੇਟੀ ਨੇ ਕਈ ਵਾਰ ਰਾਬਤਾ ਕਰਕੇ ਕੁਝ ਜਵਾਬ ਮੰਗੇ ਸਨ। ਵਾਰ-ਵਾਰ ਪੱਤਰ ਲਿਖਣ ਮਗਰੋਂ ਵੀ ਸਰਕਾਰ ਨੇ ਕਿਸੇ ਤਰ੍ਹਾਂ ਦੀ ਜਾਣਕਾਰੀ ਨਹੀਂ ਦਿੱਤੀ। ਇਹ ਰੇੜਕਾ ਸਰਕਾਰ ਤੇ ਸ਼੍ਰੋਮਣੀ ਕਮੇਟੀ ਵਿਚ ਭਾਵੇਂ ਚਲਦਾ ਰਿਹਾ, ਪਰ ਸਰਕਾਰ ਨੇ 13 ਅਪ੍ਰੈਲ ਨੂੰ ਕਾਨੂੰਨ ਪਾਸ ਕਰ ਲਿਆ।

## ਹੋਰਮੁਜ਼ ’ਤੇ ਈਰਾਨ ਦੀ ਸਖ਼ਤੀ ਕਾਰਨ

ਪਰ ਫਿਰ ਅਚਾਨਕ ਗੋਲ਼ੀਬਾਰੀ ਸ਼ੁਰੂ ਹੋ ਗਈ ਅਤੇ ਉਨ੍ਹਾਂ ਨੂੰ ਵਾਪਸ ਮੁੜਨ ਲਈ ਕਿਹਾ ਗਿਆ। ਸੂਤਰਾਂ ਅਨੁਸਾਰ, ਈਰਾਨੀ ਬੰਦੂਕਧਾਰੀਆਂ ਨੇ ਦੋਵਾਂ ਭਾਰਤੀ ਜਹਾਜ਼ਾਂ ’ਤੇ ਗੋਲ਼ੀਬਾਰੀ ਕੀਤੀ, ਹਾਲਾਂਕਿ ਕੋਈ ਵੀ ਜ਼ਖ਼ਮੀ ਨਹੀਂ ਹੋਇਆ ਅਤੇ ਨਾ ਹੀ ਜਹਾਜ਼ਾਂ ਨੂੰ ਕੋਈ ਨੁਕਸਾਨ ਪਹੁੰਚਿਆ। ਰਿਪੋਰਟ ਦੇ ਅਨੁਸਾਰ, ਕਈ ਜਹਾਜ਼ਾਂ ਨੂੰ ਰੇਡੀਓ ਰਾਹੀਂ ਸੂਚਿਤ ਕੀਤਾ ਗਿਆ ਸੀ ਕਿ ਉਨ੍ਹਾਂ ਨੂੰ ਹੋਰਮੁਜ਼ ਜਲਡਮਰੂ ਵਿੱਚੋਂ ਲੰਘਣ ਦੀ ਇਜਾਜ਼ਤ ਨਹੀਂ ਹੈ, ਜਦੋਂ ਕਿ ਕੁਝ ਨੇ ਗੋਲ਼ੀਬਾਰੀ ਦੀ ਸੂਚਨਾ ਵੀ ਦਿੱਤੀ।

ਭਾਰਤ ਨੇ ਚਿੰਤਾ ਪ੍ਰਗਟਾਈ: ਇਸ ਘਟਨਾ ਤੋਂ ਬਾਅਦ, ਭਾਰਤ ਨੇ ਜਹਾਜ਼ਾਂ ਅਤੇ ਮਲਾਹਾਂ ਦੀ ਸੁਰੱਖਿਆ ਬਾਰੇ ਚਿੰਤਾ ਪ੍ਰਗਟ ਕੀਤੀ ਹੈ। ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਈਰਾਨ ਨੇ ਪਹਿਲਾਂ ਭਾਰਤ ਜਾਣ ਵਾਲੇ ਜਹਾਜ਼ਾਂ ਨੂੰ ਸੁਰੱਖਿਅਤ ਰਸਤਾ ਪ੍ਰਦਾਨ ਕੀਤਾ ਹੈ। ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਭਾਰਤ ਦੀਆਂ ਚਿੰਤਾਵਾਂ ਤੋਂ ਜਾਣੂ ਕਰਵਾਉਣ ਲਈ ਈਰਾਨੀ ਰਾਜਦੂਤ ਨਾਲ ਮੁਲਾਕਾਤ ਕੀਤੀ ਅਤੇ ਭਾਰਤੀ ਜਹਾਜ਼ਾਂ ਲਈ ਸੁਰੱਖਿਅਤ ਰਸਤਾ ਤੁਰੰਤ ਬਹਾਲ ਕਰਨ ਦੀ ਅਪੀਲ ਕੀਤੀ। ਈਰਾਨੀ ਰਾਜਦੂਤ ਨੇ ਭਰੋਸਾ ਦਿੱਤਾ ਕਿ ਭਾਰਤ ਦੀਆਂ ਚਿੰਤਾਵਾਂ ਉਨ੍ਹਾਂ ਦੀ ਸਰਕਾਰ ਤੱਕ ਪਹੁੰਚਾਈਆਂ ਜਾਣਗੀਆਂ।

ਈਰਾਨ ਦੀ ਚਿਤਾਵਨੀ: ਈਰਾਨ ਦੇ ਇੱਕ ਸੀਨੀਅਰ ਪ੍ਰਤੀਨਿਧੀ ਡਾ. ਅਬਦੁਲ ਮਾਜਿਦ ਹਕੀਮ ਇਲਾਹੀ ਨੇ ਕਿਹਾ ਕਿ ਭਾਰਤ ਅਤੇ ਈਰਾਨ ਵਿਚਕਾਰ ਸਬੰਧ ਮਜ਼ਬੂਤ ਹਨ ਅਤੇ ਇਸ ਮੁੱਦੇ ਦਾ ਹੱਲ ਕੱਢ ਲਿਆ ਜਾਵੇਗਾ। ਹਾਲਾਂਕਿ, ਉਨ੍ਹਾਂ ਇਹ ਵੀ ਕਿਹਾ ਕਿ ਉਹ ਇਸ ਘਟਨਾ ਤੋਂ ਅਣਜਾਣ ਸਨ। ਈਰਾਨ ਦੀ ਫ਼ੌਜ ਨੇ ਬਾਅਦ ਵਿੱਚ ਕਿਹਾ ਕਿ ਹੋਰਮੁਜ਼ ਜਲਡਮਰੂ ਹੁਣ ਸਖ਼ਤ ਨਿਯੰਤਰਣ ਵਿੱਚ ਹੈ। ਇਸਲਾਮਿਕ ਰੈਵੋਲਿਊਸ਼ਨਰੀ ਗਾਰਡ ਕੋਰ ਨੇ ਚਿਤਾਵਨੀ ਦਿੱਤੀ ਕਿ ਖੇਤਰ ਵਿੱਚ ਦਾਖਲ ਹੋਣ ਵਾਲੇ ਜਹਾਜ਼ਾਂ ਨੂੰ ਦੁਸ਼ਮਣ ਦਾ ਸਮਰਥਨ ਕਰਦੇ ਦੇਖਿਆ ਜਾ ਸਕਦਾ ਹੈ ਅਤੇ ਉਨ੍ਹਾਂ ਨੂੰ ਨਿਸ਼ਾਨਾ ਬਣਾਇਆ ਜਾ ਸਕਦਾ ਹੈ।

## ਮਮਤਾ ਵੱਲੋਂ ਬਰਧਮਾਨ ’ਚ ਪਾਰਟੀ

ਖੋਕਨ ਦਾਸ ਦੇ ਨਾਲ ਬਰਧਮਾਨ ਨਗਰ ਪਾਲਿਕਾ ਦਫਤਰ ਤੋਂ ਬਿਰਹਾਟਾ ਟ੍ਰੈਫਿਕ ਗਾਰਡ ਤੱਕ 1.8 ਕਿਲੋਮੀਟਰ ਦੀ ਦੂਰੀ ਪੈਦਲ ਚੱਲ ਕੇ ਗਈ। ਤ੍ਰਿਣਮੂਲ ਸਮਰਥਕਾਂ ਨੇ ਨਾਅਰੇ ਲਗਾਏ ਅਤੇ ਪਾਰਟੀ ਦੇ ਝੰਡੇ ਲਹਿਰਾਏ, ਜਦਕਿ ਉਨ੍ਹਾਂ ਵਿੱਚੋਂ ਕੁਝ ਨੇ ਆਪਣੇ ਹੱਥਾਂ ਵਿੱਚ ਨੀਲੇ ਅਤੇ ਚਿੱਟੇ ਗੁਬਾਰੇ ਫੜੇ ਹੋਏ ਸਨ। ਇਸ ਤੋਂ ਪਹਿਲਾਂ ਦਿਨ ਵੇਲੇ, ਬੈਨਰਜੀ ਨੇ ਤਾਰਕੇਸ਼ਵਰ, ਕਾਲਨਾ ਅਤੇ ਮੰਟੇਸ਼ਵਰ ਵਿੱਚ ਤ੍ਰਿਣਮੂਲ ਉਮੀਦਵਾਰਾਂ ਲਈ ਤਿੰਨ ਰੈਲੀਆਂ ਨੂੰ ਸੰਬੋਧਨ ਕੀਤਾ। ਪੱਛਮੀ ਬੰਗਾਲ ਦੀ 294 ਮੈਂਬਰੀ ਵਿਧਾਨ ਸਭਾ ਲਈ ਚੋਣਾਂ 23 ਅਤੇ 29 ਅਪ੍ਰੈਲ ਨੂੰ ਹੋਣਗੀਆਂ ਅਤੇ ਵੋਟਾਂ ਦੀ ਗਿਣਤੀ 4 ਮਈ ਨੂੰ ਹੋਵੇਗੀ।

## ਲਾਲਜੀਤ ਸਿੰਘ ਭੁੱਲਰ ਦੇ ਪਿਤਾ ਨੇ ਦਾਇਰ ਕੀਤੀ

ਮਾਮਲੇ ’ਚ ਹੁਣ ਤੱਕ ਸੁਖਦੇਵ ਸਿੰਘ ਭੁੱਲਰ ਅਤੇ ਲਾਲਜੀਤ ਸਿੰਘ ਭੁੱਲਰ ਦੇ ਪੀ.ਏ. ਨੂੰ ਹੁਣ ਤੱਕ ਗ੍ਰਿਫ਼ਤਾਰ ਨਹੀਂ ਕੀਤਾ ਗਿਆ। ਜਦਕਿ ਸਾਬਕਾ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਇਸ ਸਮੇਂ ਨਿਆਂਇਕ ਹਿਰਾਸਤ ਵਿਚ ਹਨ।

## 21 ਤੋਂ 23 ਅਪ੍ਰੈਲ ਤੱਕ 12 ਜ਼ਿਲ੍ਹਿਆਂ ’ਚ ਮੀਂਹ ਦਾ ਅਲਰਟ

ਜਾਰੀ ਕੀਤਾ ਗਿਆ ਹੈ। ਬਾਰਿਸ਼ ਦੀ ਸੰਭਾਵਨਾ ਜਤਾਈ ਗਈ ਹੈ। ਬਾਕੀ ਪੰਜਾਬ ’ਚ ਮੌਸਮ ਆਮ ਰਹਿਣ ਦੀ ਉਮੀਦ ਹੈ। 20 ਅਪ੍ਰੈਲ ਲਈ ਮੌਸਮ ਵਿਭਾਗ ਵੱਲੋਂ ਕੋਈ ਚਿਤਾਵਨੀ ਜਾਰੀ ਨਹੀਂ ਕੀਤੀ ਗਈ ਹੈ। ਮੌਸਮ ਪੂਰੀ ਤਰ੍ਹਾਂ ਖ਼ੁਸ਼ਕ ਰਹੇਗਾ। 21 ਅਪ੍ਰੈਲ ਤੋਂ ਸੂਬੇ ਵਿਚ ਗਰਮੀ ਦਾ ਪ੍ਰਕੋਪ ਵੇਖਣ ਨੂੰ ਮਿਲੇਗਾ। 21, 22 ਅਤੇ 23 ਅਪ੍ਰੈਲ ਸੂਬੇ ਵਿਚ ਗਰਮੀ ਕਹਿਰ ਵਰਾਏਗੀ। ਇਨ੍ਹਾਂ ਤਾਰੀਖ਼ਾਂ ਦੌਰਾਨ ਮੌਸਮ ਵਿਭਾਗ ਨੇ ’ਹੀਟ ਵੇਵ’, ’ਵਾਰਮ ਨਾਈਟ’ ਦਾ ਯੈਲੋ ਅਲਰਟ ਜਾਰੀ ਕੀਤਾ ਹੈ। ਅੰਮ੍ਰਿਤਸਰ, ਤਰਨਤਾਰਨ, ਫਿਰੋਜ਼ਪੁਰ, ਫਾਜ਼ਿਲਕਾ, ਮੁਕਤਸਰ, ਬਠਿੰਡਾ, ਮਾਨਸਾ, ਸੰਗਰੂਰ, ਮੋਹਾਲੀ, ਪਟਿਆਲਾ, ਲੁਧਿਆਣਾ, ਫਤਿਹਗੜ੍ਹ ਸਾਹਿਬ ਵਰਗੇ ਦੱਖਣੀ ਅਤੇ ਪੱਛਮੀ ਜ਼ਿਲ੍ਹਿਆਂ ’ਚ ਗਰਮੀ ਦੀ ਲਹਿਰ ਅਤੇ ਗਰਮ ਰਾਤਾਂ ਨੂੰ ਲੈ ਕੇ ਸੁਚੇਤ ਰਹਿਣ ਦੀ ਚਿਤਾਵਨੀ ਦਿੱਤੀ ਗਈ ਹੈ। ਉਥੇ ਹੀ ਮੌਸਮ ਵਿਭਾਗ ਨੇ ਆਉਣ ਵਾਲੇ ਦਿਨਾਂ ਦੌਰਾਨ ਪੈਣ ਵਾਲੀ ਗਰਮੀ ਨੂੰ ਲੈ ਕੇ ਲੋਕਾਂ ਨੂੰ ਵੱਧਦੇ ਤਾਪਮਾਨ ਤੋਂ ਬਚਣ ਲਈ ਸਾਵਧਾਨੀ ਵਰਤਣ ਦੀ ਸਲਾਹ ਦਿੱਤੀ ਹੈ।

## ਮੋਦੀ ਤੇ ਸ਼ਾਹ ਨੇ ਮਹਿਲਾ ਬਿੱਲ ਬਾਰੇ ਦੇਸ਼ ਨਾਲ ਝੂਠ

ਬਣਾਉਣਾ। ਰਾਹੁਲ ਨੇ ਲੋਕਾਂ ਨੂੰ ਭਰੋਸਾ ਦਿਵਾਇਆ,“ਮੈਂ ਦਿੱਲੀ ਵਿਚ ਤੁਹਾਡਾ ਸਿਪਾਹੀ ਹਾਂ। ਤਾਮਿਲਨਾਡੂ ਦੀਆਂ ਜ਼ਰੂਰਤਾਂ ਲਈ ਮੈਂ ਲੜਾਂਗਾ।” ਉਨ੍ਹਾਂ ਨੇ ਕਿਹਾ ਕਿ ਇਹ ਚੋਣ ਬੀ.ਜੇ.ਪੀ.-ਆਰ.ਐੱਸ.ਐੱਸ. ਨੂੰ ਰਾਜ ਵਿਚ ਦਾਖਲ ਹੋਣ ਤੋਂ ਰੋਕਣ ਲਈ ਹੈ। ਰਾਣੀਪੇਟ ਵਿਚ ਰਾਹੁਲ ਨੇ ਸੰਸਦ ਵਿਚ ਹਾਲ ਹੀ ਵਿਚ ਹਾਰੇ ਬਿਲ ’ਤੇ ਕਿਹਾ ਕਿ “ਭਾਜਪਾ ਦਾ ਅਸਲ ਮਨੋਰਥ ਦਖਣੀ ਅਤੇ ਉੱਤਰੀ-ਪੂਰਬੀ ਸੂਬਿਆਂ ਦੀਆਂ ਸੀਟਾਂ ਘਟਾਉਣਾ ਸੀ। ਇਹ ਇਕ ਦੇਸ਼-ਵਿਰੋਧੀ ਕਦਮ ਸੀ।” ਉਨ੍ਹਾਂ ਨੇ ਮੋਦੀ ’ਤੇ ਵਿਦੇਸ਼ੀ ਪ੍ਰਭਾਵਾਂ ਦੇ ਅਧੀਨ ਹੋਣ ਦੇ ਇਲਜ਼ਾਮ ਵੀ ਲਗਾਏ ਅਤੇ ਕਿਹਾ, “ਸਟਾਲਿਨ ਸੁਤੰਤਰ ਹੈ, ਇਸ ਲਈ ਮੋਦੀ ਉਸ ’ਤੇ ਦਬਾਅ ਨਹੀਂ ਬਣਾ ਸਕਦੇ। ਇਸੇ ਕਰ ਕੇ ਉਹ ਏ.ਆਈ.ਏ.ਡੀ.ਐਮ.ਕੇ. ਨੂੰ ਅੱਗੇ ਕਰ ਕੇ ਰਾਜ ’ਤੇ ਕਬਜ਼ਾ ਕਰਨਾ ਚਾਹੁੰਦੇ ਹਨ।” ਰਾਹੁਲ ਨੇ ਲੋਕਾਂ ਨੂੰ ਅਪੀਲ ਕੀਤੀ, “ਆਰ.ਐੱਸ.ਐੱਸ.-ਭਾਜਪਾ ਦੇ ਹਮਲੇ ਨੂੰ ਰੋਕੋ। ਤਾਮਿਲ ਭਾਸ਼ਾ, ਇਤਿਹਾਸ ਅਤੇ ਸੰਸਕ੍ਰਿਤੀ ’ਤੇ ਕੋਈ ਤਾਕਤ ਹੱਥ ਨਹੀਂ ਪਾ ਸਕਦੀ।”

## ਅਮਰੀਕਾ ਦੇ ਵੀਜ਼ੇ ਲਈ 61 ਫ਼ੀਸਦੀ

ਵਿਦਿਆਰਥੀ ਵੀਜ਼ਾ ਅਰਜ਼ੀਆਂ ਰੱਦ ਕਰ ਦਿੱਤੀਆਂ ਗਈਆਂ ਸਨ। ਇਸ ਤੋਂ ਇਲਾਵਾ ਭਾਰਤ ਨੂੰ ਹੁਣ ਉੱਚ-ਜੋਖਮ ਸ਼੍ਰੇਣੀ ਵਿੱਚ ਰੱਖਿਆ ਗਿਆ ਹੈ, ਜਿਸ ਲਈ ਵਿਦਿਆਰਥੀਆਂ ਨੂੰ ਵਧੇਰੇ ਵਿੱਤੀ ਦਸਤਾਵੇਜ਼, ਵਿਸਤ੍ਰਿਤ ਅਕਾਦਮਿਕ ਰਿਕਾਰਡ ਅਤੇ ਇੱਕ ਮਜ਼ਬੂਤ ਸੱਚਾ ਵਿਦਿਆਰਥੀ’ ਬਿਆਨ ਪ੍ਰਦਾਨ ਕਰਨ ਦੀ ਲੋੜ ਹੈ। ਕੈਨੇਡਾ ਵਿੱਚ ਸਥਿਤੀ ਵੀ ਸੌਖੀ ਨਹੀਂ ਹੈ। 2025 ਵਿੱਚ ਸਟੱਡੀ ਪਰਮਿਟਾਂ ਦੀ ਗਿਣਤੀ ਵਿੱਚ 64 ਪ੍ਰਤੀਸ਼ਤ ਦੀ ਕਮੀ ਕੀਤੀ ਗਈ ਹੈ ਅਤੇ 2026 ਲਈ 7 ਪ੍ਰਤੀਸ਼ਤ ਹੋਰ ਕਟੌਤੀ ਦੀ ਯੋਜਨਾ ਬਣਾਈ ਗਈ ਹੈ। ਸਰਕਾਰ ਨੇ ਵਿਦਿਆਰਥੀਆਂ ਦੀ ਗਿਣਤੀ ਸੀਮਤ ਕਰਨ ਲਈ ਸਖ਼ਤ ਸੀਮਾਵਾਂ ਲਗਾਈਆਂ ਹਨ, ਜਿਸ ਨਾਲ ਭਾਰਤੀ ਵਿਦਿਆਰਥੀਆਂ ਲਈ ਮੌਕੇ ਹੋਰ ਘੱਟ ਗਏ ਹਨ। ਮਾਹਿਰਾਂ ਦੇ ਅਨੁਸਾਰ, ਵੀਜ਼ਾ ਫੈਸਲੇ ਹੁਣ ਸਿਰਫ਼ ਸਿੱਖਿਆ ’ਤੇ ਅਧਾਰਤ ਨਹੀਂ ਹਨ, ਸਗੋਂ ਇਮੀਗ੍ਰੇਸ਼ਨ ਚਿੰਤਾਵਾਂ, ਘਰੇਲੂ ਰਾਜਨੀਤਿਕ ਦਬਾਅ ਅਤੇ ਗੈਰ-ਕਾਨੂੰਨੀ ਓਵਰਸਟੇਅ ਦੀ ਸੰਭਾਵਨਾ ਵੀ ਮਹੱਤਵਪੂਰਨ ਭੂਮਿਕਾ ਨਿਭਾ ਰਹੇ ਹਨ। ਇਹੀ ਕਾਰਨ ਹੈ ਕਿ ਭਾਰਤ, ਨੇਪਾਲ, ਬੰਗਲਾਦੇਸ਼ ਅਤੇ ਪਾਕਿਸਤਾਨ ਵਰਗੇ ਦੱਖਣੀ ਏਸ਼ੀਆਈ ਦੇਸ਼ਾਂ ਦੇ ਵਿਦਿਆਰਥੀਆਂ ਨੂੰ ਹੋਰ ਸਖ਼ਤ ਨਿਯਮਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸਦਾ ਪ੍ਰਭਾਵ ਹੁਣ ਸਪੱਸ਼ਟ ਤੌਰ ’ਤੇ ਦਿਖਾਈ ਦੇ ਰਿਹਾ ਹੈ। ਵਿਦੇਸ਼ਾਂ ਵਿੱਚ ਪੜ੍ਹਾਈ ਦੀਆਂ ਸੇਵਾਵਾਂ ਪ੍ਰਦਾਨ ਕਰਨ ਵਾਲੀਆਂ ਕੰਪਨੀਆਂ ਲਈ ਕਾਰੋਬਾਰ 35 ਤੋਂ 40 ਪ੍ਰਤੀਸ਼ਤ ਤੱਕ ਘਟਿਆ ਹੈ ਅਤੇ ਵਿਦਿਆਰਥੀਆਂ ਵਿੱਚ ਅਨਿਸ਼ਚਿਤਤਾ ਵਧੀ ਹੈ। ਹਾਲਾਂਕਿ, ਮਾਹਿਰ ਵਿਦਿਆਰਥੀਆਂ ਨੂੰ ਘਬਰਾਉਣ ਦੀ ਸਲਾਹ ਦੇ ਰਹੇ ਹਨ, ਸਗੋਂ ਆਪਣੀ ਤਿਆਰੀ ਨੂੰ ਮਜ਼ਬੂਤ ਕਰਨ, ਦਸਤਾਵੇਜ਼ਾਂ ਨੂੰ ਪੂਰੀ ਤਰ੍ਹਾਂ ਸਹੀ ਰੱਖਣ ਅਤੇ ਅਰਜ਼ੀ ਪ੍ਰਕਿਰਿਆ ਨੂੰ ਪਾਰਦਰਸ਼ੀ ਅਤੇ ਯੋਜਨਾਬੱਧ ਢੰਗ ਨਾਲ ਪੂਰਾ ਕਰਨ ਦੀ ਸਲਾਹ ਦੇ ਰਹੇ ਹਨ।

## ਤਰਨ ਤਾਰਨ ਵਿੱਚ ਟਰੈਵਲ ਏਜੰਟ ਦੀ

ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਸੂਚਨਾ ਮਿਲਦੇ ਹੀ ਥਾਣਾ ਚੋਹਲਾ ਸਾਹਿਬ ਦੀ ਪੁਲਿਸ ਟੀਮ ਮੌਕੇ ’ਤੇ ਪਹੁੰਚ ਗਈ। ਆਤਮਾ ਸਿੰਘ ਪੰਜਾਬ ਰੋਡਵੇਜ਼ ਤੋਂ ਸੇਵਾਮੁਕਤ ਹੋਇਆ ਸੀ ਅਤੇ ਟਰੈਵਲ ਏਜੰਟ ਵਜੋਂ ਕੰਮ ਕਰ ਰਿਹਾ ਸੀ। ਪੁਲਿਸ ਨੇ ਲਾਸ਼ ਨੂੰ ਪੋਸਟਮਾਰਟਮ ਲਈ ਤਰਨਤਾਰਨ ਦੇ ਸਿਵਲ ਹਸਪਤਾਲ ਭੇਜ ਦਿੱਤਾ ਹੈ। ਮ੍ਰਿਤਕ ਆਪਣੇ ਪਿੱਛੇ ਪਤਨੀ, ਇੱਕ ਧੀ ਅਤੇ ਦੋ ਪੁੱਤਰ ਛੱਡ ਗਿਆ ਹੈ।

## ਪਿੰਡ ’ਚ ਹਾਥੀਆਂ ਨੇ ਢਾਹਿਆ ਕਹਿਰ, ਨੌਜਵਾਨ

ਵਿਭਾਗ ਦੀ ਟੀਮ ਨੇ ਮੌਕੇ ’ਤੇ ਪਹੁੰਚ ਕੇ ਪੀੜਤ ਪਰਿਵਾਰ ਨੂੰ 25,000 ਰੁਪਏ ਦੀ ਤਤਕਾਲ ਵਿੱਤੀ ਸਹਾਇਤਾ ਦਿੱਤੀ ਹੈ, ਪਰ ਇਸ ਦੇ ਬਾਵਜੂਦ ਪਿੰਡ ਵਾਸੀਆਂ ਨੇ ਜੰਗਲਾਤ ਵਿਭਾਗ ’ਤੇ ਲਾਪਰਵਾਹੀ ਦੇ ਗੰਭੀਰ ਦੋਸ਼ ਲਗਾਏ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਹਾਥੀਆਂ ਦੀ ਮੌਜੂਦਗੀ ਬਾਰੇ ਵਿਭਾਗ ਨੂੰ ਪਹਿਲਾਂ ਹੀ ਸੂਚਿਤ ਕਰ ਦਿੱਤਾ ਗਿਆ ਸੀ, ਪਰ ਕੋਈ ਠੋਸ ਕਦਮ ਨਹੀਂ ਚੁੱਕਿਆ ਗਿਆ। ਜ਼ਿਕਰਯੋਗ ਹੈ ਕਿ ਕੋਡਰਮਾ ਜ਼ਿਲ੍ਹੇ ਵਿੱਚ ਹਾਥੀਆਂ ਦਾ ਆਤੰਕ ਰੁਕਣ ਦਾ ਨਾਂ ਨਹੀਂ ਲੈ ਰਿਹਾ। ਪਿਛਲੇ 25 ਦਿਨਾਂ ਵਿੱਚ ਹਾਥੀਆਂ ਦੇ ਹਮਲੇ ਕਾਰਨ 5 ਲੋਕਾਂ ਦੀ ਮੌਤ ਹੋ ਚੁੱਕੀ ਹੈ। ਲਗਾਤਾਰ ਹੋ ਰਹੀਆਂ ਮੌਤਾਂ ਦੇ ਬਾਵਜੂਦ ਹਾਥੀਆਂ ਨੂੰ ਪਿੰਡਾਂ ਤੋਂ ਦੂਰ ਰੱਖਣ ਲਈ ਕੋਈ ਪੁਖ਼ਤਾ ਪ੍ਰਬੰਧ ਨਾ ਹੋਣ ਕਾਰਨ ਲੋਕਾਂ ਵਿੱਚ ਭਾਰੀ ਰੋਸ ਹੈ।

## ਮਹਿਲਾ ਰਾਖਵਾਂਕਰਨ ਅਤੇ ਹਲਕਾਬੰਦੀ ’ਤੇ ਕੇਂਦਰ ਵੱਲੋਂ

ਰਾਖਵੇਂਕਰਨ ਦੀ ਇਜਾਜ਼ਤ ਨਹੀਂ ਦਿੰਦਾ; ਇਹ ਸਿਰਫ਼ ਸਮਾਜਿਕ ਅਤੇ ਆਰਥਿਕ ਪੱਛੜੇਵੇਂ ’ਤੇ ਆਧਾਰਿਤ ਹੈ। ਐਸਸੀ/ਐਸਟੀਪ੍ਰਤੀਨਿਧਤਾ: ਸਦਨ ਦੇ ਵਿਸਥਾਰ ਨਾਲ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ ਲਈ ਰਾਖਵੀਆਂ ਸੀਟਾਂ ਦੀ ਗਿਣਤੀ ਵੀ ਅਨੁਪਾਤਕ ਤੌਰ ’ਤੇ ਵਧੇਗੀ, ਜਿਸ ਨਾਲ ਉਨ੍ਹਾਂ ਦੀ ਪ੍ਰਤੀਨਿਧਤਾ ਹੋਰ ਮਜ਼ਬੂਤ ਹੋਵੇਗੀ।ਸਰਕਾਰ ਨੇ ਕਿਹਾ ਹੈ ਕਿ ਮੌਜੂਦਾ ਸੂਬਾਈ ਚੋਣਾਂ (ਜਿਵੇਂ ਪੱਛਮੀ ਬੰਗਾਲ ਜਾਂ ਤਾਮਿਲਨਾਡੂ) ’ਤੇ ਇਸ ਦਾ ਕੋਈ ਅਸਰ ਨਹੀਂ ਪਵੇਗਾ ਅਤੇ 2029 ਤੱਕ ਦੀਆਂ ਸਾਰੀਆਂ ਚੋਣਾਂ ਮੌਜੂਦਾ ਪ੍ਰਣਾਲੀ ਅਧੀਨ ਹੀ ਹੋਣਗੀਆਂ। ਇਹ ਕਦਮ ਸਿਰਫ਼ ਮਹਿਲਾਵਾਂ ਨੂੰ ਜਲਦੀ ਤੋਂ ਜਲਦੀ ਸਿਆਸੀ ਅਧਿਕਾਰ ਦੇਣ ਲਈ ਚੁੱਕਿਆ ਗਿਆ ਹੈ।

## ਪੰਜਾਬ ’ਚ ਬੇਰੁਜ਼ਗਾਰੀ ਕੌਮੀ ਔਸਤ ਨਾਲੋਂ ਵੱਧ

ਨਹੀਂ ਮਿਲ ਰਹੀਆਂ।” ਪੰਜਾਬ ਵਿਚ ਉਦਯੋਗਿਕ ਵੰਨ-ਸੁਵੰਨਤਾ ਦੀ ਕਮੀ ਕਾਰਨ ਸਿੱਖਿਆਯੁਕਤ ਨੌਜੁਆਨਾਂ ਲਈ ਮੌਕੇ ਹੋਰ ਵੀ ਘੱਟ ਹਨ। ਰੀਪੋਰਟ ਇਹ ਵੀ ਦਰਸਾਉਂਦੀ ਹੈ ਕਿ ਬਹੁਤ ਸਾਰੇ ਨੌਜੁਆਨ ਅਪਣੇ ਆਪ-ਰੁਜ਼ਗਾਰ ਜਾਂ ਅਸੰਗਠਤ ਖੇਤਰ ਵਿਚ ਹਨ, ਜੋ ਉਨ੍ਹਾਂ ਦੀਆਂ ਉਮੀਦਾਂ ਨਾਲ ਮੇਲ ਨਹੀਂ ਖਾਂਦਾ।

## ਤਾਮਿਲਨਾਡੂ ਦੇ ਵਿਰੁਧੂ ਨਗਰ ਦੀ ਪਟਾਕਾ

ਹੋਇਆ, ਜਿਸ ਤੋਂ ਬਾਅਦ ਇੱਕ ਜ਼ੋਰਦਾਰ ਧਮਾਕਾ ਹੋਇਆ ਜਿਸਦੀ ਆਵਾਜ਼ ਦੂਰ-ਦੂਰ ਤੱਕ ਸੁਣਾਈ ਦਿੱਤੀ। ਧਮਾਕਾ ਇੰਨਾ ਸ਼ਕਤੀਸ਼ਾਲੀ ਸੀ ਕਿ ਫੈਕਟਰੀ ਦਾ ਇੱਕ ਵੱਡਾ ਹਿੱਸਾ ਢਹਿ ਗਿਆ ਅਤੇ ਅੱਗ ਤੇਜ਼ੀ ਨਾਲ ਫੈਲ ਗਈ।

ਘਟਨਾ ਦੀ ਸੂਚਨਾ ਮਿਲਦੇ ਹੀ ਫਾਇਰ ਬ੍ਰਿਗੇਡ ਅਤੇ ਪੁਲਿਸ ਦੀਆਂ ਟੀਮਾਂ ਮੌਕੇ ’ਤੇ ਪਹੁੰਚੀਆਂ। ਰਾਹਤ ਅਤੇ ਬਚਾਅ ਕਾਰਜ ਤੁਰੰਤ ਸ਼ੁਰੂ ਕਰ ਦਿੱਤੇ ਗਏ। ਮਲਬੇ ਹੇਠ ਫਸੇ ਲੋਕਾਂ ਨੂੰ ਬਚਾਉਣ ਦੀਆਂ ਕੋਸ਼ਿਸ਼ਾਂ ਜਾਰੀ ਹਨ। ਜ਼ਖ਼ਮੀਆਂ ਨੂੰ ਨੇੜਲੇ ਹਸਪਤਾਲਾਂ ਵਿੱਚ ਦਾਖਲ ਕਰਵਾਇਆ ਗਿਆ ਹੈ, ਜਿੱਥੇ ਕੁਝ ਦੀ ਹਾਲਤ ਗੰਭੀਰ ਬਣੀ ਹੋਈ ਹੈ। ਪ੍ਰਸ਼ਾਸਨ ਨੇ ਘਟਨਾ ਦਾ ਨੋਟਿਸ ਲਿਆ ਹੈ ਅਤੇ ਜਾਂਚ ਦੇ ਹੁਕਮ ਦਿੱਤੇ ਹਨ। ਫੈਕਟਰੀ ਸੁਰੱਖਿਆ ਨਿਯਮਾਂ ਦੀ ਪਾਲਣਾ ਦੀ ਵੀ ਜਾਂਚ ਕਰ ਰਹੀ ਹੈ। ਤਾਮਿਲਨਾਡੂ ਦੇ ਵਿਰੁਧੂਨਗਰ ਅਤੇ ਸ਼ਿਵਕਾਸੀ ਇਲਾਕੇ ਪਟਾਕਿਆਂ ਦੇ ਉਦਯੋਗ ਲਈ ਜਾਣੇ ਜਾਂਦੇ ਹਨ, ਪਰ ਇੱਥੇ ਪਹਿਲਾਂ ਵੀ ਕਈ ਵਾਰ ਅਜਿਹੇ ਹਾਦਸੇ ਵਾਪਰ ਚੁੱਕੇ ਹਨ, ਜਿਨ੍ਹਾਂ ਵਿੱਚ ਕਈ ਲੋਕਾਂ ਦੀ ਜਾਨ ਜਾ ਚੁੱਕੀ ਹੈ।

# ਅਕਸ਼ੈ ਤ੍ਰਿਤੀਆ ’ਤੇ ਚਾਰ ਧਾਮ ਯਾਤਰਾ ਦਾ ਸ਼ੁਭ ਆਗਾਜ਼

ਨਵੀਂ ਦਿੱਲੀ, 19 ਅਪ੍ਰੈਲ (ਚ.ਨ.ਸ.): ਉੱਤਰਾਖੰਡ ਦੇ ਉੱਤਰ ਕਾਸ਼ੀ ਜ਼ਿਲ੍ਹੇ ਵਿੱਚ ਸਥਿਤ ਗੰਗੋਤਰੀ ਅਤੇ ਯਮੁਨੋਤਰੀ ਧਾਮਾਂ ਦੇ ਕਿਵਾੜ ਸ਼ਰਧਾਲੂਆਂ ਲਈ ਖੋਲ੍ਹੇ ਗਏ, ਇਸ ਦਾ ਮਤਲਬ ਹੈ ਕਿ ਐਤਵਾਰ ਨੂੰ ਅਕਸ਼ੈ ਤ੍ਰਿਤੀਆ ਦੇ ਪਵਿੱਤਰ ਮੌਕੇ ’ਤੇ ਚਾਰ ਧਾਮ ਯਾਤਰਾ ਦਾ ਆਗਾਜ਼ ਹੋ ਗਿਆ ਹੈ। ਸਨਾਤਨ ਧਰਮ ਦੀਆਂ ਸਭ ਤੋਂ ਮਹੱਤਵਪੂਰਨ ਤੀਰਥ ਯਾਤਰਾਵਾਂ ਵਿੱਚੋਂ ਇੱਕ ਦੀ ਸ਼ੁਰੂਆਤ ਹੋ ਗਈ।



ਗੰਗਾ ਮਾਤਾ ਦੀ ਡੋਲੀ ਸ਼ਨੀਵਾਰ ਨੂੰ ਮੁਖਬਾ ਤੋਂ ਰਵਾਨਾ ਹੋ ਕੇ ਗੰਗੋਤਰੀ ਧਾਮ ਵੱਲ ਚੱਲੀ, ਜਿਸ ਦੇ ਨਾਲ ਫ਼ੌਜੀ ਬੈਂਡ ਅਤੇ ਸਥਾਨਕ ਵਾਜਿਆਂ ਦੀ ਧੁਨ ਗੂੰਜਦੀ ਰਹੀ। ਦੂਜੇ ਪਾਸੇ, ਯਮੁਨਾ ਮਾਤਾ ਦੀ ਡੋਲੀ ਖਰਸਾਲੀ ਤੋਂ ਯਮੁਨੋਤਰੀ ਲਈ ਰਵਾਨਾ ਕੀਤੀ ਗਈ। ਇਸ ਤੋਂ ਪਹਿਲਾਂ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨੇ ਰਿਸ਼ੀਕੇਸ਼ ਵਿੱਚ ਯਾਤਰਾ ਨੂੰ ਝੰਡੀ ਦਿਖਾ ਕੇ ਰਵਾਨਾ ਕੀਤਾ ਅਤੇ ਭਗਤਾਂ ਨੂੰ ਸੁਖਮਈ ਤੇ ਆਤਮਿਕ ਯਾਤਰਾ ਲਈ ਸ਼ੁਭਕਾਮਨਾਵਾਂ ਦਿੱਤੀਆਂ।ਪਹਾੜੀ ਇਲਾਕਿਆਂ ਵਿੱਚ ਠੰਢ ਦੇ ਮੱਦੇਨਜ਼ਰ ਚਾਰਾਂ ਧਾਮਾਂ—ਯਮੁਨੋਤਰੀ, ਗੰਗੋਤਰੀ, ਕੇਦਾਰਨਾਥ ਅਤੇ ਬਦਰੀਨਾਥ—ਵਿੱਚ ਵਾਧੂ ਸੁਵਿਧਾਵਾਂ ਮੁਹੱਈਆ ਕਰਵਾਈਆਂ ਗਈਆਂ ਹਨ। ਯਾਤਰਾ ਮਾਰਗਾਂ ’ਤੇ ਪੀਣ ਵਾਲਾ ਪਾਣੀ, ਬਿਜਲੀ, ਸ਼ੌਚਾਲਿਆਂ ਅਤੇ ਆਰਾਮ ਲਈ ਖ਼ਾਸ ਥਾਵਾਂ ਦੀ ਵਿਵਸਥਾ ਕੀਤੀ ਗਈ ਹੈ।

# ਸਰਕਾਰ ਦਾ ਵੱਡਾ ਫ਼ੈਸਲਾ: ਸਕੂਲੀ ਬੱਚਿਆਂ ਲਈ ਬੈਗਾਂ ਦਾ ਵਜ਼ਨ ਹੋਇਆ ਤੈਅ



ਚੰਡੀਗੜ੍ਹ, 19 ਅਪ੍ਰੈਲ (ਚ.ਨ.ਸ.): ਹਰਿਆਣਾ ਸਰਕਾਰ ਨੇ ਸਕੂਲੀ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵੱਡੀ ਰਾਹਤ ਦਿੰਦਿਆਂ ਸਿੱਖਿਆ ਪ੍ਰਬੰਧ ’ਚ ਸੁਧਾਰ ਦੀ ਦਿਸ਼ਾ ਵੱਲ ਅਹਿਮ ਕਦਮ ਚੁੱਕਿਆ ਹੈ। ਨਵੇਂ ਵਿੱਦਿਅਕ ਸੈਸ਼ਨ 2026-27 ਤੋਂ ਸਕੂਲ ਬੈਗ ਦੇ ਵਧਦੇ ਵਜ਼ਨ ਅਤੇ ਨਿੱਜੀ ਸਕੂਲਾਂ ਦੀ ਮਨਮਰਜ਼ੀ ’ਤੇ ਨਕੇਲ ਕੱਸਣ ਲਈ ਸਖ਼ਤ ਨਿਯਮ ਲਾਗੂ ਕਰ ਦਿੱਤੇ ਗਏ ਹਨ। ਪਹਿਲੀ ਅਤੇ ਦੂਜੀ ਜਮਾਤ ਦੇ ਬੱਚਿਆਂ ਲਈ ਬਸਤੇ ਦਾ ਵੱਧ ਤੋਂ ਵੱਧ ਵਜ਼ਨ ਇਕ ਤੋਂ ਡੇਢ ਕਿਲੋਗ੍ਰਾਮ ਤੈਅ ਕੀਤਾ ਗਿਆ ਹੈ।

ਵਿਭਾਗ ਦਾ ਮੰਨਣਾ ਹੈ ਕਿ ਘੱਟ ਉਮਰ ’ਚ ਭਾਰੀ ਬੈਗ ਬੱਚਿਆਂ ਦੇ ਸਰੀਰਕ ਵਿਕਾਸ ’ਤੇ ਅਸਰ ਪਾ ਸਕਦਾ ਹੈ। ਤੀਜੀ ਤੋਂ ਪੰਜਵੀਂ ਜਮਾਤ ਤੱਕ ਲਈ ਦੋ ਤੋਂ ਤਿੰਨ ਕਿਲੋ, ਛੇਵੀਂ-ਸੱਤਵੀਂ ਲਈ ਚਾਰ ਕਿਲੋ, ਅੱਠਵੀਂ-ਨੌਵੀਂ ਜਮਾਤ ਲਈ ਸਾਢੇ ਚਾਰ ਕਿਲੋ ਅਤੇ 10ਵੀਂ ਜਮਾਤ ਲਈ ਵੱਧ ਤੋਂ ਵੱਧ ਪੰਜ ਕਿਲੋ ਦੀ ਹੱਦ ਤੈਅ ਕੀਤੀ ਗਈ ਹੈ। ਸਕੂਲ ਹੁਣ ਮਾਨਤਾ ਪ੍ਰਾਪਤ ਪਾਠਕ੍ਰਮ ਮੁਤਾਬਕ ਹੀ ਕਿਤਾਬਾਂ ਤੈਅ ਕਰ ਸਕਣਗੇ। ਮਾਪਿਆਂ ਨੂੰ ਕਿਸੇ ਵਿਸ਼ੇਸ਼ ਪ੍ਰਕਾਸ਼ਕ ਦੀਆਂ ਮਹਿੰਗੀ ਕਿਤਾਬਾਂ ਖ਼ਰੀਦਣ ਲਈ ਮਜਬੂਰ ਕਰਨਾ ਨੇਮਾਂ ਦੀ ਉਲੰਘਣਾ ਮੰਨਿਆ ਜਾਵੇਗਾ। ਹਰਿਆਣਾ ਸਿੱਖਿਆ ਵਿਭਾਗ ਨੇ ਹੈਲਪਲਾਈਨ ਨੰਬਰ 0172-5049801 ਵੀ ਜਾਰੀ ਕੀਤਾ ਹੈ।

# ਰਾਜਸਥਾਨ ਦੇ ਪੁਸ਼ਕਰ ’ਚ 200 ਫੁੱਟ ਡੂੰਘੀ ਖੱਡ ਵਿੱਚ ਡਿੱਗੀ ਬੱਸ, ਹਾਦਸੇ ’ਚ ਦੋ ਔਰਤਾਂ ਦੀ ਮੌਤ

ਅਜਮੇਰ, 19 ਅਪ੍ਰੈਲ (ਚ.ਨ.ਸ.): ਪੁਸ਼ਕਰ ਘਾਟੀ ਵਿੱਚ ਐਤਵਾਰ ਦੁਪਹਿਰ ਨੂੰ ਇੱਕ ਵੱਡਾ ਸੜਕ ਹਾਦਸਾ ਵਾਪਰ ਗਿਆ। ਪੀਸਾਂਗਣ ਤੋਂ ਅਜਮੇਰ ਜਾ ਰਹੀ ਇੱਕ ਬੱਸ ਅਚਾਨਕ ਬੇਕਾਬੂ ਹੋ ਕੇ ਘਾਟੀ ਵਿੱਚ ਪਲਟ ਗਈ ਅਤੇ 150 ਫੁੱਟ ਡੂੰਘੀ ਖੱਡ ਵਿੱਚ ਜਾ ਡਿੱਗੀ।



ਹਾਦਸੇ ਦੇ ਮੁੱਖ ਵੇਰਵੇ:

ਜਾਨੀ ਨੁਕਸਾਨ: ਇਸ ਹਾਦਸੇ ਵਿੱਚ ਦੋ ਯਾਤਰੀਆਂ ਦੀ ਮੌਤ ਹੋ ਗਈ ਹੈ, ਜਦਕਿ ਲਗਭਗ 25 ਯਾਤਰੀ ਜ਼ਖ਼ਮੀ ਦੱਸੇ ਜਾ ਰਹੇ ਹਨ।ਯਾਤਰੀ: ਬੱਸ ਵਿੱਚ ਕਰੀਬ 31 ਸਵਾਰੀਆਂ ਸਨ। ਦੱਸਿਆ ਜਾ ਰਿਹਾ ਹੈ ਕਿ ਗੁੱਜਰ ਸਮਾਜ ਦੇ ਇਹ ਲੋਕ ਪੀਸਾਂਗਣ ਵਿੱਚ ’ਮਾਯਰਾ’ (ਸੰਧਾਰਾ/ਭਰਨ) ਲਈ ਜਾ ਰਹੇ ਸਨ।

ਬਚਾਅ ਕਾਰਜ: ਸੂਚਨਾ ਮਿਲਦੇ ਹੀ ਤਿੰਨ ਥਾਣਿਆਂ ਦੀ ਪੁਲਿਸ ਮੌਕੇ ’ਤੇ ਪਹੁੰਚੀ। ਜ਼ਖ਼ਮੀਆਂ ਨੂੰ ਹਸਪਤਾਲ ਪਹੁੰਚਾਉਣ ਲਈ 6 ਐਂਬੂਲੈਂਸਾਂ ਲਗਾਈਆਂ ਗਈਆਂ ਹਨ।

ਇਲਾਜ: ਸਾਰੇ ਜ਼ਖ਼ਮੀਆਂ ਨੂੰ ਇਲਾਜ ਲਈ ਅਜਮੇਰ ਦੇ ਜੇ.ਐੱਲ.ਐੱਨ. ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਹੈ। ਹਾਦਸੇ ਤੋਂ ਬਾਅਦ ਪੁਸ਼ਕਰ ਘਾਟੀ ਵਿੱਚ ਲੰਮਾ ਜਾਮ ਲੱਗ ਗਿਆ ਅਤੇ ਪੁਲਿਸ ਵੱਲੋਂ ਰਾਹਤ ਤੇ ਬਚਾਅ ਕਾਰਜ ਲਗਾਤਾਰ ਜਾਰੀ ਹਨ।

ਚੜ੍ਹਦੀਕਲਾ
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐੱਸ.ਐੱਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐੱਸ.ਐੱਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ ‘ਦਰਦੀ’।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

# ਭਗਵੰਤ ਮਾਨ ਸਰਕਾਰ ਦਾ ਬੇਅਦਬੀ ਵਿਰੋਧੀ ਬਿੱਲ ਰਾਜਪਾਲ ਦੀ ਮਨਜ਼ੂਰੀ ਨਾਲ ਕਾਨੂੰਨ ਬਣਿਆ, ਕਮਜ਼ੋਰ ਕਾਨੂੰਨਾਂ ਤੇ ਸਿਆਸੀ ਪੁਸ਼ਤਪਨਾਹੀ ਦੇ ਯੁੱਗ ਦਾ ਹੋਇਆ ਅੰਤ : ਚੀਮਾ

## ਲਾਪਤਾ ਸਬੂਤਾਂ ਤੋਂ ਲੈ ਕੇ ਸਖ਼ਤ ਇਨਸਾਫ਼ ਤੱਕ, ਭਗਵੰਤ ਮਾਨ ਸਰਕਾਰ ਨੇ ਬੇਅਦਬੀ ਪ੍ਰਤੀ ਪੰਜਾਬ ਦੇ ਜਵਾਬ ਨੂੰ ਮੁੜ ਲਿਖਿਆ



ਚੰਡੀਗੜ੍ਹ, 19 ਅਪ੍ਰੈਲ (ਚ.ਨ.ਸ.): ਭਗਵੰਤ ਮਾਨ ਸਰਕਾਰ ਨੇ ਅਧਿਕਾਰਤ ਤੌਰ 'ਤੇ "ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ" ਲਾਗੂ ਕਰ ਦਿੱਤਾ ਹੈ। ਪੰਜਾਬ ਦੇ ਰਾਜਪਾਲ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੇ ਦੋਸ਼ੀਆਂ ਲਈ ਉਮਰ ਕੈਦ ਦੀ ਵਿਵਸਥਾ ਵਾਲੇ ਇਸ ਕਾਨੂੰਨ ਨੂੰ ਮਨਜ਼ੂਰੀ ਦੇ ਦਿੱਤੀ ਹੈ। ਪੰਜਾਬ ਭਵਨ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਕੈਬਨਿਟ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਇਸ ਕਦਮ ਨੂੰ ਭਾਈਚਾਰਕ ਸਾਂਝ ਨੂੰ ਬਣਾਈ ਰੱਖਣ ਅਤੇ ਧਾਰਮਿਕ ਗ੍ਰੰਥਾਂ ਦੀ ਪਵਿੱਤਰਤਾ ਨੂੰ ਬਰਕਰਾਰ ਰੱਖਣ ਲਈ ਇੱਕ ਫੈਸਲਾਕੁੰਨ ਕਦਮ ਦੱਸਿਆ। ਉਨ੍ਹਾਂ ਅੱਗੇ ਕਿਹਾ, "ਇਤਿਹਾਸ ਇੱਕ ਪਰੇਸ਼ਾਨ ਕਰਨ ਵਾਲੇ ਪੈਟਰਨ ਨੂੰ ਦਰਸਾਉਂਦਾ ਹੈ ਜਿੱਥੇ ਅਕਾਲੀ-ਭਾਜਪਾ ਸਰਕਾਰ ਦੇ ਕਾਰਜਕਾਲ ਦੌਰਾਨ ਬੇਅਦਬੀ ਦੀਆਂ ਘਟਨਾਵਾਂ ਵਾਪਰੀਆਂ, ਖਾਸ ਤੌਰ 'ਤੇ 1986 ਦੀ ਨਕੋਦਰ ਘਟਨਾ ਅਤੇ 2015 ਦੇ ਬਰਗਾੜੀ ਅਤੇ ਬਹਿਬਲ ਕਲਾਂ ਮਾਮਲਿਆਂ ਦਾ ਹਵਾਲਾ ਦਿੱਤਾ ਜਾ ਸਕਦਾ ਹੈ।" ਕੈਬਨਿਟ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਇਨਸਾਫ਼ ਯਕੀਨੀ ਬਣਾਉਣ ਵਿੱਚ ਨਾਕਾਮ ਰਹੀਆਂ ਹਨ। ਉਨ੍ਹਾਂ ਕਿਹਾ, "ਪਿਛਲੀਆਂ ਸਰਕਾਰਾਂ ਅਧੀਨ ਵੱਖ-ਵੱਖ ਕਮਿਸ਼ਨਾਂ ਅਤੇ ਵਿਸ਼ੇਸ਼ ਜਾਂਚ ਟੀਮਾਂ ਦੇ ਗਠਨ ਦੇ ਬਾਵਜੂਦ, ਕਾਰਵਾਈ ਰਿਪੋਰਟਾਂ ਵਰਗੇ ਅਹਿਮ ਸਬੂਤ ਗਾਇਬ ਹੋ ਗਏ ਤੇ ਜਾਂਚ ਫਾਈਲਾਂ ਧੂੜ ਫੱਕਦੀਆਂ ਰਹੀਆਂ, ਜਿਸ ਨਾਲ ਦੋਸ਼ੀਆਂ ਤੇ ਸਾਜ਼ਿਸ਼ਕਰਤਾ ਕਾਨੂੰਨ ਤੋਂ ਬਚਦੇ ਰਹੇ।" 2022 ਤੋਂ ਆਏ ਬਦਲਾਅ ਨੂੰ ਉਜਾਗਰ ਕਰਦਿਆਂ ਉਨ੍ਹਾਂ ਕਿਹਾ, "ਭਗਵੰਤ ਮਾਨ ਸਰਕਾਰ ਨੇ ਦਹਾਕਿਆਂ ਤੋਂ ਰੁਕੀਆਂ ਪਈਆਂ ਜਾਂਚਾਂ ਨੂੰ ਤੇਜ਼ ਕਰਨ ਲਈ ਅਣਥੱਕ ਯਤਨ ਕੀਤੇ। ਪਹਿਲੀ ਵਾਰ, ਉੱਚ-ਪੱਧਰ ਦੀਆਂ ਸ਼ਖਸੀਅਤਾਂ, ਜਿਨ੍ਹਾਂ ਨੂੰ ਪਹਿਲਾਂ ਸਿਆਸੀ ਸੁਰੱਖਿਆ ਪ੍ਰਾਪਤ ਸੀ, ਨੂੰ ਅਦਾਲਤਾਂ ਤੋਂ ਅਗਾਊਂ ਜ਼ਮਾਨਤ ਲੈਣ ਲਈ ਮਜਬੂਰ ਹੋਣਾ ਪਿਆ ਹੈ।"

ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਹਰ ਦੋਸ਼ੀ ਨੂੰ ਇਨਸਾਫ਼ ਦੇ ਕਟਹਿਰੇ ਵਿੱਚ ਲਿਆਂਦਾ ਜਾਵੇਗਾ, ਚਾਹੇ ਉਸਦਾ ਸਮਾਜਿਕ ਜਾਂ ਰਾਜਨੀਤਿਕ ਕੱਦ ਕੁਝ ਵੀ ਹੋਵੇ। ਕਾਨੂੰਨ ਦੀਆਂ ਵਿਵਸਥਾਵਾਂ ਬਾਰੇ ਦੱਸਦਿਆਂ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਨਵਾਂ ਬਣਾਇਆ ਗਿਆ ਕਾਨੂੰਨ ਵਿਆਪਕ ਅਤੇ ਠੋਸ ਤਿਆਰ ਕੀਤਾ ਗਿਆ ਹੈ, ਜਿਸ ਵਿੱਚ ਦੋਸ਼ੀਆਂ ਦੇ ਇਨਸਾਫ਼ ਤੋਂ ਬਚਣ ਲਈ ਕੋਈ ਖਾਮੀ ਨਹੀਂ ਛੱਡੀ ਗਈ। ਇਹ ਐਕਟ ਨਾ ਸਿਰਫ਼ ਉਨ੍ਹਾਂ ਲੋਕਾਂ ਨੂੰ ਨਿਸ਼ਾਨਾ ਬਣਾਉਂਦਾ ਹੈ ਜੋ ਸਰੀਰਕ ਤੌਰ 'ਤੇ ਬੇਅਦਬੀ ਦੀਆਂ ਘਟਨਾਵਾਂ ਨੂੰ ਅੰਜਾਮ ਦਿੰਦੇ ਹਨ ਬਲਕਿ ਮਾਸਟਰਮਾਈਂਡਾਂ ਤੇ ਸਾਜ਼ਿਸ਼ਕਰਤਾਵਾਂ ਨੂੰ ਵੀ ਘੇਰੇ ਵਿੱਚ ਲਿਆਉਂਦਾ ਹੈ।" ਉਨ੍ਹਾਂ ਅੱਗੇ ਕਿਹਾ, "ਇਸ ਤੋਂ ਇਲਾਵਾ, ਇਹ ਕਾਨੂੰਨ ਮੁਕੱਦਮੇ ਤੋਂ ਬਚਣ ਲਈ ਵਰਤੇ ਜਾਂਦੇ "ਮਾਨਸਿਕ ਅਸਥਿਰਤਾ" ਦੇ ਆਮ ਬਚਾਅ ਨੂੰ ਵੀ ਸੰਬੋਧਿਤ ਕਰਦਾ ਹੈ। ਨਵੀਆਂ ਵਿਵਸਥਾਵਾਂ ਦੇ ਤਹਿਤ, ਜੇਕਰ ਕਿਸੇ ਸਰਪ੍ਰਸਤ ਦੀ ਦੇਖਭਾਲ ਅਧੀਨ ਕੋਈ ਵਿਅਕਤੀ ਅਜਿਹੀ ਹਰਕਤ ਕਰਦਾ ਹੈ, ਤਾਂ ਸਰਪ੍ਰਸਤ ਜਾਂ ਦੇਖਭਾਲ ਕਰਨ ਵਾਲੇ ਨੂੰ ਵੀ ਲਾਪਰਵਾਹੀ ਲਈ ਜ਼ਿੰਮੇਵਾਰ ਠਹਿਰਾਇਆ ਜਾ ਸਕਦਾ ਹੈ, ਜਿਸ ਨਾਲ ਪਵਿੱਤਰ ਗ੍ਰੰਥ ਦੀ ਸੁਰੱਖਿਆ ਲਈ ਉੱਚ ਪੱਧਰੀ ਜਵਾਬਦੇਹੀ ਯਕੀਨੀ ਬਣਦੀ ਹੈ।"

ਆਪਣੇ ਸੰਬੋਧਨ ਦੀ ਸਮਾਪਤੀ ਕਰਦਿਆਂ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਇਹ ਕਾਨੂੰਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ 'ਆਪ' ਕਨਵੀਨਰ ਅਰਵਿੰਦ ਕੇਜਰੀਵਾਲ ਵੱਲੋਂ ਪੰਜਾਬ ਦੇ ਲੋਕਾਂ ਨਾਲ ਕੀਤੀ ਗਈ ਇੱਕ ਵੱਡੀ ਗਾਰੰਟੀ ਨੂੰ ਪੂਰਾ ਕਰਨ ਦਾ ਪ੍ਰਤੀਕ ਹੈ। ਜਿੱਥੇ ਪਿਛਲੀਆਂ ਸਰਕਾਰਾਂ ਨੇ ਮਿਲ ਕੇ ਕਮਜ਼ੋਰ ਕਾਨੂੰਨ ਬਣਾਏ ਜੋ ਕਾਨੂੰਨੀ ਪੜਤਾਲ ਵਿੱਚ ਖਰੇ ਨਹੀਂ ਉਤਰ ਸਕੇ, ਉੱਥੇ ਹੀ ਭਗਵੰਤ ਮਾਨ ਸਰਕਾਰ ਨੇ ਇੱਕ ਮਜ਼ਬੂਤ ਕਾਨੂੰਨੀ ਢਾਂਚਾ ਪ੍ਰਦਾਨ ਕੀਤਾ ਹੈ।" ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ, "ਇਹ ਐਕਟ ਪੰਜਾਬ ਦੀ ਸ਼ਾਂਤੀ ਅਤੇ ਸਮਾਜਿਕ ਤਾਣੇ-ਬਾਣੇ ਨੂੰ ਵਿਗਾੜਨ ਦੀ ਕੋਸ਼ਿਸ਼ ਕਰਨ ਵਾਲੀਆਂ ਕਿਸੇ ਵੀ ਤਾਕਤਾਂ ਲਈ ਇੱਕ ਸਖ਼ਤ ਚੇਤਾਵਨੀ ਵਜੋਂ ਕੰਮ ਕਰਦਾ ਹੈ, ਜੋ ਇੱਕ ਅਜਿਹੇ ਨਵੇਂ ਯੁੱਗ ਦਾ ਸੰਕੇਤ ਦਿੰਦਾ ਹੈ ਜਿੱਥੇ ਰਾਜ ਦੀ ਪੂਰੀ ਤਾਕਤ ਦੁਆਰਾ ਧਾਰਮਿਕ ਆਸਥਾ ਦੇ ਮਾਣ ਦੀ ਰੱਖਿਆ ਕੀਤੀ ਜਾਂਦੀ ਹੈ।"

# ਪੰਜਾਬ ਦੇ ਰਾਜਪਾਲ ਵੱਲੋਂ ਜੰਡਿਆਲਾ ਗੁਰੂ ਦੇ ਵਿਰਾਸਤੀ ਠਠਿਆਰਾ ਬਾਜ਼ਾਰ ਦਾ ਦੌਰਾ

## ਅਜਿਹੇ ਵਿਰਾਸਤੀ ਕੇਂਦਰਾਂ ਨੂੰ ਸੰਭਾਲਣਾ ਤੇ ਕਾਰੀਗਰਾਂ ਨੂੰ ਪ੍ਰੋਤਸਾਹਨ ਦੇਣਾ ਬਹੁਤ ਜ਼ਰੂਰੀ : ਕਟਾਰੀਆ

ਜੰਡਿਆਲਾ ਗੁਰੂ, 18 ਅਪ੍ਰੈਲ (ਰਾਮ ਸ਼ਰਨਜੀਤ ਸਿੰਘ): ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਵੱਲੋਂ ਜੰਡਿਆਲਾ ਗੁਰੂ ਵਿਖੇ ਵਿਰਾਸਤੀ ਠਠਿਆਰਾ ਬਜ਼ਾਰ ਦਾ ਦੌਰਾ ਕੀਤਾ ਗਿਆ, ਜੋ ਕਿ ਕਾਂਸੇ ਦੇ ਰਵਾਇਤੀ ਬਰਤਨਾਂ ਦੀ ਬਣਤ ਲਈ ਪ੍ਰਸਿੱਧ ਹੈ। ਇਸ ਮੌਕੇ ਉਨ੍ਹਾਂ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ, ਰੈੱਡ ਕਰਾਸ ਸੁਸਾਇਟੀ ਪੰਜਾਬ ਦੇ ਸਕੱਤਰ ਸ਼ਿਵ ਦੁਲਾਰ ਸਿੰਘ, ਐੱਸ.ਡੀ.ਐੱਮ.-1 ਅਲਕਾ ਕਾਲੀਆ ਤੋਂ ਇਲਾਵਾ ਹੋਰ ਅਧਿਕਾਰੀ ਵੀ ਨਾਲ ਹਾਜ਼ਰ ਸਨ। ਇਸ ਮੌਕੇ ਰਾਜਪਾਲ ਗੁਲਾਬ ਚੰਦ ਕਟਾਰੀਆ ਵੱਲੋਂ ਠਠਿਆਰਾ ਬਜ਼ਾਰ ਜੰਡਿਆਲਾ ਗੁਰੂ ਵਿਖੇ ਕੰਮ ਕਰ ਰਹੇ ਕਾਰੀਗਰਾਂ ਨਾਲ ਗੱਲਬਾਤ ਕੀਤੀ ਤੇ ਉਨ੍ਹਾਂ ਦੀ ਕਲਾ, ਮਿਹਨਤ ਤੇ ਪੰਜਾਬ ਦੀ ਵਿਰਾਸਤ ਨੂੰ ਸੰਭਾਲ ਕੇ ਰੱਖਣ ਲਈ ਕੀਤੇ ਜਾ ਰਹੇ ਯਤਨਾਂ ਦੀ ਸਰਾਹਨਾ ਕੀਤੀ। ਉਨ੍ਹਾਂ ਕਿਹਾ ਕਿ ਅਜਿਹੀਆਂ ਰਵਾਇਤੀ ਕਲਾਵਾਂ ਨੂੰ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ 'ਤੇ ਉਭਾਰਨ ਦੀ ਲੋੜ ਹੈ, ਜਿਸ ਨਾਲ ਕਾਰੀਗਰਾਂ ਦੀ ਰੋਜ਼ੀ-ਰੋਟੀ ਨੂੰ ਮਜ਼ਬੂਤੀ ਮਿਲੇਗੀ ਤੇ ਪੰਜਾਬ ਦੀ ਸੰਸਕ੍ਰਿਤਿਕ ਪਛਾਣ ਹੋਰ ਮਜ਼ਬੂਤ ਹੋਵੇਗੀ।

ਉਨ੍ਹਾਂ ਕਿਹਾ ਕਿ ਜੰਡਿਆਲਾ ਗੁਰੂ (ਅੰਮ੍ਰਿਤਸਰ) ਦਾ ਠਠਿਆਰਾ ਬਜ਼ਾਰ ਪੰਜਾਬ ਦੀ ਇੱਕ ਇਤਿਹਾਸਕ ਤੇ ਵਿਰਾਸਤੀ ਥਾਂ ਹੈ, ਜੋ ਆਪਣੇ ਹੱਥੀਂ ਬਣੇ ਤਾਂਬੇ ਅਤੇ ਪਿੱਤਲ ਦੇ ਬਰਤਨਾਂ ਲਈ ਪੂਰੀ ਦੁਨੀਆ ਵਿੱਚ ਮਸ਼ਹੂਰ ਹੈ। ਉਨ੍ਹਾਂ ਕਿਹਾ ਕਿ ਇਹ ਠਠਿਆਰਾ ਬਜ਼ਾਰ ਸੈਂਕੜੇ ਸਾਲਾਂ ਤੋਂ ਤਾਂਬੇ, ਪਿੱਤਲ ਅਤੇ ਕਾਂਸੇ ਦੇ ਰਵਾਇਤੀ ਬਰਤਨ ਬਣਾਉਣ ਦਾ ਕੇਂਦਰ ਰਿਹਾ ਹੈ ਤੇ ਇੱਥੋਂ ਦੇ ਕਾਰੀਗਰ ਹੱਥਾਂ ਨਾਲ ਬਰਤਨਾਂ 'ਤੇ ਨੱਕਾਸ਼ੀ ਅਤੇ ਘੜਾਈ ਦਾ ਕੰਮ ਕਰਦੇ ਹਨ, ਜੋ ਕਿ ਇੱਕ ਦੁਰਲੱਭ ਕਲਾ ਹੈ।

ਰਾਜਪਾਲ ਪੰਜਾਬ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਇਸ ਇਤਿਹਾਸਿਕ ਠਠਿਆਰ ਮੰਡੀ ਨੂੰ ਇੱਕ 'ਵਿਰਾਸਤੀ ਬਾਜ਼ਾਰ' ਵਜੋਂ ਉਭਾਰਨ ਅਤੇ ਇਸ ਨੂੰ ਸੈਰ-ਸਪਾਟਾ ਸਥਾਨ ਵਜੋਂ ਵਿਕਸਤ ਕਰਨ ਦੇ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਦਾ ਉਦੇਸ਼ ਠਠਿਆਰਾਂ (ਕਾਰੀਗਰਾਂ) ਦੀ ਕਲਾ ਨੂੰ ਸੰਭਾਲਣਾ, ਬਾਜ਼ਾਰ ਦੇ ਬੁਨਿਆਦੀ ਢਾਂਚੇ ਨੂੰ ਸੁਧਾਰਨਾ ਅਤੇ ਇਸ ਨੂੰ ਇੱਕ ਸੈਲਾਨੀ ਆਕਰਸ਼ਣ ਵਜੋਂ ਵਿਕਸਤ ਕਰਨਾ ਹੈ ਤਾਂ ਜੋ ਇੱਥੋਂ ਦੀ ਰਵਾਇਤੀ ਦਸਤਕਾਰੀ ਨੂੰ ਮੁੜ ਸੁਰਜੀਤ ਕੀਤਾ ਜਾ ਸਕੇ। ਉਨ੍ਹਾਂ ਨੇ ਕਿਹਾ ਕਿ ਅਜਿਹੇ ਵਿਰਾਸਤੀ ਕੇਂਦਰਾਂ ਨੂੰ ਸੰਭਾਲਣਾ ਤੇ ਕਾਰੀਗਰਾਂ ਨੂੰ ਪ੍ਰੋਤਸਾਹਨ ਦੇਣਾ ਬਹੁਤ ਜ਼ਰੂਰੀ ਹੈ ਤਾਂ ਜੋ ਇਹ ਅਨਮੋਲ ਧਰੋਹਰ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚ ਸਕੇ।



# ਰਾਜਪਾਲ ਦੀ ਪ੍ਰਵਾਨਗੀ ਪਿੱਛੋਂ ਬੇਅਦਬੀ ਵਿਰੋਧੀ ਬਿੱਲ ਪੰਜਾਬ 'ਚ ਬਣਿਆ ਕਾਨੂੰਨ : ਸੰਧਵਾਂ



ਚੰਡੀਗੜ੍ਹ, 19 ਅਪ੍ਰੈਲ (ਚ.ਨ.ਸ.): ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਬੜੀ ਖੁਸ਼ੀ ਨਾਲ ਦੱਸਿਆ ਕਿ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ 2026 ਨੂੰ ਪ੍ਰਵਾਨਗੀ ਦੇ ਦਿੱਤੀ ਹੈ। ਜ਼ਿਕਰਯੋਗ ਹੈ ਕਿ ਬੇਅਦਬੀ ਵਿਰੋਧੀ ਬਿੱਲ 13 ਅਪ੍ਰੈਲ, 2026 ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ ਅਗਵਾਈ ਹੇਠ ਪੰਜਾਬ ਵਿਧਾਨ ਸਭਾ ਵੱਲੋਂ ਪਾਸ ਕੀਤਾ ਗਿਆ ਸੀ।

ਸਪੀਕਰ ਸੰਧਵਾਂ ਨੇ ਦੱਸਿਆ ਕਿ ਇਸ ਬੇਅਦਬੀ ਵਿਰੋਧੀ ਐਕਟ ਤਹਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਲਈ ਉਮਰ ਕੈਦ ਅਤੇ ਭਾਰੀ ਜੁਰਮਾਨੇ ਦੀ ਵਿਵਸਥਾ ਹੈ। ਉਨ੍ਹਾਂ ਨੇ ਖੁਸ਼ੀ ਜ਼ਾਹਰ ਕਰਦਿਆਂ ਦੱਸਿਆ ਕਿ ਪਰਮਾਤਮਾ ਨੇ ਮੈਨੂੰ ਧਾਰਮਿਕ ਸੁਰੱਖਿਆ ਅਤੇ ਭਾਈਚਾਰਕ ਸਾਂਝ ਨੂੰ ਵਧਾਉਣ ਦਾ ਮੌਕਾ ਦਿੱਤਾ ਹੈ। ਇਸ ਬਿੱਲ ਰਾਹੀਂ ਸਾਡੀ ਸਰਕਾਰ ਨੇ ਧਾਰਮਿਕ ਬੇਅਦਬੀ ਨਾਲ ਸਬੰਧਤ ਪੰਜਾਬੀਆਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਪੂਰੀ ਕੀਤੀ ਹੈ।

# ਪੰਜਾਬ ਦੀਆਂ ਮੰਡੀਆਂ 'ਚ 28 ਲੱਖ ਮੀਟਰਿਕ ਟਨ ਕਣਕ ਦੀ ਆਮਦ, 24 ਲੱਖ ਮੀਟਰਿਕ ਟਨ ਤੋਂ ਵੱਧ ਦੀ ਖ਼ਰੀਦ : ਕਟਾਰੂਚੱਕ

ਟਾਂਡਾ ਉੜਮੁੜ, 19 ਅਪ੍ਰੈਲ (ਅਰਜਨ ਜੈਨ): ਪੰਜਾਬ ਦੇ ਖੁਰਾਕ ਤੇ ਸਿਵਲ ਸਪਲਾਈ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਇੱਥੇ ਦਾਣਾ ਮੰਡੀ ਵਿਖੇ ਕਣਕ ਦੀ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਮੌਕੇ ਕਿਹਾ ਕਿ ਸੂਬੇ ਦੀਆਂ ਮੰਡੀਆਂ ਵਿਚ ਕਣਕ ਦੀ ਖਰੀਦ ਨਿਰਵਿਘਨ ਜਾਰੀ ਹੈ ਤੇ ਹੁਣ ਤੱਕ ਹੋਈ 28 ਲੱਖ ਮੀਟਰਿਕ ਟਨ ਤੋਂ ਵੱਧ ਕਣਕ ਦੀ ਆਮਦ 'ਚੋਂ 24 ਲੱਖ ਮੀਟਰਿਕ ਟਨ ਤੋਂ ਵੱਧ ਫਸਲ ਖਰੀਦੀ ਜਾ ਚੁੱਕੀ ਹੈ।

ਦਾਣਾ ਮੰਡੀ ਵਿਖੇ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਅਤੇ ਸੰਬੰਧਤ ਅਧਿਕਾਰੀਆਂ ਸਮੇਤ ਪਹੁੰਚੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਨੇੜਲੇ ਪਿੰਡ ਬਸਤੀ ਦੇ ਕਿਸਾਨ ਜੈਲ਼ਾ ਦੀ ਢੇਰੀ ਦੀ ਖ਼ਰੀਦ ਕਰਵਾਉਂਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮੰਡੀਆਂ ਵਿਚ ਖ਼ਰੀਦ ਦੇ ਪੁਖਤਾ ਇੰਤਜ਼ਾਮ ਕੀਤੇ ਗਏ ਹਨ ਜਿਸ ਕਰਕੇ ਕਿਸਾਨਾਂ ਨੂੰ ਫ਼ਸਲ ਵੇਚਣ ਵਿਚ ਕੋਈ ਪ੍ਰੇਸ਼ਾਨੀ ਨਹੀਂ ਆਵੇਗੀ। ਉਨ੍ਹਾਂ ਕਿਹਾ ਕਿ ਕਣਕ ਦੀ ਖ਼ਰੀਦ ਬਦਲੇ ਘੱਟੋ-ਘੱਟ ਸਮਰਥਨ ਮੁੱਲ 2585 ਦੇ ਹਿਸਾਬ ਨਾਲ ਹੁਣ ਤੱਕ ਕਿਸਾਨਾਂ ਦੇ ਖਾਤਿਆਂ ਵਿਚ 647 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਫ਼ਸਲ ਦਾ ਇਕ-ਇੱਕ ਦਾਣਾ ਚੁੱਕਣ ਲਈ ਵਚਨਬੱਧ ਹੈ ਜਿਸ ਦੇ ਸਿੱਟੇ ਵਜੋਂ ਮੰਡੀਆਂ ਵਿਚ ਨਿਰਵਿਘਨ ਖ਼ਰੀਦ ਜਾਰੀ ਹੈ। ਉਨ੍ਹਾਂ ਕਿਹਾ ਕਿ ਨਿਯਮਾਂ ਅਨੁਸਾਰ ਖਰੀਦ ਦੇ 48 ਘੰਟਿਆਂ ਵਿੱਚ ਕਿਸਾਨਾਂ ਨੂੰ ਬਣਦੀਆਂ ਅਦਾਇਗੀਆਂ ਵੀ ਕੀਤੀਆਂ ਜਾ ਰਹੀਆਂ ਹਨ ਅਤੇ ਇਸ ਦੇ ਨਾਲ ਜੀ ਲਿਫਟਿੰਗ ਵੀ ਤੇਜ਼ ਹੋ ਰਹੀ ਹੈ।



ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਖ਼ਰੀਦ ਏਜੰਸੀਆਂ ਦੇ ਨੁਮਾਇੰਦਿਆਂ ਅਤੇ ਸੰਬੰਧਤ ਅਧਿਕਾਰੀਆਂ ਨੂੰ ਕਿਹਾ ਕਿ ਕਿਸਾਨਾਂ ਨੂੰ ਮੰਡੀਆਂ ਵਿਚ ਕਿਸੇ ਕਿਸਮ ਦੀ ਦਿੱਕਤ ਪੇਸ਼ ਨਾ ਆਵੇ। ਮੰਡੀਆਂ ਵਿਚ ਬਾਰਦਾਨਾ, ਮੰਡੀ ਲੇਬਰ ਅਤੇ ਢੋਆ-ਢੁਆਈ ਦੇ ਪ੍ਰਬੰਧਾਂ ਦੀ ਗੱਲ ਕਰਦਿਆਂ ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ ਸੂਬੇ ਭਰ ਦੀਆਂ ਮੰਡੀਆਂ ਵਿੱਚ ਸਾਰੇ ਲੋੜੀਂਦੇ ਪ੍ਰਬੰਧ ਅਮਲ ਵਿਚ ਹਨ ਅਤੇ ਕਣਕ ਦੀ ਖਰੀਦ ਸੁਚੱਜੇ ਢੰਗ ਨਾਲ ਜਾਰੀ ਹੈ। ਉਨ੍ਹਾਂ ਨੇ ਕਿਸਾਨਾਂ ਵੱਲੋਂ ਆਪਣੇ ਖੂਨ-ਪਸੀਨੇ ਅਤੇ ਮਿਹਨਤ ਨਾਲ ਪੈਦਾ ਕੀਤੇ ਇੱਕ-ਇੱਕ ਦਾਣੇ ਨੂੰ ਖਰੀਦਣ ਦੀ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿਚ ਕਿਸਾਨਾਂ ਦੀ ਫਸਲ ਘੱਟੋ-ਘੱਟ ਸਮੇਂ ਵਿਚ ਖਰੀਦ ਕੇ ਨਿਰਧਾਰਤ ਸਮੇਂ ਵਿਚ ਉਨ੍ਹਾਂ ਦੇ ਖਾਤਿਆਂ ਵਿਚ ਅਦਾਇਗੀਆਂ ਕੀਤੀਆਂ ਜਾ ਰਹੀਆਂ ਹਨ । ਕੈਬਿਨਟ ਮੰਤਰੀ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਕਣਕ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਾਉਣ ਸਗੋਂ ਖੇਤੀਬਾੜੀ ਵਿਭਾਗ ਦੀਆਂ ਟੀਮਾਂ ਰਾਹੀਂ ਉਪਲਬਧ ਮਸ਼ੀਨਰੀ ਨਾਲ ਇਸ ਦਾ ਖੇਤਾਂ ਵਿਚ ਹੀ ਪ੍ਰਬੰਧਨ ਕਰਨ।

ਪਿਛਲੇ ਦਿਨੀ ਬੇਮੌਸਮੀ ਬਰਸਾਤ ਕਾਰਨ ਫ਼ਸਲ ਨੂੰ ਹੋਏ ਨੁਕਸਾਨ ਬਾਰੇ ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਹਿਲਾਂ ਹੀ ਵਿਸ਼ੇਸ਼ ਗਿਰਦਾਵਰੀ ਦੇ ਨਿਰਦੇਸ਼ ਦੇ ਦਿੱਤੇ ਸਨ ਅਤੇ ਕਿਸਾਨਾਂ ਦੇ ਨੁਕਸਾਨ ਦੀ ਭਰਪਾਈ ਪੰਜਾਬ ਸਰਕਾਰ ਵੱਲੋਂ ਕੀਤੀ ਜਾਵੇਗੀ। ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਫ਼ਸਲ ਨੂੰ ਪਿਛਲੇ ਸਾਲਾਂ ਵਾਂਗ ਸੁਚੱਜੇ ਢੰਗ ਨਾਲ ਨਾਲੋ-ਨਾਲ ਖ਼ਰੀਦ ਕੇ ਲਿਫ਼ਟ ਕਰਵਾਏਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਰਾਜ ਸਰਕਾਰ ਨੇ ਲਗਾਤਾਰ ਕਿਸਾਨਾਂ ਦੀ ਬਾਂਹ ਫੜੀ ਹੈ ਅਤੇ ਕਈ ਵੱਡੇ ਕਿਸਾਨ ਪੱਖੀ ਫ਼ੈਸਲੇ ਲਏ ਹਨ ਜਿਸ ਨਾਲ ਸੂਬੇ ਭਰ ਵਿਚ ਕਿਸਾਨਾਂ ਨੂੰ ਬੇਹੱਦ ਲਾਭ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਫ਼ਸਲ ਦੀ ਖਰੀਦ ਬਦਲੇ ਨਿਰਧਾਰਤ ਸਮੇਂ ਦੇ ਵਿੱਚ-ਵਿੱਚ ਅਦਾਇਗੀਆਂ ਨੂੰ ਯਕੀਨੀ ਬਣਾ ਰਹੀ ਹੈ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਵੀ ਤਾਕੀਦ ਕੀਤੀ ਗਈ ਹੈ ਕਿ ਮੰਡੀਆਂ ਵਿਚ ਕਿਸਾਨਾਂ ਦੀ ਫ਼ਸਲ ਦੀ ਸਮੇਂ ਸਿਰ ਖਰੀਦ ਕੀਤੀ ਜਾਵੇ।

ਜ਼ਿਕਰਯੋਗ ਹੈ ਕਿ ਜ਼ਿਲਾ ਹੁਸ਼ਿਆਰਪੁਰ ਵਿਚ ਕੁੱਲ 78 ਮੰਡੀਆਂ ਸਥਾਪਤ ਕੀਤੀਆਂ ਗਈਆਂ ਹਨ ਜਿਨ੍ਹਾਂ ਵਿਚੋਂ 65 ਮੰਡੀਆਂ ਪੱਕੀਆਂ ਅਤੇ 13 ਥਾਵਾਂ 'ਤੇ ਖ਼ਰੀਦ ਦੇ ਆਰਜ਼ੀ ਪਬੰਧ ਕੀਤੇ ਗਏ ਹਨ ਜਦਕਿ ਜ਼ਿਲੇ ਵਿਚ ਕੁੱਲ 316000 ਮੀਟਰਿਕ ਟਨ ਕੜਕ ਦੀ ਆਮਦ ਦੀ ਸੰਭਾਵਨਾ ਹੈ। ਇਸ ਮੌਕੇ ਐਸ.ਡੀ. ਐਮ. ਲਵਪ੍ਰੀਤ ਸਿੰਘ, ਮਾਰਕਿਟ ਕਮੇਟੀ ਦੇ ਚੇਅਰਮੈਨ ਰਾਜਵਿੰਦਰ ਸਿੰਘ, ਮਾਰਕਿਟ ਕਮੇਟੀ ਸਕੱਤਰ ਹਰਪ੍ਰੀਤ ਸਿੰਘ, ਡਿਪਟੀ ਡਾਇਰੈਕਟਰ ਖੁਰਾਕ ਸਪਲਾਈ ਰਜਨੀਸ਼ ਕੁਮਾਰੀ, ਡੀ. ਐਫ. ਐਸ.ਸੀ. ਪ੍ਰੀਤਕਮਲ ਸੂਦ ਆਦਿ ਵੀ ਮੌਜੂਦ ਸਨ।

# ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਬਿੱਲ ਨੂੰ ਪ੍ਰਵਾਨਗੀ ਦੇਣ ਲਈ ਸੁਨੀਲ ਜਾਖੜ ਵੱਲੋਂ ਰਾਜਪਾਲ ਦਾ ਧੰਨਵਾਦ

ਚੰਡੀਗੜ੍ਹ, 19 ਅਪ੍ਰੈਲ (ਹਰਦੀਪ ਕੌਰ): ਭਾਰਤੀ ਜਨਤਾ ਪਾਰਟੀ ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਨੇ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਬਿਲ 2026 ਨੂੰ ਪ੍ਰਵਾਨਗੀ ਦੇਣ ਲਈ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਦਾ ਧੰਨਵਾਦ ਕਰਦਿਆਂ ਸਰਕਾਰ ਤੋਂ ਮੰਗ ਕੀਤੀ ਹੈ ਕਿ ਸਾਰੇ ਧਰਮਾਂ ਨਾਲ ਸੰਬੰਧਿਤ ਬੇਅਦਬੀਆਂ ਰੋਕਣ ਲਈ ਜੋ ਕਾਨੂੰਨ ਦਾ ਖਰੜਾ ਸਿਲੈਕਟ ਕਮੇਟੀ ਨੂੰ ਭੇਜਿਆ ਗਿਆ ਹੈ, ਪੰਜਾਬ ਸਰਕਾਰ ਉਹ ਵੀ ਛੇਤੀ ਵਿਧਾਨ ਸਭਾ ਵਿੱਚ ਲੈ ਕੇ ਆਵੇ ਤਾਂ ਜੋ ਸਾਰੇ ਧਰਮਾਂ ਦੀ ਬੇਅਦਬੀ ਰੋਕਣ ਸਬੰਧੀ ਕਾਨੂੰਨ ਬਣ ਸਕੇ।



ਇਸ ਸਬੰਧੀ ਆਪਣੇ ਇਕ ਸੋਸ਼ਲ ਮੀਡੀਆ ਸੁਨੇਹੇ ਵਿਚ ਸੁਨੀਲ ਜਾਖੜ ਨੇ ਲਿਖਿਆ ਹੈ "ਮਾਨਯੋਗ ਰਾਜਪਾਲ ਪੰਜਾਬ ਸ੍ਰੀ ਗੁਲਾਬ ਚੰਦ ਕਟਾਰੀਆ ਜੀ ਦਾ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਬਿਲ 2026 ਨੂੰ ਪ੍ਰਵਾਨਗੀ ਦੇਣ ਲਈ ਬਹੁਤ ਬਹੁਤ ਧੰਨਵਾਦ। ਇਸ ਕਾਨੂੰਨ ਦੇ ਬਣਨ ਤੋਂ ਬਾਅਦ ਬੇਅਦਬੀ ਦੀਆਂ ਘਟਨਾਵਾਂ ਕਰਨ ਵਾਲਿਆਂ ਨੂੰ ਹੁਣ ਸਖਤ ਸਜਾਵਾਂ ਮਿਲਣਗੀਆਂ। ਅਸੀਂ ਇਹ ਵੀ ਆਸ ਕਰਦੇ ਹਾਂ ਕਿ ਸਾਰੇ ਧਰਮਾਂ ਨਾਲ ਸੰਬੰਧਿਤ ਬੇਅਦਬੀਆਂ ਰੋਕਣ ਲਈ ਜੋ ਕਾਨੂੰਨ ਦਾ ਖਰੜਾ ਸਿਲੈਕਟ ਕਮੇਟੀ ਨੂੰ ਭੇਜਿਆ ਗਿਆ ਹੈ, ਪੰਜਾਬ ਸਰਕਾਰ ਉਹ ਵੀ ਛੇਤੀ ਵਿਧਾਨ ਸਭਾ ਵਿੱਚ ਲੈ ਕੇ ਆਵੇ ਤਾਂ ਜੋ ਸਾਰੇ ਧਰਮਾਂ ਦੀ ਬੇਅਦਬੀ ਰੋਕਣ ਸਬੰਧੀ ਕਾਨੂੰਨ ਬਣ ਸਕੇ।"

ਭਾਜਪਾ ਪ੍ਰਧਾਨ ਨੇ ਕਿਹਾ ਕਿ ਇਹ ਕਾਨੂੰਨ ਪਾਸ ਹੋਣ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲਿਆਂ ਨੂੰ ਸਖ਼ਤ ਸਜਾਵਾਂ ਦੇਣ ਦਾ ਰਾਹ ਪੱਧਰਾ ਹੋ ਗਿਆ ਪਰ ਨਾਲ ਹੀ ਉਨ੍ਹਾਂ ਨੇ ਪੰਜਾਬ ਸਰਕਾਰ ਤੋਂ ਉਸ ਕਾਨੂੰਨ ਦੇ ਖਰੜੇ ਨੂੰ ਵੀ ਪੰਜਾਬ ਵਿਧਾਨ ਸਭਾ ਵਿਚ ਲਿਆਉਣ ਲਈ ਕਿਹਾ ਹੈ ਜਿਸ ਨੂੰ ਪਿੱਛਲੇ ਸਾਲ ਵਿਧਾਨ ਸਭਾ ਦੇ ਸੈਸ਼ਨ ਦੌਰਾਨ ਵਿਚਾਰ ਲਈ ਸਿਲੈਕਟ ਕਮੇਟੀ ਨੂੰ ਭੇਜਿਆ ਗਿਆ ਸੀ। ਉਨ੍ਹਾਂ ਨੇ ਕਿਹਾ ਕਿ ਪ੍ਰਾਣ ਪ੍ਰਤਿਸਿਠਤ ਮੂਰਤੀਆਂ ਅਤੇ ਹਿੰਦੂ ਧਰਮ ਸਮੇਤ ਸਾਰੇ ਧਰਮਾਂ ਦੇ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਰੋਕਣ ਸਬੰਧੀ ਵੀ ਕਾਨੂੰਨ ਬਣਾਇਆ ਜਾਣਾ ਚਾਹੀਦਾ ਹੈ ਕਿਉਂਕਿ ਸਮਾਜ ਵਿਚ ਵੰਡ ਪਾਊ ਤਾਕਤਾਂ ਪਿੱਛਲੇ ਸਮੇਂ ਵਿਚ ਅਜਿਹੀਆਂ ਕੋਝੀਆਂ ਹਰਕਤਾਂ ਕਰਦੀਆਂ ਰਹੀਆਂ ਹਨ। ਉਨ੍ਹਾਂ ਨੇ ਕਿਹਾ ਕਿ ਸਰਕਾਰ ਨੂੰ ਹੁਣ ਉਕਤ ਕਾਨੂੰਨ ਨੂੰ ਵੀ ਜਲਦ ਵਿਧਾਨ ਸਭਾ ਵਿਚ ਪੇਸ਼ ਕਰਕੇ ਕਾਨੂੰਨ ਬਣਾਉਣਾ ਚਾਹੀਦਾ ਹੈ, ਜਿਸ ਦੀ ਮੰਗ ਸਰਵ ਧਰਮ ਸਮਾਜ ਵੱਲੋਂ ਕੀਤੀ ਜਾ ਰਹੀ ਹੈ।

# ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਸਰੀ 'ਚ ਸਜਾਇਆ ਵਿਸ਼ਾਲ ਨਗਰ ਕੀਰਤਨ

## ਸੰਗਤਾਂ ਵੱਲੋਂ ਸਜਾਈਆਂ ਕੇਸਰੀ-ਨੀਲੀਆਂ ਦਸਤਾਰਾਂ ਤੇ ਦੁਪੱਟਿਆਂ ਨਾਲ ਮਾਹੌਲ ਖਾਲਸਾਈ ਰੰਗ 'ਚ ਰੰਗਿਆ ਨਜ਼ਰੀ ਆਇਆ




ਵੈਨਕੂਵਰ, 19 ਅਪ੍ਰੈਲ (ਚ.ਨ.ਸ.): ਮਿੰਨੀ ਪੰਜਾਬ ਵਜੋਂ ਜਾਣੇ ਜਾਂਦੇ ਕਨੇਡਾ ਦੇ ਸਰੀ ਸ਼ਹਿਰ ਦੀ 128 ਸਟਰੀਟ ਤੇ ਸਥਿਤ ਗੁ. ਦਸ਼ਮੇਸ਼ ਦਰਬਾਰ ਤੋਂ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਇੱਕ ਮਹਾਨ ਨਗਰ ਕੀਰਤਨ ਸਜਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਚ ਸੰਗਤਾਂ ਨੇ ਸ਼ਮੂਲੀਅਤ ਕੀਤੀ । ਅੱਜ ਸਵੇਰ ਵੇਲੇ ਗੁ. ਸਾਹਿਬ ਤੋਂ ਗ੍ਰੰਥੀ ਸਿੰਘ ਵੱਲੋਂ ਅਰਦਾਸ ਕਰਨ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਛਤਰ ਛਾਇਆ ਹੇਠ ਅਤੇ ਪੰਜਾਂ ਪਿਆਰਿਆਂ ਦੀ ਅਗਵਾਈ 'ਚ ਆਰੰਭ ਹੋਇਆ । ਇਹ ਨਗਰ ਕੀਰਤਨ ਆਪਣੇ ਤੈਅ ਰਸਤਿਆਂ ਰਾਹੀਂ ਹੁੰਦਾ ਹੋਇਆ ਸ਼ਾਮ ਨੂੰ ਗੁ. ਦਸ਼ਮੇਸ਼ ਦਰਬਾਰ ਸਾਹਿਬ ਵਿਖੇ ਸੰਪਨ ਹੋ ਗਿਆ। ਨਗਰ ਕੀਰਤਨ 'ਚ ਸ਼ਾਮਲ ਹੋਈਆਂ ਸੰਗਤਾਂ ਵੱਲੋਂ ਸਜਾਈਆਂ ਗਈਆਂ ਕੇਸਰੀ, ਨੀਲੀਆਂ ਦਸਤਾਰਾਂ ਅਤੇ ਦੁਪੱਟਿਆਂ ਦੀ ਬਹੁਤਾਤ ਨਾਲ ਸਮੁੱਚਾ ਮਾਹੌਲ ਖਾਲਸਾਈ ਰੰਗ 'ਚ ਰੰਗਿਆ ਨਜ਼ਰੀ ਆਇਆ। ਇਸ ਦੇ ਨਾਲ ਵੱਖ-ਵੱਖ ਕਾਰੋਬਾਰੀ ਅਦਾਰਿਆਂ ਅਤੇ ਸਥਾਨਕ ਸਿੱਖ ਸੰਗਤਾਂ ਵੱਲੋਂ ਨਿਰਧਾਰਿਤ ਥਾਵਾਂ ਤੇ ਵੱਖ-ਵੱਖ ਪਕਵਾਨਾਂ ਦੇ ਅਟੁੱਟ ਲੰਗਰਾਂ ਦਾ ਪ੍ਰਬੰਧ ਕੀਤਾ ਗਿਆ। ਇੰਤਜ਼ਾਮ ਵੀ ਸਲਾਹੁਣਯੋਗ ਸੀ ਨਗਰ ਕੀਰਤਨ ਦੌਰਾਨ ਵੱਖ-ਵੱਖ ਵਾਹਨਾਂ ਤੇ ਸੜਕ ਦੇ ਦੁਵੱਲੇ ਪਾਸੇ ਸਜਾਈਆਂ ਗਈਆਂ ਆਰਜੀ ਸਟੇਜਾਂ ਤੋਂ ਵੱਖ ਵੱਖ ਢਾਡੀ, ਕਵੀਸ਼ਰੀ ਅਤੇ ਕੀਰਤਨੀ ਜਥਿਆਂ ਤੋਂ ਇਲਾਵਾ ਵੱਖ-ਵੱਖ ਸਕੂਲਾਂ ਦੇ ਬੱਚਿਆ ਵੱਲੋਂ ਹਾਜ਼ਰ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ ਗਿਆ।

ਪ੍ਰਬੰਧਕਾਂ ਵੱਲੋਂ ਸਮੁੱਚੇ ਨਗਰ ਕੀਰਤਨ ਦੇ ਰੂਟ ਤੇ ਹੋਰਨਾਂ ਪ੍ਰਬੰਧਾਂ ਨੂੰ ਬੜੇ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਵਿਆਪਕ ਇੰਤਜ਼ਾਮ ਕੀਤੇ ਗਏ ਸਨ, ਜਦਕਿ ਸਥਾਨਕ ਪੁਲਸ ਅਤੇ ਸਰੀ ਸਿਟੀ ਦੇ ਸਾਂਝੇ ਸਹਿਯੋਗ ਨਾਲ ਟ੍ਰੈਫਿਕ ਸਬੰਧੀ ਬਦਲਵੇਂ ਰੂਟਾਂ ਦਾ ਪ੍ਰਬੰਧ ਕੀਤਾ ਗਿਆ ਸੀ।

ਸਿੱਖ ਸੰਗਤਾਂ ਵੱਲੋਂ ਦੁਨੀਆ ਭਰ 'ਚ ਸਜਾਏ ਜਾਂਦੇ ਵੱਡੇ ਨਗਰ ਕੀਰਤਨਾਂ ਵਿੱਚੋਂ ਸੰਗਤਾਂ ਦੇ ਵੱਡੇ ਇਕੱਠ ਵਜੋਂ ਜਾਣੇ ਜਾਂਦੇ ਇਸ ਮਹਾਨ ਨਗਰ ਕੀਰਤਨ 'ਚ ਤਕਰੀਬਨ 6 ਲੱਖ ਦੇ ਆਸ ਪਾਸ ਸੰਗਤਾਂ ਦੀ ਛਮੂਲੀਅਤ ਕੀਤੀ ਗਈ।

# ਪੰਜਾਬ ਸਰਕਾਰ ਵੱਲੋਂ ਵਿਧਵਾ ਤੇ ਨਿਆਸ਼ਰਿਤ ਔਰਤਾਂ ਲਈ 102 ਕਰੋੜ ਤੋਂ ਵੱਧ ਰਾਸ਼ੀ ਜਾਰੀ : ਡਾ. ਬਲਜੀਤ ਕੌਰ



ਚੰਡੀਗੜ੍ਹ, 19 ਅਪ੍ਰੈਲ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ ਵਿਧਵਾ ਅਤੇ ਨਿਆਸ਼ਰਿਤ ਔਰਤਾਂ ਦੀ ਆਰਥਿਕ ਸੁਰੱਖਿਆ ਅਤੇ ਆਤਮ-ਸਨਮਾਨ ਨੂੰ ਮਜ਼ਬੂਤ ਕਰਨ ਲਈ ਵੱਡਾ ਕਦਮ ਚੁੱਕਦਿਆਂ ਵਿੱਤੀ ਸਾਲ 2026-27 ਦੇ ਮਹੀਨਾ ਮਾਰਚ ਲਈ 102 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਜਾਰੀ ਕੀਤੀ ਗਈ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਸਮਾਜ ਦੇ ਕਮਜ਼ੋਰ ਵਰਗਾਂ, ਖਾਸ ਕਰਕੇ ਔਰਤਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣ ਲਈ ਲਗਾਤਾਰ ਲੋਕ-ਕੇਂਦਰਿਤ ਅਤੇ ਨਤੀਜਾ-ਮੁੱਖੀ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਵਿੱਤੀ ਸਹਾਇਤਾ ਹਜ਼ਾਰਾਂ ਔਰਤਾਂ ਲਈ ਸਹਾਰਾ ਬਣ ਰਹੀ ਹੈ, ਜਿਸ ਨਾਲ ਉਹ ਆਪਣੀਆਂ ਰੋਜ਼ਾਨਾ ਦੀਆਂ ਜ਼ਰੂਰਤਾਂ ਪੂਰੀਆਂ ਕਰਦੀਆਂ ਹੋਈਆਂ ਆਤਮ-ਵਿਸ਼ਵਾਸ ਨਾਲ ਜੀਵਨ ਬਤੀਤ ਕਰ ਸਕਦੀਆਂ ਹਨ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਵੇਲੇ ਸੂਬੇ ਦੀਆਂ 6,83,004 ਵਿਧਵਾ ਅਤੇ ਨਿਆਸ਼ਰਿਤ ਔਰਤਾਂ ਨੂੰ ਇਸ ਸਕੀਮ ਦਾ ਲਾਭ ਦਿੱਤਾ ਜਾ ਰਿਹਾ ਹੈ ਅਤੇ ਉਨ੍ਹਾਂ ਨੂੰ ਹਰ ਮਹੀਨੇ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ।

ਡਾ. ਬਲਜੀਤ ਕੌਰ ਨੇ ਹੋਰ ਦੱਸਿਆ ਕਿ ਵਿੱਤੀ ਸਾਲ 2026-27 ਦੌਰਾਨ ਯੋਗ ਲਾਭਪਾਤਰੀਆਂ ਨੂੰ ਨਿਰਵਿਘਨ ਪੈਨਸ਼ਨ ਜਾਰੀ ਰਹੇ। ਇਸ ਲਈ ਪੰਜਾਬ ਸਰਕਾਰ ਵੱਲੋਂ 1200 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਦਾ ਬਜਟ ਉਪਬੰਧ ਕੀਤਾ ਗਿਆ ਹੈ, ਜੋ ਔਰਤਾਂ ਦੀ ਸਮਾਜਿਕ ਸੁਰੱਖਿਆ ਪ੍ਰਤੀ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਦੱਸਿਆ ਕਿ 58 ਸਾਲ ਤੋਂ ਘੱਟ ਉਮਰ ਦੀਆਂ ਵਿਧਵਾ ਅਤੇ ਨਿਆਸ਼ਰਿਤ ਔਰਤਾਂ, 30 ਸਾਲ ਤੋਂ ਵੱਧ ਉਮਰ ਦੀਆਂ ਅਣਵਿਆਹੀਆਂ ਔਰਤਾਂ ਤੇ 60,000 ਰੁਪਏ ਜਾਂ ਇਸ ਤੋਂ ਘੱਟ ਸਾਲਾਨਾ ਆਮਦਨ ਵਾਲੀਆਂ ਔਰਤਾਂ ਇਸ ਸਕੀਮ ਦਾ ਲਾਭ ਲੈਣ ਲਈ ਯੋਗ ਹਨ।

ਡਾ. ਬਲਜੀਤ ਕੌਰ ਨੇ ਦੁਹਰਾਇਆ ਕਿ ਪੰਜਾਬ ਸਰਕਾਰ ਸੂਬੇ ਦੀਆਂ ਔਰਤਾਂ ਦੀ ਭਲਾਈ ਅਤੇ ਸਸ਼ਕਤੀਕਰਨ ਲਈ ਵਚਨਬੱਧ ਹੈ ਅਤੇ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਹਰ ਯੋਗ ਔਰਤ ਨੂੰ ਸਮੇਂ ਸਿਰ ਵਿੱਤੀ ਸਹਾਇਤਾ ਮਿਲੇ। ਉਨ੍ਹਾਂ ਕਿਹਾ ਕਿ ਅਜਿਹੀਆਂ ਯੋਜਨਾਵਾਂ ਨਾਲ ਔਰਤਾਂ ਦੀ ਆਰਥਿਕ ਸਥਿਤੀ ਮਜ਼ਬੂਤ ਹੋਣ ਦੇ ਨਾਲ-ਨਾਲ ਉਨ੍ਹਾਂ ਨੂੰ ਆਤਮ-ਸਨਮਾਨ ਨਾਲ ਜੀਵਨ ਬਤੀਤ ਕਰਨ ਵਿੱਚ ਮਦਦ ਮਿਲ ਰਹੀ ਹੈ।

## ਜਨਮਦਿਨ ਮੁਬਾਰਕ



ਗੁਰਵੀਰ ਸਿੰਘ



ਪ੍ਰਭਜੋਤ ਸਿੰਘ


ਸਮੈਮ ਸਕੀਮ ਤਹਿਤ ਖੇਤੀ ਮਸ਼ੀਨਾਂ 'ਤੇ ਸਬਸਿਡੀ ਲਈ ਬਿਨੈ ਪੱਤਰਾਂ ਦੀ ਮੰਗ

ਪੰਜਾਬ ਸਰਕਾਰ ਵੱਲੋਂ ਰਾਜ ਵਿੱਚ ਖੇਤੀ ਮਸ਼ੀਨੀਕਰਨ ਨੂੰ ਉਤਸ਼ਾਹਿਤ ਕਰਨ ਲਈ ਸਮੈਮ ਸਕੀਮ ਤਹਿਤ ਮਸ਼ੀਨਾਂ 'ਤੇ ਸਬਸਿਡੀ ਲਈ ਆਨਲਾਈਨ ਪੋਰਟਲ agrimachinerypb.com ਰਾਹੀਂ ਅਰਜ਼ੀਆਂ ਦੀ ਮੰਗ ਕੀਤੀ ਜਾਂਦੀ ਹੈ

ਸਕੀਮ ਅਧੀਨ ਸਬਸਿਡੀ 'ਤੇ ਮੁਹੱਈਆ ਕਰਵਾਈਆਂ ਜਾਣ ਵਾਲੀਆਂ ਮੁੱਖ ਮਸ਼ੀਨਾਂ ਹੇਠ ਲਿਖੇ ਅਨੁਸਾਰ ਹਨ:-

- ਡੀ.ਐਸ.ਆਰ. ਡਰਿੱਲ
- ਪੈਡੀ ਟਰਾਂਸਪਲਾਂਟਰਜ਼
- ਪੀ.ਟੀ.ਓ. ਆਪਰੇਟਿਡ ਬੰਡ ਫੋਰਮਰ
- ਟਰੈਕਟਰ ਆਪਰੇਟਿਡ ਬੂਮ ਸਪਰੇਅਰ
- ਹਾਈ ਕਲੀਅਰੈਂਸ ਬੂਮ ਸਪਰੇਅਰ
- ਨਰਸਰੀ ਸੀਡਰ
- ਪੀ.ਟੀ.ਓ. ਆਪਰੇਟਿਡ ਫ਼ਰਟੀਲਾਈਜ਼ਰ ਸਪਰੈਡਰ
- ਟਰੈਕਟਰ ਆਪਰੇਟਿਡ ਇਲੈਕਟ੍ਰੋਸਟੈਟਿਕ ਸਪਰੇਅਰ

ਸਬਸਿਡੀ 'ਤੇ ਮੁਹੱਈਆ ਕਰਵਾਈਆਂ ਜਾ ਰਹੀਆਂ ਸਮੂਹ ਮਸ਼ੀਨਾਂ ਦੀ ਸੂਚੀ ਪੋਰਟਲ 'ਤੇ ਉਪਲਬਧ ਹੈ।

ਕਸਟਮ ਹਾਈਰਿੰਗ ਸੈਂਟਰ ਸਥਾਪਿਤ ਕਰਨ ਲਈ ਵੀ ਪ੍ਰਤੀਬੇਨਤੀਆਂ ਪੋਰਟਲ ਰਾਹੀਂ ਦਿੱਤੀਆਂ ਜਾ ਸਕਦੀਆਂ ਹਨ।

ਸਬਸਿਡੀ ਦੀ ਦਰ ਸਮੈਮ ਸਕੀਮ ਦੀਆਂ ਗਾਈਡਲਾਈਨਜ ਅਨੁਸਾਰ ਹੋਵੇਗੀ

ਭਾਰਤ ਸਰਕਾਰ ਵੱਲੋਂ ਸਾਲ 2026-27 ਦੌਰਾਨ SMAM- NMAM ਸਕੀਮ ਦੀਆਂ ਨਵੀਆਂ ਹਦਾਇਤਾਂ ਪ੍ਰਾਪਤ ਹੋਣ ਤੇ ਸਬਸਿਡੀ ਤੇ ਮੁਹੱਈਆ ਕਰਵਾਈ ਜਾਣ ਵਾਲੀਆਂ ਮਸ਼ੀਨਾਂ ਦੀ ਸੂਚੀ ਵਿੱਚ ਬਦਲਾਅ ਕੀਤਾ ਜਾ ਸਕਦਾ ਹੈ।

ਸਬਸਿਡੀ ਲੈਣ ਦੇ ਚਾਹਵਾਨ ਮਿਤੀ 20.04.2026 ਤੋਂ 12.05.2026 ਸ਼ਾਮ 5 ਵਜੇ ਤੱਕ ਆਪਣੀਆਂ ਅਰਜੀਆਂ ਆਨਲਾਈਨ agrimachinerypb.com ਪੋਰਟਲ ਰਾਹੀਂ ਦੇ ਸਕਦੇ ਹਨ।

ਵਧੇਰੇ ਜਾਣਕਾਰੀ ਲਈ ਵਿਭਾਗ ਦੀ ਵੈਬਸਾਈਟ ਜਾਂ ਆਪਣੇ ਜਿਲ੍ਹੇ ਦੇ ਮੁੱਖ ਖੇਤੀਬਾੜੀ ਅਧਿਕਾਰੀ ਨਾਲ ਸੰਪਰਕ ਕਰੋ ਜੀ।

ਉੱਨਤ ਮਸ਼ੀਨਾਂ ਅਪਣਾਓ, ਖੇਤੀ ਖਰਚੇ ਘਟਾਓ

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ



ਸ. ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ

## ਸੰਪਾਦਕੀ

# ਕੀ ਭਾਰਤ ਤਾਨਾਸ਼ਾਹੀ ਵੱਲ ਵੱਧ ਰਿਹਾ ਹੈ ਜਾਂ ਲੋਕਤੰਤਰ ਮਜ਼ਬੂਤ ਹੋ ਰਿਹਾ ਹੈ ?

ਮੌਜੂਦਾ ਹਾਲਾਤਾਂ ਦੇ ਮੱਦੇਨਜ਼ਰ ਇਹ ਸਵਾਲ ਬਹੁਤ ਹੀ ਮਹੱਤਵਪੂਰਨ ਬਣ ਗਿਆ ਹੈ ਕਿ ਕੀ ਭਾਰਤ ਇੱਕ ਮਜ਼ਬੂਤ ਲੋਕਤੰਤਰ ਵਜੋਂ ਅੱਗੇ ਵੱਧ ਰਿਹਾ ਹੈ ਜਾਂ ਹੌਲੀ-ਹੌਲੀ ਤਾਨਾਸ਼ਾਹੀ ਵੱਲ ਪੈਰ ਪਾ ਰਿਹਾ ਹੈ। ਇੱਕ ਪਾਸੇ ਸਰਕਾਰ ਆਪਣੇ ਫ਼ੈਸਲਿਆਂ ਨੂੰ ਦੇਸ਼ ਦੀ ਤਰੱਕੀ, ਸੁਰੱਖਿਆ ਅਤੇ ਵਿਕਾਸ ਲਈ ਲਾਜ਼ਮੀ ਦੱਸਦੀ ਹੈ ਜਦਕਿ ਦੂਜੇ ਪਾਸੇ ਵਿਰੋਧੀ ਧਿਰ ਅਤੇ ਕਈ ਸਿਵਲ ਸਮਾਜ ਦੇ ਹਿੱਸੇ ਇਹ ਦਲੀਲ ਦੇ ਰਹੇ ਹਨ ਕਿ ਲੋਕਤੰਤਰਕ ਸੰਸਥਾਵਾਂ ਦੀ ਆਜ਼ਾਦੀ ਘੱਟ ਰਹੀ ਹੈ। ਲੋਕਤੰਤਰ ਦੀ ਸਭ ਤੋਂ ਵੱਡੀ ਪਹਿਚਾਣ ਹੈ ਅਭਿਵੈਕਤੀ ਦੀ ਆਜ਼ਾਦੀ, ਨਿਆਂਪਾਲਿਕਾ ਦੀ ਸੁਤੰਤਰਤਾ ਅਤੇ ਮੀਡੀਆ ਦੀ ਨਿਰਪੱਖਤਾ। ਅੱਜ ਦੇ ਦੌਰ ਵਿੱਚ ਮੀਡੀਆ ਉੱਤੇ ਵਧਦਾ ਦਬਾਅ, ਵਿਰੋਧੀ ਆਵਾਜ਼ਾਂ ਨੂੰ ਘੱਟ ਜਗ੍ਹਾ ਮਿਲਣਾ ਅਤੇ ਸੋਸ਼ਲ ਮੀਡੀਆ ਉੱਤੇ ਨਿਗਰਾਨੀ ਦੇ ਮਸਲੇ ਚਰਚਾ ਵਿੱਚ ਹਨ। ਜੇ ਲੋਕ ਆਪਣੇ ਵਿਚਾਰ ਬੇਝਿਜਕ ਨਹੀਂ ਰੱਖ ਸਕਦੇ ਤਾਂ ਇਹ ਲੋਕਤੰਤਰ ਦੀ ਆਤਮਾ ਲਈ ਚਿੰਤਾ ਦੀ ਗੱਲ ਹੈ। ਇਸਦੇ ਨਾਲ ਹੀ ਕਾਨੂੰਨੀ ਏਜੰਸੀਆਂ ਦੇ ਵਰਤੋਂ ਉੱਤੇ ਵੀ ਸਵਾਲ ਉੱਠ ਰਹੇ ਹਨ। ਜੇਕਰ ਇਹ ਸੰਸਥਾਵਾਂ ਨਿਰਪੱਖ ਨਾ ਰਹਿ ਕੇ ਕਿਸੇ ਇੱਕ ਰਾਜਨੀਤਿਕ ਧਿਰ ਦੇ ਹੱਕ ਵਿੱਚ ਵਰਤੀਆਂ ਜਾਣ ਤਾਂ ਇਹ ਸੰਕੇਤ ਹੋ ਸਕਦਾ ਹੈ ਕਿ ਤਾਕਤ ਦਾ ਕੇਂਦਰੀਕਰਨ ਹੋ ਰਿਹਾ ਹੈ। ਲੋਕਤੰਤਰ ਵਿੱਚ ਸੰਤੁਲਨ ਅਤੇ ਜਵਾਬਦੇਹੀ ਬਹੁਤ ਜ਼ਰੂਰੀ ਹੁੰਦੇ ਹਨ ਅਤੇ ਇਹਨਾਂ ਦੀ ਕਮੀ ਕਿਸੇ ਵੀ ਦੇਸ਼ ਨੂੰ ਤਾਨਾਸ਼ਾਹੀ ਵੱਲ ਧੱਕ ਸਕਦੀ ਹੈ।

ਹਾਲਾਂਕਿ, ਦੂਜੇ ਪਾਸੇ ਇਹ ਵੀ ਸੱਚ ਹੈ ਕਿ ਦੇਸ਼ ਵਿੱਚ ਚੋਣਾਂ ਨਿਯਮਤ ਤੌਰ 'ਤੇ ਹੋ ਰਹੀਆਂ ਹਨ ਅਤੇ ਲੋਕਾਂ ਨੂੰ ਆਪਣੇ ਪ੍ਰਤੀਨਿੱਧੀਆਂ ਨੂੰ ਚੁਣਨ ਦਾ ਅਧਿਕਾਰ ਪ੍ਰਾਪਤ ਹੈ। ਸਰਕਾਰ ਵੱਲੋਂ ਲਏ ਜਾ ਰਹੇ ਕਈ ਵਿਕਾਸੀ ਕਦਮ ਜਿਵੇਂ ਬੁਨਿਆਦੀ ਢਾਂਚੇ ਦਾ ਵਿਕਾਸ, ਡਿਜ਼ੀਟਲ ਭਾਰਤ ਦੀ ਪਹਿਲ ਅਤੇ ਵਿਦੇਸ਼ ਨੀਤੀ ਵਿੱਚ ਮਜ਼ਬੂਤੀ ਇਹ ਦਰਸਾਉਂਦੇ ਹਨ ਕਿ ਦੇਸ਼ ਤਰੱਕੀ ਦੇ ਰਾਹ 'ਤੇ ਹੈ। ਅਸਲ ਸਵਾਲ ਇਹ ਨਹੀਂ ਕਿ ਭਾਰਤ ਤਾਨਾਸ਼ਾਹ ਬਣ ਗਿਆ ਹੈ ਜਾਂ ਨਹੀਂ, ਸਗੋਂ ਇਹ ਹੈ ਕਿ ਕੀ ਅਸੀਂ ਉਹਨਾਂ ਸੰਸਥਾਵਾਂ ਅਤੇ ਮੁੱਲਾਂ ਦੀ ਰੱਖਿਆ ਕਰ ਰਹੇ ਹਾਂ ਜੋ ਲੋਕਤੰਤਰ ਦੀ ਨੀਂਹ ਹਨ। ਜੇ ਨਾਗਰਿਕ ਜਾਗਰੂਕ ਰਹਿੰਦੇ ਹਨ, ਮੀਡੀਆ ਆਪਣੀ ਜ਼ਿੰਮੇਵਾਰੀ ਨਿਭਾਂਦਾ ਹੈ ਅਤੇ ਨਿਆਂਪਾਲਿਕਾ ਨਿਰਪੱਖ ਰਹਿੰਦੀ ਹੈ ਤਾਂ ਕਿਸੇ ਵੀ ਤਰ੍ਹਾਂ ਦੀ ਤਾਨਾਸ਼ਾਹੀ ਦੇ ਖਤਰੇ ਨੂੰ ਟਾਲਿਆ ਜਾ ਸਕਦਾ ਹੈ। ਭਾਰਤ ਦਾ ਭਵਿੱਖ ਨਾ ਤਾਂ ਸਿਰਫ਼ ਸਰਕਾਰ ਦੇ ਹੱਥ ਵਿੱਚ ਹੈ ਅਤੇ ਨਾ ਹੀ ਵਿਰੋਧੀ ਧਿਰ ਦੇ ਇਹ ਹਰ ਨਾਗਰਿਕ ਦੀ ਜ਼ਿੰਮੇਵਾਰੀ ਹੈ ਕਿ ਉਹ ਆਪਣੇ ਅਧਿਕਾਰਾਂ ਅਤੇ ਫ਼ਰਜ਼ਾਂ ਨੂੰ ਸਮਝੇ ਅਤੇ ਲੋਕਤੰਤਰ ਨੂੰ ਮਜ਼ਬੂਤ ਬਣਾਉਣ ਵਿੱਚ ਯੋਗਦਾਨ ਪਾਏ।

-ਜਗਜੀਤ ਸਿੰਘ ਦਰਦੀ

ਕਿਹੜਾ ਨਵਾਂ ਨੈਰੇਟਿਵ ਹੋਏਗਾ- 2027 ਵਿੱਚ ?

# ਕੀ ਇਸੇ ਤਰ੍ਹਾਂ ਹੀ ਚੱਲਦਾ ਰਹੇਗਾ ਇਹ ਬੋਧਕ ਕੰਗਾਲ ਪੰਜਾਬ ?



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

*ਅੱਜ ਦਾ ਆਰਥਿਕ ਸਰਵੇਖਣ 2025-26 ਮੁਤਾਬਕ ਖੇਤੀ ਵਿਕਾਸ ਘੱਟ ਰਿਹਾ ਹੈ ਅਤੇ ਰਾਜ ਦੀ ਆਰਥਿਕ ਵਿਕਾਸ ਦਰ ਰਾਸ਼ਟਰੀ ਔਸਤ ਤੋਂ ਘੱਟ ਹੈ। ਯੁਵਕ ਖੇਤੀ ਤੋਂ ਮੋਹ ਭੰਗ ਕਰ ਚੁੱਕੇ ਹਨ। ਬੇਰੁਜ਼ਗਾਰੀ ਬਿਊਰੋ ਵਿੱਚ ਰਜਿਸਟਰਡ ਲਗਭਗ 1.22 ਲੱਖ ਉਮੀਦਵਾਰਾਂ ਵਿੱਚੋਂ ਬਹੁਤੇ ਅਨਸਕਿਲਡ ਹਨ ਅਤੇ ਉਨ੍ਹਾਂ ਦੀਆਂ ਉਮੀਦਾਂ ਨਾਲ ਨੌਕਰੀਆਂ ਮੇਲ ਨਹੀਂ ਖਾਂਦੀਆਂ। ਇਸ ਨਾਲ ਡਿਸਟਰੈੱਸ ਮਾਈਗ੍ਰੇਸ਼ਨ ਵੱਧ ਰਿਹਾ ਹੈ — ਯੁਵਕ ਕੈਨੇਡਾ, ਅਮਰੀਕਾ ਅਤੇ ਯੂਕੇ ਵੱਲ ਭੱਜ ਰਹੇ ਹਨ। ਪਰਿਵਾਰ ਖੇਤੀ ਜ਼ਮੀਨ ਵੇਚ ਕੇ ਵੀਜ਼ਾ ਫੀਸ ਭਰ ਰਹੇ ਹਨ। ਇਸ ਨੂੰ ਬ੍ਰੇਨ ਡਰੇਨ ਕਿਹਾ ਜਾਂਦਾ ਹੈ, ਜੋ ਪੰਜਾਬ ਦੀ ਭਵਿੱਖੀ ਤਾਕਤ ਨੂੰ ਖਤਮ ਕਰ ਰਿਹਾ ਹੈ। ਉਦਯੋਗਿਕ ਵਿਕਾਸ ਵੀ ਘੱਟ ਹੈ। ਇਨਵੈਸਟਰ ਸਮਿਟ ਵਿੱਚ ਵਾਅਦੇ ਤਾਂ ਹੁੰਦੇ ਹਨ, ਪਰ ਗ੍ਰਾਊਂਡ 'ਤੇ ਰੋਜ਼ਾਨਾ ਧਰਨੇ, ਅਸਥਿਰਤਾ ਅਤੇ ਭ੍ਰਿਸ਼ਟਾਚਾਰ ਨੇ ਇਨਵੈਸਟਮੈਂਟ ਨੂੰ ਰੋਕਿਆ ਹੋਇਆ ਹੈ।*

ਉਹ ਪੰਜਾਬ ਜੋ ਨਸ਼ਿਆਂ ਵਿੱਚ ਰੁਲ ਗਿਆ ਹੈ, ਖੋਖਲੇ ਰਾਜਨੀਤਿਕ ਵਾਅਦਿਆਂ ਅਤੇ ਪਾਰਟੀਆਂ ਦੀ ਭੇਟ ਚੜ੍ਹ ਗਿਆ ਹੈ, ਜਿਸ ਦਾ ਸ਼ਾਇਦ ਹੁਣ ਕੋਈ ਵਾਲੀ ਵਾਰਸ ਨਹੀਂ ਲੱਗਦਾ-ਇਸ ਪੰਜਾਬ ਬਾਰੇ ਗੱਲ ਕਰਨੀ ਬਹੁਤ ਔਖੀ ਹੈ, ਪਰ ਲਾਜ਼ਮੀ ਹੈ। ਇੱਕ ਵਾਰ ਗ੍ਰੀਨ ਰੈਵੋਲਿਊਸ਼ਨ ਦਾ ਗੌਰਵ, ਖੇਤੀ ਦਾ ਅੰਨ-ਭੰਡਾਰ, ਯੁਵਕਾਂ ਦੀ ਊਰਜਾ ਅਤੇ ਗੁਰੂਆਂ ਦੀ ਧਰਤੀ ਵਜੋਂ ਮਸ਼ਹੂਰ ਇਹ ਸੂਬਾ ਅੱਜ ਇੱਕ ਗੰਭੀਰ ਸੰਕਟ ਵਿੱਚ ਘਿਰਿਆ ਹੋਇਆ ਹੈ। ਨਸ਼ਿਆਂ ਦੀ ਲਾਹਨਤ, ਬੇਰੁਜ਼ਗਾਰੀ, ਬ੍ਰੇਨ ਡਰੇਨ, ਖੇਤੀ ਸੰਕਟ ਅਤੇ ਰਾਜਨੀਤੀ ਦੀ ਖੋਖਲੀ ਖੇਡ ਨੇ ਇਸ ਨੂੰ ਖੋਖਲਾ ਕਰ ਦਿੱਤਾ ਹੈ। ਆਉਣ ਵਾਲੀਆਂ ਪੀੜ੍ਹੀਆਂ ਲਈ ਅਸਲੀ ਨੈਰੇਟਿਵ ਕੌਣ ਰਚੇਗਾ ? ਇਸ ਸਵਾਲ ਦਾ ਜਵਾਬ ਲੱਭਣ ਲਈ ਸਾਨੂੰ ਇਸ ਪੰਜਾਬ ਨੂੰ ਖੁੱਲ੍ਹ ਕੇ ਵੇਖਣਾ ਪਵੇਗਾ - ਬਿਨਾਂ ਕਿਸੇ ਰਾਜਨੀਤਿਕ ਰੰਗ ਤੋਂ। ਉਡਤਾ ਪੰਜਾਬ: ਨਸ਼ਿਆਂ ਦੀ ਲਾਹਨਤ ਅਤੇ ਯੁਵਕਾਂ ਦੀ ਤਬਾਹੀ: ਪੰਜਾਬ ਅੱਜ ਵੀ ਨਸ਼ਿਆਂ ਦੇ ਸੰਕਟ ਨਾਲ ਜੂਝ ਰਿਹਾ ਹੈ।

2025-26 ਵਿੱਚ ਸਰਕਾਰ ਨੇ ਪਹਿਲੀ ਵਾਰ ਡਰੱਗ ਅਤੇ ਸੋਸ਼ਿਓ-ਇਕਾਨਾਮਿਕ ਸੈਂਸਸ ਤੋਂ ਆਗਾਜ਼ ਕੀਤਾ ਹੈ, ਜਿਸ ਵਿੱਚ 65 ਲੱਖ ਘਰਾਂ ਦਾ ਸਰਵੇਖਣ ਕੀਤਾ ਜਾ ਰਿਹਾ ਹੈ। ਪੁਰਾਣੇ ਅਨੁਮਾਨਾਂ ਅਨੁਸਾਰ 30 ਲੱਖ ਤੋਂ ਵੱਧ ਲੋਕ ਕਿਸੇ ਨਾ ਕਿਸੇ ਨਸ਼ੇ ਵਿੱਚ ਫਸੇ ਹੋਏ ਹਨ। ਐੱਨਸੀਬੀ ਅਤੇ ਹੋਰ ਰਿਪੋਰਟਾਂ ਮੁਤਾਬਕ ਬਾਲਗਾਂ ਵਿੱਚ ਲਗਭਗ 73 ਲੱਖ ਲੋਕ ਸ਼ਰਾਬ, 30 ਲੱਖ ਕੈਨਾਬਿਸ ਅਤੇ 21 ਲੱਖ ਓਪੀਓਇਡਜ਼ ਵਰਤਦੇ ਹਨ। ਇਸ ਤੋਂ ਵੀ ਖਤਰਨਾਕ ਗੱਲ ਇਹ ਹੈ ਕਿ 10 ਤੋਂ 17 ਸਾਲ ਦੇ ਲਗਭਗ 7 ਲੱਖ ਬੱਚੇ ਨਸ਼ਿਆਂ ਦੀ ਚਪੇਟ ਵਿੱਚ ਹਨ। ਹੀਰੋਇਨ, ਓਪੀਅਮ, ਫੈਂਟਾਨਾਈਲ ਵਰਗੀਆਂ ਵਸਤਾਂ ਬਾਰਡਰ ਰਾਹੀਂ ਆਉਂਦੀਆਂ ਹਨ ਅਤੇ ਸਥਾਨਕ ਨੈੱਟਵਰਕ ਉਨ੍ਹਾਂ ਨੂੰ ਫੈਲਾਉਂਦਾ ਹੈ। 2015 ਤੋਂ 2024 ਤੱਕ 51,000 ਤੋਂ ਵੱਧ ਐੱਨਡੀਪੀਐੱਸ ਕੇਸ ਰਜਿਸਟਰ ਹੋਏ ਅਤੇ ਹਜ਼ਾਰਾਂ ਕਿਲੋ ਹੀਰੋਇਨ ਬਰਾਮਦ ਹੋਈ। ਓਵਰਡੋਜ਼ ਮੌਤਾਂ ਵੀ ਚਿੰਤਾਜਨਕ ਹਨ — 2022 ਵਿੱਚ 144 ਅਤੇ 2023 ਵਿੱਚ 89 ਮੌਤਾਂ ਰਿਕਾਰਡ ਹੋਈਆਂ। ਡੀ-ਐਡਿਕਸ਼ਨ ਸੈਂਟਰਾਂ ਵਿੱਚ ਰਿਲੈਪਸ ਰੇਟ 65 ਫੀਸਦੀ ਤੋਂ ਵੱਧ ਹੈ ਅਤੇ ਇਲਾਜ ਦੀ ਗੁਣਵੱਤਾ ਘੱਟ ਹੈ।

ਅੱਜ ਇਸ ਸੰਕਟ ਦੀਆਂ ਜੜ੍ਹਾਂ ਡੂੰਘੀਆਂ ਹਨ — ਬੇਰੁਜ਼ਗਾਰੀ, ਮਾਨਸਿਕ ਤਣਾਅ, ਖੇਤੀ ਸੰਕਟ ਅਤੇ ਰਾਜਨੀਤਿਕ ਅਸਫਲਤਾ। ਯੁਵਕ ਬੇਰੁਜ਼ਗਾਰੀ ਅਤੇ ਉਦਾਸੀ ਵਿੱਚ ਫਸ ਕੇ ਨਸ਼ੇ ਵੱਲ ਰੁਖ ਕਰਦਾ ਹੈ। ਸਰਕਾਰਾਂ ਵੱਲੋਂ ਐਨਫੋਰਸਮੈਂਟ 'ਤੇ ਧਿਆਨ ਦਿੱਤਾ ਜਾਂਦਾ ਹੈ, ਪਰ ਰਿਹੈਬਿਲੀਟੇਸ਼ਨ ਅਤੇ ਰੋਕਥਾਮ 'ਤੇ ਘੱਟ ਧਿਆਨ ਹੈ। 2026 ਵਿੱਚ ਵੀ ਇਹ ਸਮੱਸਿਆ ਰਾਜਨੀਤੀ ਦਾ ਮੁੱਖ ਮੁੱਦਾ ਬਣੀ ਹੋਈ ਹੈ, ਪਰ ਅਸਲ ਤਬਦੀਲੀ ਤੋਂ ਬਿਨਾਂ ਇਹ ਸਿਰਫ਼ ਵਾਅਦਿਆਂ ਤੱਕ ਸੀਮਤ ਰਹਿੰਦੀ ਹੈ। **ਰਾਜਨੀਤੀ ਦੀ ਖੋਖਲੀ ਖੇਡ ਅਤੇ ਵੋਟ ਬੈਂਕ ਦੀ ਰਾਜਨੀਤੀ:** ਪੰਜਾਬ ਵਿੱਚ ਰਾਜਨੀਤੀ ਅੱਜ ਵੋਟਾਂ ਦੀ ਛਾਂ 'ਤੇ ਚੱਲ ਰਹੀ ਹੈ। ਭਾਜਪਾ, ਕਾਂਗਰਸ, ਆਪ, ਅਕਾਲੀ ਦਲ — ਸਭ ਆਪਣੀਆਂ ਵੋਟ ਬੈਂਕਾਂ (ਜਾਤੀ, ਧਰਮੀ, ਖੇਤੀ ਅਤੇ ਨਸ਼ਾ ਵਿਰੋਧੀ) ਨੂੰ ਖੁਸ਼ ਰੱਖਣ ਲਈ ਰਾਜਨੀਤੀ ਕਰਦੀਆਂ ਹਨ। ਚੋਣਾਂ ਵਿੱਚ ਨਸ਼ਾ ਵਿਰੋਧੀ, ਰੁਜ਼ਗਾਰ ਅਤੇ ਖੇਤੀ ਲੋਨ ਮਾਫੀ ਵਰਗੇ ਵਾਅਦੇ ਕੀਤੇ ਜਾਂਦੇ ਹਨ, ਪਰ ਸੱਤਾ ਵਿੱਚ ਆਉਣ ਤੋਂ ਬਾਅਦ ਉਹ ਖੋਖਲੇ ਸਾਬਤ ਹੋ ਜਾਂਦੇ ਹਨ।

ਆਪ ਸਰਕਾਰ ਨੇ 25 ਲੱਖ ਨੌਕਰੀਆਂ ਦਾ ਵਾਅਦਾ ਕੀਤਾ ਸੀ, ਪਰ ਬੇਰੁਜ਼ਗਾਰੀ ਅਜੇ ਵੀ ਉੱਥੇ ਹੀ ਹੈ। ਵਿਰੋਧੀ ਧਿਰਾਂ ਇਸ ਨੂੰ ਭ੍ਰਿਸ਼ਟਾਚਾਰ ਅਤੇ ਗੈਂਗਸਟਰਿਜ਼ਮ ਨਾਲ ਜੋੜਦੀਆਂ ਹਨ। ਰਾਜਨੀਤਿਕ ਪਾਰਟੀਆਂ ਅਸਲ ਮੁੱਦਿਆਂ ਤੋਂ ਭਟਕ ਕੇ ਧਰਮੀ ਧਰਪੱਕੀ, ਜਾਤੀ ਰਾਜਨੀਤੀ ਅਤੇ ਵਿਅਕਤੀਗਤ ਹਮਲਿਆਂ ਵਿੱਚ ਉਲਝੀਆਂ ਰਹਿੰਦੀਆਂ ਹਨ। ਇਸ ਨਾਲ ਯੁਵਕਾਂ ਵਿੱਚ ਰਾਜਨੀਤੀ ਤੋਂ ਵਿਸ਼ਵਾਸ ਘੱਟ ਰਿਹਾ ਹੈ ਅਤੇ ਉਹ ਵਿਦੇਸ਼ ਭੱਜਣ ਵੱਲ ਰੁਖ ਕਰ ਰਹੇ ਹਨ।

ਅੱਜ ਪੰਜਾਬ ਵਿੱਚ ਰਾਜਨੀਤੀ ਨੇ ਇੱਕ ਵਾਰਸ ਛੱਡ ਦਿੱਤਾ ਹੈ —ਉਹ ਯੁਵਕ ਜੋ ਰਾਜਨੀਤੀ ਨੂੰ ਬਦਲਾਅ ਲਿਆਉਣ ਵਾਲਾ ਸਾਧਨ ਸਮਝਦਾ ਸੀ, ਉਹ ਅੱਜ ਇਸ ਤੋਂ ਮੋਹ ਭੰਗ ਕਰ ਚੁੱਕਾ ਹੈ। ਅਸਲੀ ਨੈਰੇਟਿਵ — ਖੇਤੀ ਦੀ ਆਬਾਦੀ, ਉਦਯੋਗਿਕ ਵਿਕਾਸ, ਸਿੱਖਿਆ ਅਤੇ ਸਿਹਤ-ਕਿਸੇ ਵੀ ਪਾਰਟੀ ਦੇ ਏਜੰਡੇ ਵਿੱਚ ਉੱਚੀ ਤਰਜੀਹ ਨਹੀਂ ਲੈ ਰਿਹਾ। ਖੇਤੀ ਸੰਕਟ, ਆਰਥਿਕ ਮੰਦੀ ਅਤੇ ਬ੍ਰੇਨ ਡਰੇਨ ਪੰਜਾਬ ਦੀ ਆਰਥਿਕਤਾ ਅਜੇ ਵੀ ਖੇਤੀ 'ਤੇ ਆਧਾਰਿਤ ਹੈ, ਜੋ ਗਰਾਸ ਸਟੇਟ ਵੈਲਿਊ ਐਡਿਡ ਵਿੱਚ ਲਗਭਗ 23 ਫੀਸਦੀ ਯੋਗਦਾਨ ਪਾਉਂਦੀ ਹੈ ਪਰ ਗ੍ਰੀਨ ਰੈਵੋਲਿਊਸ਼ਨ ਦਾ ਫਾਇਦਾ ਹੁਣ ਘੱਟ ਰਿਹਾ ਹੈ। ਮਿੱਟੀ ਦੀ ਉਪਜਾਊ ਸ਼ਕਤੀ ਘੱਟ ਰਹੀ ਹੈ, ਭੂਗਰਭੀ ਜਲ ਲੈਵਲ ਹੇਠਾਂ ਜਾ ਰਿਹਾ ਹੈ ਅਤੇ ਖੇਤੀ ਲਾਗਤਾਂ ਵਧ ਰਹੀਆਂ ਹਨ।

ਅੱਜ ਦਾ ਆਰਥਿਕ ਸਰਵੇਖਣ: 2025-26 ਮੁਤਾਬਕ ਖੇਤੀ ਵਿਕਾਸ ਘੱਟ ਰਿਹਾ ਹੈ ਅਤੇ ਰਾਜ ਦੀ ਆਰਥਿਕ ਵਿਕਾਸ ਦਰ ਰਾਸ਼ਟਰੀ ਔਸਤ ਤੋਂ ਘੱਟ ਹੈ। ਯੁਵਕ ਖੇਤੀ ਤੋਂ ਮੋਹ ਭੰਗ ਕਰ ਚੁੱਕੇ ਹਨ। ਬੇਰੁਜ਼ਗਾਰੀ ਬਿਊਰੋ ਵਿੱਚ ਰਜਿਸਟਰਡ ਲਗਭਗ 1.22 ਲੱਖ ਉਮੀਦਵਾਰਾਂ ਵਿੱਚੋਂ ਬਹੁਤੇ ਅਨਸਕਿਲਡ ਹਨ ਅਤੇ ਉਨ੍ਹਾਂ ਦੀਆਂ ਉਮੀਦਾਂ ਨਾਲ ਨੌਕਰੀਆਂ ਮੇਲ ਨਹੀਂ ਖਾਂਦੀਆਂ। ਇਸ ਨਾਲ ਡਿਸਟਰੈੱਸ ਮਾਈਗ੍ਰੇਸ਼ਨ ਵੱਧ ਰਿਹਾ ਹੈ — ਯੁਵਕ ਕੈਨੇਡਾ, ਅਮਰੀਕਾ ਅਤੇ ਯੂਕੇ ਵੱਲ ਭੱਜ ਰਹੇ ਹਨ। ਪਰਿਵਾਰ ਖੇਤੀ ਜ਼ਮੀਨ ਵੇਚ ਕੇ ਵੀਜ਼ਾ ਫੀਸ ਭਰ ਰਹੇ ਹਨ। ਇਸ ਨੂੰ ਬ੍ਰੇਨ ਡਰੇਨ ਕਿਹਾ ਜਾਂਦਾ ਹੈ, ਜੋ ਪੰਜਾਬ ਦੀ ਭਵਿੱਖੀ ਤਾਕਤ ਨੂੰ ਖਤਮ ਕਰ ਰਿਹਾ ਹੈ। ਉਦਯੋਗਿਕ ਵਿਕਾਸ ਵੀ ਘੱਟ ਹੈ। ਇਨਵੈਸਟਰ ਸਮਿਟ ਵਿੱਚ ਵਾਅਦੇ ਤਾਂ ਹੁੰਦੇ ਹਨ, ਪਰ ਗ੍ਰਾਊਂਡ 'ਤੇ ਰੋਜ਼ਾਨਾ ਧਰਨੇ, ਅਸਥਿਰਤਾ ਅਤੇ ਭ੍ਰਿਸ਼ਟਾਚਾਰ ਨੇ ਇਨਵੈਸਟਮੈਂਟ ਨੂੰ ਰੋਕਿਆ ਹੋਇਆ ਹੈ।

ਅੱਜ ਸੇਵਾਵਾਂ ਦਾ ਖੇਤਰ ਵੱਧ ਰਿਹਾ ਹੈ, ਪਰ ਉਹ ਵੀ ਯੁਵਕਾਂ ਲਈ ਲਾਭਦਾਇਕ ਨਹੀਂ ਬਣ ਰਿਹਾ। ਆਉਣ ਵਾਲੀਆਂ ਪੀੜ੍ਹੀਆਂ ਲਈ ਅਸਲੀ ਨੈਰੇਟਿਵ ਕੌਣ ਰਚੇਗਾ ? ਪੰਜਾਬ ਦੀ ਨਵੀਂ ਸਦੀ ਵਿੱਚ ਕਲਪਨਾ ਇੱਕ ਖੁਸ਼ਹਾਲ, ਆਧੁਨਿਕ ਅਤੇ ਸਵੈ-ਨਿਰਭਰ ਪੰਜਾਬ ਦੀ ਸੀ— ਜਿੱਥੇ ਖੇਤੀ ਆਧੁਨਿਕ ਬਣੇ, ਉਦਯੋਗ ਫਲੇ-ਫੁਲੇ, ਯੁਵਕ ਰੁਜ਼ਗਾਰ ਪਾਉਣ ਅਤੇ ਸਭਿਆਚਾਰ ਫੁੱਲੇ। ਪਰ ਅੱਜ ਉਹ ਕਲਪਨਾ ਖੋਖਲੀ ਲੱਗ ਰਹੀ ਹੈ। ਆਉਣ ਵਾਲੀਆਂ ਪੀੜ੍ਹੀਆਂ ਲਈ ਅਸਲੀ ਨੈਰੇਟਿਵ ਰਚਣ ਦੀ ਜ਼ਿੰਮੇਵਾਰੀ ਰਾਜਨੀਤਿਕ ਪਾਰਟੀਆਂ, ਸਮਾਜ, ਬੁੱਧੀਜੀਵੀਆਂ ਅਤੇ ਯੁਵਕਾਂ ਖੁਦ 'ਤੇ ਆਉਂਦੀ ਹੈ। ਪਹਿਲਾਂ ਤਾਂ ਰਾਜਨੀਤੀ ਨੂੰ ਵੋਟ ਬੈਂਕ ਤੋਂ ਉੱਪਰ ਉੱਠ ਕੇ ਅਸਲ ਮੁੱਦਿਆਂ 'ਤੇ ਧਿਆਨ ਦੇਣਾ ਪਵੇਗਾ — ਨਸ਼ਾ ਰੋਕਥਾਮ ਲਈ ਡਾਟਾ-ਆਧਾਰਿਤ ਰਣਨੀਤੀ, ਖੇਤੀ ਵਿਭਿੰਨਤਾ (ਫਲ, ਸਬਜ਼ੀਆਂ, ਆਰਗੈਨਿਕ ਅਤੇ ਐਗਰੋ-ਪ੍ਰੋਸੈਸਿੰਗ), ਉਦਯੋਗਿਕ ਨੀਤੀਆਂ ਜਿਨ੍ਹਾਂ ਨਾਲ ਰੁਜ਼ਗਾਰ ਪੈਦਾ ਹੋਵੇ, ਸਿੱਖਿਆ ਨੂੰ ਸਕਿੱਲ-ਆਧਾਰਿਤ ਬਣਾਉਣਾ ਤੇ ਮਾਨਸਿਕ ਸਿਹਤ ਸੇਵਾਵਾਂ। ਦੂਜਾ, ਸਮਾਜ ਨੂੰ ਆਪਣੇ ਯੁਵਕਾਂ ਨੂੰ ਉਤਸ਼ਾਹਿਤ ਕਰਨਾ ਪਵੇਗਾ। ਬੁੱਧੀਜੀਵੀਆਂ ਅਤੇ ਲੇਖਕਾਂ ਨੂੰ ਇੱਕ ਨਵਾਂ ਨੈਰੇਟਿਵ ਰਚਣਾ ਚਾਹੀਦਾ ਹੈ — ਉਡਤਾ ਪੰਜਾਬ ਤੋਂ ਉਠਦਾ ਪੰਜਾਬ ਵੱਲ। ਯੁਵਕਾਂ ਨੂੰ ਰਾਜਨੀਤੀ, ਉਦਯੋਗ ਅਤੇ ਸਮਾਜ ਸੇਵਾ ਵਿੱਚ ਸਰਗਰਮ ਹੋਣਾ ਚਾਹੀਦਾ ਹੈ। ਤੀਜਾ, ਖੇਤੀ ਨੂੰ ਆਧੁਨਿਕ ਬਣਾਉਣਾ ਅਤੇ ਉਦਯੋਗ ਨੂੰ ਉਤਸ਼ਾਹਿਤ ਕਰਨਾ ਲਾਜ਼ਮੀ ਹੈ। ਇਨਵੈਸਟਮੈਂਟ ਲਿਆਉਣ ਲਈ ਸਥਿਰਤਾ ਅਤੇ ਆਪਣੀਆਂ ਨੀਤੀਆਂ ਵਿੱਚ ਭਰੋਸਾ ਪੈਦਾ ਕਰਨਾ ਪਵੇਗਾ। ਅੱਜ ਇੱਕ ਨਵਾਂ ਪੰਜਾਬ ਸੰਭਾਵਨਾਵਾਂ ਅਤੇ ਰਾਹ ਪੰਜਾਬ ਵਿੱਚ ਇੱਕ ਨਵਾਂ ਪੰਜਾਬ ਬਣਾਉਣ ਦੀਆਂ ਸੰਭਾਵਨਾਵਾਂ ਅਜੇ ਵੀ ਹਨ। ਇਸ ਦੀ ਭੂਗੋਲਿਕ ਸਥਿਤੀ, ਖੇਤੀ ਵਿਰਾਸਤ, ਯੁਵਕਾਂ ਦੀ ਊਰਜਾ ਅਤੇ ਗੁਰੂਆਂ ਦੀ ਸਿੱਖਿਆ ਇੱਕ ਮਜ਼ਬੂਤ ਆਧਾਰ ਹਨ। ਜੇਕਰ ਅਸੀਂ ਨਸ਼ਾ ਮੁਕਤ, ਰੁਜ਼ਗਾਰਪੂਰਣ ਅਤੇ ਆਧੁਨਿਕ ਪੰਜਾਬ ਬਣਾਉਣ ਲਈ ਇੱਕਜੁੱਟ ਹੋਈਏ ਤਾਂ ਇਹ ਸੰਭਵ ਹੈ ਪਰ ਇਸ ਲਈ ਰਾਜਨੀਤੀ ਤੋਂ ਉੱਪਰ ਉੱਠ ਕੇ ਸੋਚਣਾ ਪਵੇਗਾ। ਯੁਵਕਾਂ ਨੂੰ ਆਪਣੇ ਭਵਿੱਖ ਲਈ ਲੜਨਾ ਪਵੇਗਾ। ਸਮਾਜ ਨੂੰ ਆਪਣੀਆਂ ਧਰਮੀ ਅਤੇ ਜਾਤੀ ਵੰਡਾਂ ਤੋਂ ਉੱਪਰ ਉੱਠ ਕੇ ਏਕਤਾ ਵੱਲ ਵਧਣਾ ਪਵੇਗਾ।

ਅੱਜ ਹੁਣ ਉਸ ਪੰਜਾਬ ਦੀ ਗੱਲ ਕਰਨੀ ਚਾਹੀਦੀ ਹੈ ਜੋ ਉਠ ਰਿਹਾ ਹੈ — ਨਸ਼ਿਆਂ ਤੋਂ ਮੁਕਤ, ਰੁਜ਼ਗਾਰ ਨਾਲ ਭਰਪੂਰ ਅਤੇ ਆਪਣੀਆਂ ਪੀੜ੍ਹੀਆਂ ਲਈ ਇੱਕ ਉੱਜਵਲ ਭਵਿੱਖ ਰਚਣ ਵਾਲਾ। ਇਹ ਤਬਦੀਲੀ ਆਪਣੇ ਆਪ ਨਹੀਂ ਆਵੇਗੀ। ਇਸ ਲਈ ਹਰ ਇੱਕ ਨਾਗਰਿਕ, ਰਾਜਨੀਤਕ ਅਤੇ ਸਮਾਜਿਕ ਤਾਕਤ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣੀ ਪਵੇਗੀ। ਅੱਜ ਪੰਜਾਬ ਇੱਕ ਵਾਰ ਫਿਰ ਉਸ ਗੌਰਵ ਵਾਲੀ ਧਰਤੀ ਬਣ ਸਕਦਾ ਹੈ, ਜਿਸ ਦੀ ਕਲਪਨਾ ਅਸੀਂ ਨਵੀਂ ਸਦੀ ਵਿੱਚ ਕੀਤੀ ਸੀ। ਬਸ ਇਸ ਲਈ ਖੋਖਲੀਆਂ ਗੱਲਾਂ ਛੱਡ ਕੇ ਅਸਲ ਕਾਰਜ ਕਰਨਾ ਪਵੇਗਾ। ਉਹ ਪੰਜਾਬ ਜੋ ਰੁਲ ਗਿਆ ਹੈ, ਉਸ ਨੂੰ ਬਚਾਉਣ ਅਤੇ ਉਸ ਨੂੰ ਨਵੀਂ ਊਰਜਾ ਦੇਣ ਦਾ ਸਮਾਂ ਆ ਗਿਆ ਹੈ।

# ਸੰਸਦ 'ਚ ਮਹਿਲਾ ਰਾਖਵਾਂਕਰਨ ਬਿੱਲ ਮੂਧੇ ਮੂੰਹ ਡਿੱਗਿਆ

ਕਮਲਜੀਤ ਸਿੰਘ ਬਨਵੈਤ
98147 34035



**☛ ਇੱਕਜੁੱਟ ਵਿਰੋਧੀ ਧਿਰ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਰਾਹ ਡੱਕਿਆ, ਪਹਿਲਾ ਰਾਖਵਾਂਕਰਨ ਬਿੱਲ ਦੇ ਹੱਕ ਵਿੱਚ 298 ਅਤੇ ਵਿਰੋਧ ਵਿੱਚ 230 ਵੋਟ ਪਏ**

**☛ ਤਿੰਨ ਦਹਾਕਿਆਂ ਦੌਰਾਨ ਸੱਤਵੀਂ ਵਾਰ ਸਰਕਾਰ ਨੂੰ ਲੱਗਿਆ ਝਟਕਾ, 24 ਸਾਲਾਂ ਬਾਅਦ ਕੋਈ ਸਰਕਾਰੀ ਬਿਲ ਡਿਗਿਆ, 2034 ਤੋਂ ਪਹਿਲਾਂ ਰਾਖਵਾਂਕਰਨ ਨਹੀਂ**

**☛ ਬਿੱਲ ਪੇਸ਼ ਹੋਣ ਤੋਂ ਪਹਿਲਾਂ ਬਾਅਦ ਵਿੱਚ ਸਤਾਧਾਰੀ ਤੇ ਵਿਰੋਧੀ ਧਿਰ ਇੱਕ ਦੂਜੇ 'ਤੇ ਕੱਸਦੇ ਰਹੇ ਤੀਰ**

ਦੇਸ਼ ਦੀ ਪਾਰਲੀਮੈਂਟ ਵਿੱਚ 17 ਅਪ੍ਰੈਲ 2020 ਨੂੰ ਯਾਦ ਰੱਖਿਆ ਜਾਵੇਗਾ। ਇਹ ਉਹ ਦਿਨ ਹੈ ਜਦੋਂ 24 ਸਾਲਾ ਬਾਅਦ ਕੋਈ ਸਰਕਾਰੀ ਬਿੱਲ ਮੂਧੇ ਮੂੰਹ ਭਾਰ ਡਿੱਗਿਆ। ਇਸ ਤੋਂ ਪਹਿਲਾਂ 2002 ਨੂੰ ਅੱਤਵਾਦ ਨਿਵਾਰਨ ਬਿੱਲ ਪੋਟਾ ਪਾਸ ਹੋਣ ਤੋਂ ਰਹਿ ਗਿਆ ਸੀ। ਮਹਿਲਾ ਰਾਖਵਾਂਕਰਨ ਬਿੱਲ ਦੀ ਗੱਲ ਕਰੀਏ ਤਾਂ ਸੱਤਵੀਂ ਵਾਰ ਸਮੇਂ ਦੀ ਸਰਕਾਰ ਨੂੰ ਝਟਕਾ ਲੱਗਾ ਹੈ। ਸਾਲ 1996 ਨੂੰ ਦੇਵਗੋੜਾ ਸਰਕਾਰ ਵੇਲੇ ਲੋਕ ਸਭਾ ਭੰਗ ਹੋਣ ਕਰਕੇ ਬਿੱਲ ਪਾਸ ਹੋਣ ਤੋਂ ਰਹਿ ਗਿਆ ਸੀ। ਉਸ ਤੋਂ ਬਾਅਦ 1998 ਨੂੰ ਅਟੱਲ ਬਿਹਾਰੀ ਵਾਜਪਾਈ ਦੀ ਸੰਸਦ ਵਿੱਚ ਬਿੱਲ ਨੂੰ ਲੈ ਕੇ ਹੰਗਾਮਾ ਹੀ ਨਹੀਂ ਹੋਇਆ ਸਗੋਂ ਇਸ ਨੂੰ ਪਾੜ ਦਿੱਤਾ ਗਿਆ ਸੀ। ਉਸ ਤੋਂ ਅਗਲੇ ਸਾਲ ਹੀ ਬਿੱਲ ਨੂੰ ਪਾਸ ਕਰਨ ਵੇਲੇ ਸਹਿਮਤੀ ਨਾਲ ਬਣ ਸਕੀ। 2002 ਦੀ ਗੱਲ ਕਰੀਏ ਤਾਂ ਖੇਤਰੀ ਦਲਾਂ ਨੇ ਇਸ ਦਾ ਵਿਰੋਧ ਕੀਤਾ। ਭਾਵ ਮਰਹੂਮ ਅਟੱਲ ਬਿਹਾਰੀ ਵਾਜਪਾਈ ਦੀ ਸਰਕਾਰ ਵੇਲੇ ਇਹ ਬਿੱਲ ਤਿੰਨ ਵਾਰ ਪਾਸ ਹੋਣ ਤੋਂ ਰਹਿ ਗਿਆ ਸੀ। ਮੁਲਕ ਦੇ ਪ੍ਰਧਾਨ ਮੰਤਰੀ ਮਰਹੂਮ ਡਾਕਟਰ ਮਨਮੋਹਨ ਸਿੰਘ ਦੇ ਕਾਰਜਕਾਲ ਦੌਰਾਨ ਵੋਟਿੰਗ ਨਾ ਹੋਣ ਕਰਕੇ ਲੈਪਸ ਹੋ ਗਿਆ ਸੀ। ਨਰਿੰਦਰ ਮੋਦੀ ਦੀ ਸਰਕਾਰ ਵੇਲੇ 2003 ਨੂੰ ਬਿੱਲ ਪਾਸ ਤਾਂ ਹੋ ਗਿਆ ਪਰ ਕਾਨੂੰਨੀ ਅੜਚਣ ਪੈ ਗਈ ਸੀ। ਮੋਦੀ ਸਰਕਾਰ ਨੇ ਮਹਿਲਾਵਾਂ ਲਈ ਲੋਕ ਸਭਾ ਅਤੇ ਵਿਧਾਨ ਸਭਾ ਵਿੱਚ 33 ਫੀਸਦੀ ਸੀਟਾਂ ਰਾਖਵੀਆਂ ਕਰਨ ਦਾ ਬਿੱਲ ਪੇਸ਼ ਕੀਤਾ ਹੈ।

ਦਿਲਚਸਪ ਗੱਲ ਇਹ ਹੈ ਕਿ ਦੋ ਦਿਨਾਂ ਦੌਰਾਨ 21 ਘੰਟੇ ਦੀ ਚਰਚਾ ਤੋਂ ਬਾਅਦ ਬਿੱਲ ਉੱਤੇ ਵੋਟਿੰਗ ਹੋਈ। ਸਤਾਧਾਰੀ ਭਾਜਪਾ ਨੂੰ 298 ਵੋਟ ਮਿਲੇ ਜਦਕਿ ਵਿਰੋਧੀ 230 ਵੋਟ ਲੈਣ ਵਿੱਚ ਕਾਮਯਾਬ ਹੋ ਗਈ। ਜਦੋਂ ਕਿ ਬਿੱਲ ਪਾਸ ਹੋਣ ਲਈ ਦੋ ਤਿਹਾਈ ਬਹੁਮਤ ਚਾਹੀਦਾ ਸੀ। ਕੁੱਲ 543 ਮੈਂਬਰਾਂ 'ਚੋਂ 528 ਨੇ ਆਪਣੀ ਵੋਟ ਦੇ ਕੇ ਹੱਕ ਦਾ ਇਸਤੇਮਾਲ ਕੀਤਾ ਸੀ। ਕੇਂਦਰੀ ਮੰਤਰੀ ਕਿਰਨ ਰਜੀ ਨੇ ਕਿਹਾ ਹੈ ਕਿ ਸਰਕਾਰ ਦੀ ਹੁਣ ਬਿੱਲ ਨੂੰ ਦੁਬਾਰਾ ਪੇਸ਼ ਕਰਨ ਦੀ ਕੋਈ ਮਨਸ਼ਾ ਨਹੀਂ ਹੈ। ਹੁਣ ਇਹ ਇੱਕ ਗੱਲ ਤਾਂ ਪੱਕੀ ਹੋ ਗਈ ਹੈ ਕਿ 2029 ਦੀਆਂ ਚੋਣਾਂ 'ਚ ਮਹਿਲਾਵਾਂ ਲਈ 33 ਫੀਸਦੀ ਸੀਟਾਂ ਰਾਖਵੀਆਂ ਨਹੀਂ ਕੀਤੀਆਂ ਜਾ ਸਕਣਗੀਆਂ। ਦੂਜੇ ਬੰਨੇ ਭਾਰਤੀ ਜਨਤਾ ਪਾਰਟੀ ਦੀ ਕੇਂਦਰ ਸਰਕਾਰ ਬਿੱਲ ਨੂੰ ਪਾਸ ਕਰਾਉਣ ਦੀ ਕਹਾ 'ਚ ਸੀ। ਹੁਣ ਮਹਿਲਾਵਾਂ ਲਈ ਰਾਖਵਾਂਕਰਨ 2034 ਵਿੱਚ ਲਾਗੂ ਹੋਣ ਦੀ ਸੰਭਾਵਨਾ ਹੈ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੋਟਿੰਗ ਸ਼ੁਰੂ ਹੋਣ ਤੋਂ ਪਹਿਲਾਂ ਪਾਰਲੀਮੈਂਟ ਮੈਂਬਰਾਂ ਨੂੰ ਭਾਵਕ ਅਪੀਲ ਕੀਤੀ। ਉਹਨਾਂ ਨੇ ਕਿਹਾ ਕਿ ਉਹ ਸੰਸਦ ਦੇ ਸਾਰੇ ਮੈਂਬਰਾਂ ਨੂੰ ਕਹਿਣਾ ਚਾਹੁੰਦੇ ਹਨ ਕਿ ਉਹ ਆਪਣੇ ਘਰ ਦੀ ਮਾਂ, ਭੈਣ, ਬੇਟੀ ਅਤੇ ਪਤਨੀ ਨੂੰ ਧਿਆਨ ਵਿੱਚ ਰੱਖਦੇ ਹੋਏ ਆਪਣੀ ਜ਼ਮੀਰ ਦੀ ਆਵਾਜ਼ ਸੁਣਨ। ਬਿੱਲ ਪਾਸ ਹੁੰਦਾ ਹੈ ਤਾਂ ਇਸ ਨਾਲ ਮਹਿਲਾਵਾਂ ਨੂੰ ਹੋਰ ਤਾਕਤ ਮਿਲੇਗੀ। ਦੇਸ਼ ਦਾ ਲੋਕਤੰਤਰ ਹੋਰ ਮਜ਼ਬੂਤ ਹੋਵੇਗਾ। ਅਜਿਹਾ ਫੈਸਲਾ ਨਾ ਲਿਆ ਜਾਵੇ, ਜਿਸ ਨਾਲ ਦੇਸ਼ ਭਰ ਦੀਆਂ ਮਹਿਲਾਵਾਂ ਨੂੰ ਠੇਸ ਪੁੱਜੇ। ਉਨ੍ਹਾਂ ਨੇ ਰਲ ਕੇ ਨਵਾਂ ਇਤਿਹਾਸ ਰਚਣ ਦਾ ਸੱਦਾ ਦਿੱਤਾ।

ਦੂਜੇ ਪਾਸੇ ਵਿਰੋਧੀ ਧਿਰ ਦੇ ਨੇਤਾ ਤੇ ਕਾਂਗਰਸ ਦੇ ਸੀਨੀਅਰ ਲੀਡਰ ਰਾਹੁਲ ਗਾਂਧੀ ਨੇ ਸਰਕਾਰ 'ਤੇ ਤਿੱਖੇ ਹਮਲੇ ਕੀਤੇ। ਉਨ੍ਹਾਂ ਨੇ ਕਿਹਾ ਕਿ ਅੱਜ ਲੋਕ ਸਭਾ 'ਚ ਪੇਸ਼ ਕੀਤੇ ਜਾਣ ਵਾਲੇ ਬਿੱਲ ਦਾ ਮਹਿਲਾਵਾਂ ਨੂੰ ਹੋਰ ਤਾਕਤਵਰ ਬਣਾਉਣ ਨਾਲ ਕੋਈ ਲੈਣਾ ਦੇਣਾ ਨਹੀਂ ਹੈ। ਇਹ ਕੇਵਲ ਮੁਲਕ ਦਾ ਚੋਣ ਨਕਸ਼ਾ ਬਦਲਣ ਦੀ ਤਿਆਰੀ ਹੈ। ਉਨ੍ਹਾਂ ਨੇ ਪੁਰਾਣੇ ਬਿੱਲ ਨੂੰ ਦਰੁਸਤ ਦੱਸਦਿਆਂ ਕਿਹਾ ਕਿ ਉਹ ਨਵੇਂ ਬਿੱਲ ਦਾ ਸਮਰਥਨ ਨਹੀਂ ਕਰਨਗੇ। ਕਾਂਗਰਸ ਨੇਤਾ ਨੇ ਕਿਹਾ ਕਿ ਬਾਲਾਕੋਟ, ਨੋਟਬੰਦੀ ਤੇ ਸਿੰਧੂਰ ਦਾ ਜਾਦੂਗਰ ਅਚਾਨਕ ਪਕੜਿਆ ਗਿਆ ਹੈ। ਉਹਨਾਂ ਨੇ ਇੱਥੋਂ ਤੱਕ ਕਹਿ ਦਿੱਤਾ ਕਿ ਇਹ ਤਾਂ ਹਰ ਕੋਈ ਜਾਣਦਾ ਹੈ ਕਿ ਜਾਦੂਗਰ ਤੇ ਉਦਯੋਗਪਤੀਆਂ ਵਿੱਚ ਗੰਢਤੁਪ ਚੱਲ ਰਹੀ ਹੈ। ਰਾਹੁਲ ਗਾਂਧੀ ਨੇ ਬਿੱਲ ਪਾਸ ਨਾ ਹੋਣ ਤੋਂ ਬਾਅਦ ਵੀ ਆਪਣੇ ਹਮਲੇ ਜਾਰੀ ਰੱਖੇ।

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਕਿ ਭਾਰਤ ਦੇ ਇਤਿਹਾਸ ਵਿੱਚ ਅੱਜ ਦਾ ਦਿਨ ਮੰਦਭਾਗਾ ਮੰਨਿਆ ਜਾਵੇਗਾ। ਕਾਂਗਰਸ ਦੀ ਅਗਵਾਈ ਵਾਲੇ ਗਠਬੰਧਨ ਨੇ ਲੋਕ ਸਭਾ ਵਿੱਚ ਮਹਿਲਾ ਬਿੱਲ ਦੇ ਖਿਲਾਫ ਵੋਟਾਂ ਪਾ ਕੇ ਆਪਣੀ ਮਹਿਲਾਵਾਂ ਪ੍ਰਤੀ ਸੋਚ ਉਜਾਗਰ ਕਰ ਦਿੱਤੀ ਹੈ। ਆਲ ਇੰਡੀਆ ਕਾਂਗਰਸ ਦੇ ਪ੍ਰਧਾਨ ਮਲਿਕ ਅਰਜੁਨ ਖੜਗੇ ਨੇ ਕਿਹਾ ਕਿ ਪ੍ਰਧਾਨ ਮੰਤਰੀ ਨੇ ਭਾਰਤੀਆਂ ਨੂੰ ਢਾਲ ਬਣਾਉਣ ਦੀ ਕੋਸ਼ਿਸ਼ ਕੀਤੀ ਪਰ ਉਹਨਾਂ ਦੀ ਚਾਲ ਕਾਮਯਾਬ ਨਹੀਂ ਹੋ ਸਕੀ। ਤਾਮਿਲਨਾਡੂ ਦੇ ਮੁੱਖ ਮੰਤਰੀ ਐਮਕੇ ਸਟਾਲਿਨ ਨੇ ਕਿਹਾ ਕਿ ਵਿਰੋਧੀਆਂ ਦੀ ਜਿੱਤ ਇੱਕ ਸਿਰਫ ਟਰੇਲਰ ਹੈ। ਲੋਕ ਸਭਾ ਦੀਆਂ ਅਗਲੀਆਂ ਚੋਣਾਂ ਵਿੱਚ ਪੂਰੀ ਫਿਲਮ ਦਿਖਾਈ ਜਾਵੇਗੀ।

ਬਿਨਾ ਸ਼ੱਕ ਮਹਿਲਾਵਾਂ ਦੀ ਲੋਕ ਸਭਾ ਤੇ ਵਿਧਾਨ ਸਭਾ ਵਿੱਚ ਮੋਬਾਇਲ ਦੀ ਵਧਣੀ ਚਾਹੀਦੀ ਹੈ। ਇਸ ਵੇਲੇ ਵਿਧਾਨ ਸਭਾ ਵਿੱਚ 10 ਫ਼ੀਸਦੀ ਮਹਿਲਾਵਾਂ ਲੋਕ ਸਭਾ ਵਿੱਚ 14 ਫ਼ੀਸਦੀ ਮਹਿਲਾਵਾਂ ਹਨ। ਕੇਂਦਰ ਸਰਕਾਰ ਵੱਲੋਂ ਬਿੱਲ ਪੇਸ਼ ਕਰਨ ਤੋਂ ਪਹਿਲਾਂ ਮੁਲਕ ਦਾ ਚੋਣ ਨਕਸ਼ਾ ਬਦਲਣ ਉੱਤੇ ਕਾਫ਼ੀ ਕੰਮ ਕੀਤਾ ਗਿਆ ਸੀ। ਕੇਂਦਰ ਸਰਕਾਰ ਨੇ ਵਿਧਾਨ ਸਭਾ ਤੇ ਲੋਕ ਸਭਾ ਦੀਆਂ ਸੀਟਾਂ ਵਿੱਚ ਪੰਜਾਹ ਫ਼ੀਸਦੀ ਦਾ ਵਾਧਾ ਕਰਨ ਦਾ ਫੈਸਲਾ ਲੈ ਲਿਆ ਸੀ। ਅੱਜ ਜਦੋਂ ਮਹਿਲਾ ਹਰ ਖੇਤਰ ਵਿੱਚ ਮੋਹਰੀ ਹੈ ਤਾਂ ਸਰਕਾਰ ਵਿੱਚ ਵੀ ਨੁਮਾਇੰਦਗੀ ਵਧਣੀ ਚਾਹੀਦੀ ਹੈ। ਵਿਰੋਧੀ ਧਿਰ ਮਹਿਲਾਵਾਂ ਨੂੰ ਹੋਰ ਤਾਕਤ ਦੇਣ ਦੇ ਹੱਕ ਵਿੱਚ ਹੈ ਪਰ ਸਰਕਾਰ ਦੇ ਢੰਗ ਤਰੀਕੇ ਨਾਲ ਰਜ਼ਾਮੰਦ ਨਹੀਂ, ਜਿਸ ਕਰਕੇ ਕੇਂਦਰ ਸਰਕਾਰ ਦਾ ਰਾਹ ਡੱਕ ਦਿੱਤਾ ਗਿਆ। ਕੇਂਦਰ ਸਰਕਾਰ ਸੱਚਮੁੱਚ ਹੀ ਮਹਿਲਾਵਾਂ ਨੂੰ ਹੋਰ ਤਾਕਤ ਦੇਣਾ ਚਾਹੁੰਦੀ ਹੈ ਤਾਂ ਨੀਤੀ ਅਤੇ ਨੀਅਤ ਦੋਹਾਂ ਵਿੱਚੋਂ ਖੋਟ ਨਹੀਂ ਦਿੱਸਣਾ ਚਾਹੀਦਾ ਹੈ।

# ਔਰਤ ਸ਼ਕਤੀ ਜਾਂ ਸ਼ਕਤੀ ਦਾ ਇੱਕ ਨਵਾਂ ਮਖੌਟਾ ?

ਡਾ. ਪ੍ਰਿਅੰਕਾ ਸੌਰਭ
7015375570



*ਇੱਕ ਹੱਲ ਵਜੋਂ, ਸਾਨੂੰ ਵਿਆਪਕ ਸੁਧਾਰਾਂ ਦੀ ਲੋੜ ਹੈ, ਰਾਜਨੀਤਿਕ ਪਾਰਟੀਆਂ ਦੇ ਅੰਦਰ ਪਾਰਦਰਸ਼ਤਾ ਲਿਆਉਣੀ, ਟਿਕਟ ਵੰਡ ਲਈ ਸਪੱਸ਼ਟ ਅਤੇ ਨਿਰਪੱਖ ਮਾਪਦੰਡ ਸਥਾਪਤ ਕਰਨਾ, ਔਰਤਾਂ ਲਈ ਸੁਰੱਖਿਅਤ ਅਤੇ ਸੁਤੰਤਰ ਸ਼ਿਕਾਇਤ ਵਿਧੀਆਂ ਵਿਕਸਤ ਕਰਨਾ ਤਾਂ ਜੋ ਉਹ ਬਿਨਾਂ ਕਿਸੇ ਡਰ ਦੇ ਆਪਣੇ ਆਪ ਨੂੰ ਪ੍ਰਗਟ ਕਰ ਸਕਣ ਅਤੇ ਉਨ੍ਹਾਂ ਨੂੰ ਸਿਰਫ਼ ਪ੍ਰਤੀਕਾਤਮਕ ਪ੍ਰਤੀਨਿਧੀਆਂ ਵਜੋਂ ਹੀ ਨਹੀਂ ਸਗੋਂ ਸਮਰੱਥ ਅਤੇ ਸਿਖਲਾਈ ਪ੍ਰਾਪਤ ਨੇਤਾਵਾਂ ਵਜੋਂ ਤਿਆਰ ਕਰਨਾ। ਇਸ ਲਈ ਰਾਜਨੀਤਿਕ ਸਿੱਖਿਆ, ਸਰੋਤਾਂ ਅਤੇ ਸੰਸਥਾਗਤ ਸਹਾਇਤਾ ਦੀ ਲੋੜ ਹੈ ਅਤੇ ਸਭ ਤੋਂ ਮਹੱਤਵਪੂਰਨ, ਸਮਾਜਿਕ ਮਾਨਸਿਕਤਾ ਵਿੱਚ ਤਬਦੀਲੀ, ਕਿਉਂਕਿ ਜਦੋਂ ਤੱਕ ਔਰਤਾਂ ਨੂੰ ਬਰਾਬਰ ਦਾ ਦਰਜਾ ਨਹੀਂ ਦਿੱਤਾ ਜਾਂਦਾ, ਕੋਈ ਵੀ ਕਾਨੂੰਨ ਆਪਣੇ ਉਦੇਸ਼ ਨੂੰ ਪੂਰੀ ਤਰ੍ਹਾਂ ਪ੍ਰਾਪਤ ਨਹੀਂ ਕਰ ਸਕੇਗਾ। ਅੰਤ ਵਿੱਚ, ਸਾਨੂੰ ਇਹ ਸਮਝਣਾ ਚਾਹੀਦਾ ਹੈ ਕਿ ਦੇਸ਼ ਦੀਆਂ ਸਮੱਸਿਆਵਾਂ ਦਾ ਹੱਲ ਸਿਰਫ਼ ਸੀਟਾਂ ਦੀ ਗਿਣਤੀ ਵਧਾਉਣ ਵਿੱਚ ਨਹੀਂ, ਸਗੋਂ ਸਿੱਖਿਆ, ਸਿਹਤ ਅਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵਿੱਚ ਹੈ, ਕਿਉਂਕਿ ਸਿਰਫ਼ ਇੱਕ ਸਸ਼ਕਤ ਸਮਾਜ ਹੀ ਇੱਕ ਮਜ਼ਬੂਤ ਲੋਕਤੰਤਰ ਦੀ ਨੀਂਹ ਰੱਖ ਸਕਦਾ ਹੈ।*

ਜਦੋਂ ਭਾਰਤ ਵਿੱਚ ਨਾਰੀ ਸ਼ਕਤੀ ਵੰਦਨ ਐਕਟ ਪਾਸ ਹੋਇਆ ਤਾਂ ਇਸਨੂੰ ਇਤਿਹਾਸਕ ਕਿਹਾ ਗਿਆ, ਸੰਸਦ ਤਾੜੀਆਂ ਨਾਲ ਗੂੰਜ ਉੱਠੀ ਅਤੇ ਮਹਿਲਾ ਸਸ਼ਕਤੀਕਰਨ ਦੇ ਇੱਕ ਨਵੇਂ ਯੁੱਗ ਦਾ ਐਲਾਨ ਕੀਤਾ ਗਿਆ। ਪਰ ਇਸ ਸਾਰੇ ਜਸ਼ਨ ਦੇ ਵਿਚਕਾਰ, ਇੱਕ ਅਸੁਵਿਧਾਜਨਕ ਸਵਾਲ ਬਣਿਆ ਰਿਹਾ: ਕੀ ਰਾਜਨੀਤੀ ਦੇ ਦਰਵਾਜ਼ੇ ਸੱਚਮੁੱਚ ਔਰਤਾਂ ਲਈ ਖੁੱਲ੍ਹੇ ਹਨ, ਜਾਂ ਕੀ ਇਹ ਸਿਰਫ਼ ਇੱਕ ਨਵਾਂ ਪ੍ਰਤੀਕਾਤਮਕ ਢਾਂਚਾ ਬਣਾਇਆ ਜਾ ਰਿਹਾ ਹੈ, ਜਿਸ ਵਿੱਚ ਸ਼ਕਤੀ ਦੀ ਉਹੀ ਪੁਰਾਣੀ ਤਸਵੀਰ ਫਿੱਟ ਕੀਤੀ ਜਾਵੇਗੀ ? ਭਾਰਤੀ ਰਾਜਨੀਤੀ ਦਾ ਚਰਿੱਤਰ ਆਦਰਸ਼ਵਾਦੀ ਨਾਲੋਂ ਵਧੇਰੇ ਯਥਾਰਥਵਾਦੀ ਅਤੇ ਕਈ ਵਾਰ ਕਠੋਰ ਰਿਹਾ ਹੈ। ਜਿੱਥੇ ਸਮੀਕਰਨ ਸਿਧਾਂਤਾਂ ਉੱਤੇ ਹਾਵੀ ਹੁੰਦੇ ਹਨ ਅਤੇ ਨੈਤਿਕਤਾ ਅਕਸਰ ਸ਼ਕਤੀ ਦੀ ਸਹੂਲਤ ਅਨੁਸਾਰ ਬਦਲਦੀ ਹੈ, ਇਹ ਉਮੀਦ ਕਰਨਾ ਕਿ ਸਿਰਫ਼ ਰਾਖਵਾਂਕਰਨ ਪ੍ਰਣਾਲੀ ਦੇ ਚਰਿੱਤਰ ਨੂੰ ਬਦਲ ਦੇਵੇਗਾ, ਇਹ ਭੋਲਾਪਣ ਹੋ ਸਕਦਾ ਹੈ। ਰਾਜਨੀਤੀ ਵਿੱਚ ਔਰਤਾਂ ਦੀ ਭਾਗੀਦਾਰੀ ਵਧਾਉਣਾ ਇੱਕ ਬੁਨਿਆਦੀ ਲੋਕਤੰਤਰੀ ਜ਼ਰੂਰਤ ਹੈ, ਪਰ ਸਵਾਲ ਇਹ ਹੈ ਕਿ ਕੀ ਇਹ ਭਾਗੀਦਾਰੀ ਅਸਲ ਸਸ਼ਕਤੀਕਰਨ ਵਿੱਚ ਅਨੁਵਾਦ ਕਰੇਗੀ ਜਾਂ ਕੀ ਉਹੀ ਸ਼ਕਤੀ ਢਾਂਚੇ ਉਨ੍ਹਾਂ ਨੂੰ ਆਪਣੇ ਢਾਂਚੇ ਵਿੱਚ ਢਾਲਣਗੇ, ਜਿਵੇਂ ਕਿ ਉਨ੍ਹਾਂ ਨੇ ਹਰ ਨਵੇਂ ਪ੍ਰਵੇਸ਼ਕਰਤਾ ਨਾਲ ਕੀਤਾ ਹੈ। ਰਾਜਨੀਤੀ ਵਿੱਚ ਪ੍ਰਵੇਸ਼ ਦਾ ਰਸਤਾ ਅਜੇ ਵੀ ਬਹੁਤ ਗੁੰਝਲਦਾਰ ਹੈ, ਜਿਸ ਵਿੱਚ ਪਰਿਵਾਰ, ਪੂੰਜੀ, ਸਬੰਧਾਂ ਅਤੇ ਪਾਰਟੀ ਵਫ਼ਾਦਾਰੀ ਦੇ ਦਬਾਅ ਹਨ। ਔਰਤਾਂ ਲਈ, ਰਸਤਾ ਹੋਰ ਵੀ ਮੁਸ਼ਕਲ ਹੋ ਜਾਂਦਾ ਹੈ ਕਿਉਂਕਿ ਉਨ੍ਹਾਂ ਨੂੰ ਸਮਾਜਿਕ ਰੁਕਾਵਟਾਂ, ਚਰਿੱਤਰ ਦੇ ਸਵਾਲ ਅਤੇ ਮੌਕਿਆਂ ਦੀ ਘਾਟ ਵਰਗੀਆਂ ਵਾਧੂ ਰੁਕਾਵਟਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਹ ਮੰਨਣਾ ਕਿ ਹਰ ਔਰਤ ਜੋ ਉੱਠਦੀ ਹੈ, ਉਹ ਸਿਰਫ਼ ਸਮਝੌਤੇ ਰਾਹੀਂ ਹੀ ਉੱਠੇਗੀ, ਨਾ ਸਿਰਫ਼ ਇੱਕ ਬਹੁਤ ਜ਼ਿਆਦਾ ਸਰਲੀਕਰਨ ਹੈ, ਸਗੋਂ ਉਨ੍ਹਾਂ ਹਜ਼ਾਰਾਂ ਔਰਤਾਂ ਦੇ ਸੰਘਰਸ਼ਾਂ ਦਾ ਅਪਮਾਨ ਵੀ ਹੈ ਜੋ ਆਪਣੀ ਮਿਹਨਤ ਅਤੇ ਪ੍ਰਤਿਭਾ ਨਾਲ ਆਪਣਾ ਰਸਤਾ ਬਣਾ ਰਹੀਆਂ ਹਨ।

ਅਸਲ ਸਮੱਸਿਆ ਇਹ ਹੈ ਕਿ ਜਿਸ ਪ੍ਰਣਾਲੀ ਅਧੀਨ ਇਹ ਰਾਖਵਾਂਕਰਨ ਲਾਗੂ ਕੀਤਾ ਜਾ ਰਿਹਾ ਹੈ, ਉਹ ਆਪਣੇ ਆਪ ਵਿੱਚ ਪਾਰਦਰਸ਼ੀ ਅਤੇ ਨਿਰਪੱਖ ਨਹੀਂ ਹੈ। ਰਾਜਨੀਤਿਕ ਪਾਰਟੀਆਂ ਦੇ ਅੰਦਰ ਲੋਕਤੰਤਰ ਦੀ ਘਾਟ, ਟਿਕਟਾਂ ਦੀ ਵੰਡ ਵਿੱਚ ਧੁੰਦਲਾਪਨ ਅਤੇ ਲੀਡਰਸ਼ਿਪ ਦਾ ਕੇਂਦਰੀਕਰਨ ਇਹ ਯਕੀਨੀ ਬਣਾਉਂਦਾ ਹੈ ਕਿ ਮੌਕੇ ਯੋਗਤਾ ਦੀ ਬਜਾਏ ਨੇੜਤਾ ਦੇ ਆਧਾਰ 'ਤੇ ਵੰਡੇ ਜਾਣ। ਇਸ ਲਈ, ਭਾਵੇਂ ਸੀਟਾਂ ਔਰਤਾਂ ਲਈ ਰਾਖਵੀਆਂ ਹੋਣ, ਉਹ ਜ਼ਰੂਰੀ ਤੌਰ 'ਤੇ ਸੱਚਮੁੱਚ ਸੁਤੰਤਰ ਅਤੇ ਸ਼ਕਤੀਸ਼ਾਲੀ ਪ੍ਰਤੀਨਿਧੀਆਂ ਵਜੋਂ ਨਹੀਂ ਉਭਰਨਗੀਆਂ; ਸਗੋਂ, ਉਹ ਉਸੇ ਸ਼ਕਤੀ ਖੇਡ ਦਾ ਹਿੱਸਾ ਬਣ ਸਕਦੀਆਂ ਹਨ, ਜਿੱਥੇ ਫੈਸਲੇ ਕਿਤੇ ਹੋਰ ਲਏ ਜਾਂਦੇ ਹਨ ਅਤੇ ਚਿਹਰੇ ਕਿਤੇ ਹੋਰ ਦਿਖਾਈ ਦਿੰਦੇ ਹਨ। ਇਸ ਲਈ ਇਸ ਕਾਨੂੰਨ ਬਾਰੇ ਉਮੀਦ ਅਤੇ ਸ਼ੰਕਾ ਦੋਵੇਂ ਕੁਦਰਤੀ ਹਨ, ਕਿਉਂਕਿ ਜੇਕਰ ਢਾਂਚਾ ਬਦਲਿਆ ਨਹੀਂ ਜਾਂਦਾ, ਤਾਂ ਨਤੀਜਾ ਪਹਿਲਾਂ ਵਾਂਗ ਹੀ ਰਹੇਗਾ। ਰਾਜਨੀਤੀ ਵਿੱਚ ਨੈਤਿਕਤਾ ਦਾ ਸਵਾਲ ਵੀ ਇਸ ਬਹਿਸ ਦਾ ਕੇਂਦਰ ਹੈ, ਕਿਉਂਕਿ ਸੰਪਰਕ ਅਤੇ ਸਮਝੌਤਾ ਦਾ ਸੱਭਿਆਚਾਰ ਸੱਤਾ ਦੇ ਗਲਿਆਰਿਆਂ ਵਿੱਚ ਲੰਬੇ ਸਮੇਂ ਤੋਂ ਮੌਜੂਦ ਹੈ ਤੇ ਇਹ ਸਿਰਫ਼ ਔਰਤਾਂ ਤੱਕ ਸੀਮਿਤ ਨਹੀਂ ਹੈ, ਸਗੋਂ ਪੂਰੀ ਪ੍ਰਣਾਲੀ ਵਿੱਚ ਫੈਲਿਆ ਹੋਇਆ ਹੈ। ਇਸ ਲਈ, ਜੇਕਰ ਇਸ ਸੱਭਿਆਚਾਰ ਨੂੰ ਚੁਣੌਤੀ ਨਹੀਂ ਦਿੱਤੀ ਜਾਂਦੀ ਤਾਂ ਰਾਖਵਾਂਕਰਨ ਉਸੇ ਢਾਂਚੇ ਵਿੱਚ ਜੜ੍ਹ ਫੜ ਸਕਦਾ ਹੈ ਅਤੇ ਆਪਣਾ ਅਸਲ ਉਦੇਸ਼ ਗੁਆ ਸਕਦਾ ਹੈ।

ਇਹ ਸਮਝਣਾ ਵੀ ਮਹੱਤਵਪੂਰਨ ਹੈ ਕਿ ਵਧਦੀ ਪ੍ਰਤੀਨਿੱਧਤਾ ਤਬਦੀਲੀ ਦੀ ਗਰੰਟੀ ਨਹੀਂ ਦਿੰਦੀ। ਕਈ ਵਾਰ, ਨਵੇਂ ਆਉਣ ਵਾਲੇ ਵੀ ਪੁਰਾਣੇ ਪੈਟਰਨਾਂ ਦੀ ਪਾਲਣਾ ਕਰਨ ਦੇ ਜਾਲ ਵਿੱਚ ਫਸ ਜਾਂਦੇ ਹਨ ਕਿਉਂਕਿ ਸਿਸਟਮ ਉਨ੍ਹਾਂ ਨੂੰ ਅਜਿਹਾ ਕਰਨ ਲਈ ਮਜਬੂਰ ਕਰਦਾ ਹੈ। ਇਸ ਲਈ, ਕਿਸੇ ਵੀ ਸੁਧਾਰ ਦਾ ਮੁਲਾਂਕਣ ਸਿਰਫ਼ ਗਿਣਤੀ ਦੇ ਆਧਾਰ 'ਤੇ ਨਹੀਂ, ਸਗੋਂ ਇਸਦੇ ਪ੍ਰਭਾਵ 'ਤੇ ਕੀਤਾ ਜਾਣਾ ਚਾਹੀਦਾ ਹੈ। ਕੀ ਔਰਤਾਂ ਦੀ ਗਿਣਤੀ ਵਧਾਉਣ ਨਾਲ ਨੀਤੀਆਂ ਪ੍ਰਤੀ ਸੰਵੇਦਨਸ਼ੀਲਤਾ ਆਵੇਗੀ, ਸਮਾਜਿਕ ਮੁੱਦਿਆਂ ਨੂੰ ਤਰਜੀਹ ਦਿੱਤੀ ਜਾਵੇਗੀ, ਜਾਂ ਕੀ ਰਾਜਨੀਤੀ ਨਵੇਂ ਚਿਹਰਿਆਂ ਨਾਲ ਉਸੇ ਪੁਰਾਣੀ ਦਿਸ਼ਾ ਵਿੱਚ ਜਾਰੀ ਰਹੇਗੀ, ਇਹ ਇੱਕ ਖੁੱਲ੍ਹਾ ਸਵਾਲ ਹੈ, ਜਿਸਦਾ ਜਵਾਬ ਸਿਰਫ਼ ਸਮਾਂ ਹੀ ਦੇਵੇਗਾ। ਇਸ ਪੂਰੇ ਦ੍ਰਿਸ਼ 'ਚ ਸਭ ਤੋਂ ਮਹੱਤਵਪੂਰਨ ਤੱਤ ਜਵਾਬਦੇਹੀ ਹੈ। ਜੇਕਰ ਕੋਈ, ਭਾਵੇਂ ਮਰਦ ਹੋਵੇ ਜਾਂ ਔਰਤ, ਸ਼ਕਤੀ ਦੀ ਦੁਰਵਰਤੋਂ ਕਰਦਾ ਹੈ, ਤਾਂ ਉਸ ਵਿਰੁੱਧ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਹਾਲਾਂਕਿ, ਇਸ ਲਈ ਸੁਤੰਤਰ ਤੇ ਮਜ਼ਬੂਤ ਸੰਸਥਾਵਾਂ ਦੀ ਲੋੜ ਹੈ ਜੋ ਰਾਜਨੀਤਿਕ ਦਬਾਅ ਤੋਂ ਬਿਨਾਂ ਕੰਮ ਕਰ ਸਕਣ। ਬਦਕਿਸਮਤੀ ਨਾਲ, ਅਪਰਾਧ ਤੇ ਰਾਜਨੀਤੀ ਵਿਚਕਾਰ ਗੱਠਜੋੜ ਅੱਜ ਇੱਕ ਗੰਭੀਰ ਸਮੱਸਿਆ ਬਣ ਗਿਆ ਹੈ, ਜਿੱਥੇ ਬਹੁਤ ਸਾਰੇ ਮਾਮਲਿਆਂ ਵਿੱਚ ਦੋਸ਼ੀਆਂ ਨੂੰ ਸੁਰੱਖਿਅਤ ਰੱਖਿਆ ਜਾਂਦਾ ਹੈ ਅਤੇ ਪੀੜਤਾਂ ਦੀਆਂ ਆਵਾਜ਼ਾਂ ਨੂੰ ਦਬਾਇਆ ਜਾਂਦਾ ਹੈ। ਇਸ ਸਮੱਸਿਆ ਨੂੰ ਹੱਲ ਕਰਨ ਲਈ ਸਿਰਫ਼ ਰਾਖਵੇਂਕਰਨ ਦੀ ਉਮੀਦ ਕਰਨਾ ਅਵਿਸ਼ਵਾਸੀ ਹੈ। ਇੱਕ ਹੱਲ ਵਜੋਂ, ਸਾਨੂੰ ਵਿਆਪਕ ਸੁਧਾਰਾਂ ਦੀ ਲੋੜ ਹੈ, ਰਾਜਨੀਤਿਕ ਪਾਰਟੀਆਂ ਦੇ ਅੰਦਰ ਪਾਰਦਰਸ਼ਤਾ ਲਿਆਉਣੀ, ਟਿਕਟ ਵੰਡ ਲਈ ਸਪੱਸ਼ਟ ਅਤੇ ਨਿਰਪੱਖ ਮਾਪਦੰਡ ਸਥਾਪਤ ਕਰਨਾ, ਔਰਤਾਂ ਲਈ ਸੁਰੱਖਿਅਤ ਤੇ ਸੁਤੰਤਰ ਸ਼ਿਕਾਇਤ ਵਿਧੀਆਂ ਵਿਕਸਤ ਕਰਨਾ ਤਾਂ ਜੋ ਉਹ ਬਿਨਾਂ ਕਿਸੇ ਡਰ ਦੇ ਆਪਣੇ ਆਪ ਨੂੰ ਪ੍ਰਗਟ ਕਰ ਸਕਣ ਅਤੇ ਉਨ੍ਹਾਂ ਨੂੰ ਸਿਰਫ਼ ਪ੍ਰਤੀਕਾਤਮਕ ਪ੍ਰਤੀਨਿਧੀਆਂ ਵਜੋਂ ਹੀ ਨਹੀਂ ਸਗੋਂ ਸਮਰੱਥ ਅਤੇ ਸਿਖਲਾਈ ਪ੍ਰਾਪਤ ਨੇਤਾਵਾਂ ਵਜੋਂ ਤਿਆਰ ਕਰਨਾ। ਇਸ ਲਈ ਰਾਜਨੀਤਿਕ ਸਿੱਖਿਆ, ਸਰੋਤਾਂ ਤੇ ਸੰਸਥਾਗਤ ਸਹਾਇਤਾ ਦੀ ਲੋੜ ਹੈ ਤੇ ਸਭ ਤੋਂ ਮਹੱਤਵਪੂਰਨ, ਸਮਾਜਿਕ ਮਾਨਸਿਕਤਾ ਵਿੱਚ ਤਬਦੀਲੀ, ਕਿਉਂਕਿ ਜਦੋਂ ਤੱਕ ਔਰਤਾਂ ਨੂੰ ਬਰਾਬਰ ਦਾ ਦਰਜਾ ਨਹੀਂ ਦਿੱਤਾ ਜਾਂਦਾ, ਕੋਈ ਵੀ ਕਾਨੂੰਨ ਆਪਣੇ ਉਦੇਸ਼ ਨੂੰ ਪੂਰੀ ਤਰ੍ਹਾਂ ਪ੍ਰਾਪਤ ਨਹੀਂ ਕਰ ਸਕੇਗਾ। ਅੰਤ ਵਿੱਚ, ਸਾਨੂੰ ਇਹ ਸਮਝਣਾ ਚਾਹੀਦਾ ਹੈ ਕਿ ਦੇਸ਼ ਦੀਆਂ ਸਮੱਸਿਆਵਾਂ ਦਾ ਹੱਲ ਸਿਰਫ਼ ਸੀਟਾਂ ਦੀ ਗਿਣਤੀ ਵਧਾਉਣ 'ਚ ਨਹੀਂ, ਸਗੋਂ ਸਿੱਖਿਆ, ਸਿਹਤ ਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵਿੱਚ ਹੈ, ਕਿਉਂਕਿ ਸਿਰਫ਼ ਇੱਕ ਸਸ਼ਕਤ ਸਮਾਜ ਹੀ ਇੱਕ ਮਜ਼ਬੂਤ ਲੋਕਤੰਤਰ ਦੀ ਨੀਂਹ ਰੱਖ ਸਕਦਾ ਹੈ। ਨਾਰੀ ਸ਼ਕਤੀ ਵੰਦਨ ਐਕਟ ਇੱਕ ਮੌਕਾ ਹੈ, ਪਰ ਇਹ ਸਿਰਫ਼ ਤਾਂ ਹੀ ਸਾਰਥਕ ਹੋਵੇਗਾ ਜੇਕਰ ਇਮਾਨਦਾਰੀ ਅਤੇ ਦੂਰਦਰਸ਼ਤਾ ਨਾਲ ਲਾਗੂ ਕੀਤਾ ਜਾਵੇ; ਨਹੀਂ ਤਾਂ, ਇਹ ਇੱਕ ਨਵਾਂ ਮਖੌਟਾ ਬਣਿਆ ਰਹੇਗਾ, ਇਸਦੇ ਪਿੱਛੇ ਸ਼ਕਤੀ ਦੀ ਉਹੀ ਪੁਰਾਣੀ ਤਸਵੀਰ ਲੁਕਾਉਂਦਾ ਰਹੇਗਾ।



# 5 ਸਾਲ ਪਹਿਲਾਂ ਮਾਰੇ ਗਏ 4 ਸਿੱਖਾਂ ਸਮੇਤ 8 ਵਰਕਰਾਂ ਦੇ ਸਨਮਾਨ 'ਚ ਪ੍ਰਸਤਾਵ ਲਿਆਂਦਾ

ਸੈਕਰਾਮੈਂਟੋ, 19 ਅਪ੍ਰੈਲ (ਚ.ਨ.ਸ): 5 ਸਾਲ ਪਹਿਲਾਂ ਇੰਡਿਆਨਾਪੋਲਿਸ 'ਚ ਫੈਡਐਕਸ ਗਰਾਊਂਡ ਸਹੂਲਤ ਵਿਖੇ ਗੋਲੀਬਾਰੀ 'ਚ 4 ਸਿੱਖਾਂ ਸਮੇਤ ਮਾਰੇ ਗਏ 8 ਵਰਕਰਾਂ ਦੇ ਸਨਮਾਨ ਵਿੱਚ ਸੰਸਦ ਮੈਂਬਰਾਂ ਵੱਲੋਂ ਪ੍ਰਸਤਾਵ ਪੇਸ਼ ਕੀਤਾ ਗਿਆ। ਜਿਸ ਵਿੱਚ ਸਖ਼ਤੀ ਨਾਲ ਨਫ਼ਰਤ ਅਪਰਾਧ ਰੋਕਣ ਤੇ ਗੰਨ ਸੇਫ਼ਟੀ ਕਦਮ ਚੁੱਕਣ ਦੇ ਸੱਦੇ ਨੂੰ ਮੁੜ ਦੁਹਰਾਇਆ ਗਿਆ ਹੈ। ਅਮਰੀਕੀ ਪ੍ਰਤੀਨਿਧ ਪ੍ਰਾਮਿਲ ਜਯਾਪਾਲ ਨੇ ਕਿਹਾ ਕਿ ਅੱਜ ਅਸੀਂ ਮਾਰੇ ਗਏ 8 ਵਰਕਰਾਂ ਨੂੰ ਯਾਦ ਕੀਤਾ ਤੇ ਅਜਿਹੀ ਦੁਨੀਆਂ ਪ੍ਰਤੀ ਵਚਨਬੱਧਤਾ ਦੁਹਰਾਈ ਹੈ ਜਿਥੇ ਸਾਰੇ ਭਾਈਚਾਰੇ ਸੁਰੱਖਿਅਤ ਰਹਿਣ। 15 ਅਪ੍ਰੈਲ, 2021 ਨੂੰ ਵਾਪਰੇ ਦੁਖਾਂਤ ਨੂੰ ਰਸਮੀ ਮਾਨਤਾ ਦੇਣ ਲਈ ਅਮਰੀਕੀ ਪ੍ਰਤੀਨਿਧ ਗਰੇਸ ਮੇਂਗ ਪ੍ਰਧਾਨ ਕਾਂਗਰਸ਼ਨਲ ਏਸ਼ੀਅਨ ਪੈਸੀਫਿਕ ਅਮੈਰੀਕਨ ਕੈਕਸ (ਸੀ.ਏ.ਪੀ.ਏ.ਸੀ.), ਪ੍ਰਾਮਿਲ ਜਯਾਪਾਲ, ਆਂਦਰੇ ਕਾਰਸਨ ਤੇ ਜੂਡੀ ਚੂ ਪ੍ਰਧਾਨ ਸੀ.ਏ.ਪੀ.ਏ.ਸੀ ਐਮੀਰਿਟਾ ਵੱਲੋਂ ਕਾਂਗਰਸ 'ਚ ਹੋ ਰਹੀਆਂ ਕੋਸ਼ਿਸ਼ਾਂ ਦੀ ਅਗਵਾਈ ਕੀਤੀ ਜਾ ਰਹੀ ਹੈ। ਇਸ ਹਮਲੇ ਦਾ ਅਮਰੀਕੀ ਸਿੱਖਾਂ ਉਪਰ ਕਦੇ ਨਾ ਭੁਲਾਇਆ ਜਾ ਸਕਣ ਵਾਲਾ ਅਸਰ ਪਿਆ। ਇੰਡਿਆਨਾਪੋਲਿਸ ਫੈਡਐਕਸ ਗਰਾਊਂਡ ਜਿਥੇ ਇਹ ਘਟਨਾ ਵਾਪਰੀ ਵਿਖੇ ਤਕਰੀਬਨ 90 ਫ਼ੀਸਦੀ ਵਰਕਰ ਸਿੱਖ ਪਿਛੋਕੜ ਵਾਲੇ ਹਨ। ਮਾਰੇ ਗਏ ਵਰਕਰਾਂ 'ਚ ਅਮਰਜੀਤ ਜੌਹਲ, ਜਸਵਿੰਦਰ ਕੌਰ, ਅਮਰਜੀਤ ਸੇਖੋਂ, ਜਸਵਿੰਦਰ ਸਿੰਘ, ਮੈਥੀਊ ਅਲੈਗਡਜੈਂਡਰ, ਸਾਮਰੀਆ ਬਲੈਕਵੈਲ, ਕਰਲੀ ਸਮਿੱਥ ਤੇ ਜੌਹਨ ਵੀਸਰਟ ਸ਼ਾਮਲ ਸਨ। ਇਨ੍ਹਾਂ ਤੋਂ ਇਲਾਵਾ ਇਸ ਘਟਨਾ 'ਚ 7 ਵਰਕਰ ਜ਼ਖ਼ਮੀ ਹੋਏ ਸਨ। ਅੱਜ ਪੇਸ਼ ਕੀਤੇ ਗਏ ਪ੍ਰਸਤਾਵ ਵਿੱਚ ਹਮਲੇ ਦੀ ਨਿੰਦਾ ਕੀਤੀ ਗਈ ਹੈ, ਪੀੜਤਾਂ ਨੂੰ ਸਨਮਾਨ ਦਿੱਤਾ ਗਿਆ ਹੈ ਤੇ ਨਫ਼ਰਤ ਅਪਰਾਧ ਤੇ ਗੰਨ ਹਿੰਸਾ ਵਿਰੁੱਧ ਸੰਘੀ ਕਾਰਵਾਈ ਦਾ ਸੱਦਾ ਦਿੱਤਾ ਗਿਆ ਹੈ।

# ਇਲਾਹਾਬਾਦ ਹਾਈ ਕੋਰਟ ਨੇ ਰਾਹੁਲ ਗਾਂਧੀ ਵਿਰੁੱਧ ਐਫਆਈਆਰ ਦਰਜ ਕਰਨ ਦੇ ਆਪਣੇ ਹੀ ਹੁਕਮ 'ਤੇ ਰੋਕ ਲਗਾਈ

ਨਵੀਂ ਦਿੱਲੀ/ਲਖਨਊ, 19 ਅਪ੍ਰੈਲ (ਚ.ਨ.ਸ): ਕਾਂਗਰਸ ਦੇ ਸੀਨੀਅਰ ਆਗੂ ਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਦੀ ਨਾਗਰਿਕਤਾ ਨੂੰ ਲੈ ਕੇ ਚੱਲ ਰਹੇ ਵਿਵਾਦ ਵਿੱਚ ਇੱਕ ਨਵਾਂ ਮੋੜ ਆਇਆ ਹੈ। ਇਲਾਹਾਬਾਦ ਹਾਈ ਕੋਰਟ ਨੇ ਰਾਹੁਲ ਗਾਂਧੀ ਵਿਰੁੱਧ ਐਫ.ਆਈ.ਆਰ. ਦਰਜ ਕਰਨ ਦੇ ਆਪਣੇ ਪੁਰਾਣੇ ਨਿਰਦੇਸ਼ਾਂ 'ਤੇ ਰੋਕ ਲਗਾ ਦਿੱਤੀ ਹੈ। ਅਦਾਲਤ ਨੇ ਸਪੱਸ਼ਟ ਕੀਤਾ ਹੈ ਕਿ ਕਿਸੇ ਵੀ ਵਿਅਕਤੀ ਵਿਰੁੱਧ ਅਜਿਹਾ ਕੋਈ ਹੁਕਮ ਉਸ ਦਾ ਪੱਖ ਸੁਣੇ ਬਿਨਾਂ ਜਾਰੀ ਨਹੀਂ ਰੱਖਿਆ ਜਾ ਸਕਦਾ। ਜਸਟਿਸ ਸੁਭਾਸ਼ ਵਿਦਿਆਰਥੀ ਦੇ ਬੈਂਚ ਨੇ ਆਪਣੇ ਫੈਸਲੇ 'ਤੇ ਮੁੜ ਵਿਚਾਰ ਕਰਦਿਆਂ ਕਿਹਾ ਕਿ ਸੁਣਵਾਈ ਦੇ ਅਧਿਕਾਰ ਨੂੰ ਅਣਗੌਲਿਆ ਨਹੀਂ ਕੀਤਾ ਜਾ ਸਕਦਾ ਤੇ ਰਾਹੁਲ ਗਾਂਧੀ ਨੂੰ ਨੋਟਿਸ ਜਾਰੀ ਕਰਨਾ ਜ਼ਰੂਰੀ ਹੈ। ਇਹ ਸਾਰਾ ਮਾਮਲਾ ਕਰਨਾਟਕ ਦੇ ਰਹਿਣ ਵਾਲੇ ਭਾਜਪਾ ਵਰਕਰ ਐਸ. ਵਿਗਨੇਸ਼ ਸ਼ਿਸ਼ਿਰ ਵੱਲੋਂ ਦਾਇਰ ਕੀਤੀ ਗਈ ਇੱਕ ਪਟੀਸ਼ਨ ਨਾਲ ਜੁੜਿਆ ਹੋਇਆ ਹੈ। ਪਟੀਸ਼ਨਰ ਨੇ ਦਾਅਵਾ ਕੀਤਾ ਸੀ ਕਿ ਰਾਹੁਲ ਗਾਂਧੀ ਕੋਲ ਬ੍ਰਿਟਿਸ਼ ਨਾਗਰਿਕਤਾ ਹੈ। ਪਟੀਸ਼ਨ ਵਿੱਚ ਦੋਸ਼ ਲਗਾਇਆ ਗਿਆ ਹੈ ਕਿ ਰਾਹੁਲ ਗਾਂਧੀ ਨੇ ਸਾਲ 2003 ਵਿੱਚ ਯੂਕੇ ਵਿੱਚ ਰਜਿਸਟਰਡ ਕੰਪਨੀ ਬੈਕਅੱਪਸ ਲਿਮਟਿਡ ਦੇ ਦਸਤਾਵੇਜ਼ਾਂ ਵਿੱਚ ਆਪਣੀ ਨਾਗਰਿਕਤਾ ਬ੍ਰਿਟਿਸ਼ ਦੱਸੀ ਸੀ। ਸਾਲ 2005 ਤੇ 2006 ਦੀਆਂ ਸਾਲਾਨਾ ਰਿਟਰਨਾਂ ਦਾ ਹਵਾਲਾ ਦਿੰਦੇ ਹੋਏ ਪਟੀਸ਼ਨਰ ਨੇ ਕਿਹਾ ਕਿ ਰਾਹੁਲ ਗਾਂਧੀ ਨੇ ਲੰਡਨ ਤੇ ਹੈਂਪਸ਼ਾਇਰ ਦੇ ਪਤੇ ਦਿੱਤੇ ਸਨ। ਇਸ ਆਧਾਰ 'ਤੇ ਉਨ੍ਹਾਂ ਵਿਰੁੱਧ ਭਾਰਤੀ ਨਿਆ ਸੰਹਿਤਾ ਪਾਸਪੋਰਟ ਐਕਟ ਤੇ ਵਿਦੇਸ਼ੀ ਐਕਟ ਦੇ ਤਹਿਤ ਮਾਮਲਾ ਦਰਜ ਕਰਨ ਦੀ ਮੰਗ ਕੀਤੀ ਗਈ ਸੀ।ਇਸ ਤੋਂ ਪਹਿਲਾਂ ਲਖਨਊ ਦੇ ਵਧੀਕ ਮੁੱਖ ਨਿਆਂਇਕ ਮੈਜਿਸਟ੍ਰੇਟ ਨੇ ਇਸ ਪਟੀਸ਼ਨ ਨੂੰ ਖਾਰਜ ਕਰ ਦਿੱਤਾ ਸੀ। ਜਿਸ ਤੋਂ ਬਾਅਦ ਪਟੀਸ਼ਨਰ ਨੇ ਹਾਈ ਕੋਰਟ ਤੱਕ ਪਹੁੰਚ ਕੀਤੀ। ਹਾਈ ਕੋਰਟ ਨੇ ਮੁੱਢਲੀ ਸੁਣਵਾਈ ਤੋਂ ਬਾਅਦ ਰਾਹੁਲ ਗਾਂਧੀ ਵਿਰੁੱਧ ਐਫ.ਆਈ.ਆਰ. ਦਰਜ ਕਰਨ ਦੇ ਜ਼ੁਬਾਨੀ ਹੁਕਮ ਦਿੱਤੇ ਸਨ। ਅਦਾਲਤ ਨੇ ਕਿਹਾ ਸੀ ਕਿ ਮਾਮਲਾ ਗੰਭੀਰ ਹੈ ਤੇ ਇਸ ਦੀ ਜਾਂਚ ਹੋਣੀ ਚਾਹੀਦੀ ਹੈ।ਪਰ, ਇਸ ਤੋਂ ਪਹਿਲਾਂ ਕਿ ਇਸ ਹੁਕਮ 'ਤੇ ਜੱਜ ਦੇ ਦਸਤਖਤ ਹੁੰਦੇ ਤੇ ਇਹ ਲਿਖਤੀ ਰੂਪ ਵਿੱਚ ਜਾਰੀ ਹੁੰਦਾ, ਅਦਾਲਤ ਨੇ ਖੁਦ ਹੀ ਇਸ ਨੂੰ ਰੋਕ ਦਿੱਤਾ। ਅਦਾਲਤ ਨੇ ਹੁਣ ਰਾਹੁਲ ਗਾਂਧੀ ਨੂੰ ਨੋਟਿਸ ਜਾਰੀ ਕਰਨ ਦੇ ਨਿਰਦੇਸ਼ ਦਿੱਤੇ ਹਨ ਤੇ ਮਾਮਲੇ ਦੀ ਅਗਲੀ ਸੁਣਵਾਈ 20 ਅਪ੍ਰੈਲ ਲਈ ਤੈਅ ਕੀਤੀ ਹੈ।



# ਹਾਦਸੇ ਦੇ ਪੀੜਤਾਂ ਨੂੰ ਮੁਆਵਜ਼ਾ ਨਾ ਮਿਲਣ 'ਤੇ ਭਖੀ ਸਿਆਸਤ, ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਨੂੰ ਮੰਗ ਪੱਤਰ

ਸ੍ਰੀ ਫਤਿਹਗੜ੍ਹ ਸਾਹਿਬ, 19 ਅਪ੍ਰੈਲ (ਚ.ਨ.ਸ): ਜ਼ਿਲ੍ਹੇ ਦੇ ਪਿੰਡ ਮੈਣ ਮਾਜਰੀ ਦੇ ਨਜ਼ਦੀਕ ਵਾਪਰੇ ਭਿਆਨਕ ਬੱਸ ਹਾਦਸੇ,ਜਿਸ ਵਿੱਚ ਅੱਠ ਕੀਮਤੀ ਜਾਨਾਂ ਚਲੀਆਂ ਗਈਆਂ ਸਨ, ਨੂੰ ਕਈ ਦਿਨ ਬੀਤ ਜਾਣ ਦੇ ਬਾਵਜੂਦ ਪੰਜਾਬ ਸਰਕਾਰ ਵੱਲੋਂ ਪੀੜਤ ਪਰਿਵਾਰਾਂ ਲਈ ਕਿਸੇ ਵੀ ਤਰ੍ਹਾਂ ਦੇ ਮੁਆਵਜ਼ੇ ਦਾ ਐਲਾਨ ਨਾ ਕੀਤੇ ਜਾਣ ਕਾਰਨ ਇਲਾਕੇ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਮੁੱਦੇ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਆਗੂਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਇੱਕ ਮੰਗ ਪੱਤਰ ਸੌਂਪਿਆ ਤੇ ਸਰਕਾਰ ਦੀ ਕਥਿਤ ਬੇਰੁਖ਼ੀ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਮੰਗ ਪੱਤਰ ਸੌਂਪਣ ਮੌਕੇ ਪਾਰਟੀ ਆਗੂਆਂ ਨੇ ਮੰਗ ਕੀਤੀ ਕਿ ਹਾਦਸੇ ਦਾ ਸ਼ਿਕਾਰ ਹੋਏ ਪਰਿਵਾਰਾਂ ਨੂੰ ਤੁਰੰਤ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਵੇ ਤੇ ਮ੍ਰਿਤਕਾਂ ਦੇ ਵਾਰਸਾਂ ਵਿੱਚੋਂ ਇੱਕ-ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ। ਅਕਾਲੀ ਦਲ (ਅੰਮ੍ਰਿਤਸਰ) ਦੇ ਸੀਨੀਅਰ ਆਗੂ ਧਰਮ ਸਿੰਘ ਕਲੌੜ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਹ ਬਹੁਤ ਹੀ ਮੰਦਭਾਗੀ ਗੱਲ ਹੈ ਕਿ ਹਾਦਸੇ ਤੋਂ ਬਾਅਦ ਸੱਤਾਧਾਰੀ ਧਿਰ ਸਮੇਤ ਵੱਖ-ਵੱਖ ਸਿਆਸੀ ਪਾਰਟੀਆਂ ਦੇ ਆਗੂਆਂ ਨੇ ਪੀੜਤ ਪਰਿਵਾਰਾਂ ਨਾਲ ਮੁਲਾਕਾਤ ਕੀਤੀ ਤੇ ਅਫਸੋਸ ਪ੍ਰਗਟਾਇਆ ਪਰ ਹੁਣ ਤੱਕ ਸਰਕਾਰ ਵੱਲੋਂ ਕੋਈ ਵੀ ਰਾਹਤ ਪੈਕੇਜ ਜਾਰੀ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਤੇ ਸਰਕਾਰ ਸਿਰਫ ਖੋਖਲੇ ਭਰੋਸੇ ਦੇ ਕੇ ਪੀੜਤਾਂ ਦੇ ਜ਼ਖ਼ਮਾਂ 'ਤੇ ਲੂਣ ਛਿੜਕ ਰਹੀ ਹੈ, ਜਦਕਿ ਇਹ ਪਰਿਵਾਰ ਅੱਜ ਵੀ ਇਨਸਾਫ਼ ਤੇ ਮਾਲੀ ਮਦਦ ਦੀ ਉਡੀਕ ਕਰ ਰਹੇ ਹਨ। ਪਾਰਟੀ ਆਗੂਆਂ ਨੇ ਇਸ ਹਾਦਸੇ ਲਈ ਸਿੱਧੇ ਤੌਰ 'ਤੇ ਲੋਕ ਨਿਰਮਾਣ ਵਿਭਾਗ ਨੂੰ ਜ਼ਿੰਮੇਵਾਰ ਠਹਿਰਾਇਆ। ਉਨ੍ਹਾਂ ਇਲਜ਼ਾਮ ਲਗਾਇਆ ਕਿ ਸੜਕਾਂ ਦੀ ਮਾੜੀ ਹਾਲਤ ਤੇ ਰੱਖ-ਰਖਾਅ ਦੀ ਘਾਟ ਕਾਰਨ ਇਹ ਦਰਦਨਾਕ ਹਾਦਸਾ ਵਾਪਰਿਆ ਹੈ। ਜ਼ਿਕਰਯੋਗ ਹੈ ਕਿ ਇਹ ਹਾਦਸਾ ਉਸ ਸਮੇਂ ਵਾਪਰਿਆ ਸੀ ਜਦੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਸਾਖੀ ਮਨਾ ਕੇ ਸ਼ਰਧਾਲੂਆਂ ਨਾਲ ਭਰੀ ਇੱਕ ਬੱਸ ਵਾਪਸ ਪਰਤ ਰਹੀ ਸੀ। ਸੜਕ ਵਿਚਾਲੇ ਪਏ ਡੂੰਘੇ ਟੋਇਆਂ ਕਾਰਨ ਬੱਸ ਬੇਕਾਬੂ ਹੋ ਕੇ ਇੱਕ ਦਰੱਖਤ ਨਾਲ ਜਾ ਟਕਰਾਈ ਤੇ ਪਲਟ ਗਈ। ਇਸ ਹਾਦਸੇ ਵਿੱਚ 8 ਲੋਕਾਂ ਦੀ ਮੌਤ ਹੋ ਗਈ ਸੀ ਤੇ 24 ਤੋਂ ਵੱਧ ਸਵਾਰੀਆਂ ਗੰਭੀਰ ਜ਼ਖ਼ਮੀ ਹੋ ਗਈਆਂ ਸਨ। ਅਕਾਲੀ ਦਲ (ਅੰਮ੍ਰਿਤਸਰ) ਨੇ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਜਲਦ ਹੀ ਮੁਆਵਜ਼ੇ ਦਾ ਐਲਾਨ ਨਾ ਕੀਤਾ ਤੇ ਜ਼ਿਲ੍ਹੇ ਦੀਆਂ ਖਸਤਾਹਾਲ ਸੜਕਾਂ ਦੀ ਮੁਰੰਮਤ ਨਾ ਕਰਵਾਈ ਤਾਂ ਉਹ ਤਿੱਖਾ ਸੰਘਰਸ਼ ਵਿੱਢਣ ਲਈ ਮਜਬੂਰ ਹੋਣਗੇ।

# ਐਡ. ਸੇਖਵਾਂ ਵੱਲੋਂ ਪਿੰਡ ਰਣੀਆ ਦੇ ਸਰਕਾਰੀ ਸਕੂਲ 'ਚ ਨਵੇਂ ਕਮਰਿਆਂ ਦਾ ਉਦਘਾਟਨ

ਧਾਲੀਵਾਲ/ਗੁਰਦਾਸਪੁਰ, 19 ਅਪ੍ਰੈਲ (ਜਗੀਰ ਸਿੰਘ ਮੰਡ/ਅਸ਼ੋਕ ਕੁਮਾਰ ਬੰਗਰਾਲ): ਕਾਦੀਆਂ ਦੇ ਹਲਕਾ ਇੰਚਾਰਜ ਐਡ. ਜਗਰੂਪ ਸਿੰਘ ਸੇਖਵਾਂ ਨੇ ਪਿੰਡ ਰਣੀਆ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਵਿੱਚ ਨਵੇਂ ਕਮਰਿਆਂ ਦਾ ਉਦਘਾਟਨ ਕੀਤਾ ਤੇ ਕਿਹਾ ਕਿ ਇਹ ਨਵੇਂ ਕਲਾਸ ਰੂਮ ਵਿਦਿਆਰਥੀਆਂ ਲਈ ਸੁਵਿਧਾਜਨਕ ਮਾਹੌਲ ਪ੍ਰਦਾਨ ਕਰੇਗਾ, ਜਿਸ ਨਾਲ ਉਨ੍ਹਾਂ ਦੀ ਪੜ੍ਹਾਈ ਵਿੱਚ ਹੋਰ ਸੁਧਾਰ ਆਵੇਗਾ। ਇਸ ਮੌਕੇ ਸਕੂਲ ਸਟਾਫ ਤੇ ਹਲਕੇ ਦੀਆਂ ਮੋਹਤਬਰ ਸ਼ਖ਼ਸੀਅਤਾਂ ਮੌਜੂਦ ਸਨ। ਇਸ ਮੌਕੇ ਗੱਲ ਕਰਦਿਆਂ ਐਡ. ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਤੇ ਬੁਨਿਆਦੀ ਢਾਂਚਾ ਮਜ਼ਬੂਤ ਕੀਤਾ ਗਿਆ ਹੈ। ਵਿਦਿਆਰਥਣਾਂ ਸਰਕਾਰੀ ਸਕੂਲਾਂ ਵਿੱਚ ਟਰਾਂਸਪੋਰਟ, ਸੁਰੱਖਿਆ ਦੀ ਸਹੂਲਤ ਨਾਲ ਸਿੱਖਿਆ ਗ੍ਰਹਿਣ ਕਰ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਸੂਬਾ ਭਰ ਵਿੱਚ 'ਸਕੂਲ ਆਫ ਐਮੀਨੈਂਸ' ਸਥਾਪਤ ਕੀਤੇ ਗਏ ਹਨ। ਸੂਬਾ ਸਰਕਾਰ ਵਿਦਿਆਰਥੀਆਂ ਨੂੰ ਵੱਖ-ਵੱਖ ਮੁਕਾਬਲਿਆਂ ਲਈ ਤਿਆਰ ਕਰਨ ਲਈ ਹਰ ਸੰਭਵ ਯਤਨ ਕੀਤੇ ਗਏ ਹਨ ਤੇ ਹੁਣ ਵਿਦਿਆਰਥੀ ਸਿੱਖਿਆ ਦੇ ਖੇਤਰ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪਹਿਲੇ ਦਿਨ ਤੋਂ ਸਿੱਖਿਆ ਨੂੰ ਤਰਜੀਹ ਦਿੰਦਿਆਂ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਹੈ। ਪੰਜਾਬ ਸਰਕਾਰ ਵੱਲੋਂ ਜਿੱਥੇ ਸਰਕਾਰੀ ਸਕੂਲਾਂ ਵਿਚਲੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ, ਉੱਥੇ ਵਿਦਿਆਰਥੀਆਂ ਨੂੰ ਡਿਜੀਟਲ ਤਕਨੀਕ ਨਾਲ ਸਮੇਂ ਦੀ ਹਾਣ ਦੀ ਸਿੱਖਿਆ ਮੁਹੱਈਆ ਕਰਵਾਈ ਜਾ ਰਹੀ ਹੈ।



# ਬੇਅਦਬੀ ਵਿਰੋਧੀ ਬਿੱਲ ਪੰਜਾਬ ਸਰਕਾਰ ਦਾ ਦ੍ਰਿੜ੍ਹ ਤੇ ਇਤਿਹਾਸਕ ਕਦਮ: ਪ੍ਰਧਾਨ ਨੀਲਮ ਘੁਮਾਣ

ਸ੍ਰੀ ਹਰਿਗੋਬਿੰਦਪੁਰ ਸਾਹਿਬ, 19 ਅਪ੍ਰੈਲ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਪੰਜਾਬ ਸਰਕਾਰ ਵੱਲੋਂ ਹਾਲ ਹੀ ਵਿੱਚ ਪਾਸ ਕੀਤੇ ਗਏ ਬੇਅਦਬੀ ਵਿਰੋਧੀ ਬਿੱਲ ਨੂੰ ਲੈ ਕੇ ਸੂਬੇ ਭਰ ਵਿੱਚ ਚਰਚਾ ਜਾਰੀ ਹੈ। ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਆਮ ਆਦਮੀ ਪਾਰਟੀ ਦੇ ਮਹਿਲਾ ਵਿੰਗ ਦੇ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਮੈਡਮ ਨੀਲਮ ਘੁਮਾਣ ਨੇ ਪੰਜਾਬ ਸਰਕਾਰ ਦੇ ਇਸ ਕਦਮ ਨੂੰ ਇਤਿਹਾਸਕ ਤੇ ਸ਼ਲਾਘਾਯੋਗ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਬੇਅਦਬੀ ਦੇ ਮਾਮਲੇ ਪੰਜਾਬ ਦੀਆਂ ਧਾਰਮਿਕ ਤੇ ਸਮਾਜਿਕ ਭਾਵਨਾਵਾਂ ਨਾਲ ਸਿੱਧਾ ਜੁੜੇ ਹੋਏ ਹਨ ਤੇ ਇਨ੍ਹਾਂ ਨੂੰ ਰੋਕਣ ਲਈ ਕਾਫ਼ੀ ਸਮੇਂ ਤੋਂ ਸਖ਼ਤ ਕਾਨੂੰਨ ਦੀ ਲੋੜ ਮਹਿਸੂਸ ਕੀਤੀ ਜਾ ਰਹੀ ਸੀ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਲਿਆਂਦਾ ਗਿਆ ਇਹ ਬਿੱਲ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਦਾ ਦਿਖਾਈ ਦੇ ਰਿਹਾ ਹੈ ਤੇ ਇਸ ਨਾਲ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ 'ਤੇ ਕਾਬੂ ਪਾਉਣ ਵਿੱਚ ਮਦਦ ਮਿਲੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਨੇ ਲੋਕਾਂ ਦੀਆਂ ਭਾਵਨਾਵਾਂ ਦਾ ਪੂਰਾ ਸਤਿਕਾਰ ਕਰਦਿਆਂ ਇਹ ਮਹੱਤਵਪੂਰਨ ਫ਼ੈਸਲਾ ਲਿਆ ਹੈ। ਉਨ੍ਹਾਂ ਕਿਹਾ ਕਿ ਇਸ ਬਿੱਲ ਵਿੱਚ ਬੇਅਦਬੀ ਕਰਨ ਵਾਲਿਆਂ ਲਈ ਸਖ਼ਤ ਸਜ਼ਾਵਾਂ ਦਾ ਪ੍ਰਬੰਧ ਕੀਤਾ ਗਿਆ ਹੈ, ਜਿਸ ਨਾਲ ਅਜਿਹੇ ਅਪਰਾਧੀਆਂ ਨੂੰ ਸਪੱਸ਼ਟ ਸੰਦੇਸ਼ ਜਾਵੇਗਾ ਕਿ ਕਾਨੂੰਨ ਨਾਲ ਖੇਡਣ ਵਾਲਿਆਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਪਿਛਲੇ ਸਮੇਂ ਦੌਰਾਨ ਬੇਅਦਬੀ ਦੇ ਮਾਮਲਿਆਂ ਨੇ ਸਮਾਜ ਵਿੱਚ ਤਣਾਅ ਤੇ ਅਸੰਤੋਸ਼ ਪੈਦਾ ਕੀਤਾ ਸੀ, ਜਿਸ ਕਾਰਨ ਲੋਕਾਂ ਵਿੱਚ ਗਹਿਰਾ ਦੁੱਖ ਤੇ ਗੁੱਸਾ ਵੀ ਵੇਖਣ ਨੂੰ ਮਿਲਿਆ। ਸਰਕਾਰ ਦਾ ਇਹ ਕਦਮ ਸਮਾਜ ਵਿੱਚ ਸ਼ਾਂਤੀ ਤੇ ਸਾਂਝ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ। ਮੈਡਮ ਨੀਲਮ ਘੁਮਾਣ ਨੇ ਆਸ ਜਤਾਈ ਕਿ ਇਸ ਵਾਰ ਇਹ ਕਾਨੂੰਨ ਪੂਰੀ ਤਰ੍ਹਾਂ ਲਾਗੂ ਕੀਤਾ ਜਾਵੇਗਾ ਤੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਮਿਲਣ ਨਾਲ ਅਜਿਹੀਆਂ ਘਟਨਾਵਾਂ 'ਤੇ ਪੂਰੀ ਤਰ੍ਹਾਂ ਰੋਕ ਲੱਗੇਗੀ। ਉਨ੍ਹਾਂ ਕਿਹਾ ਕਿ ਇਹ ਬਿੱਲ ਸਿਰਫ਼ ਸਜ਼ਾਵਾਂ ਤੱਕ ਸੀਮਿਤ ਨਹੀਂ ਰਹੇਗਾ, ਸਗੋਂ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨ ਵਿੱਚ ਵੀ ਸਹਾਇਕ ਸਾਬਤ ਹੋਵੇਗਾ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਧਾਰਮਿਕ ਗ੍ਰੰਥਾਂ ਤੇ ਧਾਰਮਿਕ ਥਾਵਾਂ ਦਾ ਸਤਿਕਾਰ ਕਰਨ ਤੇ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਆਪਣੀ ਜ਼ਿੰਮੇਵਾਰੀ ਨੂੰ ਸਮਝਣ।



# ਗੁ. ਗੁਰਮਤਿ ਪ੍ਰਕਾਸ਼ ਦਮਦਮੀ ਟਕਸਾਲ ਮਨਟੀਕਾ ਵਿਖੇ ਖ਼ਾਲਸਾ ਸਾਜਨਾ ਦਿਵਸ 'ਤੇ ਵੱਡੀ ਗਿਣਤੀ 'ਚ ਸੰਗਤਾਂ ਪੁੱਜੀਆਂ

ਸਾਨ ਫਰਾਂਸਿਸਕੋ, 19 ਅਪ੍ਰੈਲ (ਚ.ਨ.ਸ): ਗੁਰਦੁਆਰਾ ਗੁਰਮਤਿ ਪ੍ਰਕਾਸ਼ ਦਮਦਮੀ ਟਕਸਾਲ ਮਨਟੀਕਾ, ਕੈਲੀਫੋਰਨੀਆ ਵਿਖੇ ਖ਼ਾਲਸਾ ਸਾਜਨਾ ਦਿਵਸ ਮੌਕੇ ਪੰਜ ਦਿਨਾਂ ਵਿਸ਼ੇਸ਼ ਦੀਵਾਨ ਸਜਾਏ ਗਏ, ਜਿਨ੍ਹਾਂ 'ਚ ਗੁਰਬਾਣੀ ਕੀਰਤਨ, ਕਥਾ ਵਿਚਾਰ ਤੇ ਢਾਡੀ ਦਰਬਾਰ ਸਮੇਂ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਦੂਰੋਂ-ਨੇੜਿਓਂ ਪੁੱਜੀਆਂ। ਗੁਰਦੁਆਰਾ ਸਾਹਿਬ ਦੇ ਹਜ਼ੂਰੀ ਰਾਗੀ ਗਿਆਨੀ ਭੁਪਿੰਦਰ ਸਿੰਘ ਦੇ ਜਥੇ ਨੇ ਰਸਭਿੰਨਾ ਕੀਰਤਨ ਕੀਤਾ। ਕਥਾ ਵਾਚਕ ਗਿਆਨੀ ਹਰਵਿੰਦਰ ਸਿੰਘ ਹੋਰਾਂ ਸਿੱਖ ਤੇ ਗੁਰਮਤਿ ਨਾਲ ਸਾਰੇ ਦਿਨ ਸੰਗਤਾਂ ਨੂੰ ਨਾਲ ਜੋੜੀ ਰੱਖਿਆ। ਇਸੇ ਮੌਕੇ 'ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜਰਨੈਲ ਸਿੰਘ, ਬਾਬਾ ਸਰਵਣ ਸਿੰਘ, ਭਾਈ ਸਾਹਿਬ ਸਿੰਘ ਤੇ ਬਾਬਾ ਜੋਗਿੰਦਰ ਸਿੰਘ ਵੱਲੋਂ ਵੀ ਢਾਡੀ ਤਰਸੇਮ ਸਿੰਘ ਮੋਰਾਂਵਾਲੀ ਨੂੰ ਵਿਸ਼ੇਸ਼ ਸਨਮਾਨ ਨਾਲ ਨਿਵਾਜਿਆ ਗਿਆ ਤੇ ਵਿਸਾਖੀ ਦੇ ਸਬੰਧ ਵਿੱਚ ਗੁਰੂਘਰ ਵਿਖੇ ਵੱਡੇ ਦੀਵਾਨਾਂ ਵਿੱਚ ਗਿਆਨੀ ਮੋਰਾਂਵਾਲੀ ਦੇ ਜਥੇ ਨੇ ਪੰਜ ਦਿਨ ਲਗਾਤਾਰ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਸ਼੍ਰੋਮਣੀ ਢਾਡੀ ਸਭਾ ਬਾਬਾ ਨੌਧ ਸਿੰਘ ਜੀ ਬਾਬਾ ਅਵਤਾਰ ਜੀ ਦੇ ਚੇਅਰਮੈਨ ਢਾਡੀ ਤਲਵੀਰ ਸਿੰਘ ਕੋਮਲ ਨੇ ਵੀ ਮੋਰਾਂਵਾਲੀ ਨਾਲ ਸੇਵਾ ਨਿਭਾਈ ਤੇ ਇਸ ਮੌਕੇ ਕਵੀਸ਼ਰੀ ਜਥਾ ਸਰਵਣ ਸਿੰਘ, ਹਰਦੀਪ ਸਿੰਘ ਕਵੀਸ਼ਰ, ਸਕੱਤਰ ਸਿੰਘ, ਨਿਰਲੇਪ ਸਿੰਘ, ਗੁਰਦੇਵ ਸਿੰਘ ਨੇ ਕਵੀਸ਼ਰੀ ਦਾ ਰੰਗ ਪੇਸ਼ ਕੀਤਾ। ਇਸ ਮੌਕੇ ਭਾਈ ਪਰਮਜੀਤ ਸਿੰਘ ਪੰਮਾ, ਅੰਮ੍ਰਿਤਪਾਲ ਸਿੰਘ, ਰੌਬਿਨ ਸਿੰਘ ਨੇ ਵੀ ਹਾਜ਼ਰੀ ਭਰੀ। ਪੰਜੇ ਦਿਨ ਸੰਗਤਾਂ ਲਈ ਗੁਰੂ ਕਾ ਅਤੁੱਟ ਲੰਗਰ ਵਰਤਦਾ ਰਿਹਾ।

# ਵਿਦੇਸ਼ ਧਰਤੀ 'ਤੇ ਗੋਲੀਆਂ ਮਾਰ ਕੇ ਪੰਜਾਬੀ ਦਾ ਕਤਲ

ਡੇਰਾ ਬਾਬਾ ਨਾਨਕ, 19 ਅਪ੍ਰੈਲ (ਹੈਪੀ ਕੋਟਲੀ): ਇਟਲੀ ਦੇ ਵਿੱਚ ਦੋ ਦਿਨ ਪਹਿਲਾਂ ਗੁਰਦੁਆਰਾ ਸਾਹਿਬ ਦੇ ਬਾਹਰ ਗੋਲੀ ਚੱਲੀ, ਰਜਿੰਦਰ ਸਿੰਘ ਤੇ ਉਸ ਦੇ ਇੱਕ ਸਾਥੀ ਦੇ ਗੋਲੀ ਲੱਗੀ ਤੇ ਮੌਕੇ 'ਤੇ ਹੀ ਮੌਤ ਹੋ ਗਈ। ਰਜਿੰਦਰ ਸਿੰਘ ਦਾ ਜੱਦੀ ਪਿੰਡ ਡੇਰਾ ਬਾਬਾ ਨਾਨਕ ਇਲਾਕੇ ਦਾ ਪਿੰਡ ਦਰਗਾਹ ਜਿੱਥੇ ਉਸਦੇ ਪਿਤਾ ਤੇ ਉਸ ਦਿਨ ਛੋਟੇ ਭਰਾ ਦੀ ਧਰਮ ਪਤਨੀ ਰਹਿੰਦੇ ਹਨ। ਗੱਲਬਾਤ ਦੌਰਾਨ ਰਜਿੰਦਰ ਸਿੰਘ ਦੇ ਪਿਤਾ ਨੇ ਕਿਹਾ ਕਿ ਉਨ੍ਹਾਂ ਦਾ ਬੇਟਾ ਪਿਛਲੇ ਕਰੀਬ 24 ਸਾਲ ਤੋਂ ਇਟਲੀ ਦੇ ਵਿੱਚ ਪੱਕਾ ਵਸਨੀਕ ਹੈ। ਉਸ ਦਾ ਪੂਰਾ ਪਰਿਵਾਰ ਇਟਲੀ ਵਿੱਚ ਹੀ ਰਹਿੰਦਾ ਹੈ ਤੇ ਪਿਛਲੇ ਕਈ ਵਾਰ ਗੁਰਦੁਆਰਾ ਸਾਹਿਬ ਦਾ ਪ੍ਰਧਾਨ ਰਹਿ ਚੁੱਕਾ ਹੈ ਹੁਣ ਵੀ ਜੋ ਗੁਰਦੁਆਰਾ ਸਾਹਿਬ ਦਾ ਪ੍ਰਧਾਨ ਸੀ, ਉਹ ਇਨ੍ਹਾਂ ਦਾ ਹੀ ਇੱਕ ਸਾਥੀ ਸੀ। ਦੂਸਰੀ ਪਾਰਟੀ ਦੇ ਲੋਕਾਂ ਨੂੰ ਇਹ ਗੱਲ ਬਰਦਾਸ਼ਤ ਨਹੀਂ ਸੀ ਕਿ ਰਜਿੰਦਰ ਸਿੰਘ ਦਾ ਹੀ ਕੋਈ ਸਾਥੀ ਦੁਬਾਰਾ ਗੁਰਦੁਆਰਾ ਸਾਹਿਬ ਦਾ ਪ੍ਰਧਾਨ ਬਣਿਆ, ਮੈਂ ਆਪਣੇ ਬੇਟੇ ਨੂੰ ਕਈ ਵਾਰ ਰੋਕਿਆ ਸੀ ਕਿ ਉਹ ਗੁਰਦੁਆਰਾ ਸਾਹਿਬ ਦੀ ਕਮੇਟੀ ਵਿੱਚ ਦਖਲ-ਅੰਦਾਜ਼ੀ ਨਾ ਕਰੇ ਪਰ ਉਹ ਪਿਛਲੇ ਕਈ ਸਾਲਾਂ ਤੋਂ ਗੁਰਦੁਆਰਾ ਸਾਹਿਬ ਦੀ ਸੇਵਾ ਕਰਦਾ ਸੀ। ਹੁਣ ਵੀ ਹਰ ਸਾਲ ਦੀ ਤਰ੍ਹਾਂ ਵਿਸਾਖੀ ਦੇ ਸਬੰਧ ਦੇ ਵਿੱਚ ਨਗਰ ਕੀਰਤਨ ਨਿਕਲਣਾ ਸੀ ਤੇ ਮੇਰਾ ਬੇਟਾ ਉਥੇ ਨਗਰ ਕੀਰਤਨ ਵਿੱਚ ਵਰਤਾਏ ਜਾਣ ਵਾਲੇ ਪ੍ਰਸ਼ਾਦ ਨੂੰ ਲੈ ਕੇ ਗਿਆ ਸੀ। ਉਥੇ ਉਸਨੇ ਉਹ ਪ੍ਰਸ਼ਾਦ ਸੰਗਤ ਵਿੱਚ ਵਰਤਾਉਣ ਲਈ ਦੇਣਾ ਸੀ ਜਿਵੇਂ ਹੀ ਮੇਰਾ ਬੇਟਾ ਗੁਰਦੁਆਰਾ ਸਾਹਿਬ ਤੋਂ ਬਾਹਰ ਆਉਂਦਾ ਹੈ ਤੇ ਉਸ 'ਤੇ ਗੋਲੀ ਚੱਲ ਜਾਂਦੀ ਹੈ, ਉਸ ਦਾ ਇੱਕ ਸਾਥੀ ਦੇਵੀ ਗੋਲੀ ਲੱਗੀ। ਦੋਨਾਂ ਦੀ ਹੀ ਮੌਤ ਹੋ ਗਈ। ਅਸੀਂ ਹੁਣ ਸਰਕਾਰ ਅੱਗੇ ਦਰਖਾਸਤ ਕਰ ਰਹੇ ਕਿ ਸਾਨੂੰ ਵੀਜ਼ਾ ਦਿੱਤਾ ਜਾਵੇ ਤਾਂ ਕਿ ਅਸੀਂ ਆਪਣੇ ਬੇਟੇ ਦੀਆਂ ਅੰਤਿਮ ਰਸਮਾਂ ਵਿੱਚ ਸ਼ਾਮਲ ਹੋ ਸਕੀਏ।



# ਪੰਜਾਬੀ ਬੋਲੀ ਦੇ ਪ੍ਰਚਾਰ-ਪ੍ਰਸਾਰ ਲਈ ਯਤਨਸ਼ੀਲ ਐਨਆਰਆਈ ਮਾਨ ਭਰਾਵਾਂ ਦਾ ਸਨਮਾਨ

ਬੰਗਾ, 19 ਅਪ੍ਰੈਲ (ਪ੍ਰਭਜੋਤ ਸਿੰਘ): ਰੋਟਰੀ ਕਲੱਬ ਬੰਗਾ ਗ੍ਰੀਨ ਵੱਲੋਂ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਇੱਕ ਵਿਸ਼ੇਸ਼ ਸਮਾਗਮ ਸਰਬਜੀਤ ਸਿੰਘ ਬੇਦੀ ਦੇ ਗ੍ਰਹਿ ਝਿੱਕਾ ਰੋਡ ਬੰਗਾ ਵਿਖੇ ਕਰਵਾਇਆ ਗਿਆ। ਜਿਸ ਦਾ ਮਕਸਦ ਪੰਜਾਬੀ ਬੋਲੀ ਦੀ ਪਹਿਚਾਣ ਤੇ ਸਾਡੇ ਅਮੀਰ ਵਿਰਸੇ ਨੂੰ ਪ੍ਰਫੁੱਲਤ ਕਰਨਾ ਸੀ। ਇਸ ਮੌਕੇ 'ਤੇ ਬੰਗਾ ਸ਼ਹਿਰ ਦੇ ਜੰਮਪਲ ਤੇ ਪੰਜਾਬੀ ਮਾਂ ਬੋਲੀ ਦੇ ਪ੍ਰਚਾਰ-ਪ੍ਰਸਾਰ ਵਿੱਚ ਨਿਰੰਤਰ ਯੋਗਦਾਨ ਪਾਉਣ ਵਾਲੇ ਸੁੱਚਾ ਸਿੰਘ ਮਾਨ (ਕੈਨੇਡਾ ਨਿਵਾਸੀ) ਤੇ ਮੇਵਾ ਸਿੰਘ ਮਾਨ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ, ਜਿਨ੍ਹਾਂ ਨੂੰ ਸਨਮਾਨ ਚਿੰਨ੍ਹ ਤੇ ਸਿਰੋਪਾਓ ਭੇਟ ਕਰਕੇ ਸਤਿਕਾਰ ਦਿੱਤਾ ਗਿਆ ਤੇ ਮਾਨ ਭਰਾਵਾਂ ਦਾ ਸਨਮਾਨ ਕਰਕੇ ਕਲੱਬ ਦੇ ਸਾਰੇ ਮੈਂਬਰਾਂ ਨੇ ਮਾਣ ਮਹਿਸੂਸ ਕੀਤਾ। ਸਮਾਗਮ ਦੌਰਾਨ ਪੰਜਾਬੀ ਸੱਭਿਆਚਾਰ ਨੂੰ ਪ੍ਰੇਮ ਕਰਨ ਵਾਲੇ ਅਮਰਦੀਪ ਬੰਗਾ ਤੇ ਨਰਿੰਦਰ ਮਾਹੀ ਨੇ ਆਪਣੇ ਦਿਲਕਸ਼ ਅੰਦਾਜ਼ ਵਿੱਚ ਗਾਇਕੀ ਪੇਸ਼ ਕਰਕੇ ਮਾਹੌਲ ਨੂੰ ਰੰਗੀਨ ਤੇ ਯਾਦਗਾਰ ਬਣਾ ਦਿੱਤਾ। ਇਸ ਮੌਕੇ ਮਾਨ ਭਰਾਵਾਂ ਨੇ ਆਪਣੇ ਸਾਂਝੇ ਬਿਆਨ ਵਿੱਚ ਕਿਹਾ ਕਿ ਪੰਜਾਬੀ ਮਾਂ ਬੋਲੀ ਸਾਡੀ ਪਛਾਣ ਤੇ ਸਾਡੀ ਰੂਹ ਦੀ ਆਵਾਜ਼ ਹੈ, ਇਸ ਦੀ ਸੰਭਾਲ ਤੇ ਪ੍ਰਚਾਰ ਹਰ ਪੰਜਾਬੀ ਦਾ ਫਰਜ਼ ਹੈ ਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਇਸ ਨਾਲ ਜੋੜਨਾ ਸਮੇਂ ਦੀ ਲੋੜ ਹੈ। ਇਸ ਦੇ ਨਾਲ ਹੀ ਕਲੱਬ ਦੇ ਪ੍ਰਧਾਨ ਰੋਟੇ. ਦਿਲਬਾਗ ਸਿੰਘ ਬਾਗੀ, ਵਾਈਸ ਪ੍ਰਧਾਨ ਰੋਟੇ. ਸ਼ਮਿੰਦਰ ਸਿੰਘ ਗਰਚਾ, ਰੋਟੇ. ਡਾ. ਧਰਮਜੀਤ ਸਿੰਘ (ਐਕਸ ਵਾਈਸ ਚਾਂਸਲਰ) ਤੇ ਰੋਟੇ. ਸਰਬਜੀਤ ਸਿੰਘ ਬੇਦੀ ਵੱਲੋਂ ਸਾਂਝੇ ਬਿਆਨ ਵਿੱਚ ਕਿਹਾ ਕਿ ਸਾਡਾ ਕਲੱਬ ਹਮੇਸ਼ਾ ਲੋੜਵੰਦਾਂ ਦੀ ਹਰ ਖੇਤਰ ਵਿੱਚ ਸਹਾਇਤਾ ਕਰਨ ਤੇ ਸਮਾਜ ਦੀਆਂ ਉਨ੍ਹਾਂ ਸ਼ਖ਼ਸੀਅਤਾਂ ਨੂੰ ਸਨਮਾਨਤ ਕਰਨ ਲਈ ਵਚਨਬੱਧ ਹੈ ਜੋ ਨਿੱਜੀ ਸਵਾਰਥਾਂ ਤੋਂ ਉਪਰ ਉਠ ਕੇ ਸੇਵਾ ਦਾ ਜਜ਼ਬਾ ਰੱਖਦੀਆਂ ਹਨ। ਰੋਟਰੀ ਕਲੱਬ ਬੰਗਾ ਗ੍ਰੀਨ ਹਮੇਸ਼ਾ ਸਮਾਜ ਸੇਵਾ ਵਿੱਚ ਅੱਗੇ ਰਹਿੰਦਾ ਹੈ ਤੇ ਲੋੜਵੰਦਾਂ ਦੀ ਮਦਦ ਨੂੰ ਆਪਣਾ ਫਰਜ਼ ਸਮਝਦਾ ਹੈ, ਨਾਲ ਹੀ ਮਾਂ ਬੋਲੀ ਪੰਜਾਬੀ ਦੀ ਮਹੱਤਤਾ ਨੂੰ ਸਮਝਦਿਆਂ ਇਸਦੀ ਰੱਖਿਆ ਤੇ ਵਧਾਵੇ ਲਈ ਹਰ ਸੰਭਵ ਯਤਨ ਜਾਰੀ ਰੱਖੇ ਜਾਣਗੇ। ਇਸ ਸਮਾਗਮ ਦੌਰਾਨ ਸਟੇਜ ਸਕੱਤਰ ਦੀ ਜ਼ਿੰਮੇਵਾਰੀ ਰੋਟੇ. ਦਿਲਬਾਗ ਸਿੰਘ ਬਾਗੀ ਨੇ ਬਾਖ਼ੂਬੀ ਨਾਲ ਨਿਭਾਈ। ਇਸ ਮੌਕੇ ਹੋਰ ਹਾਜ਼ਰ ਸ਼ਖ਼ਸੀਅਤਾਂ ਵਿੱਚ ਰੋਟੇ. ਰਣਜੀਤ ਸਿੰਘ ਕੰਦੋਲਾ, ਰੋਟੇ. ਜੀਵਨ ਦਾਸ ਕੌਸ਼ਲ, ਰੋਟੇ. ਸ਼ਮਸ਼ੇਰ ਸਿੰਘ ਝਿੱਕਾ ਸਾਬਕਾ ਪ੍ਰਧਾਨ ਬਾਰ ਐਸੋਸੀਏਸ਼ਨ ਨਵਾਂਸ਼ਹਿਰ ਰੋਟੇ. ਸੁੱਖਵਿੰਦਰ ਸਿੰਘ ਧਾਮੀ ਤੇ ਰੋਟੇ. ਸ਼ਰਨਜੀਤ ਸਿੰਘ ਸ਼ਾਮਲ ਸਨ।



# ਪਿੰਡ ਨੂਰਪੁਰ ਜੱਟਾਂ ਵਿਖੇ ਬਾਬਾ ਸਾਹਿਬ ਅੰਬੇਡਕਰ ਦੇ ਬੁੱਤ ਦੀ ਬੇਅਦਬੀ ਕਰਨ ਵਾਲੇ ਤਿੰਨ ਕਾਬੂ

ਹੁਸ਼ਿਆਰਪੁਰ, 19 ਅਪ੍ਰੈਲ (ਦੀਪਕ ਅਗਨੀਹੋਤਰੀ): 30 ਮਾਰਚ ਦੀ ਦਰਮਿਆਨੀ ਰਾਤ ਨੂੰ ਜ਼ਿਲ੍ਹਾ ਹੁਸ਼ਿਆਰਪੁਰ ਦੇ ਪਿੰਡ ਨੂਰਪੁਰ ਜੱਟਾਂ ਵਿਖੇ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਬੁੱਤ ਦੀ ਭੰਨ-ਤੋੜ ਕਰਕੇ ਬੇਅਦਬੀ ਕਰਨ ਵਾਲੇ ਤਿੰਨ ਵਿਅਕਤੀਆਂ ਨੂੰ ਕਾਬੂ ਕਰ ਲਿਆ। ਕਾਬੂ ਕੀਤੇ ਦੋਸ਼ੀਆਂ ਨੇ ਮਹਿਜ਼ ਪੰਜਾਹ ਹਜ਼ਾਰ ਰੁਪਏ ਲਈ ਇਹ ਕਾਰਾ ਕੀਤਾ ਸੀ। ਪੁਲਿਸ ਅਨੁਸਾਰ ਕਾਬੂ ਦੋਸ਼ੀਆਂ ਨੇ ਪ੍ਰਤੀਬੰਧਿਤ ਸੰਸਥਾ ਸਿੱਖਸ ਫ਼ਾਰ ਜਸਟਿਸ ਦੇ ਕਹਿਣ 'ਤੇ ਕੀਤਾ ਸੀ। ਅੱਜ ਹੁਸ਼ਿਆਰਪੁਰ ਵਿਖੇ ਪੱਤਰਕਾਰ ਸੰਮੇਲਨ ਦੌਰਾਨ ਜਾਣਕਾਰੀ ਦਿੰਦੇ ਜ਼ਿਲ੍ਹਾ ਪੁਲਿਸ ਮੁਖੀ ਸੰਦੀਪ ਕੁਮਾਰ ਮਲਿਕ ਨੇ ਦੱਸਿਆ ਕਿ 31 ਮਾਰਚ ਦੀ ਦਰਮਿਆਨੀ ਰਾਤ ਨੂੰ ਜ਼ਿਲ੍ਹਾ ਹੁਸ਼ਿਆਰਪੁਰ ਦੇ ਕਸਬਾ ਮਾਹਿਲਪੁਰ ਦੇ ਪਿੰਡ ਨੂਰਪੁਰ ਜੱਟਾਂ ਵਿਖੇ ਅਣਪਛਾਤੇ ਵਿਅਕਤੀਆਂ ਨੇ ਪਿੰਡ ਦੇ ਬਾਹਰਵਾਰ ਖ਼ੇਤਾਂ ਵਿੱਚ ਲੱਗੇ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤ ਦੀ ਬੇਅਦਬੀ ਕਰ ਅਣਪਛਾਤੇ ਵਿਅਕਤੀਆਂ ਨੇ ਭੰਨ ਤੋੜ ਕਰ ਦਿੱਤੀ ਸੀ, ਜਿਸ 'ਤੇ ਥਾਣਾ ਮਾਹਿਲਪੁਰ ਦੀ ਪੁਲਿਸ ਨੇ ਅਣਪਛਾਤੇ ਵਿਅਕਤੀਆਂ ਵਿਰੁੱਧ ਮਾਮਲਾ ਦਰਜ ਕੀਤਾ ਸੀ। ਉਨ੍ਹਾਂ ਦੱਸਿਆ ਕਿ ਇਸ ਘਟਨਾ ਦੇ ਦੋਸ਼ੀਆਂ ਨੂੰ ਕਾਬੂ ਕਰਨ ਲਈ ਸਪੈਸ਼ਲ ਟੀਮ ਦਾ ਗਠਨ ਗੜ੍ਹਸ਼ੰਕਰ ਦੇ ਡੀਐਸਪੀ ਦਲਜੀਤ ਸਿੰਘ ਖੱਖ਼ ਦੀ ਅਗਵਾਈ ਹੇਠ ਕੀਤਾ ਗਿਆ ਸੀ ਜਿਨ੍ਹਾਂ ਨੇ ਮਨੁੱਖੀ ਤੇ ਤਕਨੀਕੀ ਮਾਧਿਅਮ ਰਾਹੀਂ ਇਸ ਕੇਸ ਦੀਆਂ ਬਾਰੀਕੀਆਂ ਤੋਂ ਸ਼ੁਰੂਆਤ ਕਰਕੇ ਤਿੰਨ ਵਿਅਕਤੀਆਂ ਨੂੰ ਕਾਬੂ ਕੀਤਾ। ਉਨ੍ਹਾਂ ਦੱਸਿਆ ਕਿ ਦੋਸ਼ੀਆਂ ਨੇ ਪੁੱਛਗਿੱਛ ਦੌਰਾਨ ਮੰਨਿਆ ਕਿ ਉਨ੍ਹਾਂ ਭਾਰਤ ਵਿੱਚ ਪ੍ਰਤੀਬੰਧਿਤ ਸੰਸਥਾ ਸਿੱਖਸ ਫਾਰ ਜਸਟਿਸ ਗੁਰਪ੍ਰਤਾਪ ਸਿੰਘ ਪੰਨੂੰ ਜੋ ਅਮਰੀਕਾ ਵਿੱਚ ਬੈਠਾ ਹੈ ਦੇ ਕਹਿਣ 'ਤੇ ਮਹਿਜ਼ ਪੰਜਾਹ ਹਜ਼ਾਰ ਰੁਪਏ ਲਾਲਚ ਕਾਰਨ ਕੀਤਾ ਸੀ। ਕਾਬੂ ਕੀਤੇ ਤਿੰਨ ਕਥਿਤ ਦੋਸ਼ੀਆਂ ਦੀ ਪਹਿਚਾਣ ਗੁਰਕੀਰਤ ਸਿੰਘ ਪੁੱਤਰ ਅਵਤਾਰ ਸਿੰਘ ਵਾਸੀ ਬਾੜੀਆਂ ਕਲਾਂ, ਬਵਨਦੀਪ ਸਿੰਘ ਪੁੱਤਰ ਰਵਿੰਦਰ ਸਿੰਘ ਵਾਸੀ ਰਣਜੀਤ ਨਗਰ ਐਸਏਐਸ ਨਗਰ, ਸਾਹਿਲਪ੍ਰੀਤ ਸਿੰਘ ਪੁੱਤਰ ਤਲਵਿੰਦਰ ਸਿੰਘ ਵਾਸੀ ਕਤੌੜ ਜ਼ਿਲ੍ਹਾ ਐਸਏਐਸ ਨਗਰ ਵਜੋਂ ਹੋਈ ਹੈ। ਇਸ ਮੌਕੇ ਉਨ੍ਹਾਂ ਨਾਲ ਥਾਣਾ ਮੁਖੀ ਰਮਨਦੀਪ ਸਿੰਘ ਤੇ ਅਧਿਕਾਰੀ ਹਾਜ਼ਰ ਸਨ।



# ਗੰਨੇ ਦੀ ਮੂਢੀ ਫਸਲ ਕੀੜਿਆਂ ਦੀ ਰੋਕਥਾਮ ਲਈ ਨਿਰੰਤਰ ਨਿਰੀਖਣ ਦੀ ਜ਼ਰੂਰਤ: ਕੇਨ ਕਮਿਸ਼ਨਰ

☛ਗੰਨਾ ਮਾਹਿਰਾਂ ਵੱਲੋਂ ਗੰਨੇ ਦੀ ਫ਼ਸਲ ਦਾ ਜਾਇਜ਼ਾ ਲੈਣ ਲਈ ਵੱਖ-ਵੱਖ ਪਿੰਡਾਂ ਦਾ ਦੌਰਾ

ਗੁਰਦਾਸਪੁਰ, 19 ਅਪ੍ਰੈਲ (ਜਗੀਰ ਸਿੰਘ ਮੰਡ/ਸੁਰਿੰਦਰ ਸਿੰਘ ਬਸਰਾ): ਗੰਨੇ ਦੀ ਮੂਢੀ ਫਸਲ ਦੀ ਸੰਭਾਲ ਵੱਲ ਸਹੀ ਸਮੇਂ 'ਤੇ ਧਿਆਨ ਨਾ ਦੇਣ ਨਾਲ ਪੈਦਾਵਾਰ ਘਟਦੀ ਹੈ, ਜੋ ਗੰਨਾ ਕਾਸ਼ਤਕਾਰਾਂ ਤੇ ਖੰਡ ਮਿੱਲਾਂ ਨੂੰ ਆਰਥਿਕ ਨੁਕਸਾਨ ਦਾ ਕਾਰਨ ਬਣਦੀ ਹੈ। ਪੰਜਾਬ ਵਿੱਚ ਪੰਜਾਬ ਸਰਕਾਰ ਵੱਲੋਂ ਗੰਨੇ ਦੀ ਫ਼ਸਲ ਹੇਠ ਰਕਬਾ ਵਧਾਉਣ ਦੇ ਨਿਰਧਾਰਿਤ ਕੀਤੇ ਗਏ ਟੀਚਿਆਂ ਦੀ ਪੂਰਤੀ ਦੀ ਪ੍ਰਗਤੀ ਤੇ ਕੀੜਿਆਂ ਦੇ ਹਮਲੇ ਦਾ ਜਾਇਜ਼ਾ ਲੈਣ ਲਈ ਕੇਨ ਕਮਿਸ਼ਨਰ ਡਾ. ਅਮਰੀਕ ਸਿੰਘ ਵੱਲੋਂ ਦਾ ਗੁਰਦਾਸਪੁਰ ਸਹਿਕਾਰੀ ਖੰਡ ਮਿੱਲ ਦੇ ਅਧਿਕਾਰਤ ਖੇਤਰ ਅਧੀਨ ਆਉਂਦੇ ਪਿੰਡਾਂ ਜਿਵੇਂ ਵਡਾਲਾ, ਤਲਵੰਡੀ, ਗਾਹਲੜੀ ਤੇ ਆਲੀ ਨੰਗਲ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੇ ਨਾਲ ਡਾ. ਮਿੱਤਰਮਾਨ ਸਿੰਘ ਖ਼ੇਤੀਬਾੜੀ ਵਿਕਾਸ ਅਫ਼ਸਰ (ਗੰਨਾ), ਡਾ. ਬਿਕਰਮਜੀਤ ਸਿੰਘ ਖੈਹਰਾ ਗੰਨਾ ਵਿਕਾਸ ਅਫ਼ਸਰ, ਮਨਦੀਪ ਸਿੰਘ ਗੰਨਾ ਇੰਸਪੈਕਟਰ , ਰਣਜੀਤ ਸਿੰਘ ਸਰਵੇਅਰ ਵੀ ਹਾਜ਼ਰ ਸਨ। ਪਿੰਡ ਵਡਾਲਾ ਵਿੱਚ ਅਗਾਂਹਵਧੂ ਗੰਨਾ ਕਾਸ਼ਤਕਾਰ ਕੁਲਬੀਰ ਸਿੰਘ ਦੇ ਖੇਤਾਂ ਵਿੱਚ ਗੱਲਬਾਤ ਕਰਦਿਆਂ ਡਾ. ਅਮਰੀਕ ਸਿੰਘ ਨੇ ਕਿਹਾ ਕਿ ਗੰਨੇ ਦੀ ਬੀਜੜ ਫਸਲ ਦੀ ਕਟਾਈ ਤੋਂ ਬਾਅਦ ਵਧੇਰੇ ਪੈਦਾਵਾਰ ਤੇ ਗੰਨੇ ਦੀ ਚੰਗੀ ਗੁਣਵੱਤਾ ਪ੍ਰਾਪਤ ਕਰਨ ਲਈ ਗੰਨੇ ਦੀ ਮੂਢੀ ਫਸਲ ਦਾ ਪ੍ਰਬੰਧਨ ਕਰਨਾ ਬਹੁਤ ਜ਼ਰੂਰੀ ਕੰਮ ਹੈ ਕਿਉਂਕਿ ਜੇਕਰ ਸ਼ੁਰੂਆਤੀ ਪੜਾਅ ਦੌਰਾਨ ਮੂਢੀ ਫ਼ਸਲ ਦੀ ਸਹੀ ਦੇਖਭਾਲ ਨਾ ਕੀਤੀ ਜਾਵੇ ਤਾਂ ਗੰਨੇ ਦੀ ਪੈਦਾਵਾਰ ਦੇ ਨਾਲ-ਨਾਲ ਖੰਡ ਦੀ ਰਿਕਵਰੀ ਘਟਦੀ ਹੈ ਜਿਸ ਨਾਲ ਗੰਨਾਂ ਕਾਸ਼ਤਕਾਰ ਤੇ ਖੰਡ ਮਿੱਲ ਦੋਹਾਂ ਨੂੰ ਆਰਥਿਕ ਨੁਕਸਾਨ ਹੁੰਦਾ ਹੈ। ਗੰਨੇ ਦੀ ਮੂਢੀ ਫਸਲ ਦੀ ਸੁਚੱਜੀ ਸਾਂਭ-ਸੰਭਾਲ ਬਾਰੇ ਉਨ੍ਹਾਂ ਨੇ ਦੱਸਿਆ ਕਿ ਗੰਨੇ ਦੀ ਬੀਜੜ ਫ਼ਸਲ ਨੂੰ ਕੀੜਿਆਂ ਤੋਂ ਬਚਾਉਣ ਲਈ ਨਿਰੰਤਰ ਨਿਰੀਖਣ ਕਰਨ ਦੀ ਜ਼ਰੂਰਤ ਹੈ। ਉਨ੍ਹਾਂ ਦੱਸਿਆ ਕਿ ਅੱਜ ਕੀਤੇ ਦੌਰੇ ਦੌਰਾਨ ਦੇਖਿਆ ਗਿਆ ਕਿ ਗੰਨੇ ਦੀ ਫ਼ਸਲ ਖਾਸ ਕਰਕੇ ਮੂਢੀ ਫਸਲ ਉਪਰ ਅਗੇਤੀ ਫੋਟ ਦੇ ਗੜੂਏ ਦਾ ਹਮਲਾ ਹੋਇਆ ਹੈ। ਇਸ ਕੀੜੇ ਦੇ ਹਮਲੇ ਨਾਲ ਬੂਟੇ ਦੇ ਮੁੱਖ ਸ਼ਾਖਾ ਸੁੱਕ ਜਾਂਦੀ ਹੈ ਤੇ ਖਿੱਚਣ ਤੇ ਬਾਹਰ ਨਿਕਲ ਆਉਂਦੀ ਹੈ। ਗੰਨਾ ਵਿਕਾਸ ਅਧਿਕਾਰੀ ਬਿਕਰਮਜੀਤ ਸਿੰਘ ਖੈਹਰਾ ਨੇ ਦੱਸਿਆ ਕਿ ਖੰਡ ਮਿੱਲ ਵੱਲੋਂ ਕੀੜਿਆਂ ਦੀ ਰੋਕਥਾਮ ਤੇ ਵਾਜਬ ਮੁੱਲ ਤੇ ਕਲੋਐਂਟ੍ਰਾਨਿਲੀਪ੍ਰੋਲ ਤੇ ਕਲੋਰੋਪੈਰੀਫਾਸ ਦਿੱਤੀ ਜਾ ਰਹੀ ਹੈ ਤਾਂ ਜੋ ਗੰਨਾ ਕਾਸ਼ਤਕਾਰ ਸਮੇਂ ਸਿਰ ਇਹ ਕੀਟਨਾਸ਼ਕ ਵਰਤ ਕੇ ਕੀੜਿਆਂ ਦੀ ਰੋਕਥਾਮ ਕਰ ਸਕਣ। ਇਸ ਮੌਕੇ ਕੁਲਬੀਰ ਸਿੰਘ, ਸ਼ੇਰ ਸਿੰਘ ਸਮੇਤ ਹੋਰ ਕਿਸਾਨ ਹਾਜ਼ਰ ਸਨ।



# ਸਰਕਾਰ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਤੱਤਪਰ: ਵਿਧਾਇਕ ਭੁੱਲਰ



ਫ਼ਿਰੋਜ਼ਪੁਰ, 19 ਅਪ੍ਰੈਲ (ਤਿਵਾੜੀ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪੰਜਾਬ ਸਿੱਖਿਆ ਕ੍ਰਾਂਤੀ ਰਾਹੀਂ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਵਿੱਚ ਵੱਡੇ ਪੱਧਰ 'ਤੇ ਵਿਕਾਸ ਕਰਕੇ ਵਿਦਿਆਰਥੀਆਂ ਦੀ ਪੜ੍ਹਾਈ ਤੇ ਖੇਡਾਂ ਵਿੱਚ ਸਰਬੋਤਮ ਬਣਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਇਹ ਪ੍ਰਗਟਾਵਾ ਵਿਧਾਇਕ ਫਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਨੇ ਆਪਣੇ ਹਲਕੇ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖੁਸ਼ਹਾਲ ਸਿੰਘ ਵਾਲਾ ਤੇ ਸਰਕਾਰੀ ਹਾਈ ਸਕੂਲ ਦੂਲਚੀ ਕੇ ਵਿੱਚ ਕਰਵਾਏ ਗਏ ਵਿਕਾਸ ਕਾਰਜਾਂ ਦੇ ਉਦਘਾਟਨ ਸਮਾਰੋਹ ਵਿੱਚ ਬਤੌਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਕੇ ਵਿਕਾਸ ਕਾਰਜਾਂ ਦੇ ਉਦਘਾਟਨ ਕਰਨ ਉਪਰੰਤ ਕੀਤਾ। ਇਸ ਮੌਕੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ) ਫ਼ਿਰੋਜ਼ਪੁਰ ਡਾ. ਸਤਿੰਦਰ ਸਿੰਘ ਵੀ ਹਾਜ਼ਰ ਸਨ। ਇਸ ਮੌਕੇ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਯਤਨਾਂ ਨਾਲ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਸਕੂਲਾਂ ਵਿੱਚ ਪੜ੍ਹਾਈ ਤੇ ਖੇਡਾਂ ਲਈ ਜ਼ਰੂਰੀ ਬੁਨਿਆਦੀ ਢਾਂਚਾ ਮੁਹੱਈਆ ਕਰਵਾ ਕੇ ਉਨ੍ਹਾਂ ਦੇ ਸਮੇਂ ਦੀ ਸਰਬੋਤਮ ਵਰਤੋਂ ਨੂੰ ਯਕੀਨੀ ਬਣਾ ਰਹੀ ਹੈ ਤਾਂ ਜੋ ਸਰਕਾਰੀ ਸਕੂਲਾਂ ਦੇ ਬੱਚੇ ਵੀ ਪ੍ਰਤੀਯੋਗੀ ਪ੍ਰੀਖਿਆਵਾਂ ਵਿੱਚ ਸ਼ਾਮਲ ਹੋ ਕੇ ਸੂਬੇ ਦਾ ਨਾਮ ਰੌਸ਼ਨ ਕਰ ਸਕਣ। ਮੁੱਖ ਮੰਤਰੀ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਜੋ ਸਿੱਖਿਆ ਮਾਡਲ ਸੂਬੇ ਵਿੱਚ ਬਣਾਇਆ ਹੈ, ਉਸ ਤੋਂ ਹੋਰ ਸੂਬੇ ਵੀ ਸੇਧ ਲੈ ਰਹੇ ਹਨ। ਸਰਕਾਰੀ ਸਕੂਲਾਂ ਵਿੱਚ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਪੰਜਾਬ ਸਰਕਾਰ ਵੱਲੋਂ ਕਰਵਾਏ ਗਏ ਇਨ੍ਹਾਂ ਵਿਕਾਸ ਕਾਰਜਾਂ ਤੇ ਸੁਧਾਰਾਂ ਤੋਂ ਪ੍ਰਭਾਵਿਤ ਹੋ ਕੇ ਵੱਡੀ ਸੰਖਿਆ ਵਿੱਚ ਲੋਕ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਭਰਤੀ ਕਰਾ ਰਹੇ ਹਨ।ਇਸ ਮੌਕੇ ਵਿਕਾਸ ਸ਼ਰਮਾ ਜ਼ਿਲ੍ਹਾ ਕੋਆਰਡੀਨੇਟਰ, ਹਿਮਾਂਸ਼ੂ ਠੱਕਰ, ਦਿਲਬਾਗ ਸਿੰਘ ਨੱਢਾ ਚੇਅਰਮੈਨ ਬਲਾਕ ਸੰਮਤੀ, ਪ੍ਰਗਟ ਸਿੰਘ, ਅਵਤਾਰ ਸਿੰਘ ਸਾਬਕਾ ਸਰਪੰਚ ਦੂਲਚੀ ਕੇ, ਤਰਸੇਮ ਸਿੰਘ ਸਰਪੰਚ ਰੱਖੜੀ, ਬਲਕਾਰ ਸਿੰਘ ਟੂਰਨਾ, ਗੁਰਪ੍ਰੀਤ ਸਿੰਘ ਰੱਖੜੀ, ਅਨਕੁਲ ਪੰਛੀ ਬਲਾਕ ਨੋਡਲ ਅਫ਼ਸਰ, ਪ੍ਰਿੰਸੀਪਲ ਨੀਲਮ ਧਵਨ, ਰਮਿੰਦਰ ਕੌਰ ਮੁੱਖ ਅਧਿਆਪਕਾ ਦੂਲਚੀ ਕੇ, ਮਰਿਦੁਲਾ ਸੇਠੀ ਸਕੂਲ ਇੰਚਾਰਜ, ਦਿਨੇਸ਼ ਖੁਰਾਨਾ, ਸਕੂਲਾਂ ਦੇ ਅਧਿਆਪਕ, ਮਾਪੇ ਹਾਜ਼ਰ ਸਨ।

# ਮੰਦਰ ਬੱਲ ਬਾਵਾ ਵਿਖੇ ਰਾਜੀਵ ਸ਼ਰਮਾ ਨੂੰ ਸਨਮਾਨਤ ਕੀਤਾ



ਫਤਿਹਗੜ੍ਹ ਚੂੜੀਆਂ, 19 ਅਪ੍ਰੈਲ (ਰਾਜਨ ਸ਼ਰਮਾ): ਫਤਿਹਗੜ੍ਹ ਚੂੜੀਆਂ ਦੇ ਨਜ਼ਦੀਕ ਪਿੰਡ ਬੱਲ ਬਾਵਾ ਵਿਖੇ ਪਿਛਲੇ ਦਿਨੀਂ ਵਿਸਾਖੀ ਦਾ ਤਿਉਹਾਰ ਬੜੀ ਹੀ ਧੂਮਧਾਮ ਤੇ ਸ਼ਰਧਾ ਦੇ ਨਾਲ ਮਨਾਇਆ ਗਿਆ। ਵਿਸਾਖੀ ਦੇ ਪਵਿੱਤਰ ਤਿਉਹਾਰ 'ਤੇ ਮੰਦਰ ਬਲ ਬਾਵਾ ਵਿਖੇ ਰਾਜੀਵ ਸ਼ਰਮਾ ਸਤਿਕਾਰ ਸਹਿਤ ਨਤਮਸਤਕ ਹੋਏ ਤੇ ਮੰਦਰ ਕਮੇਟੀ ਵੱਲੋਂ ਫਤਿਹਗੜ੍ਹ ਚੂੜੀਆਂ ਦੇ ਵਸਨੀਕ ਤੇ ਗੁਰਦਾਸਪੁਰ ਲੋਕ ਸਭਾ ਇੰਚਾਰਜ ਤੇ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਰਾਜੀਵ ਸ਼ਰਮਾ ਨੂੰ ਸਨਮਾਨਤ ਕੀਤਾ ਗਿਆ। ਵਿਸਾਖੀ ਦੇ ਤਿਉਹਾਰ ਉਪਰ ਆਸ-ਪਾਸ ਦੇ ਇਲਾਕੇ ਭਰ ਤੋਂ ਸੰਗਤਾਂ ਨਤਮਸਤਕ ਹੋਈਆਂ। ਰਾਜੀਵ ਸ਼ਰਮਾ ਵੱਲੋਂ ਮੰਦਰ ਕਮੇਟੀ ਨੂੰ ਵਧੀਆ ਪ੍ਰਬੰਧ ਦੇ ਲਈ ਸ਼ਲਾਘਾ ਵੀ ਕੀਤੀ ਤੇ ਦਿੱਤੇ ਗਏ ਮਾਨ-ਸਤਿਕਾਰ ਲਈ ਤਹਿ ਦਿਲ ਤੋਂ ਧੰਨਵਾਦ ਕੀਤਾ।ਇਸ ਮੌਕੇ 'ਤੇ ਰਜਿੰਦਰ ਕੁਮਾਰ ਸਲਵਾਨ ਪ੍ਰਧਾਨ, ਰਜੇਸ਼ ਸਲਵਾਨ ਸਰਪ੍ਰਸਤ, ਪਵਨ ਕੁਮਾਰ ਕੈਸ਼ੀਅਰ, ਆਯੋਧਿਆ ਜੋਸ਼ੀ, ਡੀਐਸਪੀ ਰਜੇਸ਼ ਕੱਕੜ, ਵਿਨੋਦ ਸ਼ਰਮਾ ਕੇਸਾਂ, ਸ਼ਸ਼ੀ ਡੋਗਰਾ, ਸੁਖਦੇਵ ਜੋਸ਼ੀ, ਬਲਜੀਤ ਸਿੰਘ ਬੱਲੂ, ਆਕਾਸ਼ਦੀਪ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਧਾਰਮਿਕ ਸਥਾਨ 'ਤੇ ਚੋਰੀ ਕਰਦਾ ਵਿਅਕਤੀ ਗ੍ਰਿਫ਼ਤਾਰ

ਰਾਹੋਂ, 19 ਅਪ੍ਰੈਲ (ਸੰਜੀਵ ਕੁਮਾਰ ਬੌਬੀ): ਪੁਲਿਸ ਵੱਲੋਂ ਬੀਤੇ ਦਿਨ ਧਾਰਮਿਕ ਜਗ੍ਹਾ ਤੋਂ ਚੋਰੀ ਕੀਤੇ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ, ਇਸ ਬਾਬਤ ਵਿਸਥਾਰ ਸਾਹਿਤ ਜਾਣਕਾਰੀ ਦਿੰਦੇ ਹੋਏ ਰਾਹੋਂ ਥਾਣੇ ਦੇ ਮੁਖੀ ਚੌਧਰੀ ਵਰਿੰਦਰ ਕੁਮਾਰ ਨੇ ਦੱਸਿਆ ਕਿ ਥਾਣਾ ਰਾਹੋਂ ਅਧੀਨ ਪੈਂਦੇ ਪਿੰਡ ਸ਼ਾਹਪੁਰ ਪੱਟੀ ਸਥਿਤ ਦਰਬਾਰ ਬਾਬਾ ਤੋੜੇ ਸ਼ਾਹ ਜੀ ਦੀ ਜਗ੍ਹਾ 'ਤੇ ਸ਼ਸ਼ੀ ਦੇਵ ਨਾਮਕ ਵਿਅਕਤੀ ਜੋ ਕਿ ਉਸੇ ਪਿੰਡ ਦਾ ਰਹਿਣ ਵਾਲਾ ਹੈ ਨੇ ਧਾਰਮਿਕ ਜਗ੍ਹਾ ਤੋਂ ਸਿਲੰਡਰ ਚੋਰੀ ਕਰਨ ਤੋਂ ਇਲਾਵਾ 10 ਹਜ਼ਾਰ ਭਾਰਤੀ ਕਰੰਸੀ ਚੋਰੀ ਕੀਤੀ, ਪੁਖਤਾ ਪੜਤਾਲ ਕਰਕੇ ਦੋਸ਼ੀ ਨੂੰ ਗ੍ਰਿਫਤਾਰ ਕਰਕੇ ਮੁਕੱਦਮਾ ਦਰਜ ਕਰ ਲਿਆ ਹੈ, ਥਾਣਾ ਮੁਖੀ ਨੇ ਦੱਸਿਆ ਕਿ ਦੋਸ਼ੀ ਦੀ ਪਹਿਚਾਣ ਸ਼ਸ਼ੀ ਦੇਵ ਉਰਫ਼ ਸ਼ਸ਼ੀ ਕੁਮਾਰ ਪੁੱਤਰ ਜੋਗਿੰਦਰ ਰਾਮ ਵਾਸੀ ਸ਼ਾਹਪੁਰ ਪੱਟੀ ਵਜੋਂ ਹੋਈ ਹੈ।



# ਪੰਜਾਬ ਨੂੰ ਨਸ਼ਿਆਂ ਦੀ ਮਾਰ ਤੋਂ ਬਚਾਉਣ ਲਈ ਸਭ ਸਿਆਸਤਦਾਨ ਸੁਹਿਰਦਤਾ ਨਾਲ ਸਹਿਯੋਗ ਦੇਣ: ਗੁਰਪ੍ਰੀਤ ਸਿੰਘ



ਬਟਾਲਾ, 19 ਅਪ੍ਰੈਲ (ਬਲਵਿੰਦਰ ਸਿੰਘ ਪੰਜਗਰਾਈਂ): ਪੰਜਾਬ ਨੂੰ ਜੇਕਰ ਸੱਚਮੁੱਚ ਹੀ ਨਸ਼ਿਆਂ ਦੀ ਦਲਦਲ ਵਿੱਚੋਂ ਕੱਢਣਾ ਹੈ ਤਾਂ ਪੰਜਾਬ ਦੀਆਂ ਸਾਰੀਆਂ ਪਾਰਟੀਆਂ ਦੇ ਸਿਆਸਤਦਾਨਾਂ ਨੂੰ ਸੁਹਿਰਦਤਾ ਨਾਲ ਇੱਕ-ਦੂਜੇ ਦਾ ਸਹਿਯੋਗ ਕਰਨਾ ਪਵੇਗਾ ਤੇ ਸਭ ਨੂੰ ਨਿਰਸਵਾਰਥ ਭਾਵਨਾ ਨਾਲ ਇਸ ਮੁਹਿੰਮ ਵਿਰੁੱਧ ਜੁੱਟ ਕੇ ਕੰਮ ਕਰਨਾ ਹੋਵੇਗਾ, ਇਹ ਇਸ ਸਮੇਂ ਦੀ ਸੱਭ ਤੋਂ ਵੱਡੀ ਲੋੜ ਹੈ। ਪੰਜਾਬ ਗੁਰੂਆਂ, ਪੀਰਾਂ, ਪੈਗੰਬਰਾਂ ਤੇ ਦੇਵਤਿਆਂ ਦੀ ਧਰਤੀ ਹੈ, ਲੰਘੇ ਸਮੇਂ ਦੌਰਾਨ ਪੰਜਾਬ ਹਿਤੈਸ਼ੀ ਅਖਵਾਉਂਦੀ ਕਿਸੇ ਵੀ ਪਾਰਟੀ ਵੱਲੋਂ ਇਸਦੀ ਸਾਰ ਨਹੀਂ ਲਈ ਗਈ। ਸੱਤਾ ਦੇ ਗਲਿਆਰਿਆਂ ਵਿੱਚ ਪੰਜਾਬ ਕਦੀ ਕੋਈ ਚਰਚਾ ਨਹੀਂ ਕੀਤੀ ਗਈ। ਸਿਆਸਤਦਾਨਾਂ ਨੇ ਇਸ ਨੂੰ ਨਸ਼ਿਆਂ ਦੀ ਮਾਰ ਹੇਠ ਲਿਆ ਕੇ ਧਰਾਤਲ ਵੱਲ ਧਕੇਲ ਦਿੱਤਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸੀਨੀਅਰ ਆਗੂ ਗੁਰਪ੍ਰੀਤ ਸਿੰਘ ਸੈਣੀ ਨੇ ਬਟਾਲੇ ਜਾਂਦਿਆਂ ਹੋਇਆਂ, ਸਾਬਕਾ ਬਲਾਕ ਪ੍ਰਧਾਨ ਕੁਲਵਿੰਦਰ ਸਿੰਘ ਹੇਅਰ ਦੇ ਗ੍ਰਹਿ ਵਿਖੇ ਪੰਜਾਬ ਪ੍ਰਤੀ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਹੋਇਆਂ ਮੀਡੀਆ ਨਾਲ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਪਹਿਲੀ ਗੱਲ ਤਾਂ ਇਹ ਕਿ ਪਬਲਿਕ ਤੇ ਪੁਲਿਸ ਦੋਨੇ ਇੱਕ-ਦੂਜੇ ਦੇ ਸਹਿਯੋਗ ਨਾਲ ਪੰਜਾਬ ਵਿੱਚ ਵਗ ਰਹੇ ਛੇਵੇਂ ਦਰਿਆ ਨੂੰ ਠੱਲ੍ਹ ਪਾਉਣ ਲਈ ਅੱਗੇ ਵਧਣ ਤਾਂ ਹਰ ਕੰਮ ਸੰਭਵ ਹੋ ਸਕਦਾ ਹੈ। ਦੂਸਰਾ ਪੰਜਾਬ ਵਿੱਚ ਵੱਸਣ ਵਾਲੇ ਹਰ ਬਾਸ਼ਿੰਦੇ ਨੂੰ ਆਪਣੀ ਜ਼ਿੰਮੇਵਾਰੀ ਸਮਝਦੇ ਹੋਏ ਇਸ ਮੁਹਿੰਮ ਨਾਲ ਜੁੜ ਕੇ ਕੰਮ ਕਰਨਾ ਹੋਵੇਗਾ ਤਾਂ ਹੀ ਅਸੀਂ ਇਸ ਕੋਹੜ ਤੋਂ ਛੁਟਕਾਰਾ ਪਾ ਸਕਦੇ ਹਾਂ। ਇਸ ਮੌਕੇ ਸੀਨੀਅਰ ਆਗੂ ਗੁਰਪ੍ਰੀਤ ਸਿੰਘ ਸੈਣੀ ਤੇ ਬਲਾਕ ਪ੍ਰਧਾਨ ਕੁਲਵਿੰਦਰ ਸਿੰਘ ਹੇਅਰ ਤੋਂ ਇਲਾਵਾ ਜਗਤਾਰ ਸਿੰਘ ਬਾਜਵਾ, ਸ਼ੁੱਭ ਅੰਮ੍ਰਿਤ ਸਿੰਘ, ਗੁਰਕੀਰਤ ਸਿੰਘ, ਹਰਪਾਲ ਸਿੰਘ, ਡਾ. ਪੋਰਸ ਪੰਜਾਬ ਸਿੰਘ, ਹਰਪਾਲ ਸਿੰਘ ਬਾਜਵਾ ਆਦਿ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਆਗੂ/ਵਰਕਰ ਹਾਜ਼ਰ ਸਨ।

# ਬੈਂਕਫਿੰਕੋ ਚੇਅਰਮੈਨ ਵੱਲੋਂ ਸ਼ਾਮਚੁਰਾਸੀ ਦੇ ਸਕੂਲਾਂ 'ਚ 25 ਲੱਖ ਰੁਪਏ ਦੀ ਲਾਗਤ ਨਾਲ ਨਵੇਂ ਕਲਾਸ ਰੂਮਾਂ ਦਾ ਉਦਘਾਟਨ

ਹੁਸ਼ਿਆਰਪੁਰ, 19 ਅਪ੍ਰੈਲ (ਦੀਪਕ ਅਗਨੀਹੋਤਰੀ): ਬੈਂਕਫਿੰਕੋ ਦੇ ਚੇਅਰਮੈਨ ਸੰਦੀਪ ਸੈਣੀ ਨੇ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਸੁਧਾਰ ਤੇ ਵਿਦਿਆਰਥੀਆਂ ਨੂੰ ਬਿਹਤਰ ਸੁਵਿਧਾਵਾਂ ਉਪਲਬੱਧ ਕਰਵਾਉਣ ਦੇ ਉਦੇਸ਼ ਨਾਲ ਚਲਾਈ ਜਾ ਰਹੀ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਅੱਜ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਦੇ ਪਿੰਡ ਗਜ, ਧੂਤਕਲਾਂ ਤੇ ਢੋਲਵਾਹਾ ਵਿੱਚ ਕਰੀਬ 25 ਲੱਖ ਰੁਪਏ ਦੀ ਲਾਗਤ ਨਾਲ ਬਣਾਏ ਗਏ ਕਲਾਸ ਰੂਮਾਂ ਦਾ ਉਦਘਾਟਨ ਕੀਤਾ। ਇਸੇ ਕੜੀ ਵਿੱਚ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਦੇ ਯਤਨਾਂ ਨਾਲ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਦੇ ਪਿੰਡਾਂ ਦੇ ਸਰਕਾਰੀ ਸਕੂਲਾਂ ਵਿੱਚ ਆਧੁਨਿਕ ਸੁਵਿਧਾਵਾਂ ਉਪਲਬੱਧ ਕਰਵਾਈਆਂ ਜਾ ਰਹੀਆਂ ਹਨ ਤਾਂ ਜੋ ਪੇਂਡੂ ਹਲਕਿਆਂ ਦੇ ਬੱਚਿਆਂ ਨੂੰ ਵੀ ਗੁਣਵੱਤਾਪੂਰਨ ਸਿੱਖਿਆ ਮਿਲ ਸਕੇ। ਇਸ ਮੌਕੇ ਰਜਨੀ ਸ਼ਰਮਾ ਸਰਪੰਚ, ਹੇਮਲਤਾ ਚੇਅਰਪਰਸਨ ਐਸ.ਐਮ.ਸੀ., ਸੰਦੀਪ ਕੁਮਾਰ, ਸਰਬਜੀਤ ਸਿੰਘ ਬੀ.ਐਨ.ਓ., ਸਕੂਲ ਮੁਖੀ ਮਮਤਾ ਰਾਣੀ, ਪੰਚਾਇਤ ਮੈਂਬਰ ਰਾਕੇਸ਼ ਕੁਮਾਰ, ਨਵਜੋਤ ਸਿੰਘ, ਕਮਲਜੀਤ ਕੌਰ ਸਰਪੰਚ, ਪ੍ਰੀਤੀ ਬਾਲਾ ਐਸ.ਐਮ.ਸੀ. ਚੇਅਰਪਰਸਨ, ਨਿਰਮਲ ਸਿੰਘ, ਨੰਬਰਦਾਰ, ਬਲਵੰਤ ਸਿੰਘ ਸੀ.ਐਚ.ਟੀ. ਮੁਖਤਿਆਰ ਸਿੰਘ ਸਕੂਲ ਮੁਖੀ, ਰਵਿੰਦਰ ਸਿੰਘ ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧੂਤਕਲਾਂ, ਜਸਵੀਰ ਸਿੰਘ, ਕਨੂ ਪ੍ਰਿਆ ਸਰਪੰਚ, ਪਵਨ ਕੁਮਾਰ ਡਡਵਾਲ ਨੰਬਰਦਾਰ, ਗੁਰਮੁੱਖ ਸਿੰਘ ਸਕੂਲ ਮੁਖੀ, ਰਮਨ ਕੁਮਾਰ, ਮੁਕੇਸ਼ ਡਡਵਾਲ ਬਲਾਕ ਪ੍ਰਧਾਨ ਤੇ ਬਲਵਿੰਦਰ ਸਿੰਘ ਸਮੇਤ ਹੋਰ ਪਤਵੰਤੇ ਮੌਜੂਦ ਸਨ।



# ਹੋਰਮੁਜ਼ 'ਚ ਈਰਾਨ ਕਮਜ਼ੋਰ ਪਰ ਡਰ ਰਿਹੈ ਅਮਰੀਕਾ

ਵਾਸ਼ਿੰਗਟਨ, 19 ਅਪ੍ਰੈਲ (ਚ.ਨ.ਸ): ਅਮਰੀਕਾ, ਇਜ਼ਰਾਈਲ ਤੇ ਈਰਾਨ ਵਿਚਾਲੇ ਲਗਭਗ 40 ਦਿਨਾਂ ਤੱਕ ਚੱਲੇ ਫੌਜੀ ਸੰਘਰਸ਼ ਤੋਂ ਬਾਅਦ ਅਮਰੀਕੀ ਰਾਸ਼ਟਰਪਤੀ ਡੌਨਾਲਡ ਟਰੰਪ ਭਾਵੇਂ ਹੀ ਈਰਾਨ ਦੀ ਜਲ ਸੈਨਾ ਨੂੰ ਲਗਭਗ ਖ਼ਤਮ ਦੱਸ ਰਹੇ ਹੋਣ ਪਰ ਜ਼ਮੀਨੀ ਹਕੀਕਤ ਇਸ ਤੋਂ ਕਿਤੇ ਜ਼ਿਆਦਾ ਗੁੰਝਲਦਾਰ ਹੈ। ਰਣਨੀਤਿਕ ਤੌਰ 'ਤੇ ਬੇਹੱਦ ਮਹੱਤਵਪੂਰਨ ਹੋਰਮੁਜ਼ ਜਲਡਮਰੂ ਨੂੰ ਪੂਰੀ ਤਰ੍ਹਾਂ ਖੋਲ੍ਹਣ ਲਈ ਅਮਰੀਕਾ ਹੁਣ ਵੀ ਸਿੱਧਾ ਫੌਜੀ ਮੁਹਿੰਮ ਸ਼ੁਰੂ ਕਰਨ ਤੋਂ ਬਚ ਰਿਹਾ ਹੈ। ਪੱਛਮੀ ਏਸ਼ੀਆ 'ਚ ਭਾਰੀ ਫੌਜੀ ਜਮਾਵੜੇ-ਮਰੀਨ ਕਮਾਂਡੋ, ਐਫੀਬਿਅਸ ਜੰਗੀ ਬੇੜੇ ਤੇ ਉਨਤ ਹਵਾਈ ਫੌਜ-ਦੇ ਬਾਵਜੂਦ ਅਮਰੀਕੀ ਜਲ ਸੈਨਾ ਇਸ ਤੰਗ ਜਲ ਮਾਰਗ 'ਚ ਸਿੱਧੇ ਟਕਰਾਅ ਤੋਂ ਝਿਝਕ ਰਹੀ ਹੈ। ਇਸ ਦਾ ਵੱਡਾ ਕਾਰਨ ਈਰਾਨ ਦੀ ਕਥਿਤ ਮੱਛਰ ਬੇੜਾ ਰਣਨੀਤੀ ਹੈ, ਜੋ ਛੋਟੀਆਂ, ਤੇਜ਼ ਤੇ ਫੁਰਤੀਲੀਆਂ ਹਮਲਾਵਰ ਕਿਸ਼ਤੀਆਂ 'ਤੇ ਆਧਾਰਿਤ ਹੈ. ਮਾਹਿਰਾਂ ਦੇ ਅਨੁਸਾਰ ਇਸਲਾਮਿਕ ਰਿਵੋਲਿਊਸ਼ਨਰੀ ਕੋਰ (ਆਈਆਰਜੀਸੀ) ਦੀ ਜਲ ਸੈਨਾ ਗਾਰਡ ਰਵਾਇਤੀ ਜੰਗ ਦੀ ਬਜਾਇ ਗੁਰਿੱਲਾ ਸ਼ੈਲੀ 'ਚ ਕੰਮ ਕਰਦੀ ਹੈ। ਵੱਡੇ ਜੰਗੀ ਬੇੜੇ ਦੀ ਬਜਾਇ ਇਹ ਛੋਟੇ ਹਮਲਾਵਰ ਬੋਟ, ਡ੍ਰੋਨ ਤੇ ਤੱਟੀ ਮਿਜ਼ਾਈਲ ਟਿਕਾਣਿਆਂ ਦੇ ਰਾਹੀਂ ਹਿੱਟ ਐਂਡ ਰਨ ਰਣਨੀਤੀ ਅਪਨਾਉਂਦੀ ਹੈ। ਇਹੀ ਕਾਰਨ ਹੈ ਕਿ ਭਾਰੀ ਨੁਕਸਾਨ ਦੇ ਬਾਵਜੂਦ ਈਰਾਨ ਹੁਣ ਵੀ ਸਮੁੰਦਰੀ ਮਾਰਗਾਂ ਲਈ ਵੱਡਾ ਖ਼ਤਰਾ ਬਣਿਆ ਹੋਇਆ ਹੈ। ਸੰਯੁਕਤ ਰਾਸ਼ਟਰ ਨਾਲ ਸਬੰਧਤ ਕੌਮਾਂਤਰੀ ਸਮੁੰਦਰੀ ਏਜੰਸੀ ਦੇ ਅਨੁਸਾਰ ਜੰਗ ਦੌਰਾਨ ਘੱਟੋ-ਘੱਟ 20 ਜਹਾਜ਼ਾਂ 'ਤੇ ਹਮਲੇ ਹੋਏ। ਇਨ੍ਹਾਂ ਹਮਲਿਆਂ 'ਚ ਜ਼ਿਆਦਾਤਰ ਡ੍ਰੋਨ ਤੇ ਮੋਬਾਈਲ ਲਾਂਚਰਾਂ ਨਾਲ ਦਾਗੀਆਂ ਗਈਆਂ ਮਿਜ਼ਾਈਲਾਂ ਦਾ ਇਸਤੇਮਾਲ ਹੋਇਆ, ਜਿਨ੍ਹਾਂ ਦਾ ਪਤਾ ਲਗਾਉਣਾ ਮੁਸ਼ਕਿਲ ਹੁੰਦਾ ਹੈ।ਅਮਰੀਕੀ ਫੌਜੀ ਅਧਿਕਾਰੀਆਂ ਦਾ ਦਾਅਵਾ ਹੈ ਕਿ ਈਰਾਨ ਦੀ ਰੈਗੂਲਰ ਜਲ ਸੈਨਾ ਦਾ 90 ਫੀਸਦ ਹਿੱਸਾ ਨਸ਼ਟ ਹੋ ਚੁੱਕਾ ਹੈ, ਜਦਕਿ ਆਈਆਰਜੀਸੀ ਦੀਆਂ ਕਈ ਤੇਜ਼ ਹਮਲੇ ਕਰਨ ਵਾਲੀਆਂ ਕਿਸ਼ਤੀਆਂ ਵੀ ਡੁੱਬ ਗਈਆਂ ਹਨ। ਇਸ ਦੇ ਬਾਵਜੂਦ ਇਨ੍ਹਾਂ ਛੋਟੀ ਕਿਸ਼ਤੀਆਂ ਦੀ ਅਸਲ ਗਿਣਤੀ ਦਾ ਜਾਇਜ਼ਾ ਲੈਣਾ ਮੁਸ਼ਕਿਲ ਹੈ ਕਿਉਂਕਿ ਇਹ ਅਕਸਰ ਗੁਫਾਵਾਂ ਤੇ ਲੁਕੇ ਟਿਕਾਣਿਆਂ 'ਚ ਤਾਇਨਾਤ ਰਹਿੰਦੀਆਂ ਹਨ ਤੇ ਮਿੰਟਾਂ 'ਚ ਤਾਇਨਾਤੀ ਲਈ ਤਿਆਰ ਹੋ ਜਾਂਦੀਆਂ ਹਨ। ਵਾਸ਼ਿੰਗਟਨ ਇੰਸਟੀਚਿਊਟ 'ਚ ਗਾਰਡ ਨੇਵੀ ਦੇ ਮਾਹਰ ਫਾਰਜ਼ੀਨ ਨਾਦਿਮੀ ਕਹਿੰਦੇ ਹਨ ਕਿ ਈਰਾਨ ਦੀ ਗਾਰਡ ਜਲ ਸੈਨਾ 'ਚ ਲਗਭਗ 50,000 ਸੈਨਿਕ ਹਨ। ਇਨ੍ਹਾਂ ਨੂੰ ਖਾੜੀ ਦੇ ਕਿਨਾਰੇ ਪੰਜ ਖੇਤਰਾਂ 'ਚ ਵੰਡਿਆ ਗਿਆ ਹੈ, ਜਿਨ੍ਹਾਂ ਨੂੰ ਈਰਾਨ ਦੇ ਕਬਜ਼ੇ ਵਾਲੇ 38 ਖਾੜੀ ਦੀਪਾਂ 'ਚ ਕਈ ਟਾਪੂਆਂ 'ਤੇ ਤਾਇਨਾਤ ਕੀਤਾ ਗਿਆ ਹੈ।ਹਮਲਾਵਰ ਕਿਸ਼ਤੀਆਂ ਲਈ ਲਗਭਗ 10 ਕਿਲ੍ਹੇਬੰਦ ਅੱਡੇ ਬਣਾਏ ਗਏ ਹਨ।

# ਪਹਿਲਗਾਮ 'ਚ ਸੈਲਾਨੀਆਂ ਦੀ ਸੁਰੱਖਿਆ ਲਈ ਕਿਊਆਰ ਕੋਡ ਲਾਂਚ

ਪਹਿਲਗਾਮ, 19 ਅਪ੍ਰੈਲ (ਚ.ਨ.ਸ): ਜੰਮੂ-ਕਸ਼ਮੀਰ ਦੇ ਅਧਿਕਾਰੀਆਂ ਨੇ ਪਹਿਲਗਾਮ ਵਿੱਚ ਸੈਲਾਨੀਆਂ ਦੀ ਸੁਰੱਖਿਆ ਵਾਸਤੇ ਸੈਰ-ਸਪਾਟਾ ਸੇਵਾ ਦੇਣ ਵਾਲਿਆਂ ਲਈ ਵਿਲੱਖਣ ਕਿਊਆਰ ਕੋਡ ਆਧਾਰਿਤ ਪਛਾਣ ਪ੍ਰਣਾਲੀ ਪੇਸ਼ ਕੀਤੀ ਹੈ ਕਿਉਂਕਿ ਪਿਛਲੇ ਸਾਲ ਇਹ ਖੇਤਰ ਲਸ਼ਕਰ-ਏ-ਤਇਬਾ ਅਤਿਵਾਦੀਆਂ ਦੇ ਘਾਤਕ ਹਮਲੇ ਨਾਲ ਦਹਿਲ ਗਿਆ ਸੀ। ਅਧਿਕਾਰੀਆਂ ਨੇ ਦੱਸਿਆ ਕਿ ਇਹ ਪ੍ਰਣਾਲੀ ਘੋੜਸਵਾਰਾਂ, ਫੇਰੀ ਵਾਲਿਆਂ, ਵਪਾਰਕ ਅਦਾਰਿਆਂ ਤੇ ਬਾਹਰਲੇ ਵਿਕ੍ਰੇਤਾਵਾਂ ਸਮੇਤ ਅਸਲ ਤੇ ਰਜਿਸਟਰਡ ਸੇਵਾ ਦੇਣ ਵਾਲਿਆਂ ਦੀ ਅਸਾਨੀ ਨਾਲ ਪਛਾਣ ਤੇ ਤਸਦੀਕ ਕਰਨ ਵਿੱਚ ਮਦਦ ਕਰਦੀ ਹੈ। ਇਹ ਪਹਿਲਕਦਮੀ ਅਧਿਕਾਰੀਆਂ ਵੱਲੋਂ ਪਹਿਲਗਾਮ ਆਉਣ ਵਾਲੇ ਲੋਕਾਂ ਦਾ ਭਰੋਸਾ ਬਹਾਲ ਕਰਨ ਲਈ ਵੱਡਾ ਕਦਮ ਮੰਨੀ ਜਾ ਰਹੀ ਹੈ, ਜਿੱਥੇ ਪਿਛਲੇ ਸਾਲ 22 ਅਪ੍ਰੈਲ ਨੂੰ ਹੋਏ ਭਿਆਨਕ ਅਤਿਵਾਦੀ ਹਮਲੇ 'ਚ 25 ਸੈਲਾਨੀ ਮਾਰੇ ਗਏ ਸਨ। ਅਧਿਕਾਰੀ ਨੇ ਦੱਸਿਆ ਕਿ ਹਰ ਸੇਵਾ ਦੇਣ ਵਾਲੇ ਦੀ ਪੁਲਿਸ ਨੇ ਸਹੀ ਤਰ੍ਹਾਂ ਜਾਂਚ ਕੀਤੀ ਹੈ, ਪ੍ਰਸ਼ਾਸਨ ਕੋਲ ਰਜਿਸਟ੍ਰੇਸ਼ਨ ਕੀਤੀ ਗਈ ਹੈ ਤੇ ਉਨ੍ਹਾਂ ਨੂੰ ਵਿਲੱਖਣ ਕਿਊਆਰ ਕੋਡ ਦਿੱਤਾ ਗਿਆ ਹੈ, ਜਿਸ ਵਿੱਚ ਉਸ ਵਿਅਕਤੀ ਦੀ ਨਿੱਜੀ ਜਾਣਕਾਰੀ ਤੇ ਹੋਰ ਵੇਰਵੇ ਸ਼ਾਮਲ ਹਨ। ਅਧਿਕਾਰੀਆਂ ਅਨੁਸਾਰ ਜਦੋਂ ਸੈਲਾਨੀ ਆਪਣੇ ਮੋਬਾਈਲ ਫੋਨਾਂ ਨਾਲ ਇਹ ਕੋਡ ਸਕੈਨ ਕਰਨਗੇ ਤਾਂ ਉਹ ਸਬੰਧਤ ਵਿਅਕਤੀ ਬਾਰੇ ਪੂਰੀ ਜਾਣਕਾਰੀ ਦੇਖ ਸਕਣਗੇ। ਇਹ ਪਹਿਲ ਢੁੱਕਵੀਂ ਤੇ ਰਜਿਸਟਰਡ ਪਛਾਣ ਪ੍ਰਣਾਲੀ ਵਜੋਂ ਕੰਮ ਕਰਦੀ ਹੈ ਜੋ ਧੋਖਾਧੜੀ ਰੋਕੇਗੀ ਤੇ ਯਕੀਨੀ ਬਣਾਏਗੀ ਕਿ ਕੋਈ ਵੀ ਅਣਅਧਿਕਾਰਤ ਵਿਅਕਤੀ ਸੈਰ-ਸਪਾਟੇ ਨਾਲ ਜੁੜੇ ਹੋਣ ਦਾ ਦਾਅਵਾ ਨਾ ਕਰ ਸਕੇ।



# ਬਰਤਾਨੀਆ ਦੀ ਪਹਿਲੀ ਮਹਿਲਾ ਸਿੱਖ ਸੰਸਦ ਮੈਂਬਰ ਪ੍ਰੀਤ ਕੌਰ ਗਿੱਲ ਨੇ ਦਿੱਲੀ ਦੇ ਲੈਫਟੀਨੈਂਟ ਗਵਰਨਰ ਨਾਲ ਮੁਲਾਕਾਤ ਕੀਤੀ

ਲੰਡਨ, 19 ਅਪ੍ਰੈਲ (ਚ.ਨ.ਸ): ਭਾਰਤ ਦੇ ਨਿੱਜੀ ਦੌਰੇ 'ਤੇ ਆਈ ਬਰਤਾਨੀਆ ਦੀ ਪਹਿਲੀ ਮਹਿਲਾ ਸਿੱਖ ਸੰਸਦ ਮੈਂਬਰ ਪ੍ਰੀਤ ਕੌਰ ਗਿੱਲ ਨੇ ਦਿੱਲੀ ਦੇ ਲੈਫਟੀਨੈਂਟ ਗਵਰਨਰ ਤਰਨਜੀਤ ਸਿੰਘ ਸੰਧੂ ਨਾਲ ਮੁਲਾਕਾਤ ਕੀਤੀ। ਗਿੱਲ ਨੇ ਕਿਹਾ ਕਿ ਦਿੱਲੀ ਵਿੱਚ ਤਰਨਜੀਤ ਸਿੰਘ ਸੰਧੂ ਨੂੰ ਮਿਲਣਾ ਇੱਕ ਸਨਮਾਨ ਦੀ ਗੱਲ ਸੀ। ਉਨ੍ਹਾਂ ਕਿਹਾ ਕਿ ਹਾਲ ਹੀ ਵਿੱਚ ਦਿੱਲੀ ਦੇ ਲੈਫਟੀਨੈਂਟ ਗਵਰਨਰ ਵਜੋਂ ਨਿਯੁਕਤ ਕੀਤੇ ਗਏ ਸੰਧੂ ਦਾ ਅਮਰੀਕਾ 'ਚ ਭਾਰਤ ਦੇ ਰਾਜਦੂਤ ਵਜੋਂ ਸੇਵਾ ਨਿਭਾਉਣ ਸਮੇਤ ਉਨ੍ਹਾਂ ਦੀ ਅਗਵਾਈ ਤੇ ਜਨਤਕ ਸੇਵਾ ਵਿੱਚ ਤਜਰਬਾ ਪ੍ਰੇਰਨਾਦਾਇਕ ਹੈ। ਇਸ ਮੌਕੇ ਦੋਵੇਂ ਨੇਤਾਵਾਂ ਵਿੱਚਕਾਰ ਭਾਰਤ-ਬਰਤਾਨੀਆ ਵਿਚਕਾਰ ਹੋਏ ਮੁਕਤ ਵਪਾਰ ਸਮਝੌਤੇ ਤੇ ਇਸ ਦਾ ਪੰਜਾਬ ਨੂੰ ਲਾਭ ਤੇ ਭਾਈਚਾਰਕ ਸਬੰਧਾਂ ਨੂੰ ਮਜ਼ਬੂਤ ਕਰਨ ਤੇ ਸਾਂਝੀਆਂ ਤਰਜੀਹਾਂ ਲਈ ਵਿਚਾਰ-ਵਟਾਂਦਰਾ ਹੋਇਆ। ਪ੍ਰੀਤ ਕੌਰ ਗਿੱਲ ਨੇ ਕਿਹਾ ਕਿ ਇਸ ਮੌਕੇ ਤੇਜਾ ਸਿੰਘ ਸਮੁੰਦਰੀ ਦੀਆਂ ਪੰਥਕ ਸੇਵਾਵਾਂ ਨੂੰ ਵੀ ਯਾਦ ਕੀਤਾ ਗਿਆ।



# ਬ੍ਰਿਟਿਸ਼ ਕੋਲੰਬੀਆ ਵਿਧਾਨ ਸਭਾ ਭਵਨ 'ਚ ਸਿੱਖ ਵਿਰਾਸਤੀ ਮਹੀਨਾ ਮਨਾਇਆ

ਐਬਟਸਫੋਰਡ, 19 ਅਪ੍ਰੈਲ (ਚ.ਨ.ਸ): ਕੈਨੇਡਾ 'ਚ ਸਿੱਖਾਂ ਦਾ ਵਿਲੱਖਣ ਇਤਿਹਾਸ ਹੈ ਤੇ 19ਵੀਂ ਸਦੀ ਦੇ ਸ਼ੁਰੂ ਵਿੱਚ ਬ੍ਰਿਟਿਸ਼ ਕੋਲੰਬੀਆ ਆਏ ਸਿੱਖਾਂ ਨੇ ਸੰਘਰਸ਼ਮਈ ਸਖ਼ਤ ਮਿਹਨਤ ਕਰਕੇ ਆਪਣੇ-ਆਪ ਨੂੰ ਇਥੇ ਸਥਾਪਤ ਕੀਤਾ ਤੇ ਅੱਜ ਹਰ ਖੇਤਰ ਵਿੱਚ ਸਿੱਖਾਂ ਦਾ ਪੂਰਾ ਬੋਲਬਾਲਾ ਹੈ। ਸਿੱਖ ਧਰਮ ਵਿੱਚ ਲੰਗਰ ਦੀ ਪ੍ਰਥਾ ਤੇ ਸੇਵਾ ਭਾਵਨਾ ਬੇਮਿਸਾਲ ਹੈ ਉਪਰੋਕਤ ਸ਼ਬਦ ਬ੍ਰਿਟਿਸ਼ ਕੋਲੰਬੀਆ ਦੇ ਮੁੱਖ ਮੰਤਰੀ ਡੇਵਿਡ ਈ.ਬੀ. ਨੇ ਵਿਧਾਨ ਸਭਾ ਭਵਨ 'ਚ ਕਰਵਾਏ ਸਿੱਖ ਵਿਰਾਸਤੀ ਮਹੀਨਾ ਸਮਾਗਮ ਮੌਕੇ ਭਰਵੇਂ ਇਕੱਠ ਨੂੰ ਸੰਬੋਧਨ ਕਰਦੇ ਹੋਏ ਕਹੇ। ਮੁੱਖ ਮੰਤਰੀ ਨੇ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀਆਂ ਸਿੱਖਿਆਵਾਂ ਸਾਡੇ ਸਾਰਿਆਂ ਲਈ ਪ੍ਰੇਰਨਾਦਾਇਕ ਹਨ। ਇਹ ਪਹਿਲੀ ਵਾਰ ਸੀ ਕਿ ਬ੍ਰਿਟਿਸ਼ ਕੋਲੰਬੀਆ ਵਿਧਾਨ ਸਭਾ 'ਚ ਸਿੱਖ ਵਿਰਾਸਤੀ ਮਹੀਨੇ ਨੂੰ ਸਮਰਪਿਤ ਸਮਾਗਮ ਕਰਵਾਇਆ ਗਿਆ ਹੋਵੇ। ਇਸ ਮੌਕੇ ਸੂਬਾ ਸਰਕਾਰ ਵੱਲੋਂ ਸਿੱਖ ਵਿਰਾਸਤੀ ਮਹੀਨੇ ਦਾ ਐਲਾਨਨਾਮਾ ਵੀ ਜਾਰੀ ਕੀਤਾ ਗਿਆ ਤੇ ਗੁਰਦੁਆਰਾ ਖ਼ਾਲਸਾ ਦੀਵਾਨ ਸੁਸਾਇਟੀ ਵਿਕਟੋਰੀਆ ਵੱਲੋਂ ਲੰਗਰ ਦੀ ਸੇਵਾ ਕੀਤੀ ਗਈ। ਸਮਾਗਮ ਮੌਕੇ ਵਿਧਾਨ ਸਭਾ ਦੇ ਸਪੀਕਰ ਰਾਜ ਚੌਹਾਨ, ਕੈਬਨਿਟ ਮੰਤਰੀ ਜਗਰੂਪ ਬਰਾੜ, ਰਵੀ- ਪਰਮਾਰ, ਜਸਪ੍ਰੀਤ ਕੌਰ ਸੁੰਨੜ, ਸੰਸਦੀ ਸਕੱਤਰ ਸੁਨੀਤਾ ਧੀਰ ਤੇ ਹਰਵਿੰਦਰ ਕੌਰ ਸੰਧੂ ਵੀ ਹਾਜ਼ਰ ਸਨ ਤੇ ਕਈ ਗੁਰੂਘਰਾਂ ਤੇ ਸਮਾਜਿਕ ਸੰਸਥਾਵਾਂ ਦੇ ਨੁਮਾਇੰਦੇ ਵੀ ਪਹੁੰਚੇ ਹੋਏ ਸਨ।

# ਮਿਸਲ ਸਤਲੁਜ ਵੱਲੋਂ 2027 'ਚ ਪੰਜਾਬ ਦੀਆਂ ਵਿਧਾਨ ਸਭਾ ਚੋਣਾਂ ਲੜਨ ਦਾ ਐਲਾਨ

## ☛ਬਸਪਾ ਦੇ ਸਾਬਕਾ ਵਿਧਾਇਕ ਦਾ ਪੁੱਤਰ ਕੁੰਵਰ ਜਗਬੀਰ ਸਿੰਘ ਪਾਰਟੀ 'ਚ ਸ਼ਾਮਲ

ਚੰਡੀਗੜ੍ਹ, 19 ਅਪ੍ਰੈਲ (ਚ.ਨ.ਸ): ਮਿਸਲ ਸਤਲੁਜ ਨੇ ਸਾਲ 2027 'ਚ ਪੰਜਾਬ ਦੀਆਂ ਵਿਧਾਨ ਸਭਾ ਚੋਣਾਂ ਲੜਨ ਦਾ ਐਲਾਨ ਕੀਤਾ ਹੈ। ਇਹ ਐਲਾਨ ਮਿਸਲ ਸਤਲੁਜ ਦੇ ਪ੍ਰਧਾਨ ਅਜੈਪਾਲ ਸਿੰਘ ਬਰਾੜ ਨੇ ਚੰਡੀਗੜ੍ਹ ਪ੍ਰੈਸ ਕਲੱਬ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਇਸ ਮੌਕੇ ਬਸਪਾ ਦੇ ਸਾਬਕਾ ਵਿਧਾਇਕ ਸਿੰਗਾਰਾ ਰਾਮ ਸਹੂੰਗੜਾ ਦੇ ਵੱਡੇ ਪੁੱਤਰ ਕੁੰਵਰ ਜਗਬੀਰ ਸਿੰਘ ਨੇ ਵੀ ਮਿਸਲ ਸਤਲੁਜ ਦਾ ਪੱਲਾ ਫੜ ਲਿਆ, ਜਿਸ ਨੂੰ ਅਜੈਪਾਲ ਬਰਾੜ ਤੇ ਹੋਰਨਾਂ ਨੇ ਪਾਰਟੀ ਵਿੱਚ ਸ਼ਾਮਲ ਕੀਤਾ। ਉਨ੍ਹਾਂ ਮਿਸਲ ਸਤਲੁਜ ਨੂੰ ਭਰੋਸਾ ਦਿੱਤਾ ਕਿ ਜਥੇਬੰਦੀ ਵੱਲੋਂ ਜਿਹੜੇ ਵਿਧਾਨ ਸਭਾ ਹਲਕਿਆਂ ਵਿੱਚ ਉਮੀਦਵਾਰ ਉਤਾਰੇ ਜਾਣਗੇ, ਉਥੇ ਪੱਛੜੀਆਂ ਸ਼੍ਰੇਣੀਆਂ ਦੇ ਵੱਡੇ ਵਰਗ ਦੀ ਭਾਗੀਦਾਰੀ ਨੂੰ ਯਕੀਨੀ ਬਣਾਉਣ ਲਈ ਸਰਗਰਮ ਯੋਗਦਾਨ ਪਾਉਣਗੇ। ਮਿਸਲ ਸਤਲੁਜ ਦੇ ਪ੍ਰਧਾਨ ਅਜੈਪਾਲ ਸਿੰਘ ਬਰਾੜ ਨੇ ਕਿਹਾ ਕਿ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਚੋਣ ਮੈਦਾਨ ਵਿੱਚ ਉਤਾਰੇ ਜਾਣ ਵਾਲੇ ਉਮੀਦਵਾਰਾਂ ਵਿੱਚ ਵੱਡੀ ਹਿੱਸੇਦਾਰੀ ਔਰਤਾਂ ਤੇ ਨੌਜਵਾਨਾਂ ਦੀ ਹੋਵੇਗੀ। ਉਨ੍ਹਾਂ ਕਿਹਾ ਕਿ ਮਿਸਲ ਸਤਲੁਜ ਵੱਲੋਂ ਆਉਣ ਵਾਲੇ ਦਿਨਾਂ ਵਿੱਚ ਪੰਜਾਬ ਦੇ 15 ਵਿਧਾਨ ਸਭਾ ਹਲਕਿਆਂ ਵਿੱਚ ਪ੍ਰਚਾਰ ਮੁਹਿੰਮ ਸ਼ੁਰੂ ਕੀਤੀ ਜਾਵੇਗੀ। ਇਸ ਮੌਕੇ ਜਥੇਬੰਦੀ ਦੇ ਜਨਰਲ ਸਕੱਤਰ ਦਵਿੰਦਰ ਸਿੰਘ ਸੇਖੋਂ, ਮੀਤ ਪ੍ਰਧਾਨ ਹਰਦੀਪ ਸਿੰਘ ਡੋਡ, ਮਹਿਲਾ ਵਿੰਗ ਦੀ ਪ੍ਰਧਾਨ ਜਸਮੀਤ ਕੌਰ ਛੀਨਾ ਤੇ ਮਿਸਲ ਸਤਲੁਜ ਦੇ ਉਘੇ ਨੌਜਵਾਨ ਆਗੂ ਅਮਰਿੰਦਰ ਸਿੰਘ ਤੂੜ ਆਦਿ ਮੌਜੂਦ ਸਨ।



# ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਆਜ਼ਾਦ ਸਿੱਖ ਸੋਸ਼ਲ ਮੋਟਰਸਾਈਕਲ ਕਲੱਬ ਵੱਲੋਂ ਮੋਟਰਸਾਈਕਲ ਰੈਲੀ

## ☛ਦਸਤਾਰਧਾਰੀ ਮੋਟਰਸਾਈਕਲ ਸਵਾਰਾਂ ਲਈ ਹੈਲਮਟ ਛੋਟ ਦੀ ਚੱਲ ਰਹੀ ਮੁਹਿੰਮ ਨੂੰ ਹੋਰ ਮਜ਼ਬੂਤੀ ਮਿਲੇਗੀ

ਮੈਲਬੌਰਨ, 19 ਅਪ੍ਰੈਲ (ਚ.ਨ.ਸ): ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਮੈਲਬੌਰਨ ਵਿੱਚ ਆਜ਼ਾਦ ਸਿੱਖ ਸੋਸ਼ਲ ਮੋਟਰਸਾਈਕਲ ਕਲੱਬ ਵੱਲੋਂ ਵਿਸ਼ੇਸ਼ ਮੋਟਰਸਾਈਕਲ ਰੈਲੀ ਦਾ ਆਯੋਜਨ ਕੀਤਾ ਗਿਆ। ਇਸ ਰੈਲੀ ਦੀ ਖਾਸ ਵਿਲੱਖਣਤਾ ਇਹ ਰਹੀ ਕਿ ਸਾਰੇ ਮੋਟਰਸਾਈਕਲ ਸਵਾਰਾਂ ਨੇ ਹੈਲਮਟ ਦੀ ਥਾਂ 'ਤੇ ਦਸਤਾਰਾਂ ਸਜਾ ਕੇ ਨਗਰ ਕੀਰਤਨ ਵਿੱਚ ਸ਼ਿਰਕਤ ਕੀਤੀ ਤੇ ਦਸਤਾਰਧਾਰੀ ਸਵਾਰਾਂ ਲਈ ਹੈਲਮਟ ਤੋਂ ਛੋਟ ਦੀ ਮੰਗ ਨੂੰ ਮਜ਼ਬੂਤੀ ਨਾਲ ਉਭਾਰਿਆ। ਮੋਟਰਸਾਈਕਲ ਸਵਾਰਾਂ ਦਾ ਇਹ ਕਾਫਲਾ ਗੁਰਦੁਆਰਾ ਸ੍ਰੀ ਗੁਰੂ ਗ੍ਰੰਥ ਸਾਹਿਬ ਕੀਜ਼ਬਰੋ ਤੋਂ ਰਵਾਨਾ ਹੋ ਕੇ ਦਲ ਬਾਬਾ ਬਿਧੀ ਚੰਦ ਜੀ ਖ਼ਾਲਸਾ ਛਾਉਣੀ ਪਲੰਪਟਨ ਵਿਖੇ ਪਹੁੰਚਿਆ, ਜਿੱਥੇ ਉਨ੍ਹਾਂ ਨੇ ਨਗਰ ਕੀਰਤਨ ਵਿੱਚ ਉਤਸ਼ਾਹ ਨਾਲ ਭਾਗ ਲਿਆ। ਇਸ ਦੌਰਾਨ ਕਲੱਬ ਦੇ ਨੁਮਾਇੰਦਿਆਂ ਨੇ ਦੱਸਿਆ ਕਿ ਪਿਛਲੇ 3 ਸਾਲਾਂ ਤੋਂ ਵਿਸਾਖੀ ਮੌਕੇ ਇਸ ਤਰ੍ਹਾਂ ਦੀ ਰਾਈਡ ਵੱਖ-ਵੱਖ ਗੁਰਦੁਆਰਿਆਂ ਵਿੱਚ ਕਰਵਾਈ ਜਾ ਰਹੀ ਹੈ, ਜਿਸ ਦਾ ਮਕਸਦ ਸਿੱਖ ਪਛਾਣ, ਏਕਤਾ ਤੇ ਭਾਈਚਾਰੇ ਦੀ ਭਾਵਨਾ ਨੂੰ ਉਜਾਗਰ ਕਰਨਾ ਹੈ। ਇਹ ਉਪਰਾਲਾ ਆਸਟ੍ਰੇਲੀਆ ਵਿੱਚ ਦਸਤਾਰਧਾਰੀ ਮੋਟਰਸਾਈਕਲ ਸਵਾਰਾਂ ਲਈ ਹੈਲਮਟ ਛੋਟ ਦੀ ਚੱਲ ਰਹੀ ਮੁਹਿੰਮ ਨੂੰ ਹੋਰ ਮਜ਼ਬੂਤੀ ਦੇਵੇਗਾ। ਕਲੱਬ ਨੇ ਇਹ ਵੀ ਸਪੱਸ਼ਟ ਕੀਤਾ ਕਿ ਉਹ ਦਸਤਾਰ ਦੇ ਧਾਰਮਿਕ ਤੇ ਸੱਭਿਆਚਾਰਕ ਮਹੱਤਵ ਨੂੰ ਉਭਾਰਨ ਲਈ ਪੂਰੀ ਤਰ੍ਹਾਂ ਵਚਨਬੱਧ ਹਨ ਤੇ ਦਸਤਾਰਧਾਰੀ ਸਵਾਰਾਂ ਲਈ ਯੋਗ ਕਾਨੂੰਨੀ ਛੋਟ ਪ੍ਰਾਪਤ ਕਰਨ ਵਾਸਤੇ ਕੋਸ਼ਿਸ਼ਾਂ ਜਾਰੀ ਰੱਖਣਗੇ।



# ਦੇਸ਼ ਭਗਤ ਗਲੋਬਲ ਸਕੂਲ ਦੇ ਵਿਦਿਆਰਥੀਆਂ ਦਾ ਮੈਟ੍ਰਿਕ ਦਾ ਨਤੀਜਾ ਸ਼ਾਨਦਾਰ ਰਿਹਾ



ਮੰਡੀ ਗੋਬਿੰਦਗੜ੍ਹ, 19 ਅਪ੍ਰੈਲ (ਅੰਮ੍ਰਿਤਪਾਲ ਸਿੰਘ/ਸੂਦ): ਦੇਸ਼ ਭਗਤ ਗਲੋਬਲ ਸਕੂਲ ਦੇ ਵਿਦਿਆਰਥੀਆਂ ਨੇ ਮੈਟ੍ਰਿਕ ਦੀ ਪ੍ਰੀਖਿਆ ਵਿੱਚ ਇੱਕ ਵਾਰ ਫਿਰ ਸੀਬੀਐਸਈ ਦੀ ਬੋਰਡ ਪ੍ਰੀਖਿਆਵਾਂ ਵਿੱਚ 100 ਪ੍ਰਤੀਸ਼ਤ ਨਤੀਜਾ ਪ੍ਰਾਪਤ ਕਰਕੇ ਅਕਾਦਮਿਕ ਉੱਤਮਤਾ ਦਾ ਪ੍ਰਦਰਸ਼ਨ ਕੀਤਾ। ਇਸ ਪ੍ਰਾਪਤੀ ਨੇ ਵਿਦਿਆਰਥੀਆਂ, ਮਾਪਿਆਂ ਤੇ ਸਕੂਲ ਭਾਈਚਾਰੇ ਨੂੰ ਮਾਣ ਮਹਿਸੂਸ ਕਰਵਾਇਆ। ਨਤੀਜੇ ਵਿੱਚ ਤਨੁਸ਼ਰੀ ਨੇ ਪਹਿਲਾ, ਏਂਜਲ ਭਗਰਾਣਾ, ਰੂਹਾਨੀਅਤਦੀਪ ਕੌਰ ਤੇ ਮਹਿਕਪ੍ਰੀਤ ਕੌਰ ਨੇ ਕਰਮਵਾਰ ਦੂਜਾ, ਤੀਜਾ ਤੇ ਚੌਥਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਵੱਖ-ਵੱਖ ਵਿਸ਼ਿਆਂ ਵਿੱਚ ਦਿਲਸ਼ਹਿਬਾਜ਼ ਸਿੰਘ, ਯਸ਼ੀ, ਨਵਨੀਤ ਕੌਰ, ਗੁਰਪ੍ਰੀਤ ਕੌਰ, ਜਸਕੀਰਤ ਕੌਰ, ਕਰਨਵੀਰ ਸਿੰਘ, ਏਕਮਜੋਤ ਕੌਰ, ਜਸਮੀਤ ਸਿੰਘ ਢਿੱਲੋਂ, ਕ੍ਰਿਤਿਕਾ ਰਾਣਾ, ਸਿਮਰਜੋਤ ਕੌਰ, ਪ੍ਰਨੀਤ ਕੌਰ, ਯਸ਼ਦੀਪ ਸਿੰਘ, ਗੁਰਲੀਨ ਕੌਰ, ਅਰਸ਼ਪ੍ਰੀਤ ਸਿੰਘ ਤੇ ਕਮਲਪ੍ਰੀਤ ਸਿੰਘ ਨੇ ਮੱਲਾਂ ਮਾਰੀਆਂ। ਇਸ ਸ਼ਾਨਦਾਰ ਪ੍ਰਾਪਤੀ ਲਈ ਵਿਦਿਆਰਥੀਆਂ ਨੇ ਸਕੂਲ ਪ੍ਰਬੰਧਨ, ਪ੍ਰਿੰਸੀਪਲ ਤੇ ਅਧਿਆਪਕਾਂ ਦਾ ਨਿਰੰਤਰ ਸਮਰਥਨ ਤੇ ਮਾਰਗਦਰਸ਼ਨ ਲਈ ਧੰਨਵਾਦ ਕੀਤਾ। ਸਕੂਲ ਦੇ ਚੇਅਰਮੈਨ ਡਾ. ਜ਼ੋਰਾ ਸਿੰਘ ਤੇ ਜਨਰਲ ਸਕੱਤਰ ਡਾ. ਤਜਿੰਦਰ ਕੌਰ ਨੇ ਵਿਦਿਆਰਥੀ, ਮਾਪਿਆਂ ਤੇ ਸਟਾਫ਼ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਇੰਦੂ ਸ਼ਰਮਾ ਨੇ ਵਿਦਿਆਰਥੀਆਂ ਦੀ ਉਨ੍ਹਾਂ ਦੇ ਸਮਰਪਣ ਤੇ ਸਖ਼ਤ ਮਿਹਨਤ ਦੀ ਸ਼ਲਾਘਾ ਕਰਦਿਆਂ ਭਵਿੱਖ ਲਈ ਵੀ ਸ਼ੁਭਕਾਮਨਾਵਾਂ ਦਿੱਤੀਆਂ।

# ਸ਼ੈਲਰ ਐਸੋਸੀਏਸ਼ਨ ਦੇ ਪ੍ਰਧਾਨ ਰਾਕੇਸ਼ ਗਰਗ ਨੇ ਪੁਰਾਤਨ ਮੰਦਰ ਲਈ ਸਹਾਇਤਾ ਦਿੱਤੀ



ਅਮਲੋਹ, 19 ਅਪ੍ਰੈਲ (ਜਸਵੰਤ ਸਿੰਘ): ਇਤਿਹਾਸਕ ਧਾਰਮਿਕ ਅਸਥਾਨਾਂ ਦੀ ਲੜੀ ਤਹਿਤ ਨਜ਼ਦੀਕੀ ਪਿੰਡ ਕਪੂਰਗੜ੍ਹ ਸਨਾਤਨ ਧਰਮ ਦਾ ਪ੍ਰਤੀਕ ਸ੍ਰੀ ਠਾਕੁਰ ਦੁਆਰਾ ਲਕਸ਼ਮੀ ਨਾਰਾਇਣ ਮੰਦਰ ਵਿੱਚ ਬਿਕਰਮੀ ਸੰਮਤੀ 1732 ਵਿੱਚ ਨੀਵਾਂ ਨੰਦੀ ਸੰਪਰਦਾਇ ਵੱਲੋਂ ਅਖਾੜਾ ਨਿਰਵਾਣਿਆ ਵੱਲੋਂ ਇਸ ਮੰਦਰ ਦਾ ਨਿਰਮਾਣ ਹੋਇਆ। ਉਸ ਸਮੇਂ ਮਹੰਤ ਕ੍ਰਿਸ਼ਨ ਦਾਸ ਨੇ ਇੱਥੇ ਘੋਰ ਤਪੱਸਿਆ ਕੀਤੀ। ਇਸ ਮੰਦਰ ਦਾ ਮੌਜੂਦਾ ਸਮੇਂ ਸ੍ਰੀ ਮਹੰਤ ਕੌਰ ਦਾਸ ਗੱਦੀ ਦੀ ਸੇਵਾ ਸੰਭਾਲ ਰਹੇ ਹਨ, ਜਿਨ੍ਹਾਂ ਦਾ ਬਲਵਿੰਦਰ ਸਿੰਘ ਸਾਥ ਦੇ ਰਹੇ ਹਨ। ਮਹੰਤ ਕੌਰ ਦਾਸ ਨੇ ਦੱਸਿਆ ਕਿ ਇਹ ਪ੍ਰਾਚੀਨ ਸਮੇਂ ਦਾ ਕਰੀਬ 250 ਸਾਲ ਪੁਰਾਣਾ ਮੰਦਰ ਬਣਿਆ ਹੋਣ ਕਾਰਨ ਇਸ ਮੰਦਰ ਦੀ ਹੁਣ ਜੀਵਨ ਉਦਾਰ ਕਰਨ ਦੀ ਜ਼ਰੂਰਤ ਹੈ। ਮੰਦਰ ਦੇ ਮੁੱਖ ਦੁਆਰ ਦੇ ਪੁਨਰ ਨਿਰਮਾਣ ਲਈ ਸ਼ੈਲਰ ਐਸੋਸੀਏਸ਼ਨ ਅਮਲੋਹ ਦੇ ਪ੍ਰਧਾਨ ਤੇ ਸਮਾਜ ਸੇਵੀ ਰਾਕੇਸ਼ ਗਰਗ ਨੇ 51 ਹਜ਼ਾਰ ਰੁਪਏ ਦੀ ਮਾਲੀ ਸਹਾਇਤਾ ਦਿੱਤੀ। ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਵੀ ਇਸ ਕਾਰਜ ਵਿੱਚ ਸਹਿਯੋਗ ਦੀ ਅਪੀਲ ਕੀਤੀ। ਇਸ ਮੌਕੇ ਭਾਜਪਾ ਦੇ ਸੂਬਾਈ ਕਾਰਜਕਾਰਨੀ ਮੈਂਬਰ ਪ੍ਰਦੀਪ ਗਰਗ, ਮੰਡਲ ਪ੍ਰਧਾਨ ਰਾਕੇਸ਼ ਕੁਮਾਰ ਬਬਲੀ, ਐਡ. ਮਿਯੰਕ ਸ਼ਰਮਾ, ਐਡ. ਮੋਹਿਤ ਗਰਗ, ਆਰ.ਐਸ.ਐਸ. ਅਮਲੋਹ ਦੇ ਸੰਘ ਚਾਲਕ ਰਾਜਪਾਲ ਗਰਗ, ਅਗਰਵਾਲ ਸਭਾ ਦੇ ਸ਼ਿਵ ਕੁਮਾਰ ਗੋਇਲ, ਕੁਨਾਲ ਗਰਗ ਤੇ ਸਤਿਨਾਮ ਸਾਹੂ ਹਾਜ਼ਰ ਸਨ।

# ਨਗਰ ਨਿਗਮ ਦੀਆਂ ਚੋਣਾਂ 'ਚ 'ਆਪ' ਦੀ ਜਿੱਤ ਹੋਵੇਗੀ: ਗੁਰਲਾਲ ਸਿੰਘ,ਜਗਦੀਪ ਸਿੰਘ

ਮੋਗਾ, 19 ਅਪ੍ਰੈਲ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਮੋਗਾ ਵਿੱਚ ਆਉਣ ਵਾਲੇ ਟਾਈਮ ਵਿੱਚ ਹੋਣ ਵਾਲੀਆਂ ਨਗਰ ਨਿਗਮ ਦੀਆਂ ਚੋਣਾਂ ਵਿੱਚ ਆਪ ਸਰਕਾਰ ਵੱਲੋਂ ਜਿੱਤ ਪ੍ਰਾਪਤ ਹੋਵੇਗੀ, ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਲਾਈਟ ਟਰੱਕ ਯੂਨੀਅਨ ਦੇ ਪ੍ਰਧਾਨ ਗੁਰਲਾਲ ਸਿੰਘ ਤੇ ਚੇਅਰਮੈਨ ਬਲਾਕ ਮੋਗਾ ਜਗਦੀਪ ਸਿੰਘ ਨੇ ਕਿਹਾ ਕਿ ਨਗਰ ਨਿਗਮ ਦੀਆਂ ਚੋਣਾਂ ਬਿਲਕੁਲ ਪਾਰਦਰਸ਼ੀ ਤਰੀਕੇ ਨਾਲ ਚੋਣਾਂ ਹੋਣਗੀਆਂ, ਕਿਸੇ ਵੀ ਤਰ੍ਹਾਂ ਦੀ ਇਸ ਚੋਣਾਂ ਦੇ ਵਿੱਚ ਕੋਈ ਧੱਕੇਸ਼ਾਹੀ ਨਹੀਂ ਹੋਵੇਗੀ ਤੇ ਫਿਰ ਵੀ ਇਸ ਚੋਣਾਂ ਦੇ ਵਿੱਚ ਆਪ ਦੇ ਸਭ ਤੋਂ ਵੱਧ ਆਪ ਸਰਕਾਰ ਦੇ ਕੌਂਸਲਰ ਬਣਨਗੇ ਕਿਉਂਕਿ ਆਪ ਸਰਕਾਰ ਨੇ ਲੋਕਾਂ ਦੇ ਦਿਲਾਂ ਵਿੱਚ ਜਗ੍ਹਾ ਬਣਾਈ ਹੋਈ ਹੈ, ਲੋਕ ਆਪ ਸਰਕਾਰ ਨੂੰ ਦਿਲੋਂ ਚਾਹੁੰਦੇ ਹਨ, ਹੁਣ ਤੁਹਾਨੂੰ ਖੁਦ ਹੀ ਪਤਾ ਲੱਗ ਜਾਊਗਾ ਕਿ ਨਗਰ ਨਿਗਮ ਦੀਆਂ ਚੋਣਾਂ ਵਿੱਚ ਆਪ ਸਰਕਾਰ ਦੇ ਕਿੰਨੇ ਕੌਂਸਲਰ ਬਣਨਗੇ ਅਤੇ ਇਹ ਚੋਣਾਂ ਵਿਰੋਧੀਆਂ ਦੇ ਭੁਲੇਖੇ ਦੂਰ ਕਰ ਦਵੇਗੀ, ਕਿਉਂਕਿ 2027 ਦੇ ਵਿੱਚ ਵੀ ਆਪ ਸਰਕਾਰ ਦੁਬਾਰਾ ਆਵੇਗੀ।



# ਕੈਬਨਿਟ ਮੰਤਰੀ ਕਟਾਰੂਚੱਕ ਦਾਣਾ ਮੰਡੀ ਪਹੁੰਚੇ

ਭੋਗਪੁਰ, 19 ਅਪ੍ਰੈਲ (ਜੰਡੀਰ): ਭੋਗਪੁਰ ਦੀ ਦਾਣਾ ਮੰਡੀ ਵਿੱਚ ਅੱਜ ਕੈਬਨਿਟ ਮੰਤਰੀ ਲਾਲਚੰਦ ਕਟਾਰੂਚੱਕ ਪਹੁੰਚੇ, ਮੰਡੀ ਦਾ ਜਾਇਜ਼ਾ ਲਿਆ ਗਿਆ, ਸਭ ਤੋਂ ਪਹਿਲਾਂ ਮੰਤਰੀ ਕਟਾਰੂਚੱਕ ਨੇ ਕਿਸਾਨਾਂ ਨਾਲ ਗੱਲਬਾਤ ਕੀਤੀ।ਆਗੂਆਂ ਵੱਲੋਂ ਦਾਣਾ ਮੰਡੀ ਵਿੱਚ ਲੱਡੂ ਵੀ ਵੰਡੇ ਗਏ, ਕਿਹਾ ਕਿ ਪਿਛਲੀਆਂ ਸਰਕਾਰਾਂ ਵੇਲੇ ਕਿਸਾਨ ਮੰਡੀਆਂ ਵਿੱਚ ਖੱਜਲ-ਖੁਆਰ ਹੁੰਦੇ ਰਹੇ ਤੇ ਹੁਣ ਕਿਸਾਨ ਖੁਸ਼ੀ-ਖੁਸ਼ੀ ਮੰਡੀਆਂ ਵਿੱਚ ਫਸਲਾਂ ਲੈ ਕੇ ਆਉਂਦੇ ਤੇ ਘਰਾਂ ਨੂੰ ਜਾਂਦੇ ਹਨ। ਉਨ੍ਹਾਂ ਕਿਹਾ ਕਿ ਹੁਣ ਤੱਕ ਪੰਜਾਬ ਵਿੱਚ 28 ਲੱਖ ਕਣਕ ਆ ਚੁੱਕੀ ਹੈ, 2585 ਮੁਤਾਬਿਕ ਐਮਐਸ ਜੋ ਤੈਅ ਹੋਈ ਸੀ ਮੁਤਾਬਿਕ ਕਿਸਾਨ ਦਾ 647 ਕਰੋੜ ਬਣਦਾ ਹੈ, ਸੌ ਖਾਤੇ ਵਿੱਚ ਪਾ ਦਿੱਤਾ ਗਿਆ। ਉਨ੍ਹਾਂ ਕਿਹਾ 122 ਲੱਖ ਜੋ ਟਾਰਗੇਟ ਮਿਲਿਆ ਪੰਜਾਬ ਅੰਦਰ ਉਸ ਨੂੰ ਸਹਿਜੇ ਪੂਰਾ ਕਰਾਂਗੇ। ਉਨ੍ਹਾਂ ਨੇ ਕਿਸਾਨਾਂ ਨੂੰ ਬੇਨਤੀ ਕਰਦੇ ਹੋਏ ਕਿਹਾ ਕਿ ਕਿਸਾਨ ਕਿਸੇ ਵੀ ਤਰ੍ਹਾਂ ਦੀ ਜਲਦਬਾਜ਼ੀ ਨਾ ਕਰਨ ਕਣਕ ਦਾ ਇਕੱਲਾ-ਇਕੱਲਾ ਦਾਣਾ ਕਿਸਾਨਾਂ ਦਾ ਚੁੱਕਿਆ ਜਾਵੇਗਾ ਤੇ 24 ਘੰਟੇ ਦੇ ਅੰਦਰ ਭੁਗਤਾਨ ਵੀ ਕਰਨਗੇ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਮੰਡੀਆਂ ਵਿੱਚ ਪੂਰੇ ਪ੍ਰਬੰਧ ਮੁਕੰਮਲ ਕੀਤੇ ਗਏ ਹਨ। ਉਨ੍ਹਾਂ ਇਹ ਵੀ ਕਿਹਾ ਕਿ ਜੇਕਰ ਵਰਖਾ ਕਾਰਨ ਫਸਲਾਂ ਦਾ ਝਾੜ ਘੱਟ ਨਿਕਲ ਰਿਹਾ ਹੈ ਤਾਂ ਸਰਕਾਰ ਵੱਲੋਂ ਜ਼ਰੂਰ ਮਦਦ ਮਿਲੇਗੀ। ਇਸ ਮੌਕੇ 'ਤੇ ਨਗਰ ਕੌਂਸਲ ਪ੍ਰਧਾਨ ਰਾਜ ਕੁਮਾਰ ਰਾਜਾ, ਬਰਕਤ ਰਾਮ ਚੇਅਰਮੈਨ ਮਾਰਕੀਟ ਕਮੇਟੀ ਭੋਗਪੁਰ, ਬਲਵਿੰਦਰ ਭੰਡਾਰੀ ਬਲਾਕ ਪ੍ਰਧਾਨ ਆਪ, ਮਦਨ ਸਿੰਘ ਜ਼ਿਲ੍ਹਾ ਸੈਕਟਰੀ ਆਪ, ਬੂਟਾ ਸਿੰਘ ਟੀਟੂ ਬਲਾਕ ਪ੍ਰਧਾਨ ਆਪ, ਏਐਸ ਸੈਣੀ ਕੋਆਰਡੀਨੇਟਰ ਆਦਿ ਹਾਜ਼ਰ ਸਨ।



# ਨਰ ਸੇਵਾ ਹੀ ਨਾਰਾਇਣ ਦੀ ਸੱਚੀ ਸੇਵਾ ਹੈ: ਇੰਦਰਪ੍ਰੀਤ ਸਿੰਘ

## ☛ਨਿਸ਼ਕਾਮ ਸੁਸਾਇਟੀ ਨੇ ਅਪਾਹਜਾਂ ਨੂੰ ਟਰਾਈ ਸਾਈਕਲ ਦਿੱਤੇ



ਮੰਡੀ ਗੋਬਿੰਦਗੜ੍ਹ, 19 ਅਪ੍ਰੈਲ (ਸੂਦ): ਇਲਾਕੇ ਦੀ ਪ੍ਰਸਿੱਧ ਸਮਾਜ ਸੇਵੀ ਸੰਸਥਾ ਨਿਸ਼ਕਾਮ ਕੀਰਤਨ ਸੇਵਾ ਸੁਸਾਇਟੀ ਵੱਲੋਂ ਲੋੜਵੰਦ ਅਪਾਹਜਾਂ ਨੂੰ ਟਰਾਈਸਾਈਕਲ ਦੇਣ ਲਈ ਬ੍ਰਾਂਚ ਦਫਤਰ ਨੇੜੇ ਲਾਲ ਬੱਤੀ ਚੌਕ ਇੱਕ ਸਮਾਗਮ ਕੀਤਾ, ਜਿਸ ਵਿੱਚ ਡੀ.ਐਸ.ਪੀ. ਕ੍ਰਾਈਮ ਤੇ ਟ੍ਰੈਫਿਕ ਇੰਦਰਪ੍ਰੀਤ ਸਿੰਘ ਬਡੂੰਗਰ ਨੇ ਮੁੱਖ-ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਕਿਹਾ ਕਿ ਲੋੜਵੰਦਾਂ ਦੀ ਸੇਵਾ ਹੀ ਪ੍ਰਮਾਤਮਾ ਦੀ ਸੇਵਾ ਹੈ। ਉਨ੍ਹਾਂ ਖੁਸ਼ੀ ਪ੍ਰਗਟ ਕੀਤੀ ਕਿ ਸੁਸਾਇਟੀ ਦੇ ਮੈਂਬਰ ਦਸਬੰਧ ਨਾਲ ਸਮੇਂ-ਸਮੇਂ 'ਤੇ ਲੋੜਵੰਦਾਂ ਦੀ ਮਦਦ ਕਰਦੇ ਆ ਰਹੇ ਹਨ, ਜਿਸ ਸਦਕਾ ਇਹ ਸੁਸਾਇਟੀ ਸਮਾਜ ਲਈ ਪ੍ਰੇਰਨਾਸ੍ਰੋਤ ਹੈ। ਉਨ੍ਹਾਂ 5 ਲੋੜਵੰਦ ਅਪਾਹਜਾਂ ਨੂੰ ਟਰਾਈਸਾਈਕਲ ਦਿੱਤੇ ਜਿਨ੍ਹਾਂ ਵਿੱਚ ਮਨਜੀਤ ਕੌਰ ਵਾਸੀ ਅਲੀਪੁਰ ਸੰਦਲ, ਰਾਜਾ ਰਾਮ, ਬਾਬੂ ਸਿੰਘ ਸਿੰਘ ਵਾਸੀ ਮੰਡੀ ਗੋਬਿੰਦਗੜ੍ਹ, ਮਲਕੀਤ ਸਿੰਘ ਵਾਸੀ ਭੱਲ ਮਾਜਰਾ ਤੇ ਵਿਕਰਮ ਵਾਸੀ ਅਜਨਾਲੀ ਸ਼ਾਮਲ ਹਨ। ਇਸ ਮੌਕੇ ਸੁਸਾਇਟੀ ਪ੍ਰਧਾਨ ਕਰਮਜੀਤ ਸਿੰਘ ਬਿੱਟੂ, ਪ੍ਰੈਸ ਸਕੱਤਰ ਅਸ਼ੋਕ ਚੋਪੜਾ, ਜੁਆਇੰਟ ਸੈਕਟਰੀ ਮਨਜੀਤ ਸਿੰਘ, ਸਲਾਹਕਾਰ ਨਾਇਬ ਸਿੰਘ, ਮੈਂਬਰ ਕਮਲੇਸ਼ ਕੁਮਾਰ, ਯਾਦਵਿੰਦਰ ਸਿੰਘ ਕੰਗ, ਕਮਲਜੀਤ ਸਿੰਘ ਕਲਸੀ, ਰਮਨ ਗੋਪਾਲ ਖੁਲਰ, ਬਹਾਦਰ ਸਿੰਘ, ਹਰਚਰਨ ਸਿੰਘ ਨਾਗਰਾ, ਗੋਬਿੰਦ ਸਿੰਘ, ਰਣਜੀਤ ਸਿੰਘ, ਪੰਡਤ ਰਾਮ ਕਰਨ, ਗੁਰਨਾਮ ਸਿੰਘ, ਨੰਦ ਕੁਮਾਰ ਸਿਗਲਾ, ਰਜਿੰਦਰ ਕਪਿਲਸ, ਹਰਦੀਪ ਸਿੰਘ ਤੇ ਅਮਨਵੀਰ ਸਿੰਘ ਆਦਿ ਹਾਜ਼ਰ ਸਨ। ਸ੍ਰੀ ਬਿੱਟੂ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਆਰੰਭੇ ਸਮਾਜ ਸੇਵਾ ਦੇ ਕਾਰਜਾਂ ਵਿੱਚ ਜ਼ਰੂਰਤਮੰਦ ਪਰਿਵਾਰ ਦੀਆਂ ਲੜਕੀਆਂ ਦੇ ਵਿਆਹ, ਲੜਕੀਆਂ ਨੂੰ ਆਤਮ ਨਿਰਭਰ ਬਣਾਉਣ ਲਈ ਕਟਿੰਗ ਤੇ ਸਟਿਚਿੰਗ ਦੇ ਮੁਫ਼ਤ ਸਿਲਾਈ ਸੈਂਟਰ, ਅਪਾਹਜਾਂ ਨੂੰ ਟਰਾਈਸਾਈਕਲ, ਜ਼ਰੂਰਤਮੰਦ ਮਰੀਜ਼ਾਂ ਨੂੰ ਖੂਨ, ਲੋੜਵੰਦ ਤੇ ਵਿਧਵਾ ਔਰਤਾਂ ਨੂੰ ਸਿਲਾਈ ਮਸ਼ੀਨਾਂ, ਜ਼ਰੂਰਤਮੰਦ ਬੱਚਿਆਂ ਨੂੰ ਕਿਤਾਬਾਂ ਤੇ ਫੀਸਾਂ, ਜ਼ਰੂਰਤਮੰਦਾਂ ਨੂੰ ਦਵਾਈਆਂ, ਕਾਨੂੰਨੀ ਕਾਰਵਾਈ ਉਪਰੰਤ ਲਾਵਾਰਿਸ ਲਾਸ਼ਾਂ ਦਾ ਸਸਕਾਰ, ਠੰਡੇ ਪਾਣੀ ਦੇ ਕੂਲਰ ਲਗਾਉਣਾ ਆਦਿ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਜ਼ਰੂਰਤਮੰਦ ਪਰਿਵਾਰ ਲੜਕੀ ਦੇ ਵਿਆਹ ਦੀ ਤਰੀਕ ਰੱਖਣ ਤੋਂ ਪਹਿਲਾਂ ਸੁਸਾਇਟੀ ਦੇ ਬ੍ਰਾਂਚ ਦਫਤਰ ਨੇੜੇ ਲਾਲ ਬੱਤੀ ਚੌਕ ਮੰਡੀ ਗੋਬਿੰਦਗੜ੍ਹ ਵਿਖੇ ਸੰਪਰਕ ਕਰਨ ਤਾਂ ਜੋ ਵੱਧ ਤੋਂ ਵੱਧ ਮਦਦ ਕੀਤੀ ਜਾ ਸਕੇ।

# ਮੋਗਾ 'ਚ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸਿਆਸਤ ਗਰਮ, ਕਾਂਗਰਸ ਅਜੇ ਵੀ ਇੱਕ ਮੁੱਠ ਨਹੀਂ

ਮੋਗਾ, 19 ਅਪ੍ਰੈਲ (ਨਿਸ਼ੀ ਮਨਚੰਦਾ): ਮੋਗਾ ਵਿੱਚ 2027 ਦੇ ਵਿਧਾਨ ਸਭਾ ਦੇ ਇਲੈਕਸ਼ਨ ਨੂੰ ਲੈ ਕੇ ਸਿਆਸਤ ਗਰਮ ਹੋ ਚੁੱਕੀ ਹੈ, ਅਗਰ ਆਪਾਂ ਗੱਲ ਕਰੀਏ ਮੋਗਾ ਦੀ ਕਾਂਗਰਸ ਦੀ, ਮੋਗਾ ਦੀ ਕਾਂਗਰਸ ਅਜੇ ਤੱਕ ਇੱਕ ਮੁੱਠ ਨਹੀਂ ਹੋਈ ਹੈ, ਕਿਉਂਕਿ ਮੋਗਾ ਦੇ ਵਿੱਚ ਕਾਂਗਰਸ ਦੀ ਟਿਕਟ ਦੇ ਪੰਜ ਤੋਂ ਛੇ ਦਾਅਵੇਦਾਰ ਹਨ, ਜੋ ਕਿ ਪਿਛਲੇ ਕੁਝ ਸਾਲਾਂ ਤੋਂ ਕਾਂਗਰਸ ਪਾਰਟੀ ਲਈ ਕੰਮ ਕਰ ਰਹੇ ਹਨ, ਹੁਣ ਇਨ੍ਹਾਂ ਸਾਰਿਆਂ ਵਿੱਚ ਟਿਕਟ ਨੂੰ ਲੈ ਕੇ ਸਿਆਸਤ ਗਰਮ ਹੋ ਚੁੱਕੀ ਹੈ, ਅਸੀਂ ਕਈ ਵਾਰ ਕਾਂਗਰਸ ਦੀਆਂ ਪ੍ਰੈਸ ਕਾਨਫਰੰਸਾਂ ਦੇ ਵਿੱਚ ਸ਼ਾਮਲ ਹੋਏ, ਪਰ ਕੋਈ ਵੀ ਟਿਕਟ ਲਈ ਕਾਂਗਰਸੀ ਆਗੂ ਕੈਮਰੇ ਅੱਗੇ ਕੁਝ ਵੀ ਬੋਲਣ ਨੂੰ ਤਿਆਰ ਨਹੀਂ ਹੈ, ਪਰ ਇਹ ਅੰਦਰੋਂ-ਅੰਦਰ ਸਭ ਇੱਕ ਦੂਜੇ ਦੀਆਂ ਲੱਤਾਂ ਖਿੱਚ ਰਹੇ ਹਨ, ਕਿਉਂਕਿ ਸਾਰੇ ਹੀ ਕਾਂਗਰਸ ਦੇ ਆਗੂ ਪੜ੍ਹੇ ਲਿਖੇ ਹਨ ਤੇ ਕਾਂਗਰਸ ਦੀ ਟਿਕਟ ਦੇ ਚਾਹਵਾਨ ਹਨ ਤੇ ਸਾਰੇ ਹੀ ਕਾਂਗਰਸੀ ਆਗੂ ਘਰੋਂ ਰੱਜੇ ਹੋਏ ਹਨ। ਹੁਣ ਦੇਖਣਾ ਇਹ ਹੋਵੇਗਾ ਕਿ ਪਾਰਟੀ ਕਿਸ ਨੂੰ ਟਿਕਟ ਦੇਵੇਗੀ, ਅਗਰ ਇਹ ਇਸ ਤਰ੍ਹਾਂ ਹੀ ਚੱਲਦੇ ਰਹੇ ਤਾਂ ਆਉਣ ਵਾਲੇ ਟਾਈਮ ਵਿੱਚ ਕਾਂਗਰਸ ਨੂੰ ਇਹ ਘਾਟਾ ਝੱਲਣਾ ਪਵੇਗਾ, ਕੋਈ ਵੀ ਸਾਹਮਣੇ ਕੁਝ ਨਹੀਂ ਬੋਲਦਾ ਪਰ ਸਾਡੇ ਅਖਬਾਰ ਨੇ ਇਹ ਅੰਦਾਜ਼ਾ ਲਗਾਇਆ ਹੈ ਕਿ ਇਨ੍ਹਾਂ ਸਭ ਨੇ ਅੰਦਰੋਂ-ਅੰਦਰੀ ਧੜੇਬੰਦੀ ਕੀਤੀ ਹੋਈ ਹੈ, ਹਰ ਇੱਕ ਦਾ ਕਹਿਣਾ ਹੈ ਕਿ ਸਾਡੀ ਉਪਰ ਟਿਕਟ ਦੀ ਗੱਲ ਹੋ ਚੁੱਕੀ ਹੈ, ਹੁਣ ਤਾਂ ਆਉਣ ਵਾਲੇ ਟਾਈਮ ਵਿੱਚ ਹੀ ਪਤਾ ਲੱਗੂਗਾ ਕਿ ਕਾਂਗਰਸ ਪਾਰਟੀ ਕਿਸ ਨੂੰ ਟਿਕਟ ਦੇ ਕੇ ਨਿਵਾਜੇਗੀ, ਮੋਗਾ ਨਿਵਾਸੀ ਵੀ ਹੁਣ ਇਹ ਦੇਖ ਰਹੇ ਹਨ ਕਿ 2027 ਵਿੱਚ ਕਾਂਗਰਸ ਪਾਰਟੀ ਕਿਸ ਨੂੰ ਟਿਕਟ ਦਿੰਦੀ ਹੈ।ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਕੁਝ ਬੁੱਧੀਜੀਵਾਂ ਲੋਕਾਂ ਦਾ ਕਹਿਣਾ ਹੈ ਕਿ ਜੇ ਇਸ ਤਰ੍ਹਾਂ ਹੀ ਚੱਲਦਾ ਰਿਹਾ ਤਾਂ ਆਉਣ ਵਾਲੇ ਟਾਈਮ ਦੇ ਵਿੱਚ ਕਾਂਗਰਸ ਨੂੰ ਬਹੁਤ ਵੱਡਾ ਨੁਕਸਾਨ ਹੋਵੇਗਾ ਤੇ ਮੋਗਾ ਦੀ ਟਿਕਟ ਕਿਸੇ ਹੋਰ ਪਾਰਟੀ ਨੂੰ ਜਿੱਤਣ ਦਾ ਮੌਕਾ ਦੇ ਦੇਵੇਗੀ। ਕੁਝ ਕਾਂਗਰਸੀ ਆਗੂਆਂ ਨਾਲ ਸਾਡੀ ਗੱਲਬਾਤ ਹੋਈ ਹੈ ਤਾਂ ਉਨ੍ਹਾਂ ਦਾ ਕਹਿਣਾ ਹੈ ਕਿ ਮੀਟਿੰਗਾਂ ਕਰਨ ਨਾਲ ਜਾਂ ਗੱਲਾਂ ਕਰਨ ਨਾਲ ਕਾਂਗਰਸ ਪਾਰਟੀ ਟਿਕਟ ਨਹੀਂ ਦਿੰਦੀ। ਉਨ੍ਹਾਂ ਨੇ ਸਿਰਫ ਦਿਲ ਵਿੱਚ ਵਹਿਮ ਪਾਲਿਆ ਹੋਇਆ ਹੈ ਤੇ ਆਪਣੇ ਆਪ ਨੂੰ ਹੌਸਲਾ ਦਿੱਤਾ ਹੋਇਆ ਹੈ ਕਿ ਟਿਕਟ ਸਾਨੂੰ ਮਿਲੂਗੀ ਇਹ ਤਾਂ ਆਉਣ ਵਾਲੇ ਸਮੇਂ ਵਿੱਚ ਹੀ ਪਤਾ ਚੱਲੂਗਾ ਕੀ ਕਾਂਗਰਸ ਪਾਰਟੀ ਕਿਸ ਨੂੰ ਟਿਕਟ ਦਿੰਦੀ ਹੈ।

# ਮਜ਼ਦੂਰ ਦਿਵਸ ਨੂੰ ਸਮਰਪਿਤ ਇੰਡਕ ਆਰਟਸ ਵੈਲਫੇਅਰ ਕੌਂਸਲ ਦਾ ਦੂਜਾ ਸਾਹਿਤਕ ਤੇ ਸੱਭਿਆਚਾਰਕ ਸਮਾਗਮ 1 ਮਈ ਨੂੰ: ਪ੍ਰੋ. ਭੋਲਾ ਯਮਲਾ

ਫਾਜ਼ਿਲਕਾ, 19 ਅਪ੍ਰੈਲ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਕਲਾ, ਸਾਹਿਤ ਤੇ ਸੱਭਿਆਚਾਰ ਦੇ ਪ੍ਰਚਾਰ-ਪ੍ਰਸਾਰ ਲਈ ਵਚਨਬੱਧ ਦੇਸ਼ ਦੀ ਪ੍ਰਮੁੱਖ ਸੰਸਥਾ ਇੰਡਕ ਆਰਟਸ ਵੈਲਫੇਅਰ ਕੌਂਸਲ ਵੱਲੋਂ ਮਜ਼ਦੂਰ ਦਿਵਸ ਨੂੰ ਸਮਰਪਿਤ ਇੱਕ ਵਿਸ਼ਾਲ ਸਾਹਿਤਕ ਤੇ ਸੱਭਿਆਚਾਰਕ ਸਮਾਗਮ 1 ਮਈ, ਦਿਨ ਸ਼ੁੱਕਰਵਾਰ ਨੂੰ ਬਾਬਾ ਸੋਨੀ ਆਸ਼ਰਮ, ਨੇੜੇ ਸਿਵਲ ਹਸਪਤਾਲ ਵਿਖੇ ਸਵੇਰੇ 9:30 ਵਜੇ ਤੋਂ ਦੁਪਹਿਰ 12:30 ਵਜੇ ਤੱਕ ਸੰਸਥਾ ਦੇ ਬਾਨੀ ਚੇਅਰਮੈਨ ਪ੍ਰੋਫੈਸਰ ਬਾਈ ਭੋਲਾ ਯਮਲਾ ਦੀ ਯੋਗ ਅਗਵਾਈ ਹੇਠ ਤੇ ਉਘੇ ਸਮਾਜ ਸੇਵੀ ਬਾਬਾ ਸੋਨੀ ਮੁਕਤਸਰ ਵਾਲਿਆਂ ਦੀ ਪ੍ਰਧਾਨਗੀ ਹੇਠ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜਸਵੀਰ ਸ਼ਰਮਾ ਦੱਦਾਹੂਰ (ਪ੍ਰਧਾਨ ਸਾਹਿਤ ਤੇ ਭਾਸ਼ਾ ਸੈਲ) ਮਾਸਟਰ ਅਜੈਬ ਸਿੰਘ ਰੁਪਾਣਾ (ਪ੍ਰਧਾਨ ਕਲਾ ਤੇ ਸੱਭਿਆਚਾਰ) ਸ੍ਰੀ ਮੁਕਤਸਰ ਸਾਹਿਬ ਹੋਰਾਂ ਨੇ ਦੱਸਿਆ ਕਿ ਸੰਸਥਾ ਦਾ ਮੁੱਖ ਉਦੇਸ਼ ਕਲਾ, ਸਾਹਿਤ ਤੇ ਸੱਭਿਆਚਾਰ ਨੂੰ ਸਮਾਜ ਦੇ ਹਰ ਵਰਗ ਤੱਕ ਪਹੁੰਚਾਉਣਾ ਤੇ ਨਵੀਂ ਪੀੜ੍ਹੀ ਵਿੱਚ ਰਚਨਾਤਮਕ ਸੋਚ ਨੂੰ ਪ੍ਰੋਤਸਾਹਿਤ ਕਰਨਾ ਹੈ। ਉਨ੍ਹਾਂ ਕਿਹਾ ਕਿ ਮਜ਼ਦੂਰ ਦਿਵਸ ਵਰਗੇ ਮਹੱਤਵਪੂਰਨ ਦਿਨ 'ਤੇ ਇਸ ਤਰ੍ਹਾਂ ਦਾ ਸਮਾਗਮ ਕਰਵਾਉਣਾ ਮਜ਼ਦੂਰ ਵਰਗ ਦੀ ਮਹੱਤਤਾ ਨੂੰ ਸਲਾਮ ਕਰਨ ਦੇ ਨਾਲ-ਨਾਲ ਸੱਭਿਆਚਾਰਕ ਜਾਗਰੂਕਤਾ ਨੂੰ ਵੀ ਮਜ਼ਬੂਤ ਕਰੇਗਾ। ਇਸ ਮੌਕੇ ਹੋਣ ਵਾਲੇ ਪ੍ਰੋਗਰਾਮ ਵਿੱਚ ਕਵਿਤਾ ਪਾਠ, ਸੱਭਿਆਚਾਰਕ ਪ੍ਰਸਤੁਤੀਆਂ ਤੇ ਵਿਸ਼ੇਸ਼ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਜਾਵੇਗਾ, ਜਿਸ ਵਿੱਚ ਵੱਖ-ਵੱਖ ਖੇਤਰਾਂ ਨਾਲ ਜੁੜੇ ਕਲਾਕਾਰ ਤੇ ਸਾਹਿਤਕਾਰ ਆਪਣੀ ਕਲਾ ਦਾ ਪ੍ਰਦਰਸ਼ਨ ਕਰਨਗੇ। ਪ੍ਰੋਫੈਸਰ ਬਾਈ ਭੋਲਾ ਯਮਲਾ ਨੇ ਸਾਰੇ ਕਲਾਕਾਰਾਂ, ਸਾਹਿਤਕਾਰਾਂ ਤੇ ਸੱਭਿਆਚਾਰ ਪ੍ਰੇਮੀਆਂ ਨੂੰ ਅਪੀਲ ਕੀਤੀ ਕਿ ਉਹ ਵੱਡੀ ਗਿਣਤੀ ਵਿੱਚ ਸ਼ਿਰਕਤ ਕਰਕੇ ਇਸ ਸਮਾਗਮ ਨੂੰ ਕਾਮਯਾਬ ਬਣਾਉਣ ਤੇ ਕਲਾ ਤੇ ਸੱਭਿਆਚਾਰ ਦੀ ਇਸ ਮੁਹਿੰਮ ਨੂੰ ਹੋਰ ਮਜ਼ਬੂਤ ਕਰਨ ਵਿੱਚ ਆਪਣਾ ਯੋਗਦਾਨ ਪਾਉਣ।



# ਸਾਂਸਦ ਘੁਬਾਇਆ ਵੱਲੋਂ ਕੇਂਦਰੀ ਮੰਤਰੀ ਜੋਸ਼ੀ ਨਾਲ ਮੁਲਾਕਾਤ, ਖੇਤੀਬਾੜੀ ਮੁਸ਼ਕਿਲਾਂ ਤੋਂ ਕਰਵਾਇਆ ਜਾਣੂੰ

ਫਾਜ਼ਿਲਕਾ, 19 ਅਪ੍ਰੈਲ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਲੋਕ ਸਭਾ ਹਲਕਾ ਫ਼ਿਰੋਜ਼ਪੁਰ ਤੋਂ ਮੈਂਬਰ ਪਾਰਲੀਮੈਂਟ ਸ਼ੇਰ ਸਿੰਘ ਘੁਬਾਇਆ ਨੇ ਅੱਜ ਨਵੀਂ ਦਿੱਲੀ ਵਿੱਚ ਕੇਂਦਰੀ ਉਪਭੋਗਤਾ ਮਾਮਲੇ, ਖ਼ੁਰਾਕ ਤੇ ਜਨਤਕ ਵੰਡ ਮੰਤਰੀ ਪ੍ਰਹਿਲਾਦ ਜੋਸ਼ੀ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਮੀਟਿੰਗ ਦੌਰਾਨ ਘੁਬਾਇਆ ਨੇ ਪੰਜਾਬ ਦੇ ਕਿਸਾਨਾਂ ਨੂੰ ਦਰਪੇਸ਼ ਗੰਭੀਰ ਸਮੱਸਿਆਵਾਂ-ਖਾਸ ਕਰਕੇ ਫਸਲਾਂ ਦੇ ਨੁਕਸਾਨ ਤੇ ਮੰਡੀਆਂ ਵਿੱਚ ਖਰੀਦ (ਪ੍ਰੋਕਿਊਰਮੈਂਟ) ਨਾਲ ਸਬੰਧਤ ਮੁੱਦਿਆਂ-ਬਾਰੇ ਵਿਸਥਾਰ ਨਾਲ ਚਰਚਾ ਕੀਤੀ ਤੇ ਕੇਂਦਰ ਸਰਕਾਰ ਤੋਂ ਤੁਰੰਤ ਦਖਲ ਦੀ ਮੰਗ ਕੀਤੀ। ਉਨ੍ਹਾਂ ਕੇਂਦਰੀ ਮੰਤਰੀ ਦੇ ਧਿਆਨ ਵਿੱਚ ਲਿਆਂਦਾ ਕਿ ਹਾਲ ਹੀ ਵਿੱਚ ਹੋਈ ਬੇਮੌਸਮੀ ਬਾਰਿਸ਼ ਤੇ ਕੁਦਰਤੀ ਆਫ਼ਤਾਂ ਕਾਰਨ ਪੰਜਾਬ ਦੇ ਕਿਸਾਨਾਂ ਦੀਆਂ ਫਸਲਾਂ ਦਾ ਭਾਰੀ ਨੁਕਸਾਨ ਹੋਇਆ ਹੈ। ਉਨ੍ਹਾਂ ਕਿਹਾ ਕਿ ਫਾਜ਼ਿਲਕਾ ਤੇ ਫ਼ਿਰੋਜ਼ਪੁਰ ਵਰਗੇ ਸਰਹੱਦੀ ਇਲਾਕਿਆਂ ਵਿੱਚ ਕਿਸਾਨਾਂ ਦੀ ਆਰਥਿਕਤਾ ਪੂਰੀ ਤਰ੍ਹਾਂ ਖੇਤੀ 'ਤੇ ਨਿਰਭਰ ਹੈ ਤੇ ਫਸਲ ਖਰਾਬ ਹੋਣ ਨਾਲ ਉਹ ਕਰਜ਼ੇ ਦੇ ਬੋਝ ਹੇਠ ਦੱਬ ਰਹੇ ਹਨ। ਘੁਬਾਇਆ ਨੇ ਮੰਗ ਕੀਤੀ ਕਿ ਕੇਂਦਰ ਸਰਕਾਰ ਵਿਸ਼ੇਸ਼ ਗਿਰਦਾਵਰੀ ਦੇ ਆਧਾਰ 'ਤੇ ਕਿਸਾਨਾਂ ਲਈ ਰਾਹਤ ਪੈਕੇਜ ਦਾ ਐਲਾਨ ਕਰੇ, ਤਾਂ ਜੋ ਨੁਕਸਾਨ ਦੀ ਭਰਪਾਈ ਕੀਤੀ ਜਾ ਸਕੇ। ਇਸ ਦੇ ਨਾਲ ਹੀ ਉਨ੍ਹਾਂ ਨੇ ਪ੍ਰੋਕਿਊਰਮੈਂਟ ਪ੍ਰਕਿਰਿਆ ਵਿੱਚ ਆ ਰਹੀਆਂ ਰੁਕਾਵਟਾਂ ਬਾਰੇ ਵੀ ਗੱਲ ਕੀਤੀ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਆਪਣੀ ਫਸਲ ਵੇਚਣ ਲਈ ਮੰਡੀਆਂ ਵਿੱਚ ਲੰਬਾ ਇੰਤਜ਼ਾਰ ਕਰਨਾ ਪੈਂਦਾ ਹੈ, ਜਿਸ ਨਾਲ ਨਿਰਾਸ਼ਾ ਦਾ ਮਾਹੌਲ ਬਣ ਰਿਹਾ ਹੈ। ਬਾਰਿਸ਼ ਕਾਰਨ ਫਸਲ ਵਿੱਚ ਵਧੀ ਨਮੀ ਨੂੰ ਧਿਆਨ ਵਿੱਚ ਰੱਖਦਿਆਂ, ਉਨ੍ਹਾਂ ਖਰੀਦ ਨਿਯਮਾਂ ਵਿੱਚ ਢਿੱਲ ਦੇਣ ਦੀ ਮੰਗ ਕੀਤੀ। ਉਨ੍ਹਾਂ ਇਹ ਵੀ ਅਪੀਲ ਕੀਤੀ ਕਿ ਸ਼ੈਲਰ ਮਾਲਕਾਂ ਤੇ ਆੜ੍ਹਤੀਆਂ ਦੀਆਂ ਜਾਇਜ਼ ਮੰਗਾਂ ਨੂੰ ਜਲਦੀ ਹੱਲ ਕੀਤਾ ਜਾਵੇ ਤਾਂ ਜੋ ਖਰੀਦ ਪ੍ਰਕਿਰਿਆ ਸੁਚਾਰੂ ਢੰਗ ਨਾਲ ਚੱਲ ਸਕੇ।ਅਦਾਰਾ ਚੜ੍ਹਦੀਕਲਾ ਦੇ ਉਪ ਦਫਤਰ ਇੰਚਾਰਜ ਨਾਲ ਫੋਨ 'ਤੇ ਗੱਲਬਾਤ ਦੌਰਾਨ ਸਾਂਸਦ ਸ਼ੇਰ ਸਿੰਘ ਘੁਬਾਇਆ ਨੇ ਕਿਹਾ ਕਿ ਪੰਜਾਬ ਦਾ ਕਿਸਾਨ ਦੇਸ਼ ਦਾ ਅੰਨ ਭੰਡਾਰ ਭਰਦਾ ਹੈ, ਪਰ ਅੱਜ ਉਹ ਖੁਦ ਮੰਡੀਆਂ ਵਿੱਚ ਰੁਲਣ ਲਈ ਮਜਬੂਰ ਹੈ। ਮੇਰਾ ਫਰਜ਼ ਹੈ ਕਿ ਮੈਂ ਆਪਣੇ ਹਲਕੇ ਤੇ ਪੰਜਾਬ ਦੇ ਕਿਸਾਨਾਂ ਦੀ ਆਵਾਜ਼ ਦਿੱਲੀ ਤੱਕ ਪਹੁੰਚਾਵਾਂ।



# ਨੌਜਵਾਨ ਪੀੜ੍ਹੀ ਨੂੰ ਬਿਮਾਰੀਆਂ ਦਾ ਸ਼ਿਕਾਰ ਬਣਾ ਰਹੀ ਹੈ ਕਸਰਤ ਤੋਂ ਦੂਰੀ: ਅਭਿਸ਼ੇਕ ਜਿੰਦਲ



ਮੋਗਾ, 19 ਅਪ੍ਰੈਲ (ਨਿਸ਼ੀ ਮਨਚੰਦਾ): ਐਸਐਫਸੀ ਪਬਲਿਕ ਸਕੂਲ ਵਿੱਚ 18 ਅਪ੍ਰੈਲ ਨੂੰ ਰਾਸ਼ਟਰੀ ਕਸਰਤ ਦਿਵਸ ਬਹੁਤ ਉਤਸ਼ਾਹ ਨਾਲ ਮਨਾਇਆ ਗਿਆ, ਬੱਚਿਆਂ ਨੂੰ ਕਸਰਤ ਦੇ ਫਾਇਦੇ ਤੇ ਚੰਗੀ ਸਿਹਤ ਸਬੰਧੀ ਜਾਗਰੂਕ ਕੀਤਾ ਗਿਆ। ਐਚਐਮ ਸਰਿਤਾ ਅਰੋੜਾ ਦੀ ਨਿਗਰਾਨੀ ਹੇਠ ਅੱਜ ਜ਼ੀਰੋ ਪੀਰੀਅਡ ਵਿੱਚ ਬਹੁਤ ਮੁੱਢਲੀਆਂ ਕਸਰਤਾਂ ਸਿਖਾਈਆਂ ਗਈਆਂ। ਉਨ੍ਹਾਂ ਨੇ ਕਿਹਾ ਕਿ ਨੌਜਵਾਨ ਵਰਗ ਨੇ ਸੈਰ ਤੇ ਕਸਰਤ ਤੋਂ ਦੂਰੀ ਬਣਾ ਰੱਖੀ ਹੈ। ਜਿਸ ਕਾਰਨ ਛੋਟੀ ਉਮਰ ਵਿੱਚ ਸ਼ੂਗਰ ਤੇ ਬਲੱਡ ਪ੍ਰੈਸ਼ਰ, ਹਾਰਟ ਅਟੈਕ, ਵਰਗੀਆਂ ਬਿਮਾਰੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਨੇ ਕਸਰਤ ਤੋਂ ਆਪਣੀ ਜ਼ਿੰਦਗੀ ਦਾ ਹਿੱਸਾ ਬਣਾਉਣ ਲਈ ਕਿਹਾ, ਦੱਸਿਆ ਜਾਂਦਾ ਹੈ ਕਿ ਕਸਰਤ ਦਾ ਸਰੀਰਕ ਤੇ ਮਾਨਸਿਕ ਲਾਭ ਹੁੰਦਾ ਹੈ। ਸੀਐਮਡੀ ਅਭਿਸ਼ੇਕ ਜਿੰਦਲ ਤੇ ਪ੍ਰਿੰਸੀਪਲ ਸੀਨਮ ਜਿੰਦਲ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਨੇ ਦੱਸਿਆ ਕਿ ਰੋਜ਼ਾਨਾ ਸੈਰ ਤੇ ਕਸਰਤ ਸਰੀਰ ਦੇ ਨਾਲ-ਨਾਲ ਦਿਲ ਨੂੰ ਹੀ ਮਜ਼ਬੂਤ ਬਣਾਉਂਦੀ ਹੈ ਤੇ ਵਜ਼ਨ ਘਟਣ ਦੇ ਵਿੱਚ ਵੀ ਮਦਦ ਕਰਦੀ ਹੈ, ਰਾਤ ਨੂੰ ਚੰਗੀ ਨੀਂਦ ਨਾ ਆਉਣਾ ਵੀ ਸਰੀਰਕ ਗਤੀਵਿਧੀਆਂ ਦੀ ਘਾਟ ਹੈ। ਉਨ੍ਹਾਂ ਨੇ ਬੱਚਿਆਂ ਨੂੰ ਸਿਹਤ ਬਣਾਏ ਰੱਖਣ ਲਈ ਪ੍ਰੇਰਿਤ ਕੀਤਾ ਤਾਂ ਕਿ ਸਵਸਥ ਤੇ ਖੁਸ਼ਹਾਲ ਰਾਸ਼ਟਰ ਦੇ ਨਿਰਮਾਣ ਵਿੱਚ ਮਦਦ ਮਿਲ ਸਕੇ, ਪਬਲਿਕ ਸਕੂਲ ਵਿੱਚ ਸਮੇਂ-ਸਮੇਂ 'ਤੇ ਫਿਟਨੈਸ ਸਬੰਧੀ ਪ੍ਰੋਗਰਾਮ ਕੀਤੇ ਜਾਂਦੇ ਹਨ।

# ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ ਨੂੰ ਰਾਜਪਾਲ ਨੇ ਦਿੱਤੀ ਮਨਜ਼ੂਰੀ : ਸੌਂਦ

## ਵਿਸਾਖੀ ਦੇ ਦਿਨ ਪਾਸ ਬਿੱਲ ਨੂੰ ਮਿਲੀ ਮਨਜ਼ੂਰੀ, ਇਤਿਹਾਸਕ ਕਦਮ ਕਰਾਰ

ਲੁਧਿਆਣਾ, 19 ਅਪ੍ਰੈਲ (ਵਿਸ਼ਾਲ ਸ਼ਰਮਾ/ਸੰਦੀਪ ਲਹਿਲ) : ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਐਤਵਾਰ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਗੁਰੂ ਸਾਹਿਬ ਦੀ ਕਿਰਪਾ ਸਦਕਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਵਉੱਚਤਾ ਅਤੇ ਸਤਿਕਾਰ ਨੂੰ ਬਰਕਰਾਰ ਰੱਖਣ ਲਈ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਚਨਬੱਧ ਹੈ। ਤਰੁਨਪ੍ਰੀਤ ਸਿੰਘ ਸੌਂਦ ਨੇ ਪੰਜਾਬ ਵਾਸੀਆਂ ਅਤੇ ਦੁਨੀਆ ਭਰ ਦੇ ਵਿੱਚ ਵੱਸਦੇ ਪੰਜਾਬੀਆਂ ਨੂੰ ਲੱਖ-ਲੱਖ ਵਧਾਈਆਂ ਦਿੰਦਿਆਂ ਦੱਸਿਆ 13 ਅਪ੍ਰੈਲ ਨੂੰ ਵਿਸਾਖੀ ਦੇ ਪਵਿੱਤਰ ਦਿਹਾੜੇ 'ਤੇ ਪੰਜਾਬ ਵਿਧਾਨ ਸਭਾ ਵੱਲੋਂ ਸਰਬਸੰਮਤੀ ਨਾਲ ਪਾਸ ਕੀਤੇ ਗਏ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ 2026' ਨੂੰ ਰਾਜਪਾਲ ਪੰਜਾਬ ਗੁਲਾਬ ਚੰਦ ਕਟਾਰੀਆ ਵੱਲੋਂ ਮਨਜ਼ੂਰੀ ਦਿੱਤੀ ਗਈ ਹੈ, ਜੋ ਕਿ ਇੱਕ ਇਤਿਹਾਸਕ ਕਦਮ ਹੈ।



ਉਨ੍ਹਾਂ ਦੱਸਿਆ ਕਿ ਇਹ ਬਿੱਲ ਗੁਰਬਾਣੀ ਦੀ ਬੇਅਦਬੀ ਰੋਕਣ ਅਤੇ ਸਤਿਕਾਰ ਨੂੰ ਯਕੀਨੀ ਬਣਾਉਣ ਲਈ ਮੀਲ ਪੱਥਰ ਸਾਬਤ ਹੋਵੇਗਾ।

ਮੰਤਰੀ ਸੌਂਦ ਨੇ ਦੱਸਿਆ ਕਿ 13 ਅਪ੍ਰੈਲ ਨੂੰ ਵਿਸਾਖੀ ਵਾਲੇ ਦਿਨ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨੇ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਸੱਦਿਆ ਸੀ। ਇਸ ਵਿਸ਼ੇਸ਼ ਸੈਸ਼ਨ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜੋ ਬੇਅਦਬੀਆਂ ਦੇ ਵਿਰੁੱਧ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ 2026' ਪੇਸ਼ ਕੀਤਾ ਸੀ। ਅੱਜ ਤੋਂ ਤਿੰਨ ਦਿਨ ਪਹਿਲਾਂ ਇਹ ਬਿੱਲ ਰਾਜਪਾਲ ਪੰਜਾਬ ਦੇ ਕੋਲ ਪੰਜਾਬ ਸਰਕਾਰ ਦੁਆਰਾ ਭੇਜ ਦਿੱਤਾ ਗਿਆ ਸੀ। ਅੱਜ ਰਾਜਪਾਲ ਪੰਜਾਬ ਗੁਲਾਬ ਚੰਦ ਕਟਾਰੀਆ ਜੀ ਨੇ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ 2026' 'ਤੇ ਆਪਣੇ ਹਸਤਾਖਰ ਕਰਕੇ ਪ੍ਰਵਾਨਗੀ ਦੇ ਦਿੱਤੀ ਹੈ। ਇਸ ਲਈ ਮੈਂ ਰਾਜਪਾਲ ਪੰਜਾਬ ਦਾ ਵੀ ਧੰਨਵਾਦ ਕਰਦਾ ਹਾਂ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਲਿਆ ਗਿਆ ਇਹ ਫੈਸਲਾ ਬਹੁਤ ਵੱਡਾ ਇਤਿਹਾਸਿਕ ਫੈਸਲਾ ਹੈ। ਉਨ੍ਹਾਂ ਅੱਗੇ ਕਿਹਾ ਕਿ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ, ਜਿਹਨਾਂ ਦੇ ਵਿੱਚ ਸਾਰੇ ਪੰਜਾਬੀਆਂ ਦੀ ਜਿੰਦ ਜਾਨ ਵੱਸਦੀ ਹੈ। ਪੰਜਾਬ ਵਿੱਚ ਚਾਹੇ ਕੋਈ ਸਿੱਖ ਹੋਵੇ, ਚਾਹੇ ਸਾਡਾ ਕੋਈ ਹਿੰਦੂ ਵੀਰ ਹੋਵੇ, ਚਾਹੇ ਕੋਈ ਮੁਸਲਮਾਨ ਵੀਰ ਹੋਵੇ, ਇਸਾਈ ਵੀਰ ਹੋਵੇ ਅਤੇ ਚਾਹੇ ਕੋਈ ਵੀ ਹੋਵੇ ਜਿਹੜਾ ਪੰਜਾਬੀ ਮੂਲ ਰੂਪ ਵਿੱਚ ਪੰਜਾਬੀ ਹੈ ਉਨ੍ਹਾਂ ਸਾਰਿਆਂ ਦੀ ਆਸਥਾ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਵਿੱਚ ਹੈ। ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਸਾਂਝੀਵਾਲਤਾ ਦਾ ਉਪਦੇਸ਼ ਦਿੰਦੇ ਹਨ ਅਤੇ ਨਾਨਕ ਨਾਮ ਚੜ੍ਹਦੀ ਕਲਾ ਤੇਰੇ ਭਾਣੇ ਸਰਬੱਤ ਦਾ ਭਲਾ ਦਾ ਉਪਦੇਸ਼ ਦਿੰਦੇ ਹਨ। ਸੋ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪ੍ਰਤੀ ਜਿਨ੍ਹਾਂ ਦੀ ਸੱਚੀ ਆਸਥਾ ਹੈ ਅੱਜ ਉਨ੍ਹਾਂ ਨੂੰ ਇਸ ਗੱਲ ਦੀਆਂ ਬਹੁਤ-ਬਹੁਤ ਵਧਾਈਆਂ ਦਿੰਦਾ ਹਾਂ ਕਿ ਜਿਹੜਾ ਇਹ ਕਾਨੂੰਨ ਪਾਸ ਹੋ ਚੁੱਕਾ ਹੈ। ਹੁਣ ਕੋਈ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਕਰਨ ਦੀ ਹਿੰਮਤ ਨਹੀਂ ਕਰੇਗਾ ਅਤੇ ਜਾਣੇ ਅਣਜਾਣੇ ਦੇ ਵਿੱਚ ਜੇਕਰ ਅਜਿਹਾ ਕਰਨ ਦੀ ਕੋਸ਼ਿਸ਼ ਕਰੇਗਾ ਤਾਂ ਇਸ ਕਾਨੂੰਨ ਤਹਿਤ ਇਨੀਆਂ ਸਖਤ ਸਜ਼ਾਵਾਂ ਦਿੱਤੀਆਂ ਜਾਣਗੀਆਂ ਕਿ ਉਨ੍ਹਾਂ ਦੀਆਂ ਆਉਣ ਵਾਲੀਆਂ ਨਸਲਾਂ ਤੱਕ ਯਾਦ ਰੱਖਣਗੀਆਂ ਅਤੇ ਜ਼ਿੰਦਗੀ ਵਿੱਚ ਕਦੇ ਵੀ ਅਜਿਹਾ ਕੰਮ ਕਰਨ ਬਾਰੇ ਸੋਚਣਗੀ ਵੀ ਨਹੀਂ। ਸੋ ਮੈਂ ਜਿੱਥੇ ਸਾਰੇ ਪੰਜਾਬੀਆਂ ਨੂੰ ਵਧਾਈ ਦਿੰਦਾ ਹਾਂ ਉੱਥੇ ਮੈਂ ਪੰਜਾਬ ਦੇ ਹਰਮਨ ਪਿਆਰੇ ਮੁੱਖ ਮੰਤਰੀ ਭਗਵੰਤ ਮਾਨ ਦਾ ਦਿਲ ਦੀ ਗਹਿਰਾਈ ਤੋਂ ਧੰਨਵਾਦ ਵੀ ਕਰਦਾ ਹਾਂ ਅਤੇ ਉਨ੍ਹਾਂ ਦੀ ਸ਼ਲਾਘਾ ਵੀ ਕਰਦਾ ਹਾਂ ਕਿ ਤੁਸੀਂ ਬਹੁਤ ਵੱਡਾ ਕਾਰਜ ਕੀਤਾ ਹੈ। ਜਿਹੜਾ ਕਿ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਨੇ ਆਪ ਤਰੁੱਠ ਕੇ ਤੁਹਾਡੇ ਤੋਂ ਸੇਵਾ ਲਈ ਹੈ ਅਤੇ ਇਹ ਬਹੁਤ ਵੱਡੀ ਗੱਲ ਹੈ ਇਹ ਸੇਵਾ ਤੁਹਾਡੇ ਹਿੱਸੇ ਆਈ ਹੈ। ਸੌਂਦ ਨੇ ਕਿਹਾ ਕਿ ਅਸੀਂ ਵੀ ਤੁਹਾਡੀ ਵਜ਼ਾਰਤ ਦਾ ਹਿੱਸਾ ਹੋਣ ਦੇ ਨਾਤੇ ਆਪਣੇ ਆਪ ਨੂੰ ਭਾਗਾਂ ਵਾਲੇ ਮੰਨਦੇ ਹਾਂ। ਇਸ ਦੇ ਨਾਲ-ਨਾਲ ਮੈਂ ਇੱਕ ਗੱਲ ਜਰੂਰ ਕਹਾਂਗਾ ਕਿ ਜਿਹੜੇ ਅੱਜ ਤੱਕ ਆਪਣੇ ਆਪ ਨੂੰ ਪੰਥਕ ਸਰਕਾਰਾਂ ਕਹਾਉਂਦੇ ਰਹੇ ਅਤੇ ਜਿਨ੍ਹਾਂ ਨੇ ਸਾਰੀ ਜ਼ਿੰਦਗੀ ਪੰਥ ਦੇ ਨਾਂ 'ਤੇ ਵੋਟਾਂ ਲਈਆਂ, ਉਹ 13 ਅਪ੍ਰੈਲ ਵਿਸਾਖੀ ਵਾਲੇ ਦਿਨ, ਜਿਸ ਦਿਨ ਇਹ ਬਿੱਲ ਲਿਆਂਦਾ ਗਿਆ ਉਸ ਦਿਨ ਇਹ ਲੋਕ ਵਿਧਾਨ ਸਭਾ ਵਿੱਚ ਨਹੀਂ ਪਹੁੰਚੇ। ਸੋ ਇਸ ਤਰ੍ਹਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੇ ਇਹਨਾਂ ਲੋਕਾਂ ਦਾ ਸੱਚ ਸਾਰੀਆਂ ਦੁਨੀਆਂ ਦੇ ਅੱਗੇ ਖੋਲ੍ਹ ਕੇ ਰੱਖ ਦਿੱਤਾ ਹੈ।

# ਬਿਜਲੀ ਕਾਮਿਆਂ ਦੀਆਂ ਦੋ ਜਥੇਬੰਦੀਆਂ ਦੀ ਆਪਸੀ ਏਕਤਾ ਸੂਬਾ ਕਾਨਫ਼ਰੰਸ

ਲੁਧਿਆਣਾ, 19 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਪਾਵਰਕਾਮ ਅਦਾਰੇ ਵਿੱਚ ਕੰਮ ਕਰ ਰਹੀਆਂ ਇੱਕ ਵਿਚਾਰਧਾਰਾ ਵਾਲੀਆਂ ਸੰਘਰਸ਼ੀਲ ਜਥੇਬੰਦੀਆਂ ਪੀ ਐਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਪੰਜਾਬ ਰਜਿ. 41 ਅਤੇ ਪੀ ਐਸ ਈ ਬੀ ਇੰਪਲਾਈਜ਼ ਫੈਡਰੇਸ਼ਨ ਰਜਿ. 14/1965 ਨੇ ਅੱਜ ਦੇਸ਼ ਭਗਤ ਯਾਦਗਾਰ ਹਾਲ ਵਿੱਚ ਆਪਸੀ ਏਕਤਾ ਨੂੰ ਸਮਰਪਤ ਸੂਬਾ ਕਾਨਫਰੰਸ ਕੀਤੀ। ਇਸ ਕਾਨਫਰੰਸ ਦੀ ਪ੍ਰਧਾਨਗੀ ਦੋਵਾਂ ਜਥੇਬੰਦੀਆਂ ਦੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਗੰਡੀਵਿੰਡ ਅਤੇ ਜਰਨੈਲ ਸਿੰਘ ਔਲਖ ਨੇ ਸਾਂਝੇ ਤੌਰ 'ਤੇ ਕੀਤੀ। ਇਸ ਸੂਬਾ ਕਾਨਫਰੰਸ ਨੂੰ ਸਫਲਤਾ ਪੂਰਵਕ ਨੇਪਰੇ ਚਾੜਣ ਲਈ ਨਿਗਰਾਨ ਦੇ ਤੌਰ 'ਤੇ ਕੁੱਲ ਹਿੰਦ ਬਿਜਲੀ ਫੈਡਰੇਸ਼ਨ (ਐਫ ਈ) ਦੇ ਜਨਰਲ ਸਕੱਤਰ ਕਾਮਰੇਡ ਮੋਹਨ ਸ਼ਰਮਾ, ਪੰਜਾਬ ਏਟਕ ਦੇ ਪ੍ਰਧਾਨ ਕਾਮਰੇਡ ਬੰਤ ਸਿੰਘ ਬਰਾੜ ਅਤੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ। ਕਾਨਫਰੰਸ ਵਿੱਚ ਸੂਬੇ ਭਰ 'ਚੋਂ ਚੁਣ ਕੇ ਆਏ 222 ਡੈਲੀਗੇਟਾਂ ਨੇ ਹਿੱਸਾ ਲਿਆ।

ਕਾਨਫਰੰਸ ਦੇ ਉਦਘਾਟਨੀ ਭਾਸ਼ਣ 'ਚ (ਐਫ ਈ) ਦੇ ਜਨਰਲ ਸਕੱਤਰ ਕਾਮਰੇਡ ਮੋਹਨ ਸ਼ਰਮਾ ਨੇ ਬਿਜਲੀ ਸੋਧ ਬਿੱਲ 2025 ਅਤੇ ਚਾਰ ਲੇਬਰ ਕੋਡ ਲਾਗੂ ਕਰਨ ਖਿਲਾਫ 12 ਫਰਵਰੀ ਦੀ ਦੇਸ਼ ਵਿਆਪੀ ਹੜਤਾਲ ਵਿੱਚ ਵੱਡੇ ਪੱਧਰ 'ਤੇ ਬਿਜਲੀ ਕਾਮਿਆਂ ਵੱਲੋਂ ਮੁਕੰਮਲ ਹੜਤਾਲ ਕਰਕੇ ਕੇਂਦਰ ਦੀ ਮੋਦੀ ਸਰਕਾਰ ਖਿਲਾਫ਼ ਆਵਾਜ਼ ਬੁਲੰਦ ਕਰਨ ਲਈ ਹੜਤਾਲੀ ਵਰਕਰਾਂ ਅਤੇ ਸੁਚੱਜੀ ਲੀਡਰਸ਼ਿਪ ਦਾ ਧੰਨਵਾਦ ਕੀਤਾ। ਪੰਜਾਬ ਏਟਕ ਦੇ ਪ੍ਰਧਾਨ ਬੰਤ ਸਿੰਘ ਬਰਾੜ ਨੇ ਲੀਡਰਸ਼ਿਪ ਅਤੇ ਡੈਲੀਗਟਾਂ ਨੂੰ ਵਧਾਈ ਦਿੱਤੀ।

ਕਾਨਫਰੰਸ ਵਿੱਚ ਦੋਵਾਂ ਜਥੇਬੰਦੀਆਂ ਦੇ ਜਨਰਲ ਸਕੱਤਰਾਂ ਕ੍ਰਮਵਾਰ ਸਰਿੰਦਰਪਾਲ ਲਹੌਰੀਆਂ ਅਤੇ ਬਲਜੀਤ ਸਿੰਘ ਮੋਦਲਾ ਨੇ ਅਦਾਰੇ ਦੀ ਹੋਂਦ ਬਚਾਉਣ ਅਤੇ ਮੰਗਾਂ ਦੀ ਪ੍ਰਾਪਤੀ ਲਈ ਪਿਛਲੇ ਤਿੰਨ ਸਾਲਾਂ ਵਿੱਚ ਲੜੇ ਸੰਘਰਸ਼ਾਂ ਦੀ ਰਿਪੋਰਟ ਪੇਸ਼ ਕੀਤੀ। ਕੁੱਲ ਹਿੰਦ ਕਿਸਾਨ ਸਭਾ 1936 ਦੇ ਆਗੂ ਸਾਬਕਾ ਵਿਧਾਇਕ ਕਾਮਰੇਡ ਹਰਦੇਵ ਅਰਸ਼ੀ ਨੇ ਸੰਗਠਨ ਨੂੰ ਮਜ਼ਬੂਤ ਕਰਨ ਲਈ ਨਵੀਂ ਚੁਣੀ ਜਾਣ ਵਾਲੀ ਆਗੂ ਟੀਮ ਨੂੰ ਸਖ਼ਤ ਮਿਹਨਤ ਨਾਲ ਕੰਮ ਕਰਨ ਦੀ ਅਪੀਲ ਕੀਤੀ। ਪਾਵਰਕਾਮ/ਟ੍ਰਾਂਸਕੋ ਪੈਨਸ਼ਨਰ ਯੂਨੀਅਨ ਪੰਜਾਬ (ਸਬੰਧਤ ਏਟਕ) ਦੇ ਸੂਬਾ ਵਰਕਿੰਗ ਜਨਰਲ ਸਕੱਤਰ ਨਰਿੰਦਰ ਕੁਮਾਰ ਬੱਲ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਪੀ ਐਸ ਈ ਬੀ ਇੰਪਲਾਈਜ਼ ਫੈਡਰੇਸ਼ਨ 14/1965 ਦੇ ਸੂਬਾ ਚੀਫ ਪੈਟਰਨ ਕਰਮਚੰਦ ਭਾਰਦਵਾਜ ਨੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ ਰੋਕਿਆ ਹੋਇਆ 16 ਪ੍ਰਤੀਸ਼ਤ ਮਹਿੰਗਾਈ ਭੱਤਾ ਤੁਰੰਤ ਜਾਰੀ ਕਰਨ ਦੀ ਜ਼ੋਰਦਾਰ ਮੰਗ ਕੀਤੀ। ਅੰਤ 'ਚ ਪੰਜਾਬ ਏਟਕ ਦੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਆਪਸੀ ਏਕਤਾ ਦੀ ਭਰਪੂਰ ਪ੍ਰਸ਼ੰਸਾ ਕੀਤ ਇਸ ਮੌਕੇ ਨਵੀਂ 18 ਮੈਂਬਰੀ ਸੂਬਾ ਕਮੇਟੀ ਦਾ ਪੈਨਲ ਪੇਸ਼ ਕੀਤਾ। ਜਿਸ ਵਿੱਚ ਪ੍ਰਧਾਨ ਮਨਜੀਤ ਸਿੰਘ ਬਾਸਰਕੇ, ਸੀਨੀ. ਮੀਤ ਪ੍ਰਧਾਨ ਰਤਨ ਸੈਣੀ, ਮੀਤ ਪ੍ਰਧਾਨ ਅਰੁਣ ਕੁਮਾਰ, ਮੋਹਨ ਸਿੰਘ ਗਿੱਲ, ਕੁਲਵਿੰਦਰ ਸਿੰਘ ਬਾਗੜੀਆਂ, ਜਨਰਲ ਸਕੱਤਰ ਹਰਵਿੰਦਰ ਸਿੰਘ ਖੰਨਾ, ਸਕੱਤਰ ਗੁਰਪ੍ਰੀਤ ਸਿੰਘ ਮਹਿਦੂਦਾਂ, ਸਾਹਿਬ ਸਿੰਘ ਧਾਲੀਵਾਲ, ਲਖਵੀਰ ਸਿੰਘ ਸੰਗਰੂਰ, ਕੈਸ਼ੀਅਰ ਦਵਿੰਦਰ ਸਿੰਘ ਰੋਪੜ, ਸਹਾਇਕ ਕੈਸ਼ੀਅਰ ਨਰਿੰਦਰ ਸਿੰਘ, ਜਥੇਬੰਦਕ ਸਕੱਤਰ ਜਸਵਿੰਦਰ ਸਿੰਘ ਬਰਗਾੜੀ, ਅਰੁਣ ਕੁਮਾਰ, ਪ੍ਰੈਸ ਸਕੱਤਰ ਰਾਮ ਸਿੰਘ ਸੈਣੀ, ਆਡੀਟਰ ਠਾਕਰਪ੍ਰੀਤ ਨੂੰ 188 ਡੈਲੀਗੇਟਾਂ ਨੇ ਭਾਰੀ ਬਹੁਮਤ ਨਾਲ ਚੁਣਿਆ।

# ਨਸ਼ਿਆਂ ਵਿਰੁੱਧ ਲਗਾਏ ਧਰਨੇ ਅਤੇ ਰੋਸ ਮਾਰਚ

ਲੁਧਿਆਣਾ, 19 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਜਥੇਦਾਰ ਦਰਸ਼ਨ ਸਿੰਘ ਨਨਕਾਣਾ ਸਾਹਿਬ ਵਾਲਿਆਂ ਦੀ ਸਰਪ੍ਰਸਤੀ ਹੇਠ ਜਥੇਦਾਰ ਮਹਾਕਾਲ ਸ਼ੇਰ ਸਿੰਘ ਦਸ਼ਮੇਸ਼ ਤਰਨਾ ਦਲ ਜ਼ਿਲ੍ਹਾ ਲੁਧਿਆਣਾ ਅਤੇ ਬਾਬਾ ਜਸਵੰਤ ਸਿੰਘ ਲਾਲ ਬੱਤੀ ਵਾਲਿਆਂ ਦੀ ਰਹਿਨੁਮਾਈ ਹੇਠ ਨਸ਼ਿਆਂ ਵਿਰੁੱਧ ਗਿੱਲ ਨਹਿਰ 'ਤੇ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਧਰਨਾ ਲਗਾਇਆ ਗਿਆ ਉਸ ਉਪਰੰਤ ਇੱਕ ਰੋਸ ਮਾਰਚ ਕੱਢਿਆ ਗਿਆ ਜੋ ਕਿ ਗਿੱਲ ਨਹਿਰ ਤੋਂ ਸ਼ੁਰੂ ਹੋ ਕੇ ਕੁਆਲਿਟੀ ਚੌਕ ਅਤੇ ਮਾਡਲ ਚੌਕ ਹੁੰਦਾ ਹੋਇਆ ਵਾਪਸ ਗਿੱਲ ਨਹਿਰ ਦੇ ਪੁਲ 'ਤੇ ਹੀ ਸਮਾਪਤ ਹੋਇਆ। ਰੋਸ ਮਾਰਚ ਵਿੱਚ 100 ਤੋਂ ਵੱਧ ਵਿਅਕਤੀਆਂ ਨੇ ਸ਼ਮੂਲੀਅਤ ਕੀਤੀ। ਬਾਬਾ ਜਸਵੰਤ ਸਿੰਘ ਨੇ ਦੱਸਿਆ ਕਿ ਧਰਨੇ ਦੌਰਾਨ ਫੈਸਲਾ ਕੀਤਾ ਗਿਆ ਕਿ ਜਿਹੜਾ ਵੀ



ਵਿਅਕਤੀ ਸਾਨੂੰ ਕਿਤੇ ਵੀ ਨਸ਼ੇ ਵਿਕਦੇ ਹੋਣ ਸਬੰਧੀ ਜਾਣਕਾਰੀ ਦੇਵੇਗਾ ਉਸਦਾ ਨਾਂ ਗੁਪਤ ਰੱਖਿਆ ਜਾਵੇਗਾ ਅਤੇ ਚਾਰ ਨ ਨਿਹੰਗ ਸਿੰਘ ਪੁਲਿਸ ਨੂੰ ਨਾਲ ਲਿਜਾ ਕੇ ਨਸ਼ਾ ਵੇਚਣ ਵਾਲੇ ਜਾਂ ਨਸ਼ਾ ਕਰਨ ਵਾਲੇ ਵਿਰੁੱਧ ਕਾਨੂੰਨੀ ਕਾਰਵਾਈ ਕਰਵਾਉਣਗੇ। ਕਿਸੇ ਵੀ ਗੁਰਦੁਆਰਾ ਸਾਹਿਬ ਦੇ ਨੇੜੇ ਕਿਸੇ ਵੀ ਪ੍ਰਕਾਰ ਦਾ ਨਸ਼ਾ ਕਰਨ ਜਾਂ ਵੇਚਣ ਵਾਲੇ ਵਿਰੁੱਧ ਵੀ ਕਾਨੂੰਨੀ ਕਾਰਵਾਈ ਜਾਵੇਗੀ। ਇਸ ਮੌਕੇ ਜਥੇਦਾਰ ਬਾਬਾ ਸਤਨਾਮ ਸਿੰਘ, ਦਸ਼ਮੇਸ਼ ਤਰਨਾ ਦਲ ਦੇ ਸਕੱਤਰ ਜਥੇਦਾਰ ਬਾਬਾ ਮੋਹਨ ਸਿੰਘ, ਬਾਬਾ ਮੇਜਰ ਸਿੰਘ, ਬਾਬਾ ਬਲਕਾਰ ਸਿੰਘ ਜਥੇਦਾਰ, 9 ਜ਼ਿਲਿਆਂ ਦੇ ਜਥੇਦਾਰ ਹਰਵਿੰਦਰ ਸਿੰਘ, ਢੁੱਚੋਂ ਤੋਂ ਬਾਬਾ ਵਿਸ਼ਾਲ ਸਿੰਘ, ਬਾਬਾ ਜਗਜੀਤ ਸਿੰਘ, ਬਾਬਾ ਗੁਰਦੀਪ ਸਿੰਘ, ਅੰਮ੍ਰਿਤ ਪਾਲ ਸਿੰਘ ਮੰਡ, ਰਵਿੰਦਰ ਸਿੰਘ ਬੁਲਾਰਾ, ਬਲਵੀਰ ਸਿੰਘ ਕਾਲਾ, ਮਨਜੀਤ ਸਿੰਘ, ਅਮਰਵੀਰ ਸਿੰਘ ਅਤੇ ਰਵਿੰਦਰ ਸਿੰਘ ਹੂੰਝਣ ਆਦਿ ਨੇ ਰੋਸ਼ ਮਾਰਚ ਵਿੱਚ ਸ਼ਮੂਲੀਅਤ ਕੀਤੀ।

# ਗੁ: ਕਰਮਸਰ ਰਾੜਾ ਸਾਹਿਬ ਵਿਖੇ ਪ੍ਰਕਾਸ਼ ਦਿਹਾੜਿਆਂ ਦੇ ਸਬੰਧ 'ਚ ਸਮਾਗਮ



ਰਾੜਾ ਸਾਹਿਬ 18 ਅਪ੍ਰੈਲ (ਸੰਜੀਵ ਲਹਿਲ) : ਪਰਮ ਸੰਤ ਈਸ਼ਰ ਸਿੰਘ ਜੀ ਰਾੜਾ ਸਾਹਿਬ ਵਾਲਿਆਂ ਦੀ ਕਰਮ ਭੂਮੀ ਗੁਰਦੁਆਰਾ ਕਰਮਸਰ ਰਾੜਾ ਸਾਹਿਬ ਵਿਖੇ ਸ਼੍ਰੀ ਗੁਰੂ ਅੰਗਦ ਦੇਵ ਜੀ ਮਹਾਰਾਜ ਅਤੇ ਸ਼੍ਰੋਮਣੀ ਭਗਤ ਧੰਨਾ ਜੀ ਦੇ ਪ੍ਰਕਾਸ਼ ਦਿਹਾੜਿਆਂ ਦੇ ਸਬੰਧ @ਚ ਹਫਤਾਵਰੀ ਐਤਵਾਰ ਦਾ ਸਮਾਗਮ ਮੌਜੂਦਾ ਮੁਖੀ ਬਾਬਾ ਅਮਰ ਸਿੰਘ ਵਲੋਂ ਸਹਿਯੋਗੀ ਪ੍ਰਬੰਧਕਾਂ/ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ। ਹਜ਼ੂਰੀ ਮੁੱਖ ਕੀਰਤਨੀਏ ਭਾਈ ਸੁਖਵਿੰਦਰ ਸਿੰਘ ਨੇ ਮਲਵਈ ਧਰਨਾ ਅਧਾਰਿਤ ਕੀਰਤਨ ਵਿਖਿਆਨ ਕਰਦਿਆਂ ਦੱਸਿਆ ਕਿ ਜੁਗੋ-ਜੁਗ ਅਟਲ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ 36 ਬਾਣੀਕਾਰਾਂ ਦੀ ਬਾਣੀ ਹੈ, ਜੋ 31 ਰਾਗਾਂ ਵਿਚ ਅੰਕਿਤ ਹੈ, ਆਪਣੇ ਵਿਸ਼ੇਸ਼ ਰੂਹਾਨੀ ਗੁਣਾਂ ਦੇ ਨਾਲ-ਨਾਲ ਗੌਰਵਸ਼ਾਲੀ ਮਾਨਵੀ ਗੁਣਾਂ ਦੇ ਨਾਲ ਵੀ ਮਾਲਾ-ਮਾਲ ਹੈ। ਸ਼੍ਰੀ ਗੁਰੂ ਅੰਗਦ ਦੇਵ ਜੀ ਮਹਾਰਾਜ ਅਤੇ ਸ਼੍ਰੋਮਣੀ ਭਗਤ ਧੰਨਾ ਜੀ ਵੀ ਉਨ੍ਹਾਂ 36 ਬਾਣੀਕਾਰਾਂ ਵਿਚੋਂ ਹਨ। ਸ਼ਾਂਤੀ ਦੇ ਪੁੰਜ ਸ਼ਹੀਦਾਂ ਦੇ ਸਿਰਤਾਜ ਪੰਜਵੇਂ ਸਤਿਗੁਰੂ ਸ੍ਰੀ ਗੁਰੂ ਅਰਜਨ ਦੇਵ ਜੀ ਵੱਲੋਂ ਆਪਣੇ ਪਰਉਪਕਾਰੀ ਸੁਭਾਅ ਅਨੁਸਾਰ ਆਦਿ ਗ੍ਰੰਥ ਦੀ ਸੰਪਾਦਨਾ ਕਰਨ ਵੇਲੇ ਬਾਕੀ ਬਾਣੀ ਦੀ ਤਰਾਂ ਸ਼੍ਰੀ ਗੁਰੂ ਅੰਗਦ ਦੇਵ ਜੀ ਅਤੇ ਭਗਤ ਧੰਨਾ ਜੀ ਦੀ ਬਾਣੀ ਨੂੰ ਵੀ ਯੋਗ ਥਾਂ ਦਿੱਤੀ ਗਈ। ਉਪਰੰਤ ਗੁਰੂ ਰੂਪ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸੰਦੇਸ਼ ਨੇ ਵੀ ਹਮੇਸ਼ਾ ਸਿੱਖ ਸੰਗਤਾਂ ਦੀ ਰਹਿਨੁਮਾਈ ਕੀਤੀ ਤੇ ਇਹੋ ਆਉਣ ਵਾਲੇ ਸਰਬ ਸਮਿਆਂ ਵਿੱਚ ਹੁੰਦੀ ਰਹੇਗੀ। ਭਾਈ ਸਾਬ੍ਹ ਨੇ ਸਮਝਾਇਆ ਕਿ ਗੁਰਮਤਿ ਦੇ ਬੁਨਿਆਦੀ ਸਿਧਾਂਤ ਕਿਰਤ ਕਰਨਾ, ਨਾਮ ਜਪਨਾ ਤੇ ਵੰਡ ਕੇ ਛਕਣਾ ਇਹ ਸਾਰੇ ਸਿਧਾਂਤ ਸਾਨੂੰ ਗੁਰਬਾਣੀ ਵਿਚੋਂ ਉਨ੍ਹਾਂ ਦੀ ਜੀਵਨ ਸ਼ੈਲੀ ਤੇ ਉਹਨਾਂ ਦੀ ਬਾਣੀ ਦੀਆਂ ਅੰਦਰੂਨੀ ਗਵਾਹੀਆਂ ਤੋਂ ਸਿੱਧੇ-ਅਸਿੱਧੇ ਰੂਪ ਵਿਚ ਭਲੀ-ਭਾਂਤ ਪ੍ਰਤੱਖ ਹੁੰਦੇ ਹਨ। ਭਾਈ ਰਣਧੀਰ ਸਿੰਘ ਢੀਂਡਸਾ ਨੇ ਸਟੇਜ ਸੰਚਾਲਨ, ਜਦਕਿ ਬਾਬਾ ਬਲਦੇਵ ਸਿੰਘ ਮੁੱਖ ਗ੍ਰੰਥੀ, ਬਾਬਾ ਅਮਰ ਸਿੰਘ ਕਥਾ ਵਾਚਕ, ਭਾਈ ਬਾਵਾ ਸਿੰਘ, ਭਾਈ ਜਸਵੀਰ ਸਿੰਘ ਕੋਹਲੀ, ਬਾਬਾ ਅਜਵਿੰਦਰ ਸਿੰਘ, ਹਰਚੰਦ ਸਿੰਘ ਚੰਡੀਗੜ੍ਹ, ਗੁਰਨਾਮ ਸਿੰਘ ਅੜੈਚਾਂ, ਡਾ: ਗੁਰਨਾਮ ਕੌਰ, ਐਡ: ਭਵਪ੍ਰੀਤਸਿੰਘ ਮੁੰਡੀ, ਮਲਕੀਤ ਸਿੰਘ ਪਨੇਸਰ ਆਦਿ ਨੇ ਪ੍ਰਬੰਧਕੀ ਸੇਵਾਵਾਂ ਨਿਭਾਈਆਂ।

# ਯੂਨੀਵਰਸਲ ਪ੍ਰੈਸ ਕਲੱਬ (ਰਜਿ.) ਦੀ ਹੰਗਾਮੀ ਮੀਟਿੰਗ



ਲੁਧਿਆਣਾ,19 ਅਪ੍ਰੈਲ (ਵਿਸ਼ਾਲ ਸ਼ਰਮਾ) : ਯੂਨੀਵਰਸਲ ਪ੍ਰੈਸ ਕਲੱਬ (ਰਜਿ.) ਦੀ ਇੱਕ ਵਿਸ਼ੇਸ਼ ਮੀਟਿੰਗ ਹੋਟਲ ਆਰ.ਸੀ. ਪਲਾਜ਼ਾ, ਨਜ਼ਦੀਕਯੂਨੀਵਰਸਲ ਪ੍ਰੈਸ ਕਲੱਬ (ਰਜਿਸਟਰਡ) ਦੀ ਇੱਕ ਵਿਸ਼ੇਸ਼ ਮੀਟਿੰਗ ਹੋਟਲ ਗੋਰਾਇਆ, ਜ਼ਿਲ੍ਹਾ ਜਲੰਧਰ ਵਿੱਚ ਪ੍ਰਿੰਟ ਅਤੇ ਇਲੈਕਟ੍ਰਾਨਿਕ ਮੀਡੀਆ ਦੇ ਪੱਤਰਕਾਰਾਂ ਦੀ ਸਭਾ ਕਰਵਾਈ ਗਈ। ਇਸ ਮੀਟਿੰਗ ਦੇ ਮੁੱਖ ਮਹਿਮਾਨ ਵਜੋਂ ਲੁਧਿਆਣਾ ਤੋਂ ਡਾ. ਡੀ.ਪੀ. ਖੋਸਲਾ ਪੰਜਾਬ ਪ੍ਰਧਾਨ ਯੂਪੀਸੀ ਪਹੁੰਚੇ। ਇਨ੍ਹਾਂ ਤੋਂ ਇਲਾਵਾ ਮੈਡਮ ਸੰਦੀਪ ਸ਼ਰਮਾ ਮਹਾਮੰਤਰੀ ਬਲਜੀਤ ਸਿੰਘ ਲਾਟੀ ਫਾਊਂਡਰ ਮੈਂਬਰ, ਕਰਨੈਲ ਸਿੰਘ ਐਮ.ਏ. ਮਹਾਮੰਤਰੀ ਯੂਪੀਸੀ ਜ਼ਿਲ੍ਹਾ ਲੁਧਿਆਣਾ, ਗੁਰਦਾਸ ਕੈੜਾ ਉਪ ਪ੍ਰਧਾਨ ਅਤੇ ਅਰਜੁਨ ਸਿੰਘ ਫਾਊਂਡਰ ਗਰੁੱਪ ਮੈਂਬਰ ਵਿਸ਼ੇਸ਼ ਤੌਰ 'ਤੇ ਪਹੁੰਚੇ।

ਇਸ ਮੀਟਿੰਗ ਵਿੱਚ ਸੀਨੀਅਰ ਕਲੱਬ ਮੈਂਬਰਾਂ ਨੇ ਪ੍ਰੈਸ ਕਲੱਬ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਅਤੇ ਕਲੱਬ ਦੀਆਂ ਉਪਲਬਧੀਆਂ ਬਾਰੇ ਵੀ ਦੱਸਿਆ। ਇਸ ਮੀਟਿੰਗ ਦਾ ਆਯੋਜਨ ਕਮਲ ਗੋਰਾਇਆ (ਪੱਤਰਕਾਰ, ਸਰਵਜਨ ਨਿਊਜ਼) ਅਤੇ ਸਰਦਾਰ ਕੁਲਜੀਤ ਸਿੰਘ ਘੁੰਮਣ (ਡਾਇਰੈਕਟਰ, ਸਰਵਜਨ ਨਿਊਜ਼) ਵੱਲੋਂ ਕੀਤਾ ਗਿਆ।ਲੁਧਿਆਣਾ, ਗੋਰਾਇਆ, ਫਿਲੌਰ, ਨਕੋਦਰ ਅਤੇ ਫਗਵਾੜਾ ਵਿੱਚ ਪ੍ਰਿੰਟ ਅਤੇ ਇਲੈਕਟ੍ਰਾਨਿਕ ਮੀਡੀਆ ਦੇ ਪੱਤਰਕਾਰਾਂ ਨੂੰ ਆ ਰਹੀਆਂ ਸਮੱਸਿਆਵਾਂ 'ਤੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਯੂਪੀਸੀ ਦੇ ਪ੍ਰਧਾਨ ਡਾ. ਖੋਸਲਾ ਨੇ ਕਿਹਾ ਕਿ ਸਾਡੇ ਪੱਤਰਕਾਰ ਭਰਾਵਾਂ ਨੂੰ ਇੱਕ ਲੜੀ ਵਿੱਚ ਜੋੜਨਾ ਸਮੇਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਵੱਲੋਂ ਪੱਤਰਕਾਰਾਂ 'ਤੇ ਸ਼ੋਸ਼ਣ ਦਿਨੋਂ-ਦਿਨ ਵੱਧ ਰਿਹਾ ਹੈ ਅਤੇ ਕਈ ਪੱਤਰਕਾਰਾਂ 'ਤੇ ਮਾਮਲੇ ਦਰਜ ਕੀਤੇ ਗਏ ਹਨ, ਜਿਸ ਦੀ ਅਸੀਂ ਕੜੇ ਸ਼ਬਦਾਂ ਵਿੱਚ ਨਿੰਦਾ ਕਰਦੇ ਹਾਂ। ਉਨ੍ਹਾਂ ਨੇ ਕਿਹਾ ਕਿ ਪੱਤਰਕਾਰ ਸਮਾਜ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਰਕਾਰ ਤੱਕ ਪਹੁੰਚਾ ਕੇ ਇੱਕ ਪੁਲ ਦਾ ਕੰਮ ਕਰਦਾ ਹੈ ਅਤੇ ਆਪਣਾ ਫਰਜ਼ ਨਿਭਾਉਂਦੇ ਹੋਏ ਕੜੀ ਧੁੱਪ, ਕੜੀ ਠੰਢ ਜਾਂ ਭਾਰੀ ਬਾਰਿਸ਼ ਦੀ ਪਰਵਾਹ ਕੀਤੇ ਬਿਨਾਂ ਲੋਕ ਸੇਵਾ ਵਿੱਚ ਲਗਾਤਾਰ ਜੁਟਿਆ ਰਹਿੰਦਾ ਹੈ। ਉਨ੍ਹਾਂ ਨੇ ਮੰਗ ਕੀਤੀ ਕਿ ਪੱਤਰਕਾਰਾਂ ਨੂੰ ਵੀ ਉੱਤਰ ਪ੍ਰਦੇਸ਼ ਵਾਂਗ ਸੁਵਿਧਾਵਾਂ ਮਿਲਣੀਆਂ ਚਾਹੀਦੀਆਂ ਹਨ, ਜੋ ਸਾਡਾ ਮੁੱਖ ਲਕਸ਼ ਹੈ। ਯੂਨੀਵਰਸਲ ਪ੍ਰੈਸ ਕਲੱਬ ਦੇ ਸੂਬਾ ਪ੍ਰਧਾਨ ਡਾ. ਖੋਸਲਾ ਅਤੇ ਉਨ੍ਹਾਂ ਦੇ ਸਾਥੀਆਂ ਦਾ ਗੁਲਦਸਤਾ ਦੇ ਕੇ ਸਵਾਗਤ ਕੀਤਾ ਗਿਆ। ਇਸ ਮੀਟਿੰਗ ਵਿੱਚ ਮਨੀਸ਼ ਕੁਮਾਰ, ਬਲਵਿੰਦਰ ਕੁਮਾਰ, ਨਿਰਮਲ ਗੁਡੇ, ਰਾਜਾ ਬੋਪਾਰਾਏ, ਸਰਦਾਰ ਮੰਜੀਤ ਮੱਕੜ, ਸ਼ਿਵ ਕੁਮਾਰ ਅਤੇ ਸਤਵੀਰ ਕੁਮਾਰ ਨੇ ਭਾਗ ਲਿਆ।

# ਸੀਪੀਆਈ ਨੇ ਡੀਲਿਮੀਟੇਸ਼ਨ ਬਿੱਲ ਦੀਆਂ ਕਾਪੀਆਂ ਸਾੜੀਆਂ

ਲੁਧਿਆਣਾ, 19 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਕਮਿਊਨਿਸਟ ਪਾਰਟੀ ਆਫ ਇੰਡੀਆ ਦੀ ਲੁਧਿਆਣਾ ਜ਼ਿਲ੍ਹਾ ਕੌਂਸਲ ਦੀ ਮੀਟਿੰਗ ਵਿੱਚ ਸੰਸਦ ਵਿੱਚ ਮਹਿਲਾ ਰਿਜ਼ਰਵੇਸ਼ਨ ਬਿੱਲ ਪਾਸ ਕਰਵਾਉਣ ਵਿੱਚ ਸਰਕਾਰ ਦੀ ਅਸਫਲਤਾ 'ਤੇ ਸੰਤੁਸ਼ਟੀ ਪ੍ਰਗਟ ਕੀਤੀ ਗਈ। ਇਹ ਬਿੱਲ ਬਹੁਤ ਹੀ ਸੁਕਸ਼ਮ ਅਤੇ ਸਾਜ਼ਿਸ਼ੀ ਢੰਗ ਨਾਲ ਪੇਸ਼ ਕੀਤਾ ਗਿਆ ਸੀ ਤਾਂ ਜੋ ਡਿਲਿਮਿਟੇਸ਼ਨ ਬਿੱਲ ਨੂੰ ਪਾਸ ਕਰਵਾਇਆ ਜਾ ਸਕੇ। ਕੌਂਸਲ ਨੇ ਇਕਸੁਰ ਵਿੱਚ ਦੇਸ਼ ਦੀ ਏਕਤਾ ਅਤੇ ਅਖੰਡਤਾ ਦੀ ਰੱਖਿਆ ਕਰਨ ਅਤੇ ਸਮਾਜ ਵਿੱਚ ਸਾਂਝ ਅਤੇ ਭਾਈਚਾਰੇ ਨੂੰ ਮਜ਼ਬੂਤ ਕਰਨ ਦਾ ਸੰਕਲਪ ਲਿਆ। ਮੋਦੀ ਸਰਕਾਰ ਦੀਆਂ ਕਾਰਵਾਈਆਂ ਨੇ ਦੇਸ਼ ਨੂੰ ਸ਼ਰਮਸਾਰ ਕੀਤਾ ਹੈ, ਕਿਉਂਕਿ ਇਸ ਨੇ ਡੋਨਾਲਡ ਟਰੰਪ ਦੇ ਦਬਾਅ ਹੇਠ ਆ ਕੇ ਗਾਜ਼ਾ ਵਿੱਚ ਨਸਲਕੁਸ਼ੀ ਲਈ ਇਸਰਾਈਲ ਸਮਰਥਨ ਕੀਤਾ ਅਤੇ ਇਰਾਨ ਅਤੇ ਲੇਬਨਾਨ 'ਤੇ ਗੈਰਕਾਨੂੰਨੀ ਹਮਲਿਆਂ ਦੀ ਹਮਾਇਤ ਕੀਤੀ।ਮੀਟਿੰਗ ਨੇ ਧਿਆਨ ਦਿਵਾਇਆ ਕਿ ਮਹਿੰਗਾਈ, ਬੇਰੁਜ਼ਗਾਰੀ ਅਤੇ ਕਾਨੂੰਨ-ਵਿਵਸਥਾ ਦੀ ਖ਼ਰਾਬੀ ਕਾਰਨ ਲੋਕਾਂ ਦੀ ਜ਼ਿੰਦਗੀ ਦੁੱਖਦਾਈ ਬਣ ਰਹੀ ਹੈ। ਮਜ਼ਦੂਰਾਂ, ਕਿਸਾਨਾਂ ਅਤੇ ਹੋਰ ਆਮ ਲੋਕਾਂ ਦੇ ਹੱਕਾਂ ਨੂੰ ਕੁਚਲਿਆ ਜਾ ਰਿਹਾ ਹੈ। ਸਿੱਖਿਆ ਅਤੇ ਸਿਹਤ ਆਮ ਆਦਮੀ ਦੀ ਪਹੁੰਚ ਤੋਂ ਬਾਹਰ ਹੋ ਰਹੀਆਂ ਹਨ। ਪੰਜਾਬ ਸਰਕਾਰ ਵੱਲੋਂ ਮਜ਼ਦੂਰਾਂ, ਕਰਮਚਾਰੀਆਂ, ਕਿਸਾਨਾਂ ਅਤੇ ਆਪਣੇ ਹੱਕਾਂ ਲਈ ਸੰਘਰਸ਼ ਕਰ ਰਹੇ ਹੋਰ ਵਰਗਾਂ 'ਤੇ ਦਮਨਕਾਰੀ ਨੀਤੀਆਂ ਗੰਭੀਰ ਚਿੰਤਾ ਦਾ ਵਿਸ਼ਾ ਹਨ। ਪੰਜਾਬ ਸਰਕਾਰ ਸਿੱਖਿਆ ਵਿੱਚ ਕਾਰਪੋਰੇਟ ਦਾਖਲੇ ਨੂੰ ਉਤਸ਼ਾਹਿਤ ਕਰ ਰਹੀ ਹੈ। ਪ੍ਰੋਫੈਸ਼ਨਲ ਸੰਸਥਾਵਾਂ ਵਿੱਚ ਫੀਸਾਂ ਇਤਨੀਆਂ ਵੱਧ ਗਈਆਂ ਹਨ ਕਿ ਮੱਧ ਵਰਗ ਲਈ ਵੀ ਅਣਪਹੁੰਚ ਬਣ ਗਈਆਂ ਹਨ। ਇਨ੍ਹਾਂ ਹਾਲਾਤਾਂ ਵਿੱਚ ਰਾਜ ਦਾ ਨੌਜਵਾਨ ਵਰਗ ਵਿਦੇਸ਼ਾਂ ਵੱਲ ਪ੍ਰਵਾਸ ਕਰਨ ਲਈ ਮਜਬੂਰ ਹੋ ਰਿਹਾ ਹੈ।ਪਾਰਟੀ ਆਉਣ ਵਾਲੇ ਸਮੇਂ ਵਿੱਚ ਇਨ੍ਹਾਂ ਮਸਲਿਆਂ ਨੂੰ ਜਨ ਅੰਦੋਲਨਾਂ ਰਾਹੀਂ ਉਜਾਗਰ ਕਰੇਗੀ। ਹਾਜ਼ਰ ਮੈਂਬਰਾਂ ਨੇ 17 ਅਪ੍ਰੈਲ ਨੂੰ ਸੰਸਦ ਵਿੱਚ ਪੇਸ਼ ਕੀਤੇ ਗਏ ਬਿੱਲ ਦੀ ਕਾਪੀ ਸਾੜੀ। ਉਨ੍ਹਾਂ ਨੇ ਮੰਗ ਕੀਤੀ ਕਿ 2023 ਵਿੱਚ ਸੰਸਦ ਦੁਆਰਾ ਪਾਸ ਕੀਤਾ ਗਿਆ ਮਹਿਲਾ ਰਿਜ਼ਰਵੇਸ਼ਨ ਬਿੱਲ ਹੁਣ ਲਾਗੂ ਕੀਤਾ ਜਾਵੇ।

ਦਰਅਸਲ, ਇਸ ਸਰਕਾਰ ਦਾ ਮਹਿਲਾਵਾਂ ਪ੍ਰਤੀ ਰਵੱਈਆ ਨਕਾਰਾਤਮਕ ਹੈ। ਮੀਟਿੰਗ ਦੀ ਪ੍ਰਧਾਨਗੀ ਕਾਮਰੇਡ ਭਰਪੂਰ ਸਿੰਘ ਨੇ ਕੀਤੀ।ਕਾਮਰੇਡ ਡੀ.ਪੀ. ਮੌੜ- ਜ਼ਿਲ੍ਹਾ ਸਕੱਤਰ ਨੇ ਵਿਚਾਰ-ਵਟਾਂਦਰੇ ਲਈ ਏਜੰਡਾ ਪੇਸ਼ ਕੀਤਾ ਅਤੇ ਭਵਿੱਖੀ ਕਾਰਜਾਂ ਦੀ ਰੂਪਰੇਖਾ ਵੀ ਰੱਖੀ।ਕਾਮਰੇਡ ਐਮ.ਐਸ. ਭਾਟੀਆ ਨੇ ਕਾਰਵਾਈ ਚਲਾਈ। ਵਿਚਾਰ-ਵਟਾਂਦਰੇ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਕਾਮਰੇਡ ਡਾ. ਅਰੁਣ ਮਿਤਰਾ, ਰਮੇਸ਼ ਰੱਤਨ, ਚਮਕੌਰ ਸਿੰਘ, ਵਿਜੇ ਕੁਮਾਰ, ਡਾ. ਰਾਜਿੰਦਰ ਪਾਲ ਸਿੰਘ ਔਲਖ, ਜੰਗ ਸਿੰਘ ਸਿਰਥਲਾ, ਕਰਤਾਰ ਰਾਮ, ਚਰਨ ਸਰਭਾ, ਗੁਰਮੈਲ ਮੈਲੜੇ, ਜਸਵੀਰ ਝੱਜ, ਹੁਕਮ ਰਾਜ, ਅਜੀਤ ਜਵੱਦੀ, ਚਮਕੌਰ ਸਿੰਘ ਦੌਧਰ, ਸੁਖਵਿੰਦਰ ਕੌਰ, ਗੁਰਵੰਤ ਸਿੰਘ, ਐਡਵੋਕੇਟ ਨਵਲ ਛਿੱਬਰ ਸ਼ਾਮਲ ਸਨ।ਨੋਇਡਾ ਦੇ ਮਜ਼ਦੂਰਾਂ ਦੇ ਹੱਕ ਵਿੱਚ ਅਤੇ ਡਿਲਿਮਿਟੇਸ਼ਨ ਬਿੱਲ ਦੇ ਖ਼ਿਲਾਫ਼ ਪ੍ਰਸਤਾਵ ਪਾਸ ਕੀਤੇ ਗਏ।

# ਐੱਸ ਡੀ.ਐੱਮ. ਨੂੰ ਖ਼ਰੀਦ, ਲਿਫ਼ਟਿੰਗ, ਬਾਰਦਾਨਾ ਤੇ ਅਦਾਇਗੀ 'ਚ ਤੇਜ਼ੀ ਲਿਆਉਣ ਲਈ ਕਿਹਾ



ਜਗਰਾਉਂ, 19 ਅਪ੍ਰੈਲ (ਵਿਸ਼ਾਲ ਅੱਤਰੇ, ਆਰੀਅਨ ਅੱਤਰੇ) : ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਤੇ ਸਾਬਕਾ ਵਿਧਾਇਕ ਐੱਸ.ਆਰ. ਕਲੇਰ ਵਲੋਂ ਆਪਣੇ ਸਾਥੀਆਂ ਨਾਲ ਜਗਰਾਉਂ ਮੁੱਖ ਦਾਣਾ ਮੰਡੀ ਦਾ ਦੌਰਾ ਕੀਤਾ। ਇਸ ਮੌਕੇ ਕਿਸਾਨਾਂ ਨੇ ਉਨ੍ਹਾਂ ਨੂੰ ਦੱਸਿਆ ਕਿ ਮੰਡੀ @ਚ ਖ਼ਰੀਦ, ਲਿਫ਼ਟਿੰਗ, ਬਾਰਦਾਨਾ ਅਤੇ ਅਦਾਇਗੀ ਦੀ ਸਮੱਸਿਆ ਹੈ। ਉਨ੍ਹਾਂ ਇਸ ਸਬੰਧੀ ਆੜ੍ਹਤੀਆਂ, ਆਪਣੇ ਸਾਥੀਆਂ ਦੀ ਹਾਜ਼ਰੀ 'ਚ ਐੱਸ.ਡੀ.ਐੱਮ. ਜਗਰਾਉਂ ਨਾਲ ਇਨ੍ਹਾਂ ਸਮੱਸਿਆਵਾਂ ਸਬੰਧੀ ਗੱਲਬਾਤ ਕੀਤੀ। ਉਨ੍ਹਾਂ ਐੱਸ.ਡੀ.ਐੱਮ. ਨੂੰ ਇਨ੍ਹਾਂ ਕੰਮਾਂ @ਚ ਤੇਜ਼ੀ ਲਿਆਉਣ ਲਈ ਕਿਹਾ। ਐੱਸ.ਡੀ.ਐੱਮ. ਜਗਰਾਉਂ ਨੇ ਇਸ ਸਬੰਧੀ ਤੁਰੰਤ ਸਬੰਧਿਤ ਖ਼ਰੀਦ ਏਜੰਸੀਆਂ ਨਾਲ ਗੱਲਬਾਤ ਕੀਤੀ। ਇਸ ਮੌਕੇ ਸਾਬਕਾ ਵਿਧਾਇਕ ਕਲੇਰ ਨੇ ਕਿਹਾ ਕਿ ਜਗਰਾਉਂ ਮੁੱਖ ਮੰਡੀ @ਚ ਲਿਫਟਿੰਗ ਨਾ ਹੋਣ ਕਰਕੇ ਬੋਰੀਆਂ ਦੇ ਅੰਬਾਰ ਲੱਗ ਰਹੇ ਹਨ, ਸਰਕਾਰ ਇਸ ਨੂੰ ਚੁੱਕਣ ਦਾ ਪ੍ਰਬੰਧ ਕਰੇ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਨੂੰ ਚਾਹੀਦਾ ਹੈ ਕਿ ਕਿਸਾਨਾਂ ਨੂੰ ਮੰਡੀਆਂ @ਚ ਕੋਈ ਸਮੱਸਿਆ ਨਾ ਆਵੇ ਕਿਉਂਕਿ ਪਿਛਲੇ ਦੋ-ਤਿੰਨ ਸੀਜ਼ਨਾਂ ਦੌਰਾਨ ਫ਼ਸਲਾਂ ਦਾ ਝਾੜ ਘੱਟ ਕਰਕੇ ਪਹਿਲਾਂ ਹੀ ਕਿਸਾਨਾਂ ਦੀ ਹਾਲਤ ਕਮਜ਼ੋਰ ਹੈ। ਇਸ ਮੌਕੇ ਸਾਬਕਾ ਚੇਅਰਮੈਨ ਕੰਵਲਜੀਤ ਸਿੰਘ ਮੱਲ੍ਹਾ, ਸਾਬਕਾ ਚੇਅਰਮੈਨ ਦੀਦਾਰ ਸਿੰਘ ਮਲਕ, ਪ੍ਰਧਾਨ ਸ਼ਿਵਰਾਜ ਸਿੰਘ, ਆੜ੍ਹਤੀਆ ਪ੍ਰਹਿਲਾਦ, ਸਵਰਨ ਸਿੰਘ ਮਲਕ, ਹਰਪਾਲ ਸਿੰਘ ਸਾਬਕਾ ਸਰਪੰਚ ਕੋਠੇ ਪੋਨਾ ਆਦਿ ਹਾਜ਼ਰ ਸਨ।

# ਵ੍ਰਿੰਦਾਵਨ ਕਿਸ਼ਤੀ ਹਾਦਸਾ: ਜਗਰਾਓਂ ਦੇ 5 ਮ੍ਰਿਤਕਾਂ ਦੀ ਅੰਤਿਮ ਅਰਦਾਸ ਮੌਕੇ ਉੱਮੜਿਆ ਜਨ ਸੈਲਾਬ

ਜਗਰਾਉਂ, 19 ਅਪ੍ਰੈਲ (ਵਿਸ਼ਾਲ ਅੱਤਰੇ, ਆਰੀਅਨ ਅੱਤਰੇ) :ਬੀਤੇ ਦਿਨੀਂ ਮਥੁਰਾ ਦੇ ਬ੍ਰਿੰਦਾਵਨ ਵਿੱਚ ਵਾਪਰੇ ਭਿਆਨਕ ਕਿਸ਼ਤੀ ਹਾਦਸੇ ਨੇ ਜਿੱਥੇ ਜਗਰਾਉਂ ਦੇ ਚਾਰ ਪਰਿਵਾਰਾਂ ਦੀਆਂ ਖ਼ੁਸ਼ੀਆਂ ਉਜਾੜ ਦਿੱਤੀਆਂ, ਉੱਥੇ ਹੀ ਅੱਜ ਇਸ ਹਾਦਸੇ ਦਾ ਸ਼ਿਕਾਰ ਹੋਏ 6 ਮੈਂਬਰਾਂ ਵਿੱਚੋਂ 5 ਨਿਮਾਣੀਆਂ ਰੂਹਾਂ ਦੀ ਅੰਤਿਮ ਅਰਦਾਸ ਮੌਕੇ ਪੂਰਾ ਸ਼ਹਿਰ ਗ਼ਮਗੀਨ ਨਜ਼ਰ ਆਇਆ। ਅੱਜ ਜਗਰਾਉਂ ਦੇ ਵੱਖ-ਵੱਖ ਧਾਰਮਿਕ ਅਸਥਾਨਾਂ 'ਤੇ ਕਰਵਾਏ ਗਏ ਸ਼ਰਧਾਂਜਲੀ ਸਮਾਗਮਾਂ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਲੋਕਾਂ ਨੇ ਸ਼ਮੂਲੀਅਤ ਕਰਕੇ ਵਿਛੜੀਆਂ ਰੂਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਹਾਦਸੇ ਵਿੱਚ ਜਾਨ ਗਵਾਉਣ ਵਾਲੇ ਚਾਰ ਮੈਂਬਰਾਂ ਦੀ ਆਤਮਿਕ ਸ਼ਾਂਤੀ ਲਈ ਸੁਭਾਸ਼ ਗੇਟ ਸਥਿਤ ਮੰਦਿਰ ਗੀਤਾ ਭਵਨ ਵਿਖੇ ਸ੍ਰੀ ਗਰੁੜ ਪੁਰਾਨ ਜੀ ਦੇ ਪਾਠ ਦੇ ਭੋਗ ਪਾਏ ਗਏ। ਦੂਜੇ ਪਾਸੇ, ਹਾਦਸੇ ਦਾ ਸ਼ਿਕਾਰ ਹੋਏ ਇੱਕ ਨੌਜਵਾਨ ਦੀ ਨਿਮਿੱਤ ਅੰਤਿਮ ਅਰਦਾਸ ਅਤੇ ਪਾਠ ਦਾ ਭੋਗ ਮਲਕ ਰੋਡ ਸਥਿਤ ਗੁਰਦੁਆਰਾ ਸਾਹਿਬ ਵਿਖੇ ਪਾਇਆ ਗਿਆ। ਇਸ ਦੌਰਾਨ ਵੈਰਾਗਮਈ ਕੀਰਤਨ ਅਤੇ ਭਜਨਾਂ ਰਾਹੀਂ ਪਰਿਵਾਰਕ ਮੈਂਬਰਾਂ ਅਤੇ ਇਲਾਕਾ ਨਿਵਾਸੀਆਂ ਨੇ



ਭਰੇ ਮਨ ਨਾਲ ਪ੍ਰਮਾਤਮਾ ਅੱਗੇ ਵਿਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਦੇਣ ਦੀ ਅਰਦਾਸ ਕੀਤੀ।ਇਸ ਦੁਖ ਦੀ ਘੜੀ ਵਿੱਚ ਪਰਿਵਾਰਾਂ ਨਾਲ ਹਮਦਰਦੀ ਪ੍ਰਗਟਾਉਣ ਲਈ ਪੰਜਾਬ ਦੀਆਂ ਪ੍ਰਮੁੱਖ ਸਿਆਸੀ ਅਤੇ ਸਮਾਜਿਕ ਸ਼ਖ਼ਸੀਅਤਾਂ ਪਹੁੰਚੀਆਂ। ਸ਼ਰਧਾਂਜਲੀ ਦੇਣ ਵਾਲਿਆਂ ਵਿੱਚ ਮੁੱਖ ਤੌਰ 'ਤੇਸਰਬਜੀਤ ਕੌਰ ਮਾਣੂੰਕੇ (ਹਲਕਾ ਵਿਧਾਇਕਾ) ਅਮਰਿੰਦਰ ਸਿੰਘ ਰਾਜਾ ਵੜਿੰਗ (ਸੰਸਦ ਮੈਂਬਰ ਅਤੇ ਪੰਜਾਬ ਕਾਂਗਰਸ ਪ੍ਰਧਾਨ) ਸਤਨਾਮ ਸਿੰਘ ਸਿੱਧੂ (ਰਾਜ ਸਭਾ ਮੈਂਬਰ) ਐਸ.ਆਰ. ਕਲੇਰ (ਸਾਬਕਾ ਵਿਧਾਇਕ) ਗੁਰਚਰਨ ਸਿੰਘ ਗਰੇਵਾਲ (ਸ਼੍ਰੋਮਣੀ ਕਮੇਟੀ ਮੈਂਬਰ)ਪਰਮਿੰਦਰ ਸਿੰਘ ਬਰਾੜ (ਜਨਰਲ ਸਕੱਤਰ, ਪੰਜਾਬ ਭਾਜਪਾ) ਵਿਜੇ ਦਾਨਵ (ਚੇਅਰਮੈਨ, ਪੰਜਾਬ ਦਲਿਤ ਬੋਰਡ) ਗੇਜਾ ਰਾਮ (ਕੌਮੀ ਪ੍ਰਧਾਨ, ਸੈਂਟਰਲ ਵਾਲਮੀਕੀ ਸਭਾ) ਇਨ੍ਹਾਂ ਆਗੂਆਂ ਨੇ ਮਧੁਰ ਬਹਿਲ, ਸ੍ਰੀਮਤੀ ਕਵਿਤਾ ਬਹਿਲ, ਚਰਨਜੀਤ ਬਹਿਲ, ਸ੍ਰੀਮਤੀ ਚੰਦਨ ਬਹਿਲ ਅਤੇ ਈਸ਼ਾਨ ਕਟਾਰੀਆ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਇਹ ਘਾਟਾ ਕਦੇ ਨਾ ਪੂਰਾ ਹੋਣ ਵਾਲਾ ਹੈ। ਜ਼ਿਕਰਯੋਗ ਹੈ ਕਿ ਇਸ ਹਾਦਸੇ ਨੇ ਨਾ ਸਿਰਫ਼ ਪੀੜਤ ਪਰਿਵਾਰਾਂ ਨੂੰ ਸਗੋਂ ਪੂਰੇ ਜਗਰਾਉਂ ਇਲਾਕੇ ਨੂੰ ਝੰਝੋੜ ਕੇ ਰੱਖ ਦਿੱਤਾ ਹੈ। ਅੱਜ ਅੰਤਿਮ ਅਰਦਾਸ ਦੌਰਾਨ ਹਰ ਅੱਖ ਨਮ ਸੀ ਅਤੇ ਲੋਕ ਇਸ ਅਣਹੋਣੀ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰ ਰਹੇ ਸਨ। ਪ੍ਰਸ਼ਾਸਨ ਅਤੇ ਸਮਾਜਿਕ ਜਥੇਬੰਦੀਆਂ ਨੇ ਵੀ ਪਰਿਵਾਰਾਂ ਨੂੰ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਹੈ

# ਜ਼ਿਲ੍ਹਾ ਪ੍ਰਸ਼ਾਸਨ ਮੁੱਖ ਮੰਤਰੀ ਸਿਹਤ ਯੋਜਨਾ ਲਈ ਨਾਮਾਂਕਣ ਕੈਂਪ ਸ਼ੁਰੂ ਕਰੇਗਾ : ਡੀ.ਸੀ

ਲੁਧਿਆਣਾ, 19 ਅਪ੍ਰੈਲ (ਵਿਸ਼ਾਲ ਸ਼ਰਮਾ) : ਲੁਧਿਆਣਾ ਦੇ ਹਰੇਕ ਨਿਵਾਸੀ ਨੂੰ ਯੂਨੀਵਰਸਲ ਕੈਸ਼ਲੈੱਸ ਸਿਹਤ ਸੰਭਾਲ ਪ੍ਰਦਾਨ ਕਰਨ ਲਈ ਇੱਕ ਵੱਡੀ ਕੋਸ਼ਿਸ਼ ਵਜੋਂ ਜ਼ਿਲ੍ਹਾ ਪ੍ਰਸ਼ਾਸਨ ਮੁੱਖ ਮੰਤਰੀ ਸਿਹਤ ਯੋਜਨਾ ਦੇ ਤਹਿਤ ਜ਼ਿਲ੍ਹੇ ਭਰ ਵਿੱਚ ਵਿਆਪਕ ਨਾਮਾਂਕਣ ਕੈਂਪ ਲਗਾਉਣ ਦੀ ਤਿਆਰੀ ਕਰ ਰਿਹਾ ਹੈ। ਇਸ ਸਾਲ 22 ਜਨਵਰੀ ਨੂੰ ਪੰਜਾਬ ਸਰਕਾਰ ਦੁਆਰਾ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਯੋਜਨਾ, ਭਾਰਤ ਵਿੱਚ ਇੱਕ ਮੋਹਰੀ ਅਤੇ ਆਪਣੀ ਕਿਸਮ ਦੀ ਪਹਿਲੀ ਯੂਨੀਵਰਸਲ ਸਿਹਤ ਬੀਮਾ ਯੋਜਨਾ ਹੈ। ਇਹ ਹਰੇਕ ਪੰਜਾਬੀ ਪਰਿਵਾਰ ਨੂੰ ਪ੍ਰਤੀ ਸਾਲ 10 ਲੱਖ ਰੁਪਏ ਤੱਕ ਦਾ ਨਕਦ ਰਹਿਤ ਡਾਕਟਰੀ ਇਲਾਜ ਬਿਨਾਂ ਕਿਸੇ ਆਮਦਨ ਸੀਮਾ ਜਾਂ ਬਾਹਰ ਕੱਢਣ ਦੇ ਮਾਪਦੰਡ ਦੇ ਪ੍ਰਦਾਨ ਕਰਦੀ ਹੈ। ਜ਼ਿਲ੍ਹਾ ਪੱਧਰੀ ਮੁਹਿੰਮ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਲੁਧਿਆਣਾ ਦੇ ਹਰ ਪਰਿਵਾਰ ਨੂੰ ਇਸ ਪਰਿਵਰਤਨਸ਼ੀਲ ਯੋਜਨਾ ਦੇ ਤਹਿਤ ਨਾਮਾਂਕਣ ਕੀਤਾ ਜਾਵੇ ਤਾਂ ਜੋ ਸਿਹਤ ਐਮਰਜੈਂਸੀ ਦੌਰਾਨ ਕਿਸੇ ਵੀ ਨਿਵਾਸੀ ਨੂੰ ਜੇਬ ਤੋਂ ਬਾਹਰ ਦੇ ਡਾਕਟਰੀ ਖਰਚਿਆਂ ਦਾ



ਸਾਹਮਣਾ ਨਾ ਕਰਨਾ ਪਵੇ।

ਮੁੱਖ ਮੰਤਰੀ ਸਿਹਤ ਯੋਜਨਾ ਦੀਆਂ ਮੁੱਖ ਵਿਸ਼ੇਸ਼ਤਾਵਾਂ : ਨਕਦੀ ਰਹਿਤ ਇਲਾਜ ਲਈ ਪ੍ਰਤੀ ਪਰਿਵਾਰ ਪ੍ਰਤੀ ਸਾਲ 10 ਲੱਖ ਰੁਪਏ ਤੱਕ ਕੀਤਾ ਜਾਵੇਗਾ।

ਨਕਦੀ ਰਹਿਤ ਅਤੇ ਕਾਗਜ਼ ਰਹਿਤ : ਪੰਜਾਬ ਦੇ ਸਰਕਾਰੀ, ਨਿੱਜੀ ਅਤੇ ਵਿਸ਼ੇਸ਼ ਕੇਂਦਰਾਂ ਅਤੇ ਰਾਜ ਤੋਂ ਬਾਹਰ ਦੀਆਂ ਚੋਣਵੀਆਂ ਸਹੂਲਤਾਂ ਸਮੇਤ 800 ਤੋਂ ਵੱਧ ਸੂਚੀਬੱਧ ਹਸਪਤਾਲਾਂ ਵਿੱਚ ਬਿਨਾਂ ਕਿਸੇ ਅਗਾਊਂ ਭੁਗਤਾਨ ਦੇ ਇਲਾਜ ਸ਼ਾਮਲ ਹਨ।

ਵਿਆਪਕ ਲਾਭ - 2,500 ਤੋਂ ਵੱਧ ਡਾਕਟਰੀ ਪ੍ਰਕਿਰਿਆਵਾਂ ਅਤੇ ਪੈਕੇਜ ਜੋ ਵੱਡੀਆਂ/ਛੋਟੀਆਂ ਸਰਜਰੀਆਂ, ਗੰਭੀਰ ਬਿਮਾਰੀਆਂ (ਕੈਂਸਰ, ਕਾਰਡੀਓਲੋਜੀ, ਨਿਊਰੋਲੋਜੀ, ਡਾਇਲਸਿਸ, ਆਰਥੋਪੀਡਿਕਸ, ਆਦਿ), ਆਈ. ਸੀ. ਯੂ ਦੇਖਭਾਲ, ਡਾਇਗਨੌਸਟਿਕਸ, ਦਵਾਈਆਂ, ਡੇਅਕੇਅਰ ਪ੍ਰਕਿਰਿਆਵਾਂ, ਹਸਪਤਾਲ ਵਿੱਚ ਭਰਤੀ ਹੋਣ ਤੋਂ ਪਹਿਲਾਂ 3 ਦਿਨ ਅਤੇ ਹਸਪਤਾਲ ਵਿੱਚ ਭਰਤੀ ਹੋਣ ਤੋਂ ਬਾਅਦ 15 ਦਿਨਾਂ ਦੇ ਖਰਚਿਆਂ ਨੂੰ ਕਵਰ ਕਰਦੇ ਹਨ, ਜਿਸ ਵਿੱਚ ਫਾਲੋ-ਅੱਪ ਦਵਾਈਆਂ ਸ਼ਾਮਲ ਹਨ।

ਵਿਸ਼ਵਵਿਆਪੀ ਯੋਗਤਾ : ਪੰਜਾਬ ਦੇ ਸਾਰੇ ਪ੍ਰਮਾਣਿਕ ਨਿਵਾਸੀਆਂ ਲਈ ਖੁੱਲ੍ਹਾ ਹੈ, ਆਧਾਰ ਕਾਰਡ ਅਤੇ ਵੋਟਰ ਆਈ.ਡੀ (ਜਾਂ ਨਾਬਾਲਗਾਂ ਲਈ ਸਰਪ੍ਰਸਤ ਦੇ ਦਸਤਾਵੇਜ਼) ਦੁਆਰਾ ਤਸਦੀਕ ਕੀਤਾ ਗਿਆ ਹੈ। ਸਰਕਾਰੀ ਕਰਮਚਾਰੀਆਂ, ਪੈਨਸ਼ਨਰਾਂ, ਠੇਕੇ 'ਤੇ ਰੱਖੇ ਕਰਮਚਾਰੀਆਂ, ਕਿਸਾਨਾਂ, ਮਜ਼ਦੂਰਾਂ ਅਤੇ ਸਮਾਜ ਦੇ ਸਾਰੇ ਵਰਗਾਂ ਨੂੰ ਕਵਰ ਕਰਦਾ ਹੈ। ਹਿਮਾਂਸ਼ੂ ਜੈਨ ਨੇ ਜ਼ਿਲ੍ਹਾ ਲੁਧਿਆਣਾ ਦੇ ਵਸਨੀਕਾਂ ਨੂੰ ਆਪਣਾ ਸਿਹਤ ਕਾਰਡ ਪ੍ਰਾਪਤ ਕਰਨ ਅਤੇ ਇਸ ਕ੍ਰਾਂਤੀਕਾਰੀ ਸਿਹਤ ਯੋਜਨਾ ਦਾ ਲਾਭ ਲੈਣ ਲਈ ਆਪਣੇ ਆਧਾਰ ਅਤੇ ਹੋਰ ਦਸਤਾਵੇਜ਼ਾਂ ਨਾਲ ਨਜ਼ਦੀਕੀ ਨਾਮਾਂਕਣ ਕੈਂਪ ਜਾਂ ਕਾਮਨ ਸਰਵਿਸ ਸੈਂਟਰ 'ਤੇ ਜਾਣ ਦੀ ਵੀ ਅਪੀਲ ਕੀਤੀ।

# ਅਕਾਲੀ ਦਲ ਪੁਨਰ ਸੁਰਜੀਤ ਅਤੇ ਅਕਾਲੀ ਦਲ 'ਵਾਰਿਸ ਪੰਜਾਬ ਦੇ' ਇਕੱਠੇ ਹੋਣ ਨਾਲ ਮੁੜ ਖ਼ੁਸ਼ਹਾਲ ਹੋਵੇਗਾ ਪੰਜਾਬ : ਲਵਲੀ

ਲੁਧਿਆਣਾ, 19 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): 'ਅਕਾਲੀ ਦਲ ਪੁਨਰ ਸੁਰਜੀਤ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ' ਵਿਚਾਲੇ ਬੀਤੇ ਦਿਨ ਹੋਈ ਮੀਟਿੰਗ ਨਾਲ ਪੰਜਾਬ ਦੇ ਲੋਕਾਂ ਵਿੱਚ ਇੱਕ ਖ਼ੁਸ਼ਹਾਲ ਅਤੇ ਤਰੱਕੀ ਪਸੰਦ ਸਰਕਾਰ ਦੇ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਸੱਤਾ ਵਿੱਚ ਆਉਣ ਦੀ ਉਮੀਦ ਹੋਰ ਮਜ਼ਬੂਤ ਹੋਈ ਹੈ। ਇਹ ਸ਼ਬਦ ਅਕਾਲੀ ਦਲ ÷ਵਾਰਿਸ ਪੰਜਾਬ ਦੇ' ਸੀਨੀਅਰ ਆਗੂ ਤੇ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦੀ ਮਜਬੂਤੀ ਨਾਲ ਆਵਾਜ਼ ਚੁੱਕਣ ਵਾਲੇ ਰਾਜੀਵ ਕੁਮਾਰ ਲਵਲੀ ਨੇ ਇੱਥੇ ਜਾਰੀ ਇੱਕ ਬਿਆਨ ਵਿੱਚ ਕਹੇ।ਇਸ ਮੌਕੇ ਲਵਲੀ ਨੇ ਕਿਹਾ ਕਿ ਮੌਜੂਦਾ ਸ਼ਾਸਨ ਵਿੱਚ ਪੰਜਾਬ ਨਸ਼ਿਆਂ,



ਬੇਰੁਜ਼ਗਾਰੀ, ਗੈਂਗਸਟਰਵਾਦ ਅਤੇ ਕਾਨੂੰਨ ਤੇ ਵਿਵਸਥਾ ਦੀ ਮਾੜੀ ਹਾਲਤ ਦਾ ਸੰਤਾਪ ਭੋਗ ਰਿਹਾ ਹੈ। ਇਹਨਾਂ ਮਾੜੇ ਹਾਲਾਤਾਂ ਤੋਂ ਸਮਾਜ ਦਾ ਹਰ ਵਰਗ ਫਿਰ ਭਾਵੇਂ ਉਹ ਕੋਈ ਵਪਾਰੀ, ਕਿਸਾਨ, ਨੌਕਰੀ ਪੇਸ਼ਾ ਜਾਂ ਫਿਰ ਨੌਜਵਾਨ ਹੋਣ, ਦੁਖੀ ਹਨ ਅਤੇ ਪੰਜਾਬ, ਪੰਜਾਬੀ ਤੇ ਪੰਜਾਬੀਅਤ ਦੀ ਆਵਾਜ਼ ਨੂੰ ਬੁਲੰਦੀ ਨਾਲ ਚੁੱਕਣ ਵਿੱਚ ਅਕਾਲੀ ਦਲ ਪੁਨਰ ਸੁਰਜੀਤ ਤੇ ਅਕਾਲੀ ਦਲ 'ਵਾਰਿਸ ਪੰਜਾਬ ਦੇ' ਤੋਂ ਲੋਕਾਂ ਨੂੰ ਬਹੁਤ ਉਮੀਦਾਂ ਹਨ।ਉਹਨਾਂ ਨੇ ਜ਼ੋਰ ਦਿੰਦਿਆਂ, ਕਿਹਾ ਕਿ ਸੂਬੇ ਦੇ ਮਾੜੇ ਹਾਲਾਤਾਂ ਤੋਂ ਤੰਗ ਅਤੇ ਪਰੇਸ਼ਾਨ ਲੋਕਾਂ ਨੂੰ ਮਹਾਰਾਜਾ ਰਣਜੀਤ ਸਿੰਘ ਦੇ ਸਮੇਂ ਵਾਲਾ ਖਾਲਸਾ ਰਾਜ ਇਹਨਾਂ ਦੋਨਾਂ ਪਾਰਟੀਆਂ ਦੀ ਸਾਲ 2027 ਵਿਧਾਨ ਸਭਾ ਚੋਣਾਂ ਵਿੱਚ ਬਣਨ ਵਾਲੀ ਪੰਥਕ ਵਾਲੀ ਸਰਕਾਰ ਹੀ ਦੇ ਸਕਦੀ ਹੈ। ਜਿੱਥੇ ਹਰ ਕਿਸੇ ਨੂੰ ਬਰਾਬਰੀ ਦਾ ਦਰਜਾ ਮਿਲੇਗਾ ਅਤੇ ਪੰਜਾਬ ਮੁੜ ਤੋਂ ਵਿਕਾਸ ਦੀ ਪਟੜੀ 'ਤੇ ਚੜ੍ਹੇਗਾ।

# ਇੰਡ. ਏਰੀਆ-ਏ ਐਸੋਸੀਏਸ਼ਨ ਵੱਲੋਂ ਕੌਂਸਲਰ ਨੂੰ ਇਲਾਕੇ ਦੀਆਂ ਸਮੱਸਿਆਵਾਂ ਦੱਸੀਆਂ



ਲੁਧਿਆਣਾ, 19 ਅਪ੍ਰੈਲ (ਵਿਸ਼ਾਲ ਸ਼ਰਮਾ) : ਵਾਰਡ ਨੰਬਰ 30 ਵਿੱਚ ਇੰਡਸਟਰੀਅਲ ਏਰੀਆ-ਏ ਐਸੋਸੀਏਸ਼ਨ ਵੱਲੋਂ ਇੱਕ ਅਹਿਮ ਮੀਟਿੰਗ ਦਾ ਆਯੋਜਨ ਕੀਤਾ ਗਿਆ ਇਸ ਮੀਟਿੰਗ ਲਈ ਕੌਂਸਲਰ ਨਿੱਕੂ ਭਾਰਤੀ ਨੂੰ ਵਿਸ਼ੇਸ਼ ਤੌਰ 'ਤੇ ਸੱਦਾ ਦਿੱਤਾ ਗਿਆ। ਮੀਟਿੰਗ ਦੌਰਾਨ ਇਲਾਕੇ ਦੇ ਉਦਯੋਗਪਤੀਆਂ ਅਤੇ ਵਾਸੀਆਂ ਵੱਲੋਂ ਵਾਰਡ ਵਿੱਚ ਆ ਰਹੀਆਂ ਵੱਖ-ਵੱਖ ਤਰਾਂ ਦੀਆਂ ਸਮੱਸਿਆਵਾਂ ਜੋ ਕੇ ਇਲਾਕਾ ਵਾਸੀਆਂ ਅਤੇ ਵਾਪਰੀਆਂ ਨੂੰ ਰੋਜ਼ਾਨਾ ਪੇਸ਼ ਆ ਰਹੀਆਂ ਹਨ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ, ਐਸੋਸੀਏਸ਼ਨ ਦੇ ਚੇਅਰਮੈਨ ਕਮਲ ਮਠਾੜੂ ਨੇ ਕੌਂਸਲਰ ਨਿੱਕੂ ਭਾਰਤੀ ਨੂੰ ਸੜਕਾਂ ਦੀ ਮਾੜੀ ਹਾਲਤ, ਸੀਵਰੇਜ, ਸਫਾਈ ਅਤੇ ਬਿਜਲੀ ਨਾਲ ਸੰਬੰਧਿਤ ਸਮੱਸਿਆਵਾਂ ਬਾਰੇ ਦੱਸਿਆ। ਕੌਂਸਲਰ ਨੇ ਸਾਰੇ ਮਸਲਿਆਂ ਨੂੰ ਧਿਆਨ ਨਾਲ ਸੁਣਿਆ ਅਤੇ ਭਰੋਸਾ ਦਿਤਾ ਕਿ ਇਨ੍ਹਾਂ ਸਮੱਸਿਆਵਾਂ ਦਾ ਜਲਦ ਤੋਂ ਜਲਦ ਹੱਲ ਕੀਤਾ ਜਾਵੇਗਾ।ਇਸ ਮੌਕੇ ਤੇ ਇੰਡਸਟਰੀਅਲ ਏਰੀਆ - ਏ ਐਸੋਸੀਏਸ਼ਨ ਦੇ ਚੇਅਰਮੈਨ ਕਮਲ ਮਠਾੜੂ, ਪ੍ਰਧਾਨ ਸੁਰੇਸ਼ ਰਾਂਗੜਾ, ਜਨਰਲ ਸਕੱਤਰ ਮਨੀਸ਼ ਕਪਲਿਸ਼, ਉਪ ਪ੍ਰਧਾਨ ਨੀਰਜ ਕਪਲਿਸ਼, ਸੁਨੀਲ ਕੁਮਾਰ, ਕੈਸ਼ੀਅਰ ਗੁਰਪ੍ਰੀਤ ਸਿੰਘ ਅਤੇ ਮੈਂਬਰ ਪਵਨਜੀਤ ਮਠਾੜੂ, ਹੈਪੀ, ਨਵੀਨ ਕਪਲਿਸ਼ ਆਦਿ ਮੌਜੂਦ ਸਨ।

# ਵ੍ਰਿੰਦਾਵਨ ਕਿਸ਼ਤੀ ਹਾਦਸੇ ਦੇ ਪੀੜਤਾਂ ਲਈ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਏ ਭਾਜਪਾ ਆਗੂ

ਲੁਧਿਆਣਾ, 19 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ, ਭਾਜਪਾ ਆਗੂਆਂ ਸਮੇਤ, ਗੀਤਾ ਭਵਨ, ਜਗਰਾਉਂ ਵਿਖੇ ਹੋਈ ਸ਼ੋਕ ਸਭਾ ਅਤੇ ਗੁਰੂਦੁਆਰਾ ਦਸਮੇਸ਼ ਨਗਰ, ਜਗਰਾਉਂ ਵਿਖੇ ਹੋਈ ਅੰਤਿਮ ਅਰਦਾਸ ਵਿੱਚ ਵਰਿੰਦਾਵਨ ਯਮੁਨਾ ਨਦੀ ਵਿੱਚ ਹੋਈ ਕਿਸ਼ਤੀ ਹਾਦਸੇ ਵਿੱਚ ਆਪਣੀਆਂ ਕੀਮਤੀ ਜਾਨਾਂ ਗੁਆਉਣ ਵਾਲਿਆਂ ਦੀ ਆਤਮਾ ਦੀ ਸ਼ਾਂਤੀ ਲਈ ਸ਼ਰਧਾਂਜਲੀ ਭੇਟ ਕੀਤੀ ਅਤੇ ਪ੍ਰਾਰਥਨਾ ਕੀਤੀ। ਪਰਿਵਾਰਕ ਮੈਂਬਰਾਂ ਨਾਲ ਸੰਵੇਦਨਾ ਪ੍ਰਗਟ ਕਰਦੇ ਹੋਏ, ਸੰਸਦ ਮੈਂਬਰ ਸਤਨਾਮ ਸਿੰਘ ਸੰਧੂ ਨੇ ਐਲਾਨ ਕੀਤਾ ਕਿ ਮ੍ਰਿਤਕਾਂ ਦੀ ਯਾਦ ਵਿੱਚ ਜਗਰਾਉਂ ਵਿੱਚ ਐਮਪੀ ਲੈਡਜ਼ ਫੰਡ ਵਿੱਚੋਂ ਇੱਕ ਯਾਦਗਾਰ ਬਣਾਈ ਜਾਵੇਗੀ।ਇਸ ਮੌਕੇ ਸੰਸਦ ਮੈਂਬਰ ਸਤਨਾਮ ਸਿੰਘ ਸੰਧੂ ਨੇ ਕਿਹਾ ਕਿ ਇਸ ਘਟਨਾ ਵਿੱਚ ਬਹਿਲ ਪਰਿਵਾਰ ਦੇ ਚਾਰ ਮੈਂਬਰ ਅਤੇ ਕਟਾਰੀਆ ਪਰਿਵਾਰ ਦੇ ਇੱਕ ਮੈਂਬਰ ਨੇ ਆਪਣੀਆਂ ਕੀਮਤੀ ਜਾਨਾਂ ਗੁਆ ਦਿੱਤੀਆਂ। ਉਨ੍ਹਾਂ ਅੱਗੇ ਕਿਹਾ ਕਿ ਸਾਡੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਇਸ ਘਟਨਾ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ ਹੈ। ਉਹਨਾਂ ਕਿਹਾ ਕਿ ਇਹ ਸਾਡੇ ਪੰਜਾਬੀਆਂ ਦੀ ਵਿਸ਼ੇਸ਼ਤਾ ਹੈ ਕਿ ਅਸੀਂ ਸਾਰੇ ਸਾਰਿਆਂ ਦੇ ਦੁੱਖ ਨੂੰ ਘਟਾਉਣ ਦੀ ਕੋਸ਼ਿਸ਼ ਕਰਦੇ ਹਾਂ। ਇਸੇ ਲਈ ਅਸੀਂ ਅੱਜ ਭਾਰਤੀ ਜਨਤਾ ਪਾਰਟੀ ਵੱਲੋਂ ਸ਼ਾਮਲ ਹੋਏ ਹਾਂ। ਇਸ ਮੌਕੇ ਕਈ ਸੀਨੀਅਰ ਭਾਜਪਾ ਆਗੂ ਅਤੇ ਪਤਵੰਤੇ ਮੌਜੂਦ ਸਨ। ਇਨ੍ਹਾਂ ਵਿੱਚ ਭਾਜਪਾ ਜ਼ਿਲ੍ਹਾ ਪ੍ਰਧਾਨ ਡਾ. ਰਜਿੰਦਰ ਸ਼ਰਮਾ, ਜ਼ਿਲ੍ਹਾ ਉਪ ਪ੍ਰਧਾਨ ਕ੍ਰਿਸ਼ਨਾ, ਵਾਲਮੀਕਿ ਸਭਾ ਇੰਡੀਆ ਦੇ ਰਾਸ਼ਟਰੀ ਪ੍ਰਧਾਨ ਗੇਜਾ ਰਾਮ ਵਾਲਮੀਕਿ, ਸਾਬਕਾ ਜ਼ਿਲ੍ਹਾ ਪ੍ਰਧਾਨ ਇੰਦਰਪਾਲ ਸਿੰਘ, ਆਈਟੀ ਸੈੱਲ ਇੰਚਾਰਜ ਨਵੀਨ ਜੈਨ, ਜਗਰਾਉਂ ਮੰਡਲ ਦੇ ਜਨਰਲ ਸਕੱਤਰ ਗੌਰਵ ਗੁਪਤਾ ਅਤੇ ਸੌਰਵ ਕੁਮਾਰ, ਭਾਜਪਾ ਸੂਬਾ ਖਜ਼ਾਨਚੀ ਗੁਰਦੇਵ ਸ਼ਰਮਾ ਦੇਵੀ ਅਤੇ ਸਤੀਸ਼ ਕੁਮਾਰ ਸਮੇਤ ਕਈ ਹੋਰ ਪ੍ਰਮੁੱਖ ਹਸਤੀਆਂ ਸ਼ਾਮਲ ਸਨ।



# ਅਕੀਦੇ 'ਤੇ ਕੰਟਰੋਲ ?



ਸਿੱਖ ਵਿਦਵਾਨਾਂ, ਕਾਨੂੰਨਘਾੜਿਆਂ ਅਤੇ ਸਿੱਖ ਆਗੂਆਂ ਦਰਮਿਆਨ ਵਧ ਰਹੀ ਡੂੰਘੀ ਵਿਵਾਦਪੂਰਨ ਬਹਿਸ ਦੌਰਾਨ ਧਰਮ ਸ਼ਾਸਤਰ, ਅਥਾਰਿਟੀ ਅਤੇ ਆਧੁਨਿਕਤਾ ਦੇ ਕੇਂਦਰ ਵਿੱਚ ਸਵਾਲ ਇਹ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਸਤਿਕਾਰ ਕਰਨ ਦੇ ਕੀ ਮਾਅਨੇ ਹਨ? ਪਵਿੱਤਰ ਗ੍ਰੰਥ ਦੀ ਰੱਖਿਆ ਕਰਨ ਦੀਆਂ ਕੋਸ਼ਿਸ਼ਾਂ ਸਮਝ ਆਉਂਦੀਆਂ ਹਨ, ਪਰ ਕਾਨੂੰਨ ਅਤੇ ਨੇਮਾਂ ਰਾਹੀਂ ਸ਼ਰਧਾ ਨੂੰ ਨਿਯਮਬੱਧ ਕਰਨਾ ਇਸ ਨੂੰ ਬੌਧਿਕ ਅਤੇ ਅਧਿਆਤਮਿਕ ਜਗਿਆਸਾ ਦਾ ਸਰੋਤ ਬਣਾਈ ਰੱਖਣ ਦੀ ਥਾਂ ਸੰਸਥਾਗਤ ਨਿਗਰਾਨੀ ਹੇਠ ਲਿਆਉਣ ਕਰਕੇ ਇਸ ਅੰਦਰਲੇ ਸੰਦੇਸ਼ ਦੇ ਪਸਾਰ 'ਚ ਰੁਕਾਵਟ ਬਣ ਸਕਦਾ ਹੈ। ਅਜਿਹਾ ਨਜ਼ਰੀਆ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸੁਨੇਹੇ ਨੂੰ ਸਮਝ ਕੇ ਇਸ ਅਨੁਸਾਰ ਜੀਵਨ ਜਾਚ ਅਪਣਾਉਣ ਦੀ ਥਾਂ ਮਹਿਜ਼ ਰਹੁ-ਰੀਤਾਂ ਦੀ ਪਾਲਣਾ ਕਰਨ ਵਾਲੀ ਗੱਲ ਹੈ। ਅਜਿਹਾ ਕਰਨ ਨਾਲ ਸ਼ਬਦ ਗੁਰੂ ਦੇ ਦਰਸਾਏ ਜੀਵਨ ਤੱਤ ਨੂੰ ਵਿਸਾਰੇ ਜਾਣ ਦਾ ਜੋਖ਼ਮ ਹੈ।



ਜਸਟਿਸ ਆਰ ਐੱਸ ਸੋਢੀ (ਰਿਟਾਇਰਡ)

ਬੇਅਦਬੀ ਅਤੇ ਮਰਯਾਦਾ ਭੰਗ ਕਰਨ ਬਾਰੇ ਹੋਰ ਸਖ਼ਤ ਕਾਨੂੰਨ ਬਣਾਉਣ ਦਾ ਮੌਜੂਦਾ ਕਦਮ ਇੱਕ ਠੋਸ ਧਾਰਮਿਕ ਜਾਂ ਵਿਧਾਨਕ ਦਖ਼ਲ ਘੱਟ ਅਤੇ ਸਿਆਸੀ ਨਜ਼ਰੀਏ ਨੂੰ ਨੈਤਿਕ ਜ਼ਰੂਰਤ ਦਾ ਲਬਾਦਾ ਪਾ ਕੇ ਕੀਤੀ ਗਈ ਕਾਰਵਾਈ ਵਧੇਰੇ ਜਾਪਦਾ ਹੈ। ਬੇਅਦਬੀ ਬਾਰੇ ਚਿੰਤਾ ਪ੍ਰੇਸ਼ਾਨ ਕਰਨ ਵਾਲਾ ਵਿਰੋਧਾਭਾਸ ਉਪਜਾਉਂਦੀ ਹੈ। ਕੀ ਸਹਸ ਸਿਆਣਪਾਂ ਅਤੇ ਸਮਾਨਤਾਵਾਦੀ ਕਦਰਾਂ-ਕੀਮਤਾਂ ਨੂੰ ਦਰਸਾਉਂਦੇ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਇਸ ਤਰ੍ਹਾਂ ਨਿਯਮਾਂ ਅਧੀਨ ਲਿਆਂਦਾ ਜਾ ਸਕਦਾ ਹੈ, ਜੋ ਸ਼ਬਦ ਗੁਰੂ ਤੱਕ ਪਹੁੰਚ ਨੂੰ ਸੀਮਿਤ ਕਰਦੇ ਹੋਣ? ਇਤਿਹਾਸਕ ਤੌਰ 'ਤੇ ਧਾਰਮਿਕ ਰਵਾਇਤਾਂ ਦੀ ਤਾਕਤ ਉਨ੍ਹਾਂ ਨੂੰ ਸੀਮਿਤ ਕਰਨ ਵਿੱਚ ਨਹੀਂ, ਸਗੋਂ ਇਨ੍ਹਾਂ ਦੇ ਪਸਾਰ ਅਤੇ ਇਨ੍ਹਾਂ ਨੂੰ ਸਾਂਝੀਆਂ ਮੰਨਣ ਦੀ ਸਮਰੱਥਾ ਵਿੱਚ ਹੈ।

ਬਾਈਬਲ ਦਾ ਦੁਨੀਆ ਦੇ ਸਾਰੇ ਮਹਾਂਦੀਪਾਂ ਵਿੱਚ ਪਸਾਰ ਹੋਇਆ; ਕੁਰਾਨ ਸ਼ਰੀਫ਼ ਦਾ ਤਰਜਮਾ ਹੋਇਆ ਅਤੇ ਇਹ ਹੋਰ ਭਾਸ਼ਾਵਾਂ ਸਮਝਣ ਵਾਲੇ ਦੂਜੇ ਸੱਭਿਆਚਾਰਾਂ ਦੇ ਲੋਕਾਂ ਤੇ ਖਿੱਤਿਆਂ ਤੱਕ ਵੀ ਪੁੱਜੀ; ਭਗਵਦ ਗੀਤਾ ਦੇ ਅੱਜ ਅਣਗਿਣਤ ਸੰਸਕਰਣ ਅਤੇ ਵਿਆਖਿਆਵਾਂ ਮੌਜੂਦ ਹਨ। ਫਿਰ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਇੱਕ ਅਜਿਹੇ ਢਾਂਚੇ ਤੱਕ ਮਹਿਦੂਦ ਕਿਉਂ ਕੀਤਾ ਜਾਵੇ, ਜਿਸ ਕਾਰਨ ਸ਼ਬਦ ਗੁਰੂ ਦੀਆਂ ਸਿੱਖਿਆਵਾਂ ਦਾ ਪਸਾਰ ਹੋਣ ਦੀ ਥਾਂ ਇਨ੍ਹਾਂ ਦਾ ਦਾਇਰਾ ਸੀਮਿਤ ਹੁੰਦਾ ਹੈ?

ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪਹਿਲਾਂ ਹੀ ਅੰਗਰੇਜ਼ੀ ਅਤੇ ਕਈ ਹੋਰ ਭਾਸ਼ਾਵਾਂ ਵਿੱਚ ਤਰਜਮਾ ਹੋ ਚੁੱਕਾ ਹੈ, ਜੋ ਸ਼ਬਦ ਗੁਰੂ ਦੇ ਸਦੀਵੀ ਸੰਦੇਸ਼ ਅਤੇ ਵਿਆਖਿਆ ਲਈ ਖੁੱਲ੍ਹੇਪਣ ਦਾ ਪ੍ਰਮਾਣ ਹੈ। ਤਰਜਮੇ ਸਦਕਾ ਇਸ ਦਾ ਸੰਦੇਸ਼ ਕੁੱਲ ਲੋਕਾਈ ਤੱਕ ਗੁੰਜਾਇਮਾਨ ਹੁੰਦਾ ਹੈ, ਤਰਜਮਾ ਇਸ ਦੀ ਪਵਿੱਤਰਤਾ ਨੂੰ ਘਟਾਉਂਦਾ ਨਹੀਂ। ਇਹ ਵੱਖ-ਵੱਖ ਸੱਭਿਆਚਾਰਾਂ ਅਤੇ ਪੀੜ੍ਹੀਆਂ ਤੱਕ ਸ਼ਬਦ ਗੁਰੂ ਦੇ ਪਸਾਰ, ਹਿਰਦੇ ਤੇ ਜੀਵਨ ਰੁਸ਼ਨਾਉਣ ਦਾ ਸਬੱਬ ਬਣਦਾ ਹੈ। ਬੇਅਦਬੀ ਰੋਕਣ ਦੇ ਨਾਮ 'ਤੇ ਪਹੁੰਚ ਨੂੰ ਨਿਯਮਿਤ ਜਾਂ ਸੀਮਿਤ ਕਰਨ ਦੀ ਕੋਸ਼ਿਸ਼ ਕਰਨਾ ਪਸਾਰ ਦੀ ਭਾਵਨਾ ਦੇ ਉਲਟ ਹੈ। ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸ਼ਕਤੀ ਸ਼ਬਦ ਗੁਰੂ ਦੇ ਗਹਿਰਾਈ ਨਾਲ ਚਿੰਤਨ ਮੰਥਨ ਕਰਨ ਦੇ ਵਿਹਾਰਕ ਉਪਦੇਸ਼ ਵਿੱਚ ਹੈ, ਨਾ ਕਿ ਇਸ ਨੂੰ ਸੀਮਿਤ ਕਰਨ ਵਿੱਚ।

ਅਜਿਹੇ ਸਵਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਸਤਿਕਾਰ ਕਾਇਮ ਰੱਖਦਿਆਂ ਗੁਰਬਾਣੀ ਦੇ ਉਪਦੇਸ਼ਾਂ ਤੇ ਸੰਦੇਸ਼ਾਂ ਨੂੰ ਗੰਭੀਰਤਾ ਨਾਲ ਲੈਣ ਦੀ ਇੱਛਾ 'ਚੋਂ ਉਪਜਦੇ ਹਨ। 'ਗੁਰੂ ਮਾਨਯੋ ਗ੍ਰੰਥ' ਦੇ ਸਿਧਾਂਤ ਤਹਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਸਦੀਵੀ ਗੁਰੂ ਵਜੋਂ ਮਾਨਤਾ ਦਿੱਤੀ ਗਈ, ਜੋ ਸਿੱਖੀ ਦੀ ਰੂਹਾਨੀ ਜੀਵਨ ਜਾਚ ਦਾ ਧੁਰਾ ਹੈ। ਫਿਰ ਵੀ ਸ਼ਬਦ ਗੁਰੂ ਨੂੰ ਮੰਨਣ ਦਾ ਮਤਲਬ ਇਹ ਨਹੀਂ ਕਿ ਅਸੀਂ ਇਸ ਨੂੰ ਰਸਮੀ ਪੂਜਾ ਪਾਠ ਤੱਕ ਮਹਿਦੂਦ ਕਰ ਦੇਈਏ, ਸਗੋਂ ਲੋੜ ਤਾਂ ਇਸ ਗੱਲ ਦੀ ਹੈ ਕਿ ਇਸ ਨੂੰ ਗਿਆਨ, ਹੁਕਮਨਾਮੇ ਅਤੇ ਹੋਂਦ ਦਾ ਸਰੋਤ ਸਮਝਦਿਆਂ ਗੁਰਬਾਣੀ ਨਾਲ ਜੁੜਨ ਦੀ ਕੋਸ਼ਿਸ਼ ਕਰੀਏ। ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਚਲਾਏ ਗਏ ਸਿੱਖ ਪੰਥ ਵਿੱਚ ਕਰਮ-ਕਾਂਡਾਂ ਅਤੇ ਦਰਜਾਬੰਦੀ ਲਈ ਕੋਈ ਥਾਂ ਨਹੀਂ, ਇਉਂ ਵਿਚੋਲਿਆਂ ਨੂੰ ਨਕਾਰਦਿਆਂ ਇਹ ਮਨੁੱਖ ਅਤੇ ਇਲਾਹੀ ਬਾਣੀ ਦਰਮਿਆਨ ਸਿੱਧੇ ਰਿਸ਼ਤੇ ਦੇ ਸਿਧਾਂਤ 'ਤੇ ਜ਼ੋਰ ਦਿੰਦਾ ਹੈ। ਇਸ ਨਜ਼ਰੀਏ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਕੋਈ ਅਜਿਹੀ ਭੌਤਿਕ ਸ਼ੈਅ ਨਹੀਂ, ਜਿਸ ਦੀ ਰੱਖਿਆ ਕਰਨ ਦੀ ਲੋੜ ਪਵੇ, ਸਗੋਂ ਇਹ ਤਾਂ ਅਜਿਹਾ ਪਵਿੱਤਰ ਗ੍ਰੰਥ ਹੈ, ਜਿਸ ਦੇ ਰੂਹਾਨੀ ਸੰਦੇਸ਼ ਮਨੁੱਖਤਾ ਦੀ ਅਗਵਾਈ ਕਰਦੇ ਹਨ।

ਬੇਅਦਬੀ ਨੂੰ ਅਪਰਾਧ ਮੰਨਣ ਵਾਲਾ ਕਾਨੂੰਨ ਬਣਾ ਕੇ ਸਖ਼ਤ ਸਜ਼ਾਵਾਂ ਨਿਰਧਾਰਤ ਕਰ ਕੇ ਅਤੇ ਨੌਕਰਸ਼ਾਹੀ ਵੱਲੋਂ ਨਿਗਰਾਨੀ ਨੂੰ ਸਮਰੱਥ ਬਣਾ ਕੇ ਇਸ ਰੂਹਾਨੀ ਖੇਤਰ ਵਿੱਚ ਸਟੇਟ ਦੇ ਦਖ਼ਲ ਦਾ ਵਧਦਾ ਰੁਝਾਨ ਸ਼ਰਧਾ ਅਤੇ ਸੱਤਾ ਦੇ ਖ਼ਤਰਨਾਕ ਢੰਗ ਨਾਲ ਰਲਗੱਡ ਹੋਣ ਦਾ ਸੰਕੇਤ ਹੈ। ਜਦੋਂ ਸ਼ਰਧਾ ਤੇ ਅਕੀਦੇ ਦੇ ਮਾਮਲੇ ਕਮੇਟੀਆਂ ਨੂੰ ਸੌਂਪੇ ਜਾਂਦੇ ਹਨ, ਪ੍ਰਸ਼ਾਸਕਾਂ ਨੂੰ ਇਨ੍ਹਾਂ ਬਾਰੇ ਨਿਰਣਾ ਕਰਨ ਦੇ ਅਧਿਕਾਰ ਦਿੱਤੇ ਜਾਂਦੇ ਹਨ ਜਾਂ ਇਹ ਦੰਡ ਸੰਹਿਤਾ ਦੇ ਢਾਂਚੇ ਤਹਿਤ ਲਿਆਂਦੇ ਜਾਂਦੇ ਹਨ ਤਾਂ ਰੂਹਾਨੀ ਤੌਰ 'ਤੇ ਜੁੜਨ ਦੀ ਥਾਂ ਪਵਿੱਤਰ ਮਸਲਿਆਂ ਦੇ ਕਾਨੂੰਨ ਦੇ ਕਟਹਿਰੇ 'ਚ ਆਉਣ ਦਾ ਜੋਖ਼ਮ ਹੁੰਦਾ ਹੈ।

ਅਜਿਹੇ ਰੁਝਾਨ ਨੂੰ ਸਪੱਸ਼ਟ ਤੌਰ 'ਤੇ ਧਰਮ ਤੰਤਰ 'ਚ ਸਖ਼ਤੀ ਲਿਆਉਣਾ, ਧਾਰਮਿਕ ਕੱਟੜਤਾ ਵੱਲ ਵਧਣਾ ਅਤੇ ਸਿਧਾਂਤਕ ਕਠੋਰਤਾ ਵੱਲ ਕਦਮ ਵਧਾਉਣਾ ਆਖਿਆ ਜਾ ਸਕਦਾ ਹੈ। ਸਿੱਖੀ ਪਰੰਪਰਾ ਤਾਂ ਖੁੱਲ੍ਹਦਿਲੀ ਅਤੇ ਗੋਸ਼ਟਿ ਦੀ ਰਵਾਇਤ ਨੂੰ ਪ੍ਰਣਾਈ ਹੈ। ਬੇਅਦਬੀ ਤੋਂ ਰੱਖਿਆ ਦੇ ਨਾਂ 'ਤੇ ਸਖ਼ਤ ਦੰਡਕਾਰੀ ਪ੍ਰਕਿਰਿਆ ਅਪਣਾਉਣ ਨੂੰ ਨਿਯੰਤਰਣ ਦੀ ਕੋਸ਼ਿਸ਼ ਆਖਿਆ ਜਾ ਸਕਦਾ ਹੈ। ਅਜਿਹੇ ਰੁਝਾਨ ਸੱਚਮੁੱਚ ਸਮਝ ਉੱਤੇ ਡਰ ਨੂੰ ਭਾਰੂ ਪਾਉਂਦੇ ਹਨ ਅਤੇ ਹੁਕਮਾਂ ਦੀ ਤਾਮੀਲ ਡੂੰਘੇ ਚਿੰਤਨ ਤੇ ਭਰੋਸੇ ਦੇ ਰਾਹ ਦੀ ਰੁਕਾਵਟ ਬਣ ਸਕਦੀ ਹੈ।

ਇਤਿਹਾਸ ਸਾਨੂੰ ਚੇਤੇ ਕਰਵਾਉਂਦਾ ਹੈ ਕਿ ਸਜ਼ਾ ਦੇ ਡਰ ਨਾਲ ਕਾਇਮ ਰੱਖਿਆ ਗਿਆ ਅਦਬ ਸਿਰਫ਼ ਬੇਚੈਨੀ ਨਾਲ ਨਿਯਮਾਂ ਦੀ ਪਾਲਣਾ ਕਰਦਿਆਂ ਖੋਖਲੀ ਪ੍ਰਕਿਰਿਆ ਬਣ ਕੇ ਰਹਿ ਜਾਂਦਾ ਹੈ। ਵਿਸ਼ਵਾਸ ਨੂੰ ਕਾਨੂੰਨ ਤਹਿਤ ਕਾਇਮ ਨਹੀਂ ਰੱਖਿਆ ਜਾ ਸਕਦਾ ਤੇ ਨਾ ਹੀ ਸਜ਼ਾ ਜਾਂ ਡਰ ਰਾਹੀਂ ਸ਼ਰਧਾ ਉਪਜਾਈ ਜਾ ਸਕਦੀ ਹੈ। ਇਹ ਪ੍ਰਤੱਖ ਹੈ ਕਿ ਅਜਿਹੇ ਕਾਨੂੰਨੀ ਢਾਂਚੇ ਤਹਿਤ ਸਿੱਖ ਭਾਈਚਾਰੇ ਅੰਦਰ ਬੇਅਦਬੀ ਦੇ ਕਿਸੇ ਵੀ ਚਰਚਿਤ ਮਾਮਲੇ ਵਿੱਚ ਯੋਜਨਾਬੱਧ ਮੁਕੱਦਮੇਬਾਜ਼ੀ ਦੀ ਕੋਈ ਖ਼ਾਸ ਮਿਸਾਲ ਨਹੀਂ ਮਿਲਦੀ। ਫਿਰ ਹੁਣ ਸਖ਼ਤ ਕਾਨੂੰਨ ਬਣਾ ਕੇ ਸਜ਼ਾਵਾਂ ਵਧਾਉਣ ਨਾਲ ਕੀ ਹਾਸਲ ਹੋਵੇਗਾ? ਇਹ ਕਦਮ ਧਰਮ ਸਿਧਾਂਤਕ ਤੇ ਰੂਹਾਨੀ ਘੱਟ ਅਤੇ ਸਿਆਸੀ ਤੇ ਸੰਕੇਤਕ ਵਧੇਰੇ ਜਾਪਦਾ ਹੈ।

ਇਸ ਦੀ ਵਿਆਖਿਆ ਦਾ ਇੱਕ ਹਿੱਸਾ ਧਰਮ ਨੂੰ ਸੰਸਥਾਗਤ ਰੂਪ ਦੇਣ ਵਿੱਚ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਵਰਗੀਆਂ ਸੰਸਥਾਵਾਂ ਨੇ ਇਤਿਹਾਸਕ ਤੌਰ 'ਤੇ ਸਿੱਖੀ ਰਵਾਇਤਾਂ ਦੀ ਪਾਲਣਾ ਵਿੱਚ ਅਹਿਮ ਭੂਮਿਕਾਵਾਂ ਨਿਭਾਈਆਂ ਹਨ। ਫਿਰ ਵੀ ਸੰਸਥਾਵਾਂ ਦੀ ਅੰਦਰੂਨੀ ਸਮਝ ਤਹਿਤ ਆਧੁਨਿਕ ਸੰਸਾਰ ਦੀਆਂ ਪੇਚੀਦਗੀਆਂ ਨਾਲ ਸਿੱਝਣ ਵਿੱਚ ਮੁਸ਼ਕਿਲ ਆਉਣ ਦੀ ਸੰਭਾਵਨਾ ਹੈ।

ਆਲਮੀ ਸਿੱਖ ਭਾਈਚਾਰੇ ਕਾਰਨ ਇਸ ਦੀ ਜ਼ਰੂਰਤ ਹੋਰ ਵੀ ਵਧੇਰੇ ਹੈ। ਜਿਉਂ-ਜਿਉਂ ਸਿੱਖ ਭਾਈਚਾਰਾ ਹੋਰ ਮਹਾਂਦੀਪਾਂ ਵਿੱਚ ਫੈਲ ਰਿਹਾ ਹੈ, ਸ੍ਰੀ ਗੁਰੂ ਗ੍ਰੰਥ ਸਾਹਿਬ ਤੱਕ ਪਹੁੰਚ, ਵੱਖ-ਵੱਖ ਭਾਸ਼ਾਵਾਂ ਵਿੱਚ ਤਰਜਮਾ ਅਤੇ ਸੰਦਰਭ ਮੁਤਾਬਿਕ ਸੇਧ ਲੈਣਾ ਲਾਜ਼ਮੀ ਹੋ ਜਾਂਦਾ ਹੈ।

ਆਖ਼ਰਕਾਰ ਮੁੱਦਾ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸੁਰੱਖਿਆ ਦਾ ਨਹੀਂ ਹੈ। ਇਸ ਸੰਦਰਭ 'ਚ ਇਸ ਦੇ ਸਤਿਕਾਰ ਲਈ ਬਣਾਏ ਗਏ ਨਿਯਮ ਅਤੇ ਸ਼ਰਤਾਂ ਪੜਚੋਲ ਦੀ ਮੰਗ ਕਰਦੇ ਹਨ। ਸਖ਼ਤ ਢੰਗ-ਤਰੀਕੇ ਵਰਤ ਕੇ ਸ਼ਬਦ ਗੁਰੂ ਦੀ ਰੱਖਿਆ ਕਰਨ ਦਾ ਮਤਲਬ ਅਸਿੱਧੇ ਤੌਰ 'ਤੇ ਇਹ ਮੰਨਣਾ ਜਾਪਦਾ ਹੈ ਕਿ ਇਸ ਦੀ ਰੂਹਾਨੀ ਸ਼ਕਤੀ ਮਨੁੱਖੀ ਜਾਂਚ-ਪੜਤਾਲ ਦੇ ਘੇਰੇ ਵਿੱਚ ਲਿਆਂਦੀ ਜਾ ਸਕਦੀ ਹੈ। ਉਸ ਸੂਰਤ ਵਿੱਚ ਕੀ ਕਿਹਾ ਜਾਵੇਗਾ, ਜਦੋਂ ਕਿਸੇ ਪਵਿੱਤਰ ਧਰਮ ਗ੍ਰੰਥ ਦੀ ਸ਼ਕਤੀ ਦਾ ਅਸਲ ਮਾਪਦੰਡ ਇਸ ਦੀ ਬੇਅਦਬੀ ਕੀਤੇ ਜਾਣ ਤੋਂ ਰੋਕਣ ਵਿੱਚ ਨਹੀਂ ਸਗੋਂ ਸ਼ਰਧਾਵਾਨਾਂ ਨੂੰ ਘੋਖ-ਪੜਤਾਲ ਵਾਲੇ ਸਵਾਲ ਕਰਨ ਲਈ ਉਤਸ਼ਾਹਿਤ ਕਰਨ ਦੀ ਸਮਰੱਥਾ ਵਿੱਚ ਹੋਵੇ?

ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਸਤਿਕਾਰ ਇਸ ਨੂੰ ਸੁਰੱਖਿਅਤ ਰੱਖਣ ਲਈ ਅਜਾਇਬਘਰ ਦੀਆਂ ਸ਼ੈਆਂ ਵਾਂਗ ਇਸ ਨੂੰ ਲੋਕਾਂ ਤੋਂ ਦੂਰ ਰੱਖਣ ਨਾਲ ਨਹੀਂ ਹੋਣਾ, ਜਿਸ ਬਾਰੇ ਸਵਾਲ ਨਾ ਕੀਤੇ ਜਾ ਸਕਣ, ਸਗੋਂ ਇਲਾਹੀ ਬਾਣੀ ਨੂੰ ਜਾਗਤ ਜੋਤ ਮੰਨਦਿਆਂ ਇਸ ਦੇ ਮਨੁੱਖ ਨੂੰ ਹਰ ਪੱਖ ਤੋਂ ਬਦਲਣ ਦੀ ਸਮਰੱਥਾ ਨੂੰ ਸਮਝਣ ਨਾਲ ਹੋਵੇਗਾ। ਇਸ ਨੂੰ ਸਮਝਣ ਦੀ ਕੋਸ਼ਿਸ਼ ਕਰਨ ਦੀ ਥਾਂ ਸੁਰੱਖਿਆ ਦੀ ਰੱਟ ਲਗਾਉਣਾ ਇਸ ਪਾਵਨ ਪਵਿੱਤਰ ਧਰਮ ਗ੍ਰੰਥ ਨੂੰ ਮਹਿਜ਼ ਪਵਿੱਤਰ ਨਿਸ਼ਾਨੀ ਬਣਾਉਣ ਦਾ ਯਤਨ ਜਾਪਦਾ ਹੈ। ਇਸ ਦੇ ਨਾਲ ਹੀ ਇਸ ਦਾ ਮਤਲਬ ਕੱਟੜਤਾ ਅਤੇ ਨਿਯੰਤਰਣ ਤੇ ਦੰਡਕਾਰੀ ਅਥਾਰਿਟੀ ਦੇ ਪ੍ਰਭਾਵ ਕਾਰਨ ਰੂਹਾਨੀ ਸੱਚ ਦੀ ਭਾਲ ਨੂੰ ਤਿਆਗ ਦੇਣਾ ਜਾਪਦਾ ਹੈ। ਕਿਸੇ ਧਾਰਮਿਕ ਗ੍ਰੰਥ ਪ੍ਰਤੀ ਸ਼ਰਧਾ ਦਾ ਮਾਪਦੰਡ ਇਹ ਨਹੀਂ ਹੈ ਕਿ ਕਿਸੇ ਪਵਿੱਤਰ ਗ੍ਰੰਥ ਦੀ ਕਿੰਨੀ ਸਖ਼ਤ ਸੁਰੱਖਿਆ ਕੀਤੀ ਜਾਂਦੀ ਹੈ, ਸਗੋਂ ਇਸ ਨੂੰ ਸਮਝਣ ਅਤੇ ਇਸ ਅਨੁਸਾਰ ਜੀਵਨ ਜਿਊਣ ਵਿੱਚ ਹੈ।

ਜਦੋਂ ਧਰਮ ਨੂੰ ਕਾਨੂੰਨ ਦੇ ਦਾਇਰੇ ਹੇਠ ਲਿਆਇਆ ਜਾਂਦਾ ਹੈ ਤਾਂ ਇਹ ਉਨ੍ਹਾਂ ਲੋਕਾਂ ਦੀ ਪਹੁੰਚ ਤੋਂ ਦੂਰ ਚਲਾ ਜਾਂਦਾ ਹੈ, ਜਿਨ੍ਹਾਂ ਦਾ ਇਸ ਨੇ ਮਾਰਗਦਰਸ਼ਨ ਕਰਨਾ ਹੁੰਦਾ ਹੈ। ਧਰਮ ਦੀ ਅਹਿਮੀਅਤ ਇਸ ਨੂੰ ਸੀਮਿਤ ਕਰਨ ਵਿੱਚ ਨਹੀਂ ਸਗੋਂ ਮਨੁੱਖਤਾ ਦੀ ਸੇਵਾ ਲਈ ਇਸ ਮੁਤਾਬਿਕ ਜੀਵਨ ਜਿਊਣ ਵਿੱਚ ਹੈ।

*ਸਾਬਕਾ ਜੱਜ, ਦਿੱਲੀ ਹਾਈ ਕੋਰਟ।




22 ਜੂਨ, 2025 ਨੂੰ, ਕੈਨੇਡੀਅਨ ਟੀਮ ਨੇ ਭਾਰਤ ਅਤੇ ਸ੍ਰੀਲੰਕਾ ਵਿੱਚ ਹੋਣ ਵਾਲੇ 2026 ਟੀ-20 ਵਿਸ਼ਵ ਕੱਪ ਲਈ ਕੁਆਲੀਫਾਈ ਕੀਤਾ। ਵਿਸ਼ਵ ਕੱਪ ਤੋਂ ਪੰਜ ਹਫ਼ਤੇ ਪਹਿਲਾਂ, ਕੈਨੇਡੀਅਨ ਸੂਬੇ ਓਨਟਾਰੀਓ ਦੇ ਬ੍ਰੈਂਪਟਨ ਸਿਟੀ ਹਾਲ ਵਿੱਚ ਇੱਕ ਵੱਡਾ ਇਕੱਠ ਇਕੱਠਾ ਹੋਇਆ। ਦੇਸ਼ ਦੀ ਕ੍ਰਿਕਟ ਟੀਮ ਦਾ ਦੌਰਾ ਨਿਸ਼ਚਿਤ ਕੀਤਾ ਜਾ ਰਿਹਾ ਸੀ। ਸ਼ਹਿਰ ਦੇ ਮੇਅਰ ਅਤੇ ਕਈ ਕ੍ਰਿਕਟ ਪ੍ਰਸ਼ੰਸਕ ਮੌਜੂਦ ਸਨ। ਮੇਅਰ ਪੈਟ੍ਰਿਕ ਬ੍ਰਾਊਨ ਨੇ ਟੀ-20 ਵਿਸ਼ਵ ਕੱਪ ਲਈ ਟੀਮ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਨਿਕੋਲਸ ਕਰਟਨ ਟੀਮ ਵੱਲੋਂ ਧੰਨਵਾਦ ਪ੍ਰਗਟ ਕਰਨ ਲਈ ਆਏ ਸਨ। ਇਹ ਮੰਨਿਆ ਜਾ ਰਿਹਾ ਸੀ ਕਿ ਨਿਕੋਲਸ ਟੀ-20 ਵਿਸ਼ਵ ਕੱਪ ਵਿੱਚ ਟੀਮ ਦੀ ਅਗਵਾਈ ਕਰਨਗੇ। ਸਾਰਿਆਂ ਦੀਆਂ ਸ਼ੁਭਕਾਮਨਾਵਾਂ ਨਾਲ, ਟੀਮ ਸ਼੍ਰੀਲੰਕਾ ਲਈ ਰਵਾਨਾ ਹੋ ਗਈ, ਜਿੱਥੇ ਉਨ੍ਹਾਂ ਨੇ ਟੂਰਨਾਮੈਂਟ ਸ਼ੁਰੂ ਹੋਣ ਤੋਂ ਪਹਿਲਾਂ ਸਿਖਲਾਈ ਲੈਣੀ ਸੀ। ਕੁਝ ਦਿਨਾਂ ਦੇ ਅੰਦਰ, ਖ਼ਬਰ ਆਈ ਕਿ ਦਿਲਪ੍ਰੀਤ ਬਾਜਵਾ, ਜੋ ਉਸ ਸਮੇਂ 23 ਸਾਲ ਦਾ ਸੀ, ਕੈਨੇਡੀਅਨ ਟੀਮ ਦੀ ਕਪਤਾਨੀ ਕਰੇਗਾ। ਇਹ ਫੈਸਲਾ ਅਚਾਨਕ ਸੀ। ਪਰ ਕੈਨੇਡਾ ਇੱਕ ਵੱਡੀ ਟੀਮ ਨਹੀਂ ਸੀ, ਅਤੇ ਇਸ ਫੈਸਲੇ 'ਤੇ ਵਿਆਪਕ ਤੌਰ 'ਤੇ ਚਰਚਾ ਨਹੀਂ ਹੋਈ।

17 ਫਰਵਰੀ ਨੂੰ, ਕੈਨੇਡਾ ਨੇ ਟੂਰਨਾਮੈਂਟ ਦਾ ਆਪਣਾ ਤੀਜਾ ਮੈਚ ਖੇਡਿਆ, ਅਤੇ ਨਿਊਜ਼ੀਲੈਂਡ ਨੇ ਉਨ੍ਹਾਂ ਨੂੰ 29 ਗੇਂਦਾਂ ਬਾਕੀ ਰਹਿੰਦਿਆਂ 8 ਵਿਕਟਾਂ ਨਾਲ ਹਰਾਇਆ। ਇਸ ਮੈਚ ਤੋਂ ਬਾਅਦ, ਇੱਕ ਟੀਮ ਮੀਟਿੰਗ ਹੋਈ, ਜਿਸ ਦੌਰਾਨ ਟੀਮ ਦੇ ਕਪਤਾਨ ਦਿਲਪ੍ਰੀਤ ਬਾਜਵਾ ਗੈਰਹਾਜ਼ਰ ਸਨ। ਦਰਅਸਲ, ਆਈਸੀਸੀ ਦੀ ਭ੍ਰਿਸ਼ਟਾਚਾਰ ਵਿਰੋਧੀ ਇਕਾਈ ਉਨ੍ਹਾਂ ਦਾ ਇੰਟਰਵਿਊ ਲੈ ਰਹੀ ਸੀ। ਇਸ ਗੱਲਬਾਤ ਦੌਰਾਨ, ਦਿਲਪ੍ਰੀਤ ਬਾਜਵਾ ਦਾ ਫ਼ੋਨ ਵੀ ਚੈੱਕ ਕੀਤਾ ਗਿਆ।

ਇਹ ਸਭ ਕੁਝ ਸੀਬੀਐਸ ਦੇ ਜਾਂਚ ਦਸਤਾਵੇਜ਼ੀ ਵਿੰਗ, ਦ ਫਿਫਥ ਅਸਟੇਟ ਦੁਆਰਾ ਇੱਕ ਦਸਤਾਵੇਜ਼ੀ ਵਿੱਚ ਪ੍ਰਗਟ ਕੀਤਾ ਗਿਆ ਹੈ। ਇਹ 43 ਮਿੰਟ ਦੀ ਦਸਤਾਵੇਜ਼ੀ ਕੈਨੇਡੀਅਨ ਕ੍ਰਿਕਟ ਬੋਰਡ ਦੇ ਅੰਦਰ ਭ੍ਰਿਸ਼ਟਾਚਾਰ ਅਤੇ ਇਸਦੇ ਚੋਟੀ ਦੇ ਖਿਡਾਰੀਆਂ ਨੇ ਮੈਚ ਫਿਕਸ ਕਰਨ ਲਈ ਆਪਣੇ ਪ੍ਰਭਾਵ ਦੀ ਵਰਤੋਂ ਕਿਵੇਂ ਕੀਤੀ, ਦਾ ਵੇਰਵਾ ਦਿੰਦੀ ਹੈ। ਇਹ ਧਿਆਨ ਦੇਣ ਯੋਗ ਹੈ ਕਿ ਫਿਕਸਿੰਗ ਮੈਚ ਦੇ ਨਤੀਜਿਆਂ ਤੱਕ ਸੀਮਿਤ ਨਹੀਂ ਹੈ, ਸਗੋਂ ਸਪਾਟ-ਫਿਕਸਿੰਗ ਅਤੇ ਸੈਸ਼ਨਾਂ ਦੌਰਾਨ ਪਹਿਲਾਂ ਤੋਂ ਨਿਰਧਾਰਤ ਨਤੀਜਿਆਂ ਤੱਕ ਫੈਲੀ ਹੋਈ ਹੈ।

ਦ ਫਿਫਥ ਅਸਟੇਟ ਦੁਆਰਾ ਬਣਾਈ ਗਈ ਇਹ ਦਸਤਾਵੇਜ਼ੀ ਇੱਕ ਅਜਿਹੇ ਨਾਮ ਦਾ ਵੀ ਖੁਲਾਸਾ ਕਰਦੀ ਹੈ ਜਿਸਨੇ ਇਸ ਪੂਰੇ ਮਾਮਲੇ ਨੂੰ ਹੋਰ ਵੀ ਸਨਸਨੀਖੇਜ਼ ਬਣਾ ਦਿੱਤਾ ਹੈ। ਇਹ ਨਾਮ ਲਾਰੈਂਸ ਬਿਸ਼ਨੋਈ ਦਾ ਹੈ, ਜੋ ਕਿ ਭਾਰਤ ਵਿੱਚ ਕੈਦ ਇੱਕ ਗੈਂਗਸਟਰ ਹੈ। ਲਾਰੈਂਸ ਬਿਸ਼ਨੋਈ ਦਾ ਗਿਰੋਹ




ਕੈਨੇਡਾ ਵਿੱਚ ਬਹੁਤ ਸਰਗਰਮ ਹੈ ਅਤੇ ਪਹਿਲਾਂ ਵੀ ਕਈ ਘਟਨਾਵਾਂ ਵਿੱਚ ਸ਼ਾਮਲ ਰਿਹਾ ਹੈ। ਇਸ ਗਿਰੋਹ ਨੇ ਕੈਨੇਡਾ ਵਿੱਚ ਕਪਿਲ ਸ਼ਰਮਾ ਦੇ ਕੈਫੇ 'ਤੇ ਵੀ ਗੋਲੀਆਂ ਚਲਾਈਆਂ ਸਨ, ਜਿਸਦੀ ਇੱਕ ਵੀਡੀਓ ਵਾਇਰਲ ਹੋਈ ਸੀ। ਦ ਫਿਫਥ ਅਸਟੇਟ ਦੇ ਪੱਤਰਕਾਰ ਸਟੀਵਨ ਡਿਸੂਜ਼ਾ ਸਿੱਧੇ ਤੌਰ 'ਤੇ ਕੈਨੇਡਾ ਦੇ ਤਤਕਾਲੀ ਪ੍ਰੈਸੀਡੈਂਟ ਅਮਜਦ ਬਾਜਵਾ ਤੋਂ ਪੁੱਛਦੇ ਹਨ ਕਿ ਕੀ ਕੈਨੇਡੀਅਨ ਕ੍ਰਿਕਟ ਲਾਰੈਂਸ ਬਿਸ਼ਨੋਈ ਦੇ ਇਸ਼ਾਰੇ 'ਤੇ ਚਲਾਇਆ ਜਾ ਰਿਹਾ ਸੀ। ਅਮਜਦ ਬਾਜਵਾ ਨੇ ਜਵਾਬ ਦਿੱਤਾ ਕਿ ਉਸਨੂੰ ਇਸ ਬਾਰੇ ਕੋਈ ਜਾਣਕਾਰੀ ਨਹੀਂ ਸੀ। ਉਸਨੇ ਇਹ ਵੀ ਕਿਹਾ ਕਿ ਉਹ ਦਿਲਪ੍ਰੀਤ ਬਾਜਵਾ ਨੂੰ ਆਈਸੀਸੀ ਦੀ ਭ੍ਰਿਸ਼ਟਾਚਾਰ ਵਿਰੋਧੀ ਇਕਾਈ ਦੁਆਰਾ ਤਲਬ ਕੀਤੇ ਜਾਣ ਤੋਂ ਅਣਜਾਣ ਸਨ। ਇਹ ਲਗਭਗ ਅਸੰਭਵ ਜਾਪਦਾ ਹੈ ਕਿ ਉਹ, ਬੋਰਡ ਪ੍ਰਧਾਨ ਹੋਣ ਦੇ ਨਾਤੇ, ਇਸ ਬਾਰੇ ਜਾਣੂ ਨਹੀਂ ਹੋਣਗੇ।

ਦਸਤਾਵੇਜ਼ੀ ਇੱਕ ਘਟਨਾ ਦਾ ਵੀ ਵਰਣਨ ਕਰਦੀ ਹੈ ਜਿਸ ਵਿੱਚ ਲੋਕਾਂ ਦੇ ਇੱਕ ਸਮੂਹ ਨੇ ਇੱਕ ਸਟਾਰ ਕੈਨੇਡੀਅਨ ਖਿਡਾਰੀ ਕੋਲ ਪਹੁੰਚ ਕੀਤੀ ਅਤੇ ਉਸਨੂੰ ਧਮਕੀ ਦਿੱਤੀ ਕਿ "ਕੁਝ" ਖਿਡਾਰੀਆਂ ਨੂੰ ਟੀਮ ਵਿੱਚ ਰਹਿਣਾ ਚਾਹੀਦਾ ਹੈ, ਨਹੀਂ ਤਾਂ ਨਤੀਜੇ ਭਿਆਨਕ ਹੋਣਗੇ। ਇਹ "ਕੁਝ" ਖਿਡਾਰੀ, ਗਿਰੋਹ ਦੇ ਇਸ਼ਾਰੇ 'ਤੇ, ਮੈਚ ਫਿਕਸਿੰਗ ਵਿੱਚ ਰੁੱਝੇ ਹੋਏ ਸਨ, ਲੋਕਾਂ ਨੂੰ ਕਿਸਮਤ ਕਮਾਉਣ ਦੇ ਮੌਕੇ ਪ੍ਰਦਾਨ ਕਰਦੇ ਸਨ। ਇਹ ਬਿਰਤਾਂਤ ਦਸਤਾਵੇਜ਼ੀ ਵਿੱਚ ਇੱਕ ਅਣਜਾਣ ਵਿਅਕਤੀ ਦੁਆਰਾ ਦੱਸਿਆ ਗਿਆ ਸੀ, ਜਿਸਦੀ ਪਛਾਣ ਸੁਰੱਖਿਆ ਕਾਰਨਾਂ ਕਰਕੇ ਗੁਪਤ ਰੱਖੀ ਗਈ ਸੀ। ਫਿਫਥ ਅਸਟੇਟ ਦਾ ਕਹਿਣਾ ਹੈ ਕਿ ਇਹ ਅਣਜਾਣ ਵਿਅਕਤੀ ਉੱਥੇ ਕ੍ਰਿਕਟ ਜਗਤ ਦੀ ਇੱਕ ਪ੍ਰਮੁੱਖ ਹਸਤੀ ਸੀ। ਅਣਜਾਣ ਵਿਅਕਤੀ ਨੇ ਆਪਣੇ ਫ਼ੋਨ 'ਤੇ ਇੱਕ ਸੁਨੇਹਾ ਵੀ ਸਾਂਝਾ ਕੀਤਾ, ਜਿਸ ਵਿੱਚ ਉਸਨੂੰ ਜਾਨੋਂ ਮਾਰਨ ਦੀ ਧਮਕੀ ਦਿੱਤੀ ਗਈ ਸੀ ਅਤੇ ਲਾਰੈਂਸ ਬਿਸ਼ਨੋਈ ਦੇ ਗਿਰੋਹ ਦਾ ਨਾਮ ਲਿਆ ਗਿਆ ਸੀ।

ਇੱਕ ਕਾਲ ਰਿਕਾਰਡਿੰਗ ਜਿਸਨੇ ਸਵਾਲ ਖੜ੍ਹੇ ਕੀਤੇ ਇੱਕ ਕਾਲ ਰਿਕਾਰਡਿੰਗ ਨੇ ਇਸ ਜਾਂਚ ਵਿੱਚ ਮਹੱਤਵਪੂਰਨ ਸੂਝਾਂ ਦਾ ਖੁਲਾਸਾ ਕੀਤਾ ਹੈ। ਇਹ ਰਿਕਾਰਡਿੰਗ ਖੁਰਮ ਚੌਹਾਨ ਦੀ ਹੈ, ਜਿਸਨੇ ਕੈਨੇਡਾ ਲਈ ਕ੍ਰਿਕਟ ਖੇਡਿਆ ਅਤੇ ਬਾਅਦ ਵਿੱਚ ਟੀਮ ਦੇ ਮੁੱਖ ਕੋਚ ਵਜੋਂ ਸੇਵਾ ਨਿਭਾਈ। ਇੱਕ ਸਾਥੀ ਨਾਲ ਫ਼ੋਨ ਕਾਲ ਦੌਰਾਨ, ਖੁਰਮ ਨੂੰ ਇਹ ਕਹਿੰਦੇ ਸੁਣਿਆ ਜਾ ਸਕਦਾ ਹੈ ਕਿ ਜਦੋਂ ਉਹ ਟੀਮ ਦਾ ਕੋਚ ਸੀ, ਤਾਂ ਉਸਨੂੰ ਪਲੇਇੰਗ ਇਲੈਵਨ ਅਤੇ ਬੱਲੇਬਾਜ਼ੀ ਕ੍ਰਮ ਵਾਲੀ ਇੱਕ ਸੂਚੀ ਦਿੱਤੀ ਗਈ ਸੀ। ਉਸ ਕਾਲ ਦੌਰਾਨ, ਖੁਰਮ ਨੇ ਕਿਹਾ ਕਿ ਉਸਨੂੰ ਸਿਰਫ਼ ਉਨ੍ਹਾਂ ਖਿਡਾਰੀਆਂ ਨੂੰ ਟੀਮ ਵਿੱਚ ਰੱਖਣ ਅਤੇ ਉਨ੍ਹਾਂ ਨੂੰ ਇਸ ਕ੍ਰਮ ਵਿੱਚ ਫੀਲਡ ਕਰਨ ਦਾ ਨਿਰਦੇਸ਼ ਦਿੱਤਾ ਗਿਆ ਸੀ। ਉਸੇ ਕਾਲ ਵਿੱਚ, ਉਸਨੇ 2025 ਦੇ ਕੈਨੇਡਾ ਬਨਾਮ ਨਾਮੀਬੀਆ ਮੈਚ ਦਾ ਜ਼ਿਕਰ ਕੀਤਾ। ਉਸਨੂੰ ਇਸ ਮੈਚ ਤੋਂ ਪਹਿਲਾਂ ਇੱਕ ਸਮਾਨ ਸੂਚੀ ਦਿੱਤੀ ਗਈ ਸੀ, ਪਰ ਚੌਹਾਨ ਨੇ ਆਪਣੀ ਪਸੰਦ ਅਨੁਸਾਰ ਖਿਡਾਰੀਆਂ ਅਤੇ ਬੱਲੇਬਾਜ਼ੀ ਕ੍ਰਮ ਦੋਵਾਂ ਨੂੰ ਚੁਣਿਆ। ਚੌਹਾਨ ਦੇ ਅਨੁਸਾਰ, ਕੈਨੇਡਾ ਨੇ ਮੈਚ ਜਿੱਤ ਲਿਆ, ਅਤੇ ਮੈਚ ਤੋਂ ਬਾਅਦ, ਉਸਨੂੰ ਕ੍ਰਿਕਟ ਕੈਨੇਡਾ ਬੋਰਡ ਦੇ ਸੀਈਓ ਸਲਮਾਨ ਖਾਨ ਦਾ ਫ਼ੋਨ ਆਇਆ, ਜਿਸ ਵਿੱਚ ਪੁੱਛਿਆ ਗਿਆ ਕਿ ਉਸਨੇ ਅਜਿਹਾ ਕਿਉਂ ਕੀਤਾ।

ਦ ਫਿਫਥ ਅਸਟੇਟ ਦਸਤਾਵੇਜ਼ੀ ਵਿੱਚ ਦਿਖਾਈ ਗਈ ਕਥਿਤ ਗੱਲਬਾਤ ਵਿੱਚ, ਖੁਰਮ ਚੌਹਾਨ ਨੇ ਸਪੱਸ਼ਟ ਤੌਰ 'ਤੇ ਕ੍ਰਿਕਟ ਕੈਨੇਡਾ ਦੇ ਸੀਈਓ ਸਲਮਾਨ ਖਾਨ, ਬੋਰਡ ਪ੍ਰਧਾਨ ਅਮਜਦ ਬਾਜਵਾ ਅਤੇ ਬੋਰਡ ਮੈਂਬਰ ਰਾਣਾ ਇਮਰਾਨ ਦਾ ਨਾਮ ਲਿਆ, ਅਤੇ ਕਿਹਾ ਕਿ ਉਹ ਸਾਰੇ ਇਸ ਘੁਟਾਲੇ ਵਿੱਚ ਸ਼ਾਮਲ ਸਨ।

## ਅੰਮ੍ਰਿਤਸਰ ਦੀਆਂ ਗਲੀਆਂ ਤੋਂ Time 100 ਤੱਕ: Chef Vikas Khanna ਨੇ ਵਿਸ਼ਵ ਪੱਧਰ 'ਤੇ

ਅੰਮ੍ਰਿਤਸਰ ਦੀ ਅਮੀਰ ਪਕਵਾਨ ਵਿਰਾਸਤ ਨੂੰ ਅੱਜ ਉਸ ਵੇਲੇ ਵੱਡਾ ਕੌਮਾਂਤਰੀ ਮਾਣ ਮਿਲਿਆ ਜਦੋਂ ਇਸੇ ਪਵਿੱਤਰ ਸ਼ਹਿਰ ਦੀਆਂ ਗਲੀਆਂ ਵਿੱਚੋਂ ਨਿਕਲੇ ਮਸ਼ਹੂਰ ਸ਼ੈੱਫ ਵਿਕਾਸ ਖੰਨਾ ਨੂੰ ਸਾਲ 2026 ਦੇ 'ਟਾਈਮ 100' (TIME100) ਸਭ ਤੋਂ ਪ੍ਰਭਾਵਸ਼ਾਲੀ ਵਿਅਕਤੀਆਂ ਦੀ ਸੂਚੀ ਵਿੱਚ ਸ਼ਾਮਲ ਕੀਤਾ ਗਿਆ। ਇਸ ਪ੍ਰਾਪਤੀ ਨਾਲ ਜਿੱਥੇ ਖੰਨਾ ਨੇ ਗਲੋਬਲ ਸਟੇਜ 'ਤੇ ਆਪਣੀ ਧੱਕ ਜਮਾਈ ਹੈ, ਉੱਥੇ ਹੀ ਅੰਮ੍ਰਿਤਸਰੀਆਂ ਵਿੱਚ ਖੁਸ਼ੀ ਦੀ ਲਹਿਰ ਹੈ।

ਸੰਘਰਸ਼ਾਂ ਭਰੀ ਸ਼ੁਰੂਆਤ: ਸਕੂਲ ਦੇ ਬਾਹਰ ਵੇਚੇ ਸੀ ਭਟੂਰੇ

ਸਫਲਤਾ ਦੀ ਨਵੀਂ ਇਬਾਰਤਪੰਜਾਬੀ ਸੁਆਦ ਨੂੰ ਸੱਤ ਸਮੁੰਦਰੋਂ ਪਾਰ ਪਹੁੰਚਾਉਣ ਵਾਲੇ ਵਿਕਾਸ ਖੰਨਾ ਦਾ ਸਫ਼ਰ ਬੇਹੱਦ ਚੁਣੌਤੀਪੂਰਨ ਰਿਹਾ ਹੈ। ਸਾਲ 1989 ਵਿੱਚ ਉਹ ਵਿਵੇਕ ਪਬਲਿਕ ਸਕੂਲ ਦੇ ਬਾਹਰ ਭਟੂਰੇ-ਛੋਲੇ ਵੇਚਿਆ ਕਰਦੇ ਸਨ। ਇਸ ਤੋਂ ਇੱਕ ਸਾਲ ਬਾਅਦ ਉਨ੍ਹਾਂ ਨੇ ਆਪਣੇ ਘਰ ਦੇ ਪਿਛਲੇ ਹਿੱਸੇ ਤੋਂ 'ਲਾਰੈਂਸ ਗਾਰਡਨ ਬੈਂਕੁਏਟ' ਦੀ ਸ਼ੁਰੂਆਤ ਕੀਤੀ। 1991 ਵਿੱਚ ਜਦੋਂ ਉਨ੍ਹਾਂ ਨੇ ਕੁਲਨਰੀ ਆਰਟਸ (ਖਾਣਾ ਬਣਾਉਣ ਦੀ ਕਲਾ) ਨੂੰ ਆਪਣਾ ਕਰੀਅਰ ਚੁਣਿਆ, ਤਾਂ ਉਨ੍ਹਾਂ ਦੀ ਦਾਦੀ ਤੋਂ ਇਲਾਵਾ ਲਗਭਗ ਹਰ ਕਿਸੇ ਨੇ ਇਸ ਫੈਸਲੇ ਦਾ ਵਿਰੋਧ ਕੀਤਾ ਸੀ।

ਨਿਊਯਾਰਕ ਦੀਆਂ ਸੜਕਾਂ 'ਤੇ ਕੱਟੀਆਂ ਰਾਤਾਂ ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਆਪਣੀਆਂ ਭਾਵਨਾਵਾਂ ਸਾਂਝੀਆਂ ਕਰਦਿਆਂ ਖੰਨਾ ਨੇ ਦੱਸਿਆ ਕਿ ਸਾਲ 2000 ਵਿੱਚ ਉਨ੍ਹਾਂ ਦੇ ਕਾਰੋਬਾਰ ਦੇ ਢਹਿ-ਢੇਰੀ ਹੋਣ ਤੋਂ ਬਾਅਦ ਉਹ ਨਵੀਂ ਉਮੀਦ ਲੈ ਕੇ ਅਮਰੀਕਾ ਚਲੇ ਗਏ ਸਨ। ਪਰ ਉੱਥੇ ਵੀ ਰਾਹ ਸੌਖਾ ਨਹੀਂ ਸੀ। ਉਨ੍ਹਾਂ ਨੇ ਨਿਊਯਾਰਕ ਵਿੱਚ ਘਰਾਂ ਦੀ ਸਫਾਈ ਕੀਤੀ ਅਤੇ ਸੜਕਾਂ 'ਤੇ ਖਾਣਾ ਵੇਚਿਆ। ਕਈ ਰਾਤਾਂ ਗ੍ਰੈਂਡ ਸੈਂਟਰਲ ਸਟੇਸ਼ਨ 'ਤੇ ਸੌਂ ਕੇ ਗੁਜ਼ਾਰੀਆਂ ਅਤੇ ਬੇਘਰ ਹੋਣ ਦਾ ਦਰਦ ਹੰਢਾਇਆ ਅਤੇ ਵਿਦੇਸ਼ ਵਿੱਚ ਨਸਲੀ ਟਿੱਪਣੀਆਂ ਦਾ ਸਾਹਮਣਾ ਕਰਨਾ ਪਿਆ, ਜਿੱਥੇ ਉਨ੍ਹਾਂ ਨੂੰ Curry Boy ਕਹਿ ਕੇ ਚਿੜਾਇਆ ਜਾਂਦਾ ਸੀ।

ਇਨ੍ਹਾਂ ਸਾਰੀਆਂ ਮੁਸ਼ਕਲਾਂ ਦੇ ਬਾਵਜੂਦ ਵਿਕਾਸ ਨੇ ਹਾਰ ਨਹੀਂ ਮੰਨੀ। ਅੱਜ ਉਹ ਕਈ 'ਮਿਸ਼ੇਲਿਨ ਸਟਾਰ' ਜਿੱਤ ਚੁੱਕੇ ਹਨ ਅਤੇ ਉਨ੍ਹਾਂ ਦਾ ਨਵਾਂ ਵੈਂਚਰ 'ਬੰਗਲੋ' (Bungalow) ਬੇਹੱਦ ਸਫਲ ਰਿਹਾ ਹੈ। ਟਾਈਮ 100 ਦੀ ਸੂਚੀ ਵਿੱਚ ਨਾਮ ਆਉਣ 'ਤੇ ਖੰਨਾ ਨੇ ਕਿਹਾ, "ਮੈਂ ਅਜੇ ਵੀ ਇਸ ਅਹਿਸਾਸ ਨੂੰ ਮਹਿਸੂਸ ਕਰਨ ਦੀ ਕੋਸ਼ਿਸ਼ ਕਰ ਰਿਹਾ ਹਾਂ। ਸਫ਼ਰ ਅਜੇ ਜਾਰੀ ਹੈ।"







ਸਭ ਤੋ ਪਹਿਲਾਂ ਖਾਲਸਾ ਰਾਜ,ਗੁਲਾਮੀ ਦਾ ਸਮਾ ਅਤੇ ਮੌਜੂਦਾ ਦੌਰ ਦਾ ਤੁਲਨਾਤਮਿਕ ਅਧਿਐਨ ਕੀਤਾ ਜਾਣਾ ਬਣਦਾ ਹੈ।ਜੇਕਰ ਖਾਲਸਾ ਰਾਜ ਦੀ ਗੱਲ ਕੀਤੀ ਜਾਵੇ,ਤਾਂ ਉਸ ਮੌਕੇ ਸਿੱਖਿਆ ਦਾ ਮਿਆਰ ਅਤੇ ਮੁਹਾਂਦਰਾ ਜੀਵਨ ਅਧਾਰਿਤ ਹੁੰਦਾ ਸੀ,ਜਿਸ ਨਾਲ ਕੌਮ ਮਜਬੂਤ ਬਣਦੀ ਸੀ। ਗੁਲਾਮੀ ਦੇ ਦੌਰ ਸਮੇ ਵੀ ਜਦੋ ਸਿੱਖ ਸਾਮਰਾਜਵਾਦ ਦੇ ਮਾੜੇ ਮਨਸੂਬਿਆਂ ਨੂੰ ਸਮਝਦੇ ਸਨ,ਭਾਵ 1908 - 1941 ਦੇ ਸਮੇ ਦੌਰਾਨ ਸਿਖਿਆ ਦੇ ਮਿਆਰ ਵਿੱਚ ਸਭ ਤੋ ਵੱਧ ਪੜੀ ਲਿਖੀ ਕੌਮ ਸੀ। ਜਦੋ ਅੱਜ ਦੇ ਸੰਦਰਭ ਵਿੱਚ ਗੱਲ ਕਰਦੇ ਹਾਂ ਤਾਂ ਸਿਰ ਸ਼ਰਮ ਨਾਲ ਝੁਕ ਜਾਂਦਾ ਹੈ,ਕਿਉਂਕਿ ਸਭ ਤੋ ਵੱਧ ਪੜੀ ਲਿਖੀ ਕੌਮ ਮੌਜੂਦਾ ਦੌਰ ਤੱਕ ਪਹੁੰਚਦਿਆਂ ਸਿੱਖਿਆਂ ਨੂੰ ਧਰਮ ਤੋ ਅਲੱਗ ਬਲੱਗ ਕਰਕੇ ਪੂਰੀ ਤਰਾਂ ਵਪਾਰਕ ਬਣਾ ਚੁੱਕੀ ਹੈ ਜਿਸ ਦੇ ਫਲ ਸਰੂਪ ਕੌਮ ਦੇ ਕੋਲ ਸਿਬਾਏ ਫਧਕਣਾ ਤੋ ਕੁੱਝ ਵੀ ਨਹੀ ਹੈ। 17, 18, 19 ਅਪ੍ਰੈਲ 1908 ਦੀਆਂ ਇਹਨਾਂ ਤਾਰੀਖਾਂ ਬਾਰੇ ਪਹਿਲੇ ਲੇਖ ਵਿੱਚ ਵੀ ਵਿਸਥਾਰ ਪੂਰਵਕ ਲਿਖਿਆ ਜਾ ਚੁੱਕਾ ਹੈ। ਉਪਰੋਕਤ ਵਿਦਿਅਕ ਕਾਨਫਰੰਸਾਂ ਸਿੱਖ ਕੌਮ ਦੇ ਵਿਦਿਆਕ ਇਤਿਹਾਸ ਦੇ ਉਸ ਮੋੜ ਦੀਆਂ ਨਿਸ਼ਾਨੀਆਂ ਹਨ ਜਿੱਥੇ ਇਕ ਡਿੱਗਦੀ ਹੋਈ ਸਥਿਤੀ ਨੂੰ ਸਮਝ ਕੇ ਕੌਮ ਨੇ ਮੁੜ ਖੜ੍ਹਨ ਦਾ ਫੈਸਲਾ ਕੀਤਾ ਸੀ। ਗੁਜਰਾਂਵਾਲਾ ਦੀ ਧਰਤੀ 'ਤੇ ਚੀਫ ਖਾਲਸਾ ਦੀਵਾਨ ਵੱਲੋਂ ਸ਼ੁਰੂ ਕੀਤੀ ਗਈ ਸਿੱਖ ਐਜੂਕੇਸ਼ਨਲ ਕਾਨਫਰੰਸ ਇੱਕ ਅਜਿਹਾ ਪ੍ਰੋਗਰਾਮ ਸੀ,ਜਿਸਨੇ ਇੱਕ ਸਿੱਖਿਅਤ ਕੌਮ ਨੂੰ ਗੁਲਾਮ ਹੋ ਜਾਣ ਤੋ ਬਾਅਦ ਸਿੱਖਿਆ ਦੇ ਖੇਤਰ ਵਿੱਚ ਆਏ ਨਿਘਾਰ ਤੋ ਬਚਾਉਣਾ ਸੀ। ਉਸ ਮੌਕੇ ਦੀਆਂ ਉਪਰੋਕਤ ਸਿੱਖ ਸੰਸਥਾਵਾਂ ਦਾ ਇਹ ਟੀਚਾ ਸੀ ਕਿ ਆਪਣੀ ਸੋਚ ਅਤੇ ਆਪਣੇ ਭਵਿੱਖ ਨੂੰ ਸਿੱਖਿਆ ਦੇ ਰਾਹੀਂ ਮਜ਼ਬੂਤ ਕਰਨਾ ਹੈ। ਪਰ ਜੇ ਅਸੀਂ ਇਸ ਇਤਿਹਾਸ ਨੂੰ ਸਿਰਫ਼ 1908 ਤੋਂ ਸ਼ੁਰੂ ਕਰਦੇ ਹਾਂ, ਤਾਂ ਅਸੀਂ ਅੱਧੀ ਤਸਵੀਰ ਦੇਖ ਰਹੇ ਹਾਂ। ਇਸਦੀ ਅਸਲ ਜੜ੍ਹ ਇਸ ਤੋਂ ਕਾਫ਼ੀ ਪਹਿਲਾਂ ਖਾਲਸਾ ਰਾਜ ਵਿੱਚ ਪੈਂਦੀ ਹੈ,ਜਿੱਥੇ ਸਿੱਖਿਆ ਕਾਗਜ਼ੀ ਨਹੀਂ, ਬਲਕਿ ਜੀਵਨ ਦਾ ਹਿੱਸਾ ਸੀ। ਅਸਲ ਸੱਚ ਇਹ ਹੈ ਕਿ ਉਸ ਵੇਲੇ ਸਿੱਖ ਕੌਮ ਕੋਲ ਇੱਕ ਐਸੀ ਸਿੱਖਿਆ ਪ੍ਰਣਾਲੀ ਸੀ ਜੋ ਕਿਤਾਬਾਂ ਤੱਕ ਸੀਮਿਤ ਨਹੀਂ ਸੀ, ਸਗੋਂ ਜੀਵਨ ਵਿੱਚ ਵੱਸਦੀ ਸੀ।ਉਦੋਂ ਗੁਰਦੁਆਰੇ ਧਾਰਮਿਕ ਸਿੱਖਿਆ ਦੇ ਨਾਲ ਦੁਨਿਆਵੀ ਸਿੱਖਿਆ ਦੇ ਵੀ ਵੱਡੇ ਕੇਂਦਰ ਸਨ। ਗੁਰਮੁਖੀ ਲਿਪੀ ਆਮ ਵਰਤੋਂ ਵਿੱਚ ਸੀ। ਗੁਰਬਾਣੀ ਸਿਰਫ਼ ਪਾਠ ਨਹੀਂ ਸੀ,ਜੀਵਨ ਜੀਣ ਦਾ ਮਾਰਗ ਸੀ। ਦਰਬਾਰਾਂ ਵਿੱਚ ਪ੍ਰਸ਼ਾਸਕੀ ਸਿੱਖਿਆ ਮਿਲਦੀ ਸੀ, ਫੌਜ ਵਿੱਚ ਅਨੁਸ਼ਾਸਨ ਅਤੇ ਹਿੰਮਤ ਸਿਖਾਈ ਜਾਂਦੀ ਸੀ। ਇਸ ਤਰ੍ਹਾਂ ਇੱਕ ਆਮ ਸਿੱਖ ਭਾਵੇਂ ਕਾਗਜ਼ੀ ਡਿਗਰੀ ਨਾ ਰੱਖਦਾ ਹੋਵੇ, ਪਰ ਉਹ ਆਪਣੇ ਧਰਮ, ਆਪਣੀ ਪਛਾਣ, ਆਪਣੇ ਫਰਜ਼ ਅਤੇ ਆਪਣੇ ਸਮਾਜਿਕ ਕਰਤੱਵਾਂ ਨੂੰ ਪੂਰੀ ਤਰ੍ਹਾਂ ਸਮਝਦਾ ਸੀ। ਇਹੀ ਅਸਲ ਸਿੱਖਿਆ ਸੀ,ਜੋ ਕੌਮ ਨੂੰ ਮਜ਼ਬੂਤ ਬਣਾਉਂਦੀ ਹੈ।

ਜਦੋਂ ਅੰਗਰੇਜ਼ੀ ਰਾਜ ਆਇਆ, ਤਾਂ ਇਹ ਪੂਰਾ ਮਾਡਲ ਹੌਲੀ-ਹੌਲੀ ਟੁੱਟਣ ਲੱਗਾ। ਸਿੱਖਿਆ ਨੂੰ ਇੱਕ ਨਵਾਂ ਰੂਪ ਦਿੱਤਾ ਗਿਆ,ਜਿੱਥੇ ਮਕਸਦ ਗਿਆਨ ਨਹੀਂ, ਸਿਸਟਮ ਦੀ ਸੇਵਾ ਕਰਨ ਵਾਲੇ ਲੋਕ ਤਿਆਰ ਕਰਨਾ ਸੀ। ਮਿਸ਼ਨਰੀ ਸਕੂਲਾਂ ਰਾਹੀਂ ਧਾਰਮਿਕ ਪ੍ਰਭਾਵ ਪਾਇਆ ਗਿਆ। ਗੁਰਦੁਆਰਿਆਂ ਦੀ ਭੂਮਿਕਾ ਨੂੰ ਘਟਾਉਣ ਦੀਆਂ ਸਾਜਿਸ਼ਾਂ ਹੋਣ ਲੱਗੀਆਂ। ਰਾਜ ਦੀ ਸਿੱਖਿਆ ਕੌਮੀ ਚੇਤਨਾ ਤੋਂ ਹਟ ਕੇ ਇੱਕ ਵਿਦੇਸ਼ੀ ਢਾਂਚੇ ਵਿੱਚ ਫਸਣ ਲੱਗੀ।

ਇਹ ਸਥਿਤੀ ਬੇਹੱਦ ਖਤਰਨਾਕ ਸੀ,ਅਤੇ ਇਸਨੂੰ ਸਭ ਤੋਂ ਪਹਿਲਾਂ ਸਿੰਘ ਸਭਾ ਲਹਿਰ ਅਤੇ ਚੀਫ ਖਾਲਸਾ ਦੀਵਾਨ ਦੇ ਅਗੂਆਂ ਨੇ ਸਮਝਿਆ। 1908 ਦੀ ਸਿੱਖ ਐਜੂਕੇਸ਼ਨਲ ਕਾਨਫਰੰਸ ਇਸ ਗੱਲ ਦਾ ਜਵਾਬ ਸੀ। ਇਹ ਕੋਈ ਨਵੀਂ ਸੋਚ ਨਹੀਂ ਸੀ,ਇਹ ਖਾਲਸਾ ਰਾਜ ਦੀ ਸਿੱਖਿਆ ਦੀ ਆਤਮਾ ਨੂੰ ਆਧੁਨਿਕ ਰੂਪ ਵਿੱਚ ਜਿਉਂਦਾ ਕਰਨ ਦੀ ਕੋਸ਼ਿਸ਼ ਸੀ।

ਖਾਲਸਾ ਸਕੂਲਾਂ ਅਤੇ ਕਾਲਜਾਂ ਦੀ ਸਥਾਪਨਾ ਕੀਤੀ ਗਈ,ਇਸ ਨਿਸ਼ਾਨੇ ਨਾਲ ਕਿ ਸਿੱਖ ਨੌਜਵਾਨ ਆਪਣੇ ਧਰਮ ਨਾਲ ਜੁੜਿਆ ਰਹੇ,ਨੈਤਿਕ ਤੌਰ 'ਤੇ ਮਜ਼ਬੂਤ ਹੋਵੇ ਅਤੇ ਦੁਨੀਆ ਦੇ ਹਰ ਖੇਤਰ ਵਿੱਚ ਅੱਗੇ ਵਧ ਸਕੇ। ਇਹ ਇੱਕ ਵਿਦਿਆਕ ਕ੍ਰਾਂਤੀ ਸੀ,ਜੋ ਸੋਚ ਸਮਝ ਕੇ ਕੌਮੀ ਮਕਸਦ ਦੀ ਪੂਰਤੀ ਹਿਤ ਕੀਤੀ ਗਈ। ਇਸ ਲਹਿਰ ਦਾ ਨਤੀਜਾ 1941 ਦੀ ਮਰਦਮਸ਼ੁਮਾਰੀ ਵਿੱਚ ਸਪਸ਼ਟ ਨਜ਼ਰ ਆਇਆ। ਸਿੱਖ ਕੌਮ ਦੁਵਾਰਾ ਫਿਰ ਪੰਜਾਬ ਦੀ ਸਭ ਤੋਂ ਵੱਧ ਪੜ੍ਹੀ-ਲਿਖੀ ਕੌਮ ਬਣ ਚੁੱਕੀ ਸੀ। ਮਰਦਾਂ ਅਤੇ ਔਰਤਾਂ ਵਿੱਚ ਵਿੱਚ ਲਿਟਰੇਸੀ ਦਰ ਸਭ ਤੋਂ ਵੱਧ ਸੀ। ਕੁੱਲ ਮਿਲਾ ਕੇ ਹੋਰ ਧਰਮਾਂ ਨਾਲੋਂ ਉੱਚਾ ਮਿਆਰ ਸੀ ਖਾਲਸਾ ਪੰਥ ਦਾ। ਇਹ ਸਿਰਫ਼ ਅੰਕੜੇ ਨਹੀਂ ਸਨ, ਬਲਕਿ ਇਹ ਸਬੂਤ ਸੀ ਕਿ ਜਦੋਂ ਸਿੱਖਿਆ ਕੌਮੀ ਅਸੂਲਾਂ ਨਾਲ ਜੁੜੀ ਹੋਵੇ, ਤਾਂ ਨਤੀਜੇ ਇਨਕਲਾਬੀ ਹੁੰਦੇ ਹਨ। ਇਹ ਵੀ ਯਾਦ ਰੱਖਣ ਵਾਲੀ ਗੱਲ ਹੈ ਕਿ ਉਸ ਵੇਲੇ ਨਾ ਵੱਡੇ ਸਰੋਤ ਸਨ, ਨਾ ਟੈਕਨਾਲੋਜੀ,ਪ੍ਰੰਤੂ ਫਿਰ ਵੀ ਨਤੀਜੇ ਸਭ ਤੋਂ ਵਧੀਆ ਸਨ। ਇਸਦਾ ਮਤਲਬ ਸਾਫ਼ ਹੈ ਕਿ ਮਸਲਾ ਸਹੂਲਤਾਂ ਦਾ ਨਹੀਂ, ਇਮਾਨਦਾਰ ਸੋਚ ਦਾ ਹੁੰਦਾ ਹੈ। ਹੁਣ ਜੇ ਅਸੀਂ ਅੱਜ ਦੀ ਸਥਿਤੀ ਨੂੰ ਵੇਖੀਏ, ਤਾਂ ਤਸਵੀਰ ਬਿਲਕੁਲ ਉਲਟੀ ਹੈ। ਅੱਜ ਸਕੂਲ ਵੱਧ ਹਨ,ਕਾਲਜ ਵੱਧ ਹਨ,ਟੈਕਨਾਲੋਜੀ ਮੌਜੂਦ ਹੈ ਪਰ ਨਤੀਜੇ ਸਿਫਰ ਦੇ ਬਰਾਬਰ ਹਨ।ਨੌਜਵਾਨ ਦਿਸ਼ਾਹੀਣ ਹੈ,ਬੇਰੁਜ਼ਗਾਰੀ ਵਧ ਰਹੀ ਹੈ,ਵਿਦੇਸ਼ ਜਾਣ ਦਾ ਰੁਝਾਨ ਵਧ ਰਿਹਾ ਹੈ,ਗੁਰਬਾਣੀ ਨਾਲ ਨਾਤਾ ਕਮਜ਼ੋਰ ਹੋ ਰਿਹਾ ਹੈ।ਇਸ ਸਾਰੇ ਵਰਤਾਰੇ ਨੂੰ ਸਮਝਣ ਦੀ ਲੋੜ ਹੈ। ਅੱਜ ਕਈ ਖਾਲਸਾ ਸਕੂਲ ਅਤੇ ਕਾਲਜ ਸਿਰਫ਼ ਨਾਮ ਦੇ ਹੀ ਰਹਿ ਗਏ ਹਨ। ਫੀਸਾਂ ਆਮ ਸਿੱਖ ਦੀ ਪਹੁੰਚ ਤੋਂ ਬਾਹਰ,ਦਾਖ਼ਲੇ ਪੈਸੇ ਅਤੇ ਸਿਫਾਰਸਾਂ ਨਾਲ ਅਤੇ ਅਧਿਆਪਕ ਚੋਣ ਸਿਰਫ਼ ਡਿਗਰੀ 'ਤੇ ਅਧਾਰਿਕਤ ਕਰ ਦਿੱਤੀ ਗਈ ਹੈ।

ਇਹ ਉਹ ਮਾਡਲ ਨਹੀਂ ਜਿਸ ਨਾਲ ਕੌਮ ਬਣਦੀ ਹੈ,ਬਲਕ ਇਹ ਉਹ ਮਾਡਲ ਹੈ ਜਿਹੜਾ ਅੰਗਰੇਜ ਸਾਮਰਾਜ ਨੇ ਦਿੱਤਾ ਹੈ,ਜਿਸ ਨਾਲ ਕੌਮ ਦਾ ਚਰਿੱਤਰ ਨਹੀ ਬਣਦਾ,ਸਗੋਂ ਬਾਜ਼ਾਰ ਬਣਦਾ ਹੈ। ਉਸ ਸਮੇ ਗੁਰਬਾਣੀ ਦੀ ਸਿੱਖਿਆ ਖਾਲਸਾ ਸਕੂਲਾਂ ਦੀ ਰੀੜ ਦੀ ਹੱਡੀ ਹੋਇਆ ਕਰਦੀ ਸੀ,ਪਰ ਅੱਜ ਇਹ ਸਾਰੀ ਧਾਰਮਿਕ ਵਿਦਿਆ ਵਾਲਾ ਪਰਸੰਗ ਹੀ ਮਨਫ਼ੀ ਕਰ ਦਿੱਤਾ ਗਿਆ ਹੈ। ਜੇ ਇਹ ਹਾਲਤ ਰਹੀ, ਤਾਂ "ਖਾਲਸਾ" ਸਿਰਫ਼ ਇਕ ਲੇਬਲ ਬਣ ਜਾਵੇਗਾ। ਇਹ ਤੁਲਨਾ ਕਿਸੇ ਵਿਆਖਿਆ ਦੀ ਮੋਹਤਾਜ ਨਹੀਂ। ਕੋਈ ਵੀ ਸਿਸਟਮ ਆਪਣੇ ਆਪ ਨਹੀਂ ਡਿੱਗਦਾ,ਸਗੋਂ ਉਹਨੂੰ ਡਿਗਾਇਆ ਜਾਂਦਾ ਹੈ। ਅੱਜ ਸਿੱਖ ਸੰਸਥਾਵਾਂ ਦੀ ਗਿਰਾਵਟ ਦਾ ਸਭ ਤੋਂ ਵੱਡਾ ਕਾਰਨ ਹੈ,ਕਮਜ਼ੋਰ ਅਗਵਾਈ,ਨਿੱਜੀ ਲਾਭ ਦੀ ਸੋਚ ਅਤੇ ਕੌਮੀ ਹਿਤਾਂ ਦੀ ਅਣਦੇਖੀ,ਜਦੋਂ ਆਗੂ ਲਾਲਚ ਵਿੱਚ ਡੁੱਬਦੇ ਹਨ, ਤਾਂ ਕੌਮ ਦਾ ਭਵਿੱਖ ਵੀ ਡੁੱਬ ਜਾਂਦਾ ਹੈ। ਜੇ ਸੱਚਮੁੱਚ ਬਦਲਾਅ ਚਾਹੀਦਾ ਹੈ, ਤਾਂ ਇਹ ਕਦਮ ਲਾਜ਼ਮੀ ਹਨ,ਸਿੱਖਿਆ ਨੂੰ ਮੁੜ ਕੌਮੀ ਨਜਰੀਏ ਤੋ ਦੇਖਣਾ,ਗੁਰਬਾਣੀ ਦੀ ਸਮਝ ਨੂੰ ਲਾਜ਼ਮੀ ਬਣਾਉਣਾ,ਅਧਿਆਪਕਾਂ ਦੀ ਚੋਣ ਵਿੱਚ ਚਰਿੱਤਰ ਨੂੰ ਤਰਜੀਹ,ਫੀਸਾਂ 'ਤੇ ਨਿਯੰਤਰਣ ਅਤੇ ਪ੍ਰਬੰਧ ਵਿੱਚ ਇਮਾਨਦਾਰ ਲੋਕਾਂ ਦੀ ਭਾਗੀਦਾਰੀ। ਜੇਕਰ ਉਪਰੋਕਤ ਵਰਤਾਰੇ ਨੂੰ ਗੰਭੀਰਤਾ ਨਾਲ ਨਾ ਲਿਆ ਅਤੇ ਹੱਲ ਨਾਹ ਲੱਭਿਆ, ਤਾਂ ਅਤੀਤ ਸਿਰਫ਼ ਕਿਤਾਬਾਂ ਵਿੱਚ ਰਹਿ ਜਾਵੇਗਾ ਅਤੇ ਵਰਤਮਾਨ ਹਕੀਕਤ ਬਣ ਕੇ ਸਾਨੂੰ ਹਰ ਰੋਜ਼ ਸੂਲਾਂ ਚੋਭਦਾ ਰਹੇਗਾ।।



ਬਘੇਲ ਸਿੰਘ ਧਾਲੀਵਾਲ
99142-58142

# ਵਿਧਾਇਕ ਲਾਭ ਸਿੰਘ ਉੱਗੋਕੇ ਵੱਲੋਂ ਪਿੰਡ ਕੋਟਦੁੰਨਾ ਵਿੱਚ 11 ਕਰੋੜ ਦੇ ਵਿਕਾਸ ਕਾਰਜਾਂ ਦਾ ਉਦਘਾਟਨ



ਬਰਨਾਲਾ /ਧਨੌਲਾ, 19 ਅਪ੍ਰੈਲ (ਬਘੇਲ ਸਿੰਘ ਧਾਲੀਵਾਲ): ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੀ ਨੁਹਾਰ ਬਦਲਣ ਲਈ ਚਲਾਈ ਜਾ ਰਹੀ ਮੁਹਿੰਮ ਤਹਿਤ ਹਲਕਾ ਭਦੌੜ ਦੇ ਵਿਧਾਇਕ ਲਾਭ ਸਿੰਘ ਉੱਗੋਕੇ ਵੱਲੋਂ ਪਿੰਡ ਕੋਟਦੁੰਨਾ ਵਿਖੇ ਤਕਰੀਬਨ 11 ਕਰੋੜ 40 ਲੱਖ ਰੁਪਏ ਦੀ ਲਾਗਤ ਵਾਲੇ ਵੱਖ-ਵੱਖ ਵਿਕਾਸ ਕਾਰਜਾਂ ਦੇ ਉਦਘਾਟਨ ਅਤੇ ਨੀਂਹ ਪੱਥਰ ਰੱਖੇ ਗਏ। ਵਿਧਾਇਕ ਉੱਗੋਕੇ ਵੱਲੋਂ 1.20 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਈ ਨਵੀਂ ਮੰਡੀ ਲੋਕਾਂ ਨੂੰ ਸਮਰਪਿਤ ਕੀਤੀ ਗਈ। ਕੋਟਦੁੰਨਾ ਤੋਂ ਜੋਗਾ ਜਾਣ ਵਾਲੀ 3.50 ਕਰੋੜ ਰੁਪਏ ਦੀ ਲਾਗਤ ਵਾਲੀ ਸੜਕ ਜਿਸ ਨੂੰ ਕਿ 10 ਫੁੱਟ ਤੋਂ ਚੌੜਾ ਕਰਕੇ 18 ਫੁੱਟ ਕੀਤਾ ਜਾ ਰਿਹਾ ਹੈ, ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਤੋਂ ਇਲਾਵਾ 5 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਕੋਟਦੁੰਨਾ ਤੋਂ ਭੈਣੀ ਫੱਤਾ ਨੂੰ ਜਾਣ ਵਾਲੀ ਸੜਕ ਦਾ ਕੰਮ ਸ਼ੁਰੂ ਕੀਤਾ ਗਿਆ ਅਤੇ 1.75 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਕੋਟਦੁੰਨਾ ਤੋਂ ਪੰਧੇਰ ਜਾਣ ਵਾਲੀ ਸੜਕ ਦਾ ਵੀ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਬੋਲਦਿਆਂ ਵਿਧਾਇਕ ਉੱਗੋਕੇ ਨੇ ਕਿਹਾ ਪੰਜਾਬ ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ। ਅਸੀਂ ਸਿਰਫ਼ ਨੀਂਹ ਪੱਥਰ ਹੀ ਨਹੀਂ ਰੱਖ ਰਹੇ, ਸਗੋਂ ਕੰਮ ਨੂੰ ਅਮਲੀ ਰੂਪ ਵਿੱਚ ਪੂਰਾ ਕਰਕੇ ਲੋਕਾਂ ਦੇ ਸਪੁਰਦ ਕਰ ਰਹੇ ਹਾਂ। ਸੜਕਾਂ 'ਤੇ ਵੱਟੇ ਪਾਏ ਜਾ ਚੁੱਕੇ ਹਨ ਅਤੇ ਆਉਣ ਵਾਲੇ ਕੁਝ ਹੀ ਦਿਨਾਂ ਵਿੱਚ ਸਾਰੀਆਂ ਸੜਕਾਂ ਮੁਕੰਮਲ ਕਰ ਲਈਆਂ ਜਾਣਗੀਆਂ।÷ਵਿਕਾਸ ਕਾਰਜਾਂ ਦੀ ਸ਼ੁਰੂਆਤ ਅਤੇ ਦਾਣਾ ਮੰਡੀ ਦੀ ਸਹੂਲਤ ਮਿਲਣ 'ਤੇ ਪਿੰਡ ਕੋਟਦੁੰਨਾ ਅਤੇ ਆਸ-ਪਾਸ ਦੇ ਪਿੰਡਾਂ ਦੇ ਲੋਕਾਂ ਨੇ ਪੰਜਾਬ ਸਰਕਾਰ ਅਤੇ ਵਿਧਾਇਕ ਉੱਗੋਕੇ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਇਸ ਮੌਕੇ ਗੁਰਜੋਤ ਭੱਠਲ (ਚੇਅਰਮੈਨ ਮਾਰਕੀਟ ਕਮੇਟੀ ਧਨੌਲਾ), ਨਿਰਭੈ ਧੌਲਾ (ਜ਼ਿਲ੍ਹਾ ਪ੍ਰੀਸ਼ਦ ਮੈਂਬਰ), ਸਰਪੰਚ ਬਲਜਿੰਦਰ ਸਿੰਘ ਕਿੰਦਾ, ਲਖਵੀਰ ਕੋਟਦੁੰਨਾ, ਮਨਪ੍ਰੀਤ ਕੋਟਦੁੰਨਾ, ਜਗਦੀਪ ਕੋਟਦੁੰਨਾ, ਗੁਰਬਿੰਦਰ ਗਿੱਲ, ਬਲਾਕ ਪ੍ਰਧਾਨ ਨਾਇਬ ਸਿੰਘ ਪੰਧੇਰ ਅਤੇ ਵੱਡੀ ਗਿਣਤੀ ਇਲਾਕਾ ਨਿਵਾਸੀ ਹਾਜ਼ਰ ਸਨ।

# ਅਗਰਵਾਲ ਸਭਾ ਤਪਾ ਵੱਲੋਂ ਡੀ.ਐਸ.ਪੀ ਗੁਰਪ੍ਰੀਤ ਸਿੰਘ ਸਿੱਧੂ ਦਾ ਸਨਮਾਨ

## ਐਸ.ਐਚ.ਓ ਨਵਦੀਪ ਕੌਰ ਚਾਹਲ ਦਾ ਸਵਾਗਤ



ਤਪਾ ਮੰਡੀ, 19 ਅਪ੍ਰੈਲ (ਭੂਸ਼ਨ ਘੜੈਲਾ) : ਅਗਰਵਾਲ ਸਭਾ ਤਪਾ ਵੱਲੋਂ ਪੰਜਾਬ ਪੁਲਿਸ ਦੇ ਅਧਿਕਾਰੀਆਂ ਦੀਆਂ ਸਮਾਜ ਅਤੇ ਸ਼ਹਿਰ ਪ੍ਰਤੀ ਨਿਭਾਈਆਂ ਗਈਆਂ ਸੇਵਾਵਾਂ ਦੇ ਮੱਦੇਨਜ਼ਰ ਇਕ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਡੀ.ਐਸ.ਪੀ ਗੁਰਪ੍ਰੀਤ ਸਿੰਘ ਸਿਧੂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ, ਜੋ ਲੰਬੇ ਸਮੇਂ ਤੱਕ ਤਪਾ ਇਲਾਕੇ ਵਿੱਚ ਅਮਨ-ਸ਼ਾਂਤੀ ਬਣਾਈ ਰੱਖਣ ਅਤੇ ਨਸ਼ਾ ਵਿਰੋਧੀ ਮੁਹਿੰਮ ਨੂੰ ਸਫਲਤਾਪੂਰਵਕ ਅਗਵਾਈ ਦੇਣ ਲਈ ਜਾਣੇ ਜਾਂਦੇ ਹਨ। ਹਾਲ ਹੀ ਵਿੱਚ ਉਨ੍ਹਾਂ ਦੀ ਬਦਲੀ ਜਲੰਧਰ ਹੋ ਗਈ ਹੈ, ਜਿੱਥੇ ਉਹ ਆਪਣੀਆਂ ਸੇਵਾਵਾਂ ਨਿਭਾਉਣਗੇ। ਇਸ ਦੇ ਨਾਲ ਹੀ ਸਦਰ ਥਾਣਾ ਤਪਾ ਦੇ ਪਿਛਲੇ ਐਸ.ਐਚ.ਓ ਸ਼ਰੀਫ ਖਾਨ ਦੀ ਵੀ ਬਦਲੀ ਹੋ ਚੁੱਕੀ ਹੈ ਅਤੇ ਉਨ੍ਹਾਂ ਦੀ ਥਾਂ ਨਵੀਂ ਐਸ.ਐਚ.ਓ ਵਜੋਂ ਮੈਡਮ ਨਵਦੀਪ ਕੌਰ ਚਾਹਲ ਨੇ ਅਹੁਦਾ ਸੰਭਾਲ ਲਿਆ ਹੈ। ਸਮਾਗਮ ਦੌਰਾਨ ਉਨ੍ਹਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ ਅਤੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਸਭਾ ਦੇ ਪ੍ਰਧਾਨ ਮਦਨ ਲਾਲ ਗਰਗ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਡੀ.ਐਸ.ਪੀ ਗੁਰਪ੍ਰੀਤ ਸਿੰਘ ਸਿਧੂ ਇਕ ਦੂਰਅੰਦੇਸ਼, ਇਮਾਨਦਾਰ ਅਤੇ ਯੋਗ ਪੁਲਿਸ ਅਧਿਕਾਰੀ ਸਨ, ਜਿਨ੍ਹਾਂ ਨੇ ਆਪਣੇ ਕਾਰਜਕਾਲ ਦੌਰਾਨ ਇਲਾਕੇ ਵਿੱਚ ਕਾਨੂੰਨ-ਵਿਵਸਥਾ ਨੂੰ ਮਜ਼ਬੂਤ ਬਣਾਇਆ। ਉਨ੍ਹਾਂ ਨੇ ਆਸ ਜਤਾਈ ਕਿ ਜਲੰਧਰ ਵਿੱਚ ਵੀ ਉਹ ਇਸੇ ਤਰ੍ਹਾਂ ਆਪਣੀ ਸੇਵਾ ਨਿਭਾਉਣਗੇ। ਨਵੀਂ ਐਸ.ਐਚ.ਓ ਨਵਦੀਪ ਕੌਰ ਚਾਹਲ ਦਾ ਸਵਾਗਤ ਕਰਦਿਆਂ ਅਗ੍ਰਵਾਲ ਸਭਾ ਨੇ ਭਰੋਸਾ ਦਿੱਤਾ ਕਿ ਉਹਨਾਂ ਨੂੰ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ। ਇਸ ਮੌਕੇ ਡੀ.ਐਸ.ਪੀ ਗੁਰਪ੍ਰੀਤ ਸਿੰਘ ਸਿਧੂ ਨੇ ਕਿਹਾ ਕਿ ਤਪਾ ਇਲਾਕੇ ਵਿੱਚ ਸੇਵਾ ਦੌਰਾਨ ਉਨ੍ਹਾਂ ਨੂੰ ਲੋਕਾਂ ਵੱਲੋਂ ਪੂਰਾ ਸਹਿਯੋਗ ਮਿਲਿਆ, ਜਿਸ ਕਾਰਨ ਉਹ ਨਿਸ਼ਪੱਖ ਤੌਰ 'ਤੇ ਆਪਣੀ ਡਿਊਟੀ ਨਿਭਾ ਸਕੇ। ਉਨ੍ਹਾਂ ਨੇ ਲੋਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਨਤਾ ਦੇ ਸਹਿਯੋਗ ਨਾਲ ਹੀ ਪੁਲਿਸ ਸਹੀ ਢੰਗ ਨਾਲ ਕੰਮ ਕਰ ਸਕਦੀ ਹੈ। ਐਸ.ਐਚ.ਓ ਨਵਦੀਪ ਕੌਰ ਚਾਹਲ ਨੇ ਵੀ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਪੁਲਿਸ ਅਤੇ ਜਨਤਾ ਦੇ ਮਿਲੇ-ਜੁਲੇ ਯਤਨਾਂ ਨਾਲ ਹੀ ਇਲਾਕੇ ਵਿੱਚ ਅਮਨ-ਸ਼ਾਂਤੀ ਬਣਾਈ ਰੱਖੀ ਜਾ ਸਕਦੀ ਹੈ। ਉਨ੍ਹਾਂ ਨੇ ਭਰੋਸਾ ਦਿੱਤਾ ਕਿ ਉਹ ਹਰ ਵਰਗ ਨੂੰ ਇਨਸਾਫ ਦੇਣ ਲਈ ਵਚਨਬੱਧ ਹਨ ਅਤੇ ਉਨ੍ਹਾਂ ਨੂੰ ਵੀ ਲੋਕਾਂ ਦੇ ਸਹਿਯੋਗ ਦੀ ਉਮੀਦ ਹੈ। ਇਸ ਮੌਕੇ ਸਕੱਤਰ ਅਰੁਣ ਕੁਮਾਰ ਭੈਣੀ, ਹੈਪੀ ਲੌਂਗੋਵਾਲੀਆਂ, ਰਾਜੀਵ ਕਾਲੇਕੇ, ਸੂਰਜ ਭਾਨ ਆਲੀਕਿਆਂ ਵਾਲਾ, ਮੇਘ ਰਾਜ ਪੱਖੋ ਆਦਿ ਮੈਂਬਰ ਵੀ ਹਾਜ਼ਰ ਸਨ।

# ਸਿਹਤ ਵਿਭਾਗ ਵੱਲੋਂ ਗਰਮੀ ਤੋਂ ਬਚਾਅ ਲਈ ਸਲਾਹਕਾਰੀ ਜਾਰੀ



ਬਰਨਾਲਾ, 19 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਅਤੇ ਡਾਇਰੈਕਟਰ ਸਿਹਤ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਿਹਤ ਵਿਭਾਗ ਬਰਨਾਲਾ ਵੱਲੋਂ ਗਰਮੀ ਤੋਂ ਬਚਾਅ ਲਈ ਸਲਾਹਕਾਰੀ ਜਾਰੀ ਕੀਤੀ ਗਈ ਹੈ ਤਾਂ ਜੋ ਸੰਭਾਵੀ ਮੌਸਮ ਨੂੰ ਧਿਆਨ ਵਿੱਚ ਰੱਖਦਿਆਂ ਲੋਕਾਂ ਨੂੰ ਗਰਮੀ ਅਤੇ ਲੂਅ ਤੋਂ ਬਚਾਇਆ ਜਾ ਸਕੇ, ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾਂ ਸਿਵਲ ਸਰਜਨ ਬਰਨਾਲਾ ਡਾ.ਹਰੀਪਾਲ ਸਿੰਘ ਸਿੱਧੂ ਵੱਲੋਂ ਕੀਤਾ ਗਿਆ।ਸਿਵਲ ਸਰਜਨ ਬਰਨਾਲਾ ਡਾ. ਹਰੀਪਾਲ ਸਿੰਘ ਸਿੱਧੂ ਨੇ ਦੱਸਿਆ ਕਿ ਦੁਪਹਿਰ 12 ਵਜੇ ਤੋਂ 3 ਵਜੇ ਤੱਕ ਮੌਸਮ ਆਮ ਤੌਰ 'ਤੇ ਕਾਫ਼ੀ ਗਰਮ ਹੁੰਦਾ ਹੈ, ਇਸ ਲਈ ਅਪਣੇ ਆਪ ਦਾ ਗਰਮੀ ਤੋਂ ਬਚਾਅ ਕੀਤਾ ਜਾਵੇ। ਨਵੇਂ ਜਨਮੇ ਬੱਚੇ, 65 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਬਜ਼ੁਰਗ ,ਛੋਟੇ ਬੱਚੇ, ਗਰਭਵਤੀ ਔਰਤਾਂ, ਮਜ਼ਦੂਰ, ਕਿਸਾਨ ਜਾਂ ਖੁੱਲ੍ਹੇ ਆਸਮਾਨ ਹੇਠ ਕੰਮ ਕਰਨ ਵਾਲੇ ਲੋਕ, ਬੇਘਰੇ, ਸੜਕਾਂ ਕੰਢੇ ਜਾਂ ਫ਼ੁਟਪਾਥਾਂ 'ਤੇ ਰਹਿਣ ਵਾਲੇ ਲੋਕ, ਮਾਨਸਿਕ ਜਾਂ ਸਰੀਰਕ ਬਿਮਾਰੀ ਤੋਂ ਪੀੜਤ ਲੋਕ ਖ਼ਾਸਕਰ ਦਿਲ ਦੀ ਬਿਮਾਰੀ ਜਾਂ ਹਾਈ ਬਲੱਡ ਪ੍ਰੈਸ਼ਰ ਦੇ ਰੋਗੀ, ਮੋਟਾਪੇ ਤੋਂ ਪੀੜਤ ਲੋਕ, ਗਰਮ ਵਾਤਾਵਰਣ ਵਿਚ ਸਖ਼ਤ ਮਿਹਨਤ ਕਰਨ ਵਾਲੇ ਲੋਕ ਜਾਂ ਖੁੱਲ੍ਹੇ ਵਿੱਚ ਸਖ਼ਤ ਕਸਰਤ ਕਰਨ ਵਾਲੇ ਖਿਡਾਰੀ ਆਦਿ 'ਤੇ ਜਿਆਦਾ ਅਸਰ ਹੁੰਦਾ ਹੈ। ਅਜਿਹੇ ਵਿਅਕਤੀਆਂ ਅੰਦਰ ਪਾਣੀ ਦੀ ਘਾਟ ਪੈਦਾ ਹੋ ਸਕਦੀ ਹੈ, ਜਿਸ ਕਾਰਨ ਉਹ ਗਰਮੀ ਤੇ ਲੂ ਦੀ ਲਪੇਟ ਵਿਚ ਛੇਤੀ ਆ ਸਕਦੇ ਹਨ। ਜ਼ਿਲ੍ਹਾ ਬਰਨਾਲਾ ਦੇ ਸਿਵਲ ਹਸਪਤਾਲ ਬਰਨਾਲਾ, ਸਬ ਡਵੀਜਨਲ ਹਸਪਤਾਲ ਤਪਾ, ਕਮਿਊਨਿਟੀ ਹੈਲਥ ਸੈਂਟਰ ਧਨੌਲਾ, ਮਹਿਲ ਕਲਾਂ ਅਤੇ ਭਦੌੜ ਵਿਖੇ ਐਮਰਜੈਂਸੀ ਦਵਾਈਆਂ, ਓ.ਆਰ. ਐਸ.ਦਾ ਪ੍ਰਬੰਧ ਕੀਤਾ ਗਿਆ ਹੈ । ਜ਼ਿਲ੍ਹਾ ਮਾਸ ਮੀਡੀਆ ਤੇ ਸੂਚਨਾ ਅਫ਼ਸਰ ਕੁਲਦੀਪ ਸਿੰਘ ਮਾਨ ਅਤੇ ਜ਼ਿਲ੍ਹਾ ਬੀ ਸੀ ਸੀ ਕੋਆਰਡੀਨੇਟਰ ਹਰਜੀਤ ਸਿੰਘ ਨੇ ਦੱਸਿਆ ਕਿ ਗਰਮੀ ਤੋਂ ਬਚਾਅ ਲਈ ਪਾਣੀ, ਲੱਸੀ, ਨਿੰਬੂ ਪਾਣੀ, ਓ.ਆਰ.ਐਸ. ਅਤੇ ਹੋਰ ਤਰਲ ਪਦਾਰਥਾਂ ਦਾ ਸੇਵਨ ਵੱਧ ਤੋਂ ਵੱਧ ਕਰਨਾ ਚਾਹੀਦਾ ਹੈ, ਹਲਕੇ ਰੰਗ ਦੇ ਕਪੜੇ ਪਹਿਨੇ ਜਾਣ , ਬਾਹਰ ਜਾਣ ਸਮੇਂ ਐਨਕ ਲਗਾਈ ਜਾਵੇ ਤੇ ਸਿਰ ਢੱਕ ਕੇ ਰੱਖਣਾ ਚਾਹੀਦਾ ਹੈ ਮੌਸਮ ਅਨੁਸਾਰ ਫਲ ਸਬਜੀਆਂ ਦੀ ਵੱਧ ਤੋਂ ਵੱਧ ਵਰਤੋਂ ਕਰੋ ।ਘਰ ਤੇ ਰਸੋਈ ਦੇ ਖੇਤਰ ਨੂੰ ਹਵਾਦਾਰ ਰੱਖਿਆ ਜਾਵੇ, ਬੱਚਿਆਂ ਤੇ ਜਾਨਵਰਾਂ ਨੂੰ ਪਾਰਕ ਕੀਤੇ ਵਾਹਨ ਵਿਚ ਨਾ ਛੱਡਿਆ ਜਾਵੇ ਅਤੇ ਤਿੱਖੀ ਧੁੱਪ 'ਚ ਨੰਗੇ ਪੈਰ ਨਾ ਜਾਇਆ ਜਾਵੇ । ਗਰਮ ਪਦਾਰਥ ਚਾਹ, ਕੌਫ਼ੀ , ਤੰਬਾਕੂ ਪਦਾਰਥ ਅਤੇ ਨਸ਼ਿਆਂ ਦਾ ਸੇਵਨ ਨਾ ਕੀਤਾ ਜਾਵੇ । ਤਲੀਆਂ ਮਸਾਲੇਦਾਰ ਅਤੇ ਬਾਸੀ ਖਾਣੇ ਦਾ ਸੇਵਨ ਨਾ ਕੀਤਾ ਜਾਵੇ ।

# ਪਿੰਡ ਨੈਣੇਵਾਲ ਦੇ ਡੇਰੇ 'ਤੇ ਕਬਜ਼ੇ ਨੂੰ ਲੈ ਕੇ ਪਿੰਡ ਹੋਇਆ ਇੱਕਜੁੱਟ, ਸਾਧ ਬਣਾਉਣ ਲੱਗਾ ਸਿਆਸੀ ਦਬਾਅ



ਭਦੌੜ, 19 ਅਪ੍ਰੈਲ (ਸੁਖਵਿੰਦਰ ਪਲਾਹਾ): ਨੇੜਲੇ ਪਿੰਡ ਨੈਣੇਵਾਲ ਵਿਖੇ ਡੇਰੇ 'ਤੇ ਕਬਜ਼ੇ ਨੂੰ ਲੈ ਕੇ ਮਸਲਾ ਦਿਨੋ ਦਿਨ ਭੱਖਦਾ ਜਾ ਰਿਹਾ ਹੈ। ਅੱਜ ਤੜਕਸਾਰ ਪਿੰਡ ਨੈਣੇਵਾਲ ਦੇ ਵਸਨੀਕ ਵੱਡੀ ਗਿਣਤੀ ਵਿੱਚ ਇਕੱਠੇ ਹੋ ਕੇ ਥਾਣਾ ਭਦੌੜ ਵਿਖੇ ਇਨਸਾਫ ਦੀ ਮੰਗ ਨੂੰ ਲੈ ਕੇ ਪਹੁੰਚ ਗਏ। ਜ਼ਿਕਰ ਯੋਗ ਹੈ ਕਿ ਡੇਰੇ ਦੀ ਮਹੰਤੀ ਨੂੰ ਲੈ ਕੇ ਜੋ ਵਿਵਾਦ ਚੱਲ ਰਿਹਾ ਹੈ। ਇਸ ਵਿੱਚ ਜਗਤਾਰ ਸਿੰਘ ਜੋ ਕਿ ਲੰਬੇ ਸਮੇਂ ਤੋਂ ਡੇਰਾ ਨੈਣੇਵਾਲ ਦਾ ਪ੍ਰਬੰਧ ਵੇਖ ਰਿਹਾ ਸੀ, ਪਰ ਪਿੰਡ ਵਾਸੀਆ ਨੇ ਕੁੱਝ ਕਾਰਨਾਂ ਕਰਕੇ ਬਾਬੇ ਨੂੰ ਮਹੰਤੀ ਤੋਂ ਲਾਂਭੇ ਕਰ ਦਿੱਤਾ ਸੀ, ਪਰ ਮਹੰਤ ਜਗਤਾਰ ਸਿੰਘ ਨੇ ਸਿਆਸੀ ਲਾਹਾ ਲੈਂਦੇ ਹੋਏ ਦੁਬਾਰਾ ਧੱਕੇ ਨਾਲ ਡੇਰੇ ਉੱਪਰ ਕਬਜ਼ਾ ਕਰਨ ਦੀ ਨਾਕਾਮ ਕੋਸ਼ਿਸ਼ ਕੀਤੀ ।ਇਥ ਇਹ ਵੀ ਜ਼ਿਕਰਯੋਗ ਹੈ ਕਿ ਪਿੰਡ ਵਿੱਚ ਮੌਜੂਦਾ ਸਰਪੰਚ ਜੋ ਕਿ ਅਕਾਲੀ ਦਲ(ਬ) ਨਾਲ ਸਬੰਧ ਰੱਖਦਾ ਹੈ, ਪਰ ਬਾਬਾ ਉਸ ਤੋਂ ਉਲਟ ਵਿਰੋਧੀ ਪਾਰਟੀਆਂ ਦੀ ਸ਼ਹਿ 'ਤੇ ਦੁਬਾਰਾ ਛਿੱਕਾ ਚਲਾਉਣਾ ਚਾਹੁੰਦਾ ਹੈ। ਬੀਤੀ ਰਾਤ ਬਾਬੇ ਦੇ ਨਜ਼ਦੀਕੀ ਇੱਕ ਨੌਜਵਾਨ ਸੋਨੀ ਜੋ ਕਿ ਜਖਮੀ ਹਾਲਤ ਵਿੱਚ ਹਸਪਤਾਲ ਵਿੱਚ ਦਾਖਲ ਹੋਇਆ ਹੈ ਨੇ ਦੋਸ਼ ਲਾਇਆ ਕਿ ਪਿੰਡ ਦੇ ਕੁੱਝ ਨੌਜਵਾਨਾਂ ਨੇ ਮੇਰੇ ਉੱਪਰ ਹਮਲਾ ਕਰਕੇ ਮੈਨੂੰ ਜਖਮੀ ਕੀਤਾ ਹੈ , ਜਦਕਿ ਇਕੱਤਰ ਹੋਏ ਵੱਡੀ ਗਿਣਤੀ ਵਿੱਚ ਔਰਤਾਂ ਤੇ ਨੈਣੇਵਾਲ ਦੇ ਲੋਕਾਂ ਨੇ ਇਹਨਾਂ ਦੋਸ਼ਾਂ ਨੂੰ ਨਕਾਰਦੇ ਹੋਏ ਕਿਹਾ ਕਿ ਇਹ ਸਿਰਫ ਡਰਾਮੇਬਾਜ਼ੀ ਕੀਤੀ ਗਈ ਹੈ, ਕਿਉਂਕਿ ਇਹ ਸਾਰੀ ਕੁਝ ਚਾਲ ਬਾਬਾ ਜਗਤਾਰ ਸਿੰਘ ਵੱਲੋਂ ਕਰਵਾਈ ਗਈ ਹੈ। ਇਸ ਘਟਨਾਕ੍ਰਮ ਸਬੰਧੀ ਸਪਸ਼ਟੀਕਰਨ ਦਿੰਦੇ ਹੋਏ ਪਿੰਡ ਦੇ ਸਰਪੰਚ ਗਗਨਦੀਪ ਸਿੰਘ ਉਰਫ ਗਗਨਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜੋ ਵਿਅਕਤੀ ਅੱਜ ਜੇਰੇ ਇਲਾਜ ਹਸਪਤਾਲ ਵਿੱਚ ਦਾਖਲ ਹੈ ਕੁੱਝ ਸਮਾਂ ਪਹਿਲਾਂ ਉਹ ਵਿਅਕਤੀ ਨੇ ਉਕਤ ਮਹੰਤ ਜਗਤਾਰ ਸਿੰਘ ਤੇ ਗੁਟਕਾ ਸਾਹਿਬ ਦੀ ਬੇਅਦਬੀ ਕਰਨ ਦੇ ਗੰਭੀਰ ਦੋਸ਼ ਲਾਏ ਸਨ ਅਤੇ ਉਸ ਦੀ ਰਿਕਾਰਡਿੰਗ ਅਤੇ ਸਬੂਤ ਮੇਰੇ ਪਾਸ ਮੌਜੂਦ ਹਨ, ਕਿਉਂਕਿ ਜੋ ਜਖਮੀ ਵਿਅਕਤੀ ਸੋਨੀ ਹਸਪਤਾਲ ਵਿੱਚ ਦਾਖਲ ਹੈ ਉਹ ਇਸ ਗੱਲ ਤੋਂ ਡਰਦਾ ਸੀ ਕਿ ਮਹੰਤ ਜਗਤਾਰ ਸਿੰਘ ਮੈਨੂੰ ਕੋਈ ਜਾਨੀ ਨੁਕਸਾਨ ਨਾ ਪਹੁੰਚਾ ਦੇਵੇ। ਸਰਪੰਚ ਨੇ ਕਿਹਾ ਕਿ ਉਸ ਸਮੇਂ ਇਸ ਬੇਅਦਬੀ ਸਬੰਧੀ ਲਿਖਤੀ ਸ਼ਿਕਾਇਤ ਉਸ ਸਮੇਂ ਦੇ ਐਸ ਐਸ ਪੀ ਬਰਨਾਲਾ ਅਤੇ ਅਕਾਲ ਤਖਤ ਸਾਹਿਬ ਦੇ ਜੱਥੇਦਾਰ ਤੱਕ ਪਹੁੰਚਾ ਦਿੱਤੀ ਗਈ ਸੀ। ਪਰ ਸਿਆਸੀ ਦਬਾਅ ਕਾਰਨ ਸਭ ਕੁੱਝ ਅੰਦਰ ਖਾਤੇ ਹੀ ਦਬ ਕੇ ਰਹਿ ਗਿਆ ਹੈ ।ਅੱਜ ਇਕੱਤਰ ਹੋਏ ਲੋਕਾਂ ਨੇ ਕਿਹਾ ਕਿ ਅਸੀਂ ਧੱਕਾ ਬਿਲਕੁਲ ਬਰਦਾਸ਼ਤ ਨਹੀਂ ਕਰਾਂਗੇ ਅਤੇ ਜੋ ਝੂਠਾ ਪਰਚਾ ਪਿੰਡ ਦੇ ਕੁਝ ਵਿਅਕਤੀਆਂ ਉਪਰ ਕਰਵਾਇਆ ਹੈ ਉਸ ਨੂੰ ਰੱਦ ਕਰਵਾ ਕੇ ਇਨਸਾਫ ਦੀ ਮੰਗ ਲਈ ਅਦਾਲਤ ਦਰਵਾਜ਼ਾ ਖੜਕਾਵਾਂਗੇ।

ਦੱਸਣ ਯੋਗ ਹੈ ਕਿ ਇਸ ਮਾਮਲੇ ਨੂੰ ਲੈ ਕੇ ਸੱਤਾਧਾਰੀ ਪਾਰਟੀ ਨੂੰ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਭਦੌੜ ਦੇ ਇੰਚਾਰਜ ਸਤਨਾਮ ਸਿੰਘ ਰਾਹੀ ਕਾਂਗਰਸ ਪਾਰਟੀ ਦੇ ਕੁਲਦੀਪ ਸਿੰਘ ਕਾਲਾ ਢਿੱਲੋਂ ਐਮ ਐਲ ਏ ਬਰਨਾਲਾ ਤੇ ਹੋਰ ਪਾਰਟੀਆਂ ਦੇ ਉੱਘੇ ਆਗੂਆਂ ਨੇ ਇਸ ਧੱਕੇਸ਼ਾਹੀ ਵਿਰੁੱਧ ਪਿੰਡ ਨਾਲ ਖੜ੍ਹਨ ਦਾ ਫੈਸਲਾ ਕੀਤਾ ਹੈ ਅਤੇ ਹਰ ਸੰਭਵ ਇਨਸਾਫ ਦਵਾਉਣ ਦਾ ਭਰੋਸਾ ਦਿੱਤਾ ਹੈ।

# ਕੰਬਾਈਨ ਅਤੇ ਬਿਜਲੀ ਦੀ ਸਪਾਰਕਿੰਗ ਕਾਰਨ ਕਿਸਾਨ ਦੀ ਦੋ ਏਕੜ ਕਣਕ ਸੜ ਕੇ ਹੋਈ ਸੁਆਹ



ਤਪਾ ਮੰਡੀ, 19 ਅਪ੍ਰੈਲ (ਭੂਸ਼ਨ ਘੜੈਲਾ) : ਨੇੜਲੇ ਪਿੰਡ ਦਰਾਜ (ਗੁਰਦੁਆਰਾ ਬਾਬਾ ਗੁਰਦਿੱਤਾ ਸਾਹਿਬ ਨੇੜੇ) ਵਿੱਚ ਬਿਜਲੀ ਤਾਰ ਨਾਲ ਸਪਾਰਕਿੰਗ ਹੋਣ ਕਾਰਨ ਅੱਗ ਲੱਗਣ ਦੀ ਘਟਨਾ ਸਾਹਮਣੇ ਆਈ, ਜਿਸ ਨਾਲ ਕਿਸਾਨਾਂ ਨੂੰ ਵੱਡਾ ਨੁਕਸਾਨ ਝੱਲਣਾ ਪਿਆ। ਮਿਲੀ ਜਾਣਕਾਰੀ ਅਨੁਸਾਰ ਇੱਕ ਕਿਸਾਨ ਦੇ ਖੇਤ ਵਿੱਚ ਕਣਕ ਦੀ ਕਟਾਈ ਦੌਰਾਨ ਕੰਬਾਈਨ ਮਸ਼ੀਨ ਬਿਜਲੀ ਦੀ ਤਾਰ ਨਾਲ ਟਕਰਾ ਗਈ, ਜਿਸ ਕਾਰਨ ਬਿਜਲੀ ਤਾਰਾਂ ਵਿੱਚੋਂ ਨਿਕਲੀਆਂ ਚਿੰਗਾਰੀਆਂ ਨਾਲ ਖੜ੍ਹੀ ਫ਼ਸਲ ਨੂੰ ਅੱਗ ਲੱਗ ਗਈ। ਇਸ ਅੱਗ ਕਾਰਨ ਲਗਭਗ ਦੋ ਏਕੜ ਕਣਕ ਸੜ ਕੇ ਸੁਆਹ ਹੋ ਗਈ। ਘਟਨਾ ਦਾ ਪਤਾ ਲੱਗਦੇ ਹੀ ਪਿੰਡ ਵਾਸੀ, ਮਜ਼ਦੂਰ ਅਤੇ ਕਿਸਾਨ ਤੁਰੰਤ ਟਰੈਕਟਰਾਂ, ਪਾਣੀ ਵਾਲੀਆਂ ਟੈਂਕੀਆਂ ਅਤੇ ਹੋਰ ਸਾਧਨਾਂ ਨਾਲ ਮੌਕੇ 'ਤੇ ਪਹੁੰਚ ਗਏ। ਘੰਟਿਆਂ ਦੀ ਕਠਿਨ ਮਿਹਨਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ ਗਿਆ ਅਤੇ ਇਸਨੂੰ ਹੋਰ ਖੇਤਾਂ ਵਿੱਚ ਫੈਲਣ ਤੋਂ ਰੋਕਿਆ ਗਿਆ। ਜੇ ਸਮੇਂ ਸਿਰ ਪਿੰਡ ਵਾਸੀ ਇਕੱਠੇ ਨਾ ਹੁੰਦੇ ਤਾਂ ਹੋਰ ਵੱਡਾ ਨੁਕਸਾਨ ਹੋ ਸਕਦਾ ਸੀ। ਪ੍ਰਭਾਵਿਤ ਖੇਤ ਜਗਸੀਰ ਸਿੰਘ (ਜੱਗਾ), ਜਿਸ ਨੇ ਜਮੀਨ ਠੇਕੇ 'ਤੇ ਲਈ ਹੋਈ ਹੈ ਇਸ ਘਟਨਾ ਨਾਲ ਇਲਾਕੇ ਵਿੱਚ ਚਿੰਤਾ ਦਾ ਮਾਹੌਲ ਬਣ ਗਿਆ ਹੈ।ਇਸ ਮੌਕੇ 'ਤੇ ਸਰਪੰਚ ਗੁਰਜੰਟ ਸਿੰਘ ਧਾਲੀਵਾਲ, ਕਿਸਾਨ ਆਗੂ ਸਾਧਾ ਸਿੰਘ ਔਲਖ, ਮਨਦੀਪ ਸਿੰਘ, ਜਗਦੇਵ ਸਿੰਘ, ਡਾ. ਗਮਦੂਰ ਸਿੰਘ, ਗੁਰਵਿੰਦਰ ਸਿੰਘ ਅਤੇ ਹੋਰ ਪਿੰਡ ਵਾਸੀਆਂ ਨੇ ਪ੍ਰਭਾਵਿਤ ਕਿਸਾਨਾਂ ਨਾਲ ਹਮਦਰਦੀ ਜਤਾਈ। ਉਨ੍ਹਾਂ ਨੇ ਦੱਸਿਆ ਕਿ ਮਾਲ ਵਿਭਾਗ ਦੇ ਸਰਕਲ ਪਟਵਾਰੀ ਮੌਕੇ 'ਤੇ ਨਹੀਂ ਪੁੱਜੇ, ਪਰ ਨੁਕਸਾਨ ਦੀ ਰਿਪੋਰਟ ਤਿਆਰ ਕਰਕੇ ਸਰਕਾਰ ਨੂੰ ਭੇਜਣ ਦੀ ਕਾਰਵਾਈ ਕੀਤੀ ਜਾਵੇ । ਪਿੰਡ ਵਾਸੀਆਂ ਅਤੇ ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪ੍ਰਭਾਵਿਤ ਕਿਸਾਨਾਂ ਨੂੰ ਜਲਦ ਤੋਂ ਜਲਦ ਯੋਗ ਮੁਆਵਜ਼ਾ ਦਿੱਤਾ ਜਾਵੇ ਤਾਂ ਜੋ ਉਹ ਮੁੜ ਖੜ੍ਹੇ ਹੋ ਸਕਣ। ਪੂਰੇ ਪਿੰਡ ਵੱਲੋਂ ਭਰੋਸਾ ਦਿੱਤਾ ਗਿਆ ਕਿ ਇਸ ਮੁਸ਼ਕਲ ਘੜੀ ਵਿੱਚ ਉਹ ਪੀੜਤ ਕਿਸਾਨਾਂ ਦੇ ਨਾਲ ਖੜੇ ਹਨ ਅਤੇ ਹਰ ਸੰਭਵ ਮੱਦਦ ਕੀਤੀ ਜਾਵੇਗੀ।

# ਐਸ.ਬੀ.ਐਸ. ਪਬਲਿਕ ਸਕੂਲ ਸੁਰਜੀਤਪੁਰਾ ਵਿੱਚ ਗੁਰਬਾਣੀ ਅਤੇ ਸਿੱਖ ਇਤਿਹਾਸ ਪ੍ਰੀਖਿਆ ਕਰਵਾਈ



ਬਰਨਾਲਾ, 19 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਐਸ.ਬੀ.ਐਸ ਪਬਲਿਕ ਸਕੂਲ ਸੁਰਜੀਤਪੁਰਾ ਵਿਖੇ ਸਤਿਨਾਮ ਸਰਬ ਕਲਿਆਣ ਟਰੱਸਟ ਵੱਲੋਂ ਪ੍ਰੋਗਰਾਮ ਮੈਨੇਜਰ ਭਿੰਦਰ ਸਿੰਘ ਅਤੇ ਸੁਰਵਾਈਜਰ ਗੁਰਸੇਵਕ ਸਿੰਘ ਦੀ ਅਗਵਾਈ ਹੇਠ ਪਹਿਲੀ ਕਲਾਸ ਤੋਂ ਦਸਵੀਂ ਕਲਾਸ ਤੱਕ ਦੇ ਬੱਚਿਆਂ ਦਾ ਗੁਰਬਾਣੀ ਅਤੇ ਸਿੱਖ ਇਤਿਹਾਸ ਨਾਲ ਸੰਬੰਧਿਤ ਪ੍ਰੀਖਿਆ ਕਰਵਾਈ ਗਈ। ਪ੍ਰੀਖਿਆ ਦੌਰਾਨ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਅਤੇ ਗੰਭੀਰਤਾ ਨਾਲ ਭਾਗ ਲਿਆ ਅਤੇ ਗੁਰਬਾਣੀ ਦੀ ਸਮਝ ਅਤੇ ਸਿੱਖ ਇਤਿਹਾਸ ਬਾਰੇ ਆਪਣਾ ਗਿਆਨ ਦਰਸਾਇਆ। ਜਿਨ੍ਹਾਂ ਦੇ 18 ਅਪ੍ਰੈਲ 2026 ਨੂੰ ਨਤੀਜੇ ਘੋਸ਼ਿਤ ਕੀਤੇ ਗਏ, ਜਿਸ ਵਿੱਚ ਉੱਚ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕਰਦੇ ਹੋਏ ਇਨਾਮ ਦਿੱਤੇ ਗਏ। ਇਸ ਮੌਕੇ ਅਧਿਆਪਕਾ ਬਲਜਿੰਦਰ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਪ੍ਰੀਖਿਆ ਟਰੱਸਟ ਵੱਲੋਂ ਹਰ ਸਾਲ ਕਰਵਾਈ ਜਾਂਦੀ ਹੈ, ਜਿਸ ਦਾ ਮੁੱਖ ਉਦੇਸ਼ ਬੱਚਿਆਂ ਨੂੰ ਗੁਰਬਾਣੀ ਨਾਲ ਜੋੜਨਾ ਅਤੇ ਸਿੱਖ ਇਤਿਹਾਸ ਬਾਰੇ ਜਾਗਰੂਕ ਕਰਨਾ ਹੈ। ਉਹਨਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਪ੍ਰਤੀਯੋਗਿਤਾਵਾਂ ਨਾਲ ਵਿਦਿਆਰਥੀਆਂ ਵਿੱਚ ਧਾਰਮਿਕ ਅਤੇ ਨੈਤਿਕ ਮੁੱਲਾਂ ਦਾ ਵਿਕਾਸ ਹੁੰਦਾ ਹੈ। ਸਕੂਲ ਵਾਈਸ ਪ੍ਰਿੰਸੀਪਲ ਡਾ. ਸੰਜੇ ਕੁਮਾਰ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਇਸ ਤਰ੍ਹਾਂ ਦੀਆਂ ਪ੍ਰੀਖਿਆਵਾਂ ਵਿਦਿਆਰਥੀਆਂ ਦੇ ਆਤਮਿਕ ਅਤੇ ਸਿੱਖਿਆਤਮਕ ਵਿਕਾਸ ਲਈ ਬਹੁਤ ਮਹੱਤਵਪੂਰਨ ਹਨ। ਉਹਨਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਪੜ੍ਹਾਈ ਦੇ ਨਾਲਨਾਲ ਆਪਣੇ ਧਾਰਮਿਕ ਅਤੇ ਵਿਰਸੇ ਨੂੰ ਵੀ ਸਮਝਣ ਅਤੇ ਅਪਣਾਉਣ। ਸਕੂਲ ਪ੍ਰਿੰਸੀਪਲ ਕਮਲਜੀਤ ਕੌਰ ਨੇ ਕਿਹਾ ਕਿ ਸਕੂਲ ਹਮੇਸ਼ਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਪ੍ਰਤੀਬੱਧ ਹੈ। ਉਹਨਾਂ ਟਰੱਸਟ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਉਪਰਾਲਿਆਂ ਨਾਲ ਬੱਚਿਆਂ ਵਿੱਚ ਸਿੱਖੀ ਸੰਸਕਾਰਾਂ ਦੀ ਪੱਕੀ ਨੀਂਹ ਪੈਂਦੀ ਹੈ।

# ਭਦੌੜ ਵਿਖੇ ਸ੍ਰੀ ਬ੍ਰਾਹਮਣ ਸਭਾ ਨੇ ਭਗਵਾਨ ਸ੍ਰੀ ਪਰਸ਼ੂਰਾਮ ਜੈਯੰਤੀ ਸ਼ਰਧਾ ਨਾਲ ਮਨਾਈ



ਭਦੌੜ, 19 ਅਪ੍ਰੈਲ (ਸੁਖਵਿੰਦਰ ਪਲਾਹਾ) : ਬ੍ਰਾਹਮਣ ਸਭਾ ਸ਼ਿਵਾਲਾ (ਰਜਿ:) ਭਦੌੜ ਵੱਲੋਂ ਅੱਜ ਨਗਰ ਨਿਵਾਸੀਆਂ ਦੇ ਵਿਸ਼ੇਸ਼ ਸਹਿਯੋਗ ਨਾਲ ਭਗਵਾਨ ਸ੍ਰੀ ਪਰਸ਼ੂਰਾਮ ਜੀ ਦਾ ਜਨਮ ਦਿਹਾੜਾ ਬੱਸ ਸਟੈਂਡ ਨੇੜੇ ਸਥਿਤ ਸ਼ਿਵਾਲਾ ਮੰਦਰ ਵਿਖੇ ਬਹੁਤ ਹੀ ਸ਼ਰਧਾ ਅਤੇ ਧੂਮ-ਧਾਮ ਨਾਲ ਮਨਾਇਆ ਗਿਆ, ਜਿਸ ਦੌਰਾਨ ਕਥਾ ਵਾਚਕ ਸ੍ਰੀ ਰਾਕੇਸ਼ ਸ਼ਾਸਤਰੀ ਜੀ ਕਾਲਿਆ ਵਾਲੀ ਅਤੇ ਸ੍ਰੀ ਰਾਜੇਸ਼ਵਰ ਨੰਦ ਮਹਾਰਾਜ ਜੀ ਰਾਜਸਥਾਨ ਵਾਲਿਆਂ ਨੇ ਜਿੱਥੇ ਸੰਗਤਾਂ ਨੂੰ ਕਥਾ ਪ੍ਰਵਚਨਾਂ ਰਾਹੀਂ ਭਗਵਾਨ ਪਰਸ਼ੂਰਾਮ ਜੀ ਦੇ ਜੀਵਨ ਉਪਦੇਸ਼ਾਂ ਨਾਲ ਜੋੜਿਆ, ਉੱਥੇ ਹੀ ਉਨ੍ਹਾਂ ਨੇ ਆਪਣੀ ਮਿੱਠੀ ਆਵਾਜ਼ ਵਿੱਚ ਅਜਿਹੇ ਮਨਮੋਹਕ ਧਾਰਮਿਕ ਭਜਨ ਗਾਏ ਕਿ ਪੂਰਾ ਪੰਡਾਲ ਭਗਤੀ ਦੇ ਰੰਗ ਵਿੱਚ ਰੰਗਿਆ ਗਿਆ ਅਤੇ ਭਜਨਾਂ ਦੀ ਸੁਰੀਲੀ ਤਾਨ 'ਤੇ ਸੰਗਤਾਂ ਨੱਚਣ ਲਈ ਮਜਬੂਰ ਹੋ ਗਈਆਂ। ਇਸ ਮੌਕੇ ਸਮਾਗਮ ਦੇ ਪ੍ਰਬੰਧਾਂ ਬਾਰੇ ਜਾਣਕਾਰੀ ਦਿੰਦਿਆਂ ਸ੍ਰੀ ਬ੍ਰਾਹਮਣ ਸਭਾ ਦੇ ਸਕੱਤਰ ਯੋਗੇਸ਼ ਸ਼ਰਮਾ ਅਤੇ ਦੀਪਕ ਕੁਮਾਰ ਬੋਨੀ ਸ਼ਰਮਾ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਅਸੀਂ ਇਹ ਪ੍ਰੋਗਰਾਮ ਪਿਛਲੇ ਤਕਰੀਬਨ 10 ਸਾਲਾਂ ਤੋਂ ਨਿਰੰਤਰ ਕਰਵਾ ਰਹੇ ਹਨ, ਜਿਸ ਵਿੱਚ ਕਮੇਟੀ ਮੈਂਬਰਾਂ ਸਮੇਤ ਸਹਿਰ ਨਿਵਾਸੀਆਂ ਦਾ ਅਤਿ ਸਹਿਯੋਗ ਮਿਲ ਰਿਹਾ ਹੈ, ਜਿਸ ਤੇ ਅਸੀਂ ਅਤਿ ਧੰਨਵਾਦੀ ਹਾਂ ਅਤੇ ਇਹਨਾਂ ਸਾਰਿਆਂ ਦੇ ਸਾਥ ਸਦਕਾ ਹੀ ਅੱਜ ਇਹ ਸਮਾਗਮ ਇੰਨੀ ਵੱਡੀ ਪੱਧਰ 'ਤੇ ਸਫਲ ਹੋ ਸਕਿਆ ਹੈ। ਕਥਾ ਦੇ ਭੋਗ ਉਪਰੰਤ ਭਗਵਾਨ ਦੀ ਆਰਤੀ ਗਾ ਕੇ ਸਮਾਗਮ ਦੀ ਸਮਾਪਤੀ ਕੀਤੀ ਗਈ ਅਤੇ ਆਈਆਂ ਹੋਈਆਂ ਸੰਗਤਾਂ ਲਈ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ਜਿੱਥੇ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਪਹੁੰਚ ਕੇ ਭਗਵਾਨ ਜੀ ਦੇ ਦਰਸ਼ਨ ਕੀਤੇ ਅਤੇ ਪ੍ਰਸਾਦ ਗ੍ਰਹਿਣ ਕੀਤਾ ਓਥੇ ਹੀ ਸਭਾ ਦੇ ਮੈਂਬਰਾਂ ਨੇ ਇਸ ਪਵਿੱਤਰ ਦਿਹਾੜੇ 'ਤੇ ਪਹੁੰਚੀਆਂ ਸਾਰੀਆਂ ਸ਼ਖਸੀਅਤਾਂ ਅਤੇ ਸਹਿਯੋਗੀਆਂ ਦਾ ਤਹਿ ਦਿਲੋਂ ਸ਼ੁਕਰੀਆ ਅਦਾ ਕੀਤਾ।

# ਕਣਕ ਖ਼ਰੀਦ ਨਾ ਹੋਣ ਕਾਰਨ ਕਿਸਾਨਾਂ ਵੱਲੋਂ ਸੜਕ ਜਾਮ

ਬਰਨਾਲਾ, 19 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਭਾਰਤੀ ਕਿਸਾਨ ਯੂਨੀਅਨ ਡਕੌਂਦਾ ਅਤੇ ਕਾਦੀਆਂ ਨੇ ਜ਼ਿਲ੍ਹਾ ਬਰਨਾਲਾ ਦੀ ਦਾਨਾ ਮੰਡੀ ਸਾਹਮਣੇ ਰੋਡ ਜਾਮ ਕਰ ਪ੍ਰਦਰਸ਼ਨ ਕੀਤਾ ਇਸ ਮੌਕੇ ਪ੍ਰੈਸ ਬਿਆਨ ਜਾਰੀ ਕਰਦਿਆਂ ਸੂਬਾ ਪ੍ਰੈਸ ਸਕੱਤਰ (ਡਕੌਂਦਾ) ਇੰਦਰਪਾਲ ਸਿੰਘ ਅਤੇ ਸੂਬਾ ਮੀਤ ਪ੍ਰਧਾਨ (ਕਾਦੀਆਂ) ਗੁਰਨਾਮ ਸਿੰਘ ਠੀਕਰੀਵਾਲਾ ਨੇ ਕਿਹਾ ਕੀ ਬੇਮੌਸਮੀਆਂ ਬਰਸਾਤਾਂ ਕਾਰਨ ਆਉਣ ਵਾਲੀ ਹਾੜ੍ਹੀ ਦੀ ਪ੍ਰਮੁੱਖ ਫ਼ਸਲ ਕਣਕ ਦੀ ਕੁਆਲਿਟੀ ਤੇ ਬਹੁਤ ਮਾੜਾ ਅਸਰ ਪਿਆ, ਜਿਸ ਕਾਰਨ ਕਣਕ ਦੇ ਦਾਣੇ ਦਾ ਰੰਗ ਬਦਰੰਗ, ਬਰੀਕ ਦਾਣਾ, ਟੁੱਟ ਆਦਿ ਦੀ ਸਮੱਸਿਆ ਆ ਰਹੀ ਹੈ।

# ਸ੍ਰੀ ਬ੍ਰਾਹਮਣ ਸਭਾ ਨੇ ਭਗਵਾਨ ਪਰਸ਼ੂਰਾਮ ਦਾ ਜਨਮ ਦਿਨ ਧੂਮ-ਧਾਮ ਨਾਲ ਮਨਾਇਆ



ਬਰਨਾਲਾ, 19 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਸ਼੍ਰੀ ਬ੍ਰਾਹਮਣ ਸਭਾ, ਬਰਨਾਲਾ ਵੱਲੋਂ ਭਗਵਾਨ ਵਿਸ਼ਨੂੰ ਦੇ ਛੇਵੇਂ ਅਵਤਾਰ ਭਗਵਾਨ ਪਰਸ਼ੂਰਾਮ ਦਾ ਜਨਮ ਦਿਹਾੜਾ ਅਕਸ਼ੈ ਤੀਜ ਨੂੰ ਬੜੀ ਸ਼ਰਧਾ ਅਤੇ ਧੂਮਧਾਮ ਨਾਲ ਮਨਾਇਆ ਗਿਆ। ਸ਼੍ਰੀ ਬ੍ਰਾਹਮਣ ਸਭਾ (ਰਜਿ.) ਬਰਨਾਲਾ ਦੇ ਪ੍ਰਧਾਨ ਅਨਿਲ ਦੱਤ ਸ਼ਰਮਾ ਨੇ ਦੱਸਿਆ ਕਿ ਸ਼੍ਰੀ ਬ੍ਰਾਹਮਣ ਸਭਾ, ਬਰਨਾਲਾ ਵੱਲੋਂ ਭਗਵਾਨ ਪਰਸ਼ੂਰਾਮ ਦਾ ਜਨਮ ਦਿਹਾੜਾ ਅਕਸ਼ੈ ਤੀਜ ਦਿਨ ਐਤਵਾਰ ਨੂੰ ਸ਼੍ਰੀ ਪਰਸ਼ੂਰਾਮ ਭਵਨ ਵਿਖੇ ਬੜੇ ਹੀ ਉਤਸ਼ਾਹ ਨਾਲ ਮਨਾਇਆ ਗਿਆ। ਸਵੇਰੇ 9 ਵਜੇ ਹਵਨ ਕੀਤਾ ਗਿਆ, ਜਿਸ ਤੋਂ ਬਾਅਦ ਸਵੇਰੇ 10 ਵਜੇ ਸੰਕੀਰਤਨ ਸ਼ੁਰੂ ਕੀਤਾ ਗਿਆ, ਜਿਸ ਵਿੱਚ ਪ੍ਰਸਿੱਧ ਭਜਨ ਗਾਇਕ ਹੈਪੀ ਸੋਹਲ ਨੇ ਆਪਣੀ ਸੁਰੀਲੀ ਆਵਾਜ਼ ਵਿਚ ਪ੍ਰਭੂ ਦਾ ਭਜਨ ਗਾਇਨ ਕੀਤਾ। ਉਸਨੇ ਆਪਣੇ ਭਜਨ ਮੇਰੀ ਝੋਂਪੜੀ ਕੇ ਭਾਗਿਆ ਆਜ ਖੁੱਲ ਜਾਏਂਗੇ ਰਾਮ ਆਏਂਗੇ, ਹੇ ਦੁਖਭੰਜਨ ਮਾਰੂਤੀ ਨੰਦਨ ਸੁਨਲੋ ਮੇਰੀ ਪੁਕਾਰ, ਅਤੇ 'ਭੋਲੇ ਦੀ ਬਾਰਾਤ' ਨਾਲ ਸਰੋਤਿਆਂ ਨੂੰ ਮੰਤਰਮੁਗਧ ਕੀਤਾ। ਇਸ ਮੌਕੇ ਸ਼੍ਰੀ ਬ੍ਰਾਹਮਣ ਸਭਾ ਦੇ ਪ੍ਰਧਾਨ ਅਨਿਲ ਦੱਤ ਸ਼ਰਮਾ, ਹਿਤੇਸ਼ ਕੌਸ਼ਲ, ਵਿਨੋਦ ਸ਼ਰਮਾ, ਪਰਮਿੰਦਰ ਮੈਨਨ, ਭੁਪੇਸ਼ ਸ਼ਰਮਾ, ਸੁਖਚੈਨ ਸ਼ਰਮਾ, ਪੀ.ਡੀ.ਸ਼ਰਮਾ, ਦਾਤਾ ਰਾਮ, ਤਜਿੰਦਰ ਰਿੱਕੀ ਕੌਸ਼ਲ, ਗੋਪਾਲ ਸ਼ਰਮਾ, ਨਵੀਨ ਕੌਸ਼ਲ, ਰਾਜੇਸ਼ ਬਬਲੂ, ਮੋਹਿਤ ਸ਼ਰਮਾ, ਯੋਗੇਸ਼ ਰਿਸ਼ੀ, ਅਮਨ ਸ਼ਰਮਾ, ਯਸ਼ ਸ਼ਰਮਾ, ਪੁਸ਼ਪਿੰਦਰ ਬੱਬੂ, ਹਰਿ ਓਮ ਸ਼ਰਮਾ, ਮੰਗਤ ਸ਼ਰਮਾ, ਮਿੱਠੂ ਸ਼ਰਮਾ, ਪਰਮਿੰਦਰ ਸ਼ਰਮਾ, ਮਹਿਲਾ ਬ੍ਰਾਹਮਣ ਸਭਾ ਦੀ ਪ੍ਰਧਾਨ ਨੀਲਮ ਸ਼ਰਮਾ, ਪੰਡਿਤ ਭੁਵਨੇਸ਼ ਜੋਸ਼ੀ ਆਦਿ ਨੇ ਸ਼ਿਰਕਤ ਕੀਤੀ, ਜਦਕਿ ਨਿਊ ਹੋਰਾਈਜ਼ਨ ਸਕੂਲ ਦੇ ਡਾਇਰੈਕਟਰ ਕੁਲਦੀਪ ਸ਼ਰਮਾ, ਸ਼੍ਰੀ ਮਹਾਂ ਸ਼ਕਤੀ ਕਲਾ ਮੰਚ ਤੋਂ ਸ਼ੰਮੀ ਸਿੰਗਲਾ, ਨਰੇਸ਼ ਸਿੰਗਲਾ ਪਨਸਪ ਵਾਲੇ, ਸ਼੍ਰੀ ਰਾਮ ਲੀਲਾ ਕਮੇਟੀ ਤੋਂ ਨਾਭ ਚੰਦ ਜਿੰਦਲ, ਜੀਵਨ ਕੁਮਾਰ, ਗੀਟੀ ਬਾਬਾ ਮੰਦਿਰ ਤੋਂ ਅਸ਼ੋਕ ਕੁਮਾਰ, ਰਾਮ ਬਾਗ ਕਮੇਟੀ ਤੋਂ ਲਾਜਪਤ ਚੋਪੜਾ, ਵਿਨੋਦ ਕਾਂਸਲ, ਬੀਰਬਲ ਠੇਕੇਦਾਰ, ਵੇਦ ਪ੍ਰਕਾਸ਼, ਸੁਰੇਸ਼ ਦਾਦੂ, ਅਕਾਲੀ ਆਗੂ ਸੁਰਜੀਤ ਸਿੰਘ ਬਰਨਾਲਾ ਦੇ ਪੋਤਰਾ ਸਿਮਰ ਪ੍ਰਤਾਪ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ। ਪ੍ਰੋਗਰਾਮ ਦੇ ਅੰਤ ਵਿੱਚ, ਆਰਤੀ ਤੋਂ ਬਾਅਦ, ਸਾਰਿਆਂ ਲਈ ਲੰਗਰ ਦਾ ਪ੍ਰਬੰਧ ਵੀ ਕੀਤਾ ਗਿਆ ਸੀ।

# ਮਿਸ਼ਨ ਸਮਰੱਥ 3.0 ਅਧੀਨ ਸਰਕਾਰੀ ਪ੍ਰਾਇਮਰੀ ਸਕੂਲ ਹਮੀਦੀ ਸਨਮਾਨਿਤ



ਬਰਨਾਲਾ, 19 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਰਾਜ ਵਿੱਦਿਅਕ ਖੋਜ ਅਤੇ ਸਿਖਲਾਈ ਪਰਿਸ਼ਦ ਪੰਜਾਬ ਦੇ ਮਾਰਗਦਰਸ਼ਨ ਅਤੇ ਜ਼ਿਲ੍ਹਾ ਸਿੱਖਿਆ ਪ੍ਰਸ਼ਾਸ਼ਨ ਦੀ ਅਗਵਾਈ ਹੇਠ ਸਾਲ 2025-26 ਲਈ ਚੱਲ ਰਹੇ ਮਿਸ਼ਨ ਸਮਰੱਥ 3.0 ਤਹਿਤ ਸਰਕਾਰੀ ਪ੍ਰਾਇਮਰੀ ਸਕੂਲ ਹਮੀਦੀ ਨੇ ਪੰਜਾਬੀ, ਇੰਗਲਿਸ਼ ਅਤੇ ਗਣਿਤ ਵਿਸ਼ਿਆਂ ਵਿੱਚ ਉੱਤਮ ਸਿੱਖਣ ਟੀਚੇ ਹਾਸਲ ਕਰਕੇ ਮਹੱਤਵਪੂਰਨ ਸਫ਼ਲਤਾ ਦਰਜ ਕੀਤੀ ਹੈ। ਇਸ ਸ਼ਾਨਦਾਰ ਉਪਲੱਬਧੀ ਦੇ ਮੱਦੇਨਜ਼ਰ ਸਕੂਲ ਨੂੰ ਅੱਜ ਤਰਕਸ਼ੀਲ ਭਵਨ ਬਰਨਾਲਾ ਵਿਖੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ 'ਤੇ ਜ਼ਿਲ੍ਹਾ ਸਿੱਖਿਆ ਅਫਸਰ (ਐਲੀਮੈਂਟਰੀ) ਬਰਨਾਲਾ ਇੰਦੂ ਸਿਮਕ, ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ) ਸੁਨੀਤਇੰਦਰ ਸਿੰਘ, ਡਿਪਟੀ ਡੀ ਈ ਓ (ਸੈਕੰਡਰੀ) ਡਾ. ਬਰਜਿੰਦਰ ਪਾਲ ਸਿੰਘ, ਡਾਇਟ ਪ੍ਰਿੰਸੀਪਲ ਡਾ. ਮਨੀਸ਼ ਮੋਹਨ ਸ਼ਰਮਾ, ਜ਼ਿਲ੍ਹਾ ਕੋਆਰਡੀਨੇਟਰ ਕੁਲਦੀਪ ਸਿੰਘ ਭੁੱਲਰ, ਮਿਸ਼ਨ ਸਮਰੱਥ ਦੀ ਸਮੁੱਚੀ ਟੀਮ ਅਤੇ ਬਲਾਕ ਸਿੱਖਿਆ ਅਫਸਰ ਸ਼ਹਿਣਾ ਹਰਿੰਦਰ ਸਿੰਘ ਬਰਾੜ ਦੇ ਦਿਸ਼ਾ ਨਿਰਦੇਸ਼ ਅਤੇ ਸਹਿਯੋਗ ਦੀ ਮਹੱਤਵਪੂਰਨ ਭੂਮਿਕਾ ਰਹੀ। ਉਨ੍ਹਾਂ ਵੱਲੋਂ ਸਕੂਲਾਂ ਵਿੱਚ ਗੁਣਵੱਤਾ-ਪੂਰਨ ਸਿੱਖਿਆ ਨੂੰ ਉਤਸ਼ਾਹਿਤ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ, ਜਿਸ ਦੇ ਨਤੀਜੇ ਵਜੋਂ ਇਸ ਤਰ੍ਹਾਂ ਦੀਆਂ ਉਪਲੱਬਧੀਆਂ ਸਾਹਮਣੇ ਆ ਰਹੀਆਂ ਹਨ।

ਸਕੂਲ ਦੇ ਮੁੱਖ ਅਧਿਆਪਕ ਅਸ਼ਵਨੀ ਕੁਮਾਰ ਨੇ ਇਸ ਮੌਕੇ 'ਤੇ ਦੱਸਿਆ ਕਿ ਇਹ ਸਨਮਾਨ ਕਿਸੇ ਇੱਕ ਵਿਅਕਤੀ ਦਾ ਨਹੀਂ, ਸਗੋਂ ਪੂਰੇ ਸਕੂਲ ਦੀ ਸਾਂਝੀ ਮਿਹਨਤ ਦਾ ਪਰਿਣਾਮ ਹੈ। ਉਨ੍ਹਾਂ ਕਿਹਾ ਕਿ ਸਕੂਲ ਵਿੱਚ ਸਾਰੇ ਅਧਿਆਪਕ ਟੀਮ ਵਰਕ ਦੇ ਰੂਪ ਵਿੱਚ ਕੰਮ ਕਰਦੇ ਹਨ ਅਤੇ ਹਰ ਵਿਦਿਆਰਥੀ ਦੀ ਪ੍ਰਗਤੀ ਨੂੰ ਯਕੀਨੀ ਬਣਾਉਣ ਲਈ ਲਗਾਤਾਰ ਯਤਨਸ਼ੀਲ ਰਹਿੰਦੇ ਹਨ।ਉਨ੍ਹਾਂ ਹੋਰ ਦੱਸਿਆ ਕਿ ਤੀਜੀ ਤੋਂ ਪੰਜਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਆਪਣੇ ਵਿਸ਼ਿਆਂ ਵਿੱਚ ਬੇਹਤਰੀਨ ਪ੍ਰਦਰਸ਼ਨ ਕੀਤਾ ਹੈ। ਅਧਿਆਪਕਾਂ ਨੇ ਯੋਜਨਾਬੱਧ ਢੰਗ ਨਾਲ ਪਾਠ ਅਧਿਆਪਨ ਕਰਦੇ ਹੋਏ ਨਵੀਆਂ ਤਕਨੀਕਾਂ ਅਤੇ ਸਰਗਰਮ ਸਿੱਖਣ ਪੱਧਤੀਆਂ ਦੀ ਵਰਤੋਂ ਕੀਤੀ, ਜਿਸ ਨਾਲ ਵਿਦਿਆਰਥੀਆਂ ਦੀ ਸਮਝ ਅਤੇ ਸਿੱਖਣ ਦੀ ਸਮਰੱਥਾ ਵਿੱਚ ਖਾਸ ਵਾਧਾ ਹੋਇਆ। ਇਸ ਦਾ ਨਤੀਜਾ ਇਹ ਨਿਕਲਿਆ ਕਿ ਸਿੱਖਣ ਦੇ ਟੀਚੇ ਨਾ ਸਿਰਫ ਪੂਰੇ ਹੋਏ, ਸਗੋਂ ਉਮੀਦਾਂ ਤੋਂ ਵੀ ਵੱਧ ਨਤੀਜੇ ਪ੍ਰਾਪਤ ਹੋਏ।ਸਕੂਲ ਦੀ ਇਹ ਸਫਲਤਾ ਸਾਬਤ ਕਰਦੀ ਹੈ ਕਿ ਜੇ ਅਧਿਆਪਕ ਸਮਰਪਿਤ ਹੋਣ ਅਤੇ ਟੀਮ ਵਰਕ ਦੇ ਨਾਲ ਕੰਮ ਕੀਤਾ ਜਾਵੇ ਤਾਂ ਹਰ ਟੀਚਾ ਹਾਸਲ ਕੀਤਾ ਜਾ ਸਕਦਾ ਹੈ। ਇਹ ਸਨਮਾਨ ਨਾ ਸਿਰਫ ਸਕੂਲ ਲਈ ਮਾਣ ਦੀ ਗੱਲ ਹੈ, ਸਗੋਂ ਹੋਰ ਸਿੱਖਿਆ ਸੰਸਥਾਵਾਂ ਲਈ ਪ੍ਰੇਰਨਾ ਦਾ ਸਰੋਤ ਵੀ ਬਣੇਗਾ। ਭਵਿੱਖ ਵਿੱਚ ਵੀ ਸਕੂਲ ਵੱਲੋਂ ਇਸੇ ਤਰ੍ਹਾਂ ਦੀਆਂ ਉਪਲੱਬਧੀਆਂ ਹਾਸਲ ਕਰਨ ਦੀ ਉਮੀਦ ਜਤਾਈ ਜਾ ਰਹੀ ਹੈ। 3.0 ਅਧੀਨ ਸਰਕਾਰੀ ਪ੍ਰਾਈਮਰੀ ਸਕੂਲ ਹਮੀਦੀ ਨੂੰ ਸ਼ਾਨਦਾਰ ਪ੍ਰਦਰਸ਼ਨ ਲਈ ਸਨਮਾਨਿਤ ਕੀਤਾ ਗਿਆ।

ਇਸ ਉਪਲੱਬਧੀ ਵਿੱਚ ਅਧਿਆਪਕ ਗੁਰਦੀਪ ਸਿੰਘ, ਜਗਸੀਰ ਸਿੰਘ, ਚਮਕੌਰ ਸਿੰਘ, ਜਸਪ੍ਰੀਤ ਕੌਰ ਅਤੇ ਸਰਬਜੀਤ ਕੌਰ ਦਾ ਵੀ ਵਿਸ਼ੇਸ਼ ਯੋਗਦਾਨ ਰਿਹਾ। ਉਨ੍ਹਾਂ ਨੇ ਆਪਣੇ-ਆਪਣੇ ਵਿਸ਼ਿਆਂ ਵਿੱਚ ਮਿਹਨਤ ਅਤੇ ਸਮਰਪਣ ਨਾਲ ਵਿਦਿਆਰਥੀਆਂ ਨੂੰ ਗੁਣਵੱਤਾਪੂਰਨ ਸਿੱਖਿਆ ਪ੍ਰਦਾਨ ਕੀਤੀ ਅਤੇ ਸਕੂਲ ਦੀ ਪ੍ਰਗਤੀ ਵਿੱਚ ਅਹਿਮ ਭੂਮਿਕਾ ਨਿਭਾਈ।

# ਧਰੁਵਨ ਭੰਡਾਰੀ ਨੇ 10ਵੀਂ ਦੀ ਪ੍ਰੀਖਿਆ 'ਚ 97.6 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਰੱਚਿਆ ਇਤਿਹਾਸ



ਬਰਨਾਲਾ, 19 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਸੇਕਰਡ ਹਾਰਟ ਕਾਨਵੈਂਟ ਸਕੂਲ, ਰਾਏਕੋਟ ਰੋਡ, ਬਰਨਾਲਾ ਦੇ ਹੋਣਹਾਰ ਵਿਦਿਆਰਥੀ, ਪ੍ਰੋ. ਦੀਪਕ ਭੰਡਾਰੀ ਦੇ ਪੁੱਤਰ ਧਰੁਵਨ ਭੰਡਾਰੀ ਨੇ ਸੀਬੀਐਸਈ ਬੋਰਡ ਦੀ 10ਵੀਂ ਜਮਾਤ ਦੀ ਪ੍ਰੀਖਿਆ ਵਿੱਚ 500 ਵਿੱਚੋਂ 488 ਅੰਕ (97.6 ਪ੍ਰਤੀਸ਼ਤ) ਪ੍ਰਾਪਤ ਕਰਕੇ ਇਤਿਹਾਸ ਰਚਿਆ ਹੈ, ਜੋ ਕਿ ਇੱਕ ਰਿਕਾਰਡ ਹੈ। ਆਪਣੀ ਸਫਲਤਾ ਬਾਰੇ ਬੋਲਦੇ ਹੋਏ, ਧਰੁਵਨ ਭੰਡਾਰੀ ਨੇ ਆਪਣੇ ਪਿਤਾ, ਪ੍ਰੋ. ਦੀਪਕ ਭੰਡਾਰੀ, ਆਪਣੀ ਮਾਂ, ਲੈਕਚਰਾਰ ਸੋਨਿਕਾ ਅਤੇ ਆਪਣੇ ਸਕੂਲ ਦੇ ਅਧਿਆਪਕਾਂ ਨੂੰ ਸਿਹਰਾ ਦਿੱਤਾ। ਧਰੁਵਨ ਭੰਡਾਰੀ ਨੇ ਕਿਹਾ ਕਿ ਉਹ ਭਵਿੱਖ ਵਿੱਚ ਆਈ ਏ ਐਸ ਅਧਿਕਾਰੀ ਬਣ ਕੇ ਦੇਸ਼ ਅਤੇ ਸਮਾਜ ਦੀ ਸੇਵਾ ਕਰਨ ਦੀ ਇੱਛਾ ਰੱਖਦਾ ਹੈ।ਇਹ ਧਿਆਨ ਦੇਣ ਯੋਗ ਹੈ ਕਿ ਧਰੁਵਨ ਭੰਡਾਰੀ ਨੇ ਨਰਸਰੀ ਸਕੂਲ ਤੋਂ ਲੈ ਕੇ ਮੈਟ੍ਰਿਕ ਤੱਕ ਲਗਾਤਾਰ ਏ+ ਗ੍ਰੇਡ ਪ੍ਰਾਪਤ ਕੀਤੇ ਹਨ।

# ਭਦੌੜ ਦੇ ਬੱਸ ਅੱਡੇ ਲਈ ਜ਼ਮੀਨ ਦਾਨ ਕਰਨ ਵਾਲੇ ਪਰਿਵਾਰ ਦਾ ਸਨਮਾਨ



ਭਦੌੜ, 19 ਅਪ੍ਰੈਲ (ਸੁਖਵਿੰਦਰ ਪਲਾਹਾ) : ਨਗਰ ਕੌਂਸਲ ਭਦੌੜ ਅਤੇ ਸਮੁੱਚੇ ਸ਼ਹਿਰ ਨਿਵਾਸੀਆਂ ਵੱਲੋਂ ਅੱਜ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਭਦੌੜ ਬੱਸ ਸਟੈਂਡ ਲਈ ਆਪਣੀ ਕੀਮਤੀ ਜ਼ਮੀਨ ਦਾਨ ਕਰਨ ਵਾਲੇ ਸਵ:ਸਰਦਾਰ ਗੁਰਦੇਵ ਸਿੰਘ ਦੇ ਸਪੁੱਤਰ ਸਰਦਾਰ ਇੰਦਰਜੀਤ ਸਿੰਘ ਦਾ ਨਿੱਘਾ ਸਨਮਾਨ ਕੀਤਾ ਗਿਆ। ਇਸ ਮੌਕੇ ਸ਼ਹਿਰ ਦੀਆਂ ਪ੍ਰਮੁੱਖ ਸ਼ਖਸੀਅਤਾਂ ਨੇ ਸ਼ਿਰਕਤ ਕੀਤੀ ਅਤੇ ਉਸ ਮਹਾਨ ਕਾਰਜ ਨੂੰ ਯਾਦ ਕੀਤਾ ਜਿਸ ਸਦਕਾ ਅੱਜ ਸ਼ਹਿਰ ਨੂੰ ਆਪਣਾ ਬੱਸ ਸਟੈਂਡ ਨਸੀਬ ਹੋਇਆ ਹੈ। ਨਗਰ ਕੌਂਸਲ ਭਦੌੜ ਦੇ ਪ੍ਰਧਾਨ ਮਨੀਸ਼ ਕੁਮਾਰ ਗਰਗ ਨੇ ਸ਼ਹਿਰ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਰਦਾਰ ਗੁਰਦੇਵ ਸਿੰਘ ਵਰਗੇ ਦਾਨੀ ਪੁਰਸ਼ਾਂ ਦੀ ਬਦੌਲਤ ਹੀ ਅੱਜ ਇਲਾਕੇ ਦਾ ਵਿਕਾਸ ਸੰਭਵ ਹੋ ਸਕਿਆ ਹੈ। ਉਨ੍ਹਾਂ ਐਲਾਨ ਕੀਤਾ ਕਿ ਸ਼ਹਿਰ ਦੇ ਇਸ ਬੱਸ ਸਟੈਂਡ ਦਾ ਨਾਮ ਹੁਣ ਸਵਰਗੀ ਸਰਦਾਰ ਗੁਰਦੇਵ ਸਿੰਘ ਯਾਦਗਾਰੀ ਬੱਸ ਸਟੈਂਡ ਰੱਖਿਆ ਗਿਆ ਹੈ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਇਸ ਪਰਿਵਾਰ ਦੀ ਮਹਾਨ ਦੇਣ ਨੂੰ ਹਮੇਸ਼ਾ ਯਾਦ ਰੱਖ ਸਕਣ।

ਨਗਰ ਕੌਂਸਲ ਦੇ ਪ੍ਰਧਾਨ ਨੇ ਇਹ ਵੀ ਮੰਨਿਆ ਕਿ ਇਹ ਮਾਣ ਸਨਮਾਨ ਪਰਿਵਾਰ ਨੂੰ ਬਹੁਤ ਸਾਲ ਪਹਿਲਾਂ ਮਿਲਣਾ ਚਾਹੀਦਾ ਸੀ, ਕਿਉਂਕਿ ਸਮਾਜ ਭਲਾਈ ਲਈ ਇੰਨਾ ਵੱਡਾ ਕਦਮ ਚੁੱਕਣ ਵਾਲੇ ਲੋਕ ਬਹੁਤ ਘੱਟ ਹੁੰਦੇ ਹਨ। ਸਰਦਾਰ ਇੰਦਰਜੀਤ ਸਿੰਘ ਨੂੰ ਇਸ ਦੌਰਾਨ ਸਿਰੋਪਾਓ ਅਤੇ ਸਨਮਾਨ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਸਮੁੱਚਾ ਸ਼ਹਿਰ ਇਸ ਨੇਕ ਕਾਰਜ ਲਈ ਇਸ ਪਰਿਵਾਰ ਦਾ ਹਮੇਸ਼ਾ ਰਿਣੀ ਰਹੇਗਾ। ਸਥਾਨਕ ਲੋਕਾਂ ਨੇ ਵੀ ਨਗਰ ਕੌਂਸਲ ਦੇ ਇਸ ਫੈਸਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਅਜਿਹੇ ਸਨਮਾਨਾਂ ਨਾਲ ਸਮਾਜ ਵਿੱਚ ਸੇਵਾ ਦੀ ਭਾਵਨਾ ਵਧਦੀ ਹੈ। ਇਸ ਮੌਕੇ ਨਗਰ ਕੌਂਸਲ ਭਦੌੜ ਦੇ ਸਾਬਕਾ ਪ੍ਰਧਾਨ ਨਾਹਰ ਸਿੰਘ ਔਲਖ, ਪਰਮਜੀਤ ਸਿੰਘ, ਗੁਰਪਾਲ ਸਿੰਘ ਮੋਟੂ, ਅਸ਼ੋਕ ਰਾਮ, ਅਮਰਜੀਤ ਸਿੰਘ, ਵਕੀਲ ਸਿੰਘ ਸਾਰੇ ਐਮ ਸੀ, ਦੀਪਕ ਕੁਮਾਰ ਬੋਨੀ ਸ਼ਰਮਾ, ਕੀਰਤ ਸਿੰਗਲਾ ਅਤੇ ਰਜਿੰਦਰ ਬੱਤਾ ਸਮੇਤ ਸ਼ਹਿਰ ਦੇ ਪਤਵੰਤੇ ਸੱਜਣ ਮੌਜੂਦ ਸਨ ਜਿਨ੍ਹਾਂ ਨੇ ਪਰਿਵਾਰ ਦਾ ਧੰਨਵਾਦ ਕੀਤਾ।

# ਬਠਿੰਡਾ ਨਿਗਮ ਦਾ 'ਸਫ਼ਾਈ ਮਿਸ਼ਨ' ਫੇਲ੍ਹ: 1333 ਮੁਲਾਜ਼ਮਾਂ ਦੀ ਫ਼ੌਜ ਵੀ ਨਾ ਹਟਾ ਸਕੀ ਕੂੜੇ ਦੇ ਢੇਰ



ਬਠਿੰਡਾ, 19 ਅਪ੍ਰੈਲ (ਦੀਪਕ ਸ਼ਰਮਾ): ਸਵੱਛ ਭਾਰਤ ਅਭਿਆਨ ਦੇ ਵੱਡੇ-ਵੱਡੇ ਦਾਅਵਿਆਂ ਦੇ ਉਲਟ, ਬਠਿੰਡਾ ਨਗਰ ਨਿਗਮ ਦੀ ਸਫ਼ਾਈ ਵਿਵਸਥਾ ਅੱਜ-ਕੱਲ੍ਹ ਖ਼ੁਦ ਸਵਾਲਾਂ ਦੇ ਘੇਰੇ ਵਿੱਚ ਹੈ। ਸੂਚਨਾ ਦਾ ਅਧਿਕਾਰ (ਆਰ.ਟੀ.ਆਈ.) ਤਹਿਤ ਸਾਹਮਣੇ ਆਏ ਅੰਕੜਿਆਂ ਨੇ ਸਾਬਿਤ ਕਰ ਦਿੱਤਾ ਹੈ ਕਿ ਸ਼ਹਿਰ ਨੂੰ ਸਾਫ਼ ਰੱਖਣ ਲਈ ਮੁਲਾਜ਼ਮਾਂ ਦੀ ਕੋਈ ਕਮੀ ਨਹੀਂ ਹੈ, ਪਰ ਇਸ ਦੇ ਬਾਵਜੂਦ ਬਠਿੰਡਾ ਦੀਆਂ ਸੜਕਾਂ 'ਤੇ ਕੂੜੇ ਦਾ ਰਾਜ ਹੈ।ਨਗਰ ਨਿਗਮ ਦੀ ਹੈਲਥ ਸ਼ਾਖਾ ਦੇ ਅੰਦਰੂਨੀ ਵੇਰਵਿਆਂ ਨੇ ਸਭ ਨੂੰ ਹੈਰਾਨ ਕਰ ਦਿੱਤਾ ਹੈ। ਆਰ.ਟੀ.ਆਈ. ਰਾਹੀਂ ਪ੍ਰਾਪਤ ਜਾਣਕਾਰੀ ਮੁਤਾਬਕ, ਨਿਗਮ ਕੋਲ ਇਸ ਸਮੇਂ 1333 ਕਰਮਚਾਰੀਆਂ ਦਾ ਵੱਡਾ ਲਾਮ-ਲਸ਼ਕਰ ਮੌਜੂਦ ਹੈ। ਇਸ ਵਿੱਚ 587 ਪੱਕੇ ਅਤੇ 710 ਕੱਚੇ ਸਫ਼ਾਈ ਸੇਵਕਾਂ ਤੋਂ ਇਲਾਵਾ ਸੈਨੀਟੇਸ਼ਨ ਅਫ਼ਸਰ, ਚੀਫ਼ ਸੈਨੀਟਰੀ ਇੰਸਪੈਕਟਰ ਅਤੇ ਸੁਪਰਵਾਈਜ਼ਰਾਂ ਦੀ ਇੱਕ ਲੰਮੀ ਫ਼ੌਜ ਸ਼ਾਮਲ ਹੈ। ਪਰ ਸਵਾਲ ਇਹ ਉੱਠਦਾ ਹੈ ਕਿ ਜੇਕਰ ਸ਼ਹਿਰ ਦੀ ਸਫ਼ਾਈ ਲਈ ਇੰਨੀ ਵੱਡੀ ਗਿਣਤੀ ਵਿੱਚ ਹੱਥ ਮੌਜੂਦ ਹਨ, ਤਾਂ ਫਿਰ ਬਠਿੰਡਾ ਦੀਆਂ ਗਲੀਆਂ ਅਤੇ ਫੁੱਟਪਾਥ ਕੂੜੇ ਨਾਲ ਕਿਉਂ ਭਰੇ ਹੋਏ ਹਨ? ਨਿਗਮ ਵੱਲੋਂ 100 ਫੀਸਦੀ 'ਡੋਰ-ਟੂ-ਡੋਰ' ਕੂੜਾ ਚੁੱਕਣ ਦੇ ਕੀਤੇ ਜਾ ਰਹੇ ਦਾਅਵੇ ਜ਼ਮੀਨੀ ਪੱਧਰ 'ਤੇ ਖੋਖਲੇ ਸਾਬਿਤ ਹੋ ਰਹੇ ਹਨ। ਸ਼ਹਿਰ ਦੇ ਲਗਭਗ 90 ਤੋਂ 95 ਫੀਸਦੀ ਇਲਾਕਿਆਂ ਵਿੱਚ ਲੋਕਾਂ ਦੀ ਸਭ ਤੋਂ ਵੱਡੀ ਸ਼ਿਕਾਇਤ ਇਹੀ ਹੈ ਕਿ ਕੂੜਾ ਚੁੱਕਣ ਵਾਲੀਆਂ ਗੱਡੀਆਂ ਜਾਂ ਤਾਂ ਸਮੇਂ ਸਿਰ ਨਹੀਂ ਆਉਂਦੀਆਂ ਜਾਂ ਫਿਰ ਆਉਂਦੀਆਂ ਹੀ ਨਹੀਂ। ਇਸੇ ਲਾਪਰਵਾਹੀ ਕਾਰਨ ਲੋਕ ਕੂੜਾ ਖੁੱਲ੍ਹੇ ਵਿੱਚ ਸੁੱਟਣ ਲਈ ਮਜਬੂਰ ਹਨ, ਜਿਸ ਨਾਲ ਸ਼ਹਿਰ ਦੀ ਖ਼ੂਬਸੂਰਤੀ ਨੂੰ ਤਾਂ ਗ੍ਰਹਿਣ ਲੱਗ ਹੀ ਰਿਹਾ ਹੈ, ਨਾਲ ਹੀ ਭਿਆਨਕ ਬਿਮਾਰੀਆਂ ਫੈਲਣ ਦਾ ਡਰ ਵੀ ਬਣਿਆ ਹੋਇਆ ਹੈ।

ਨਿਗਮ ਦੀ ਕਾਰਜਪ੍ਰਣਾਲੀ 'ਤੇ ਉੱਠ ਰਹੇ ਇਹ ਸਵਾਲ ਸਿਰਫ਼ ਸਫ਼ਾਈ ਤੱਕ ਸੀਮਿਤ ਨਹੀਂ ਹਨ, ਸਗੋਂ ਇਹ ਪ੍ਰਸ਼ਾਸਨਿਕ ਫੇਲ੍ਹ ਹੋਣ ਦਾ ਸਬੂਤ ਵੀ ਹਨ। ਜਨਤਾ ਦਾ ਪੈਸਾ ਤਨਖ਼ਾਹਾਂ 'ਤੇ ਪਾਣੀ ਵਾਂਗ ਵਹਾਇਆ ਜਾ ਰਿਹਾ ਹੈ, ਪਰ ਨਤੀਜਾ 'ਸਿਫ਼ਰ' ਹੈ। ਸ਼ਹਿਰ ਵਾਸੀ ਹੁਣ ਪ੍ਰਸ਼ਾਸਨ ਤੋਂ ਇਹ ਜਵਾਬ ਮੰਗ ਰਹੇ ਹਨ ਕਿ ਇੰਨੇ ਵੱਡੇ ਸਟਾਫ਼ ਦੀ ਮੌਜੂਦਗੀ ਵਿੱਚ ਇਹ ਗੰਦਗੀ ਕਿਸ ਦੀ ਜ਼ਿੰਮੇਵਾਰੀ ਹੈ? ਜੇਕਰ ਹੁਣ ਵੀ ਕੋਈ ਠੋਸ ਕਾਰਵਾਈ ਨਾ ਕੀਤੀ ਗਈ, ਤਾਂ ਬਠਿੰਡਾ ਸਫ਼ਾਈ ਦੇ ਮਾਮਲੇ ਵਿੱਚ ਹੋਰ ਪਛੜ ਜਾਵੇਗਾ।

# ਨਿਗਮ ਕਮਿਸ਼ਨਰ ਨੂੰ ਸਰਕਿਟ ਹਾਊਸ 'ਚ ਕੱਟਣੇ ਪੈ ਰਹੇ ਦਿਨ, ਸਰਕਾਰੀ ਕੋਠੀ ਨਹੀਂ ਹੋਈ ਖਾਲੀ



ਬਠਿੰਡਾ, 19 ਅਪ੍ਰੈਲ (ਦੀਪਕ ਸ਼ਰਮਾ): ਬਠਿੰਡਾ ਨਗਰ ਨਿਗਮ ਵਿੱਚ ਅਫ਼ਸਰਸ਼ਾਹੀ ਦੀ ਕਾਰਜਪ੍ਰਣਾਲੀ ਅਤੇ ਤਾਲਮੇਲ ਦੀ ਕਮੀ ਕਾਰਨ ਇੱਕ ਬਹੁਤ ਹੀ ਅਜੀਬ ਸਥਿਤੀ ਪੈਦਾ ਹੋ ਗਈ ਹੈ। ਹਾਲਾਤ ਇਹ ਹਨ ਕਿ ਨਿਗਮ ਦੀ ਨਵੀਂ ਨਿਯੁਕਤ ਕਮਿਸ਼ਨਰ ਨੂੰ ਅਹੁਦਾ ਸੰਭਾਲੇ 19 ਦਿਨ ਬੀਤ ਜਾਣ ਦੇ ਬਾਵਜੂਦ ਅਜੇ ਤੱਕ ਆਪਣੀ ਸਰਕਾਰੀ ਕੋਠੀ ਨਸੀਬ ਨਹੀਂ ਹੋਈ। ਨਿਗਮ ਦੀ ਮਿਉਂਸਪਲ ਕਲੋਨੀ ਵਿੱਚ ਕਮਿਸ਼ਨਰ ਲਈ ਰਾਖਵੀਂ ਕੋਠੀ ਹੋਣ ਦੇ ਬਾਵਜੂਦ, ਉਹਨਾਂ ਨੂੰ ਮਜਬੂਰੀ ਵਿੱਚ ਸਰਕਾਰੀ ਸਰਕਿਟ ਹਾਊਸ ਵਿੱਚ ਰਹਿਣਾ ਪੈ ਰਿਹਾ ਹੈ।

ਜਾਣਕਾਰੀ ਅਨੁਸਾਰ, ਨਿਗਮ ਕਮਿਸ਼ਨਰ ਲਵਜੀਤ ਕਲਸੀ ਨੂੰ ਕਾਰਜਭਾਰ ਸੰਭਾਲੇ ਲਗਭਗ 18-19 ਦਿਨ ਹੋ ਚੁੱਕੇ ਹਨ। ਇਸ ਅਸੁਵਿਧਾ ਪਿੱਛੇ ਵਿਭਾਗੀ ਅਵਿਵਸਥਾ ਮੁੱਖ ਕਾਰਨ ਦੱਸੀ ਜਾ ਰਹੀ ਹੈ। ਦਰਅਸਲ, ਪਹਿਲਾਂ ਕਮਿਸ਼ਨਰ ਦਾ ਵਾਧੂ ਚਾਰਜ ਏ.ਡੀ.ਸੀ. ਵਿਕਾਸ ਕੰਚਨ ਕੋਲ ਸੀ, ਜਿਨ੍ਹਾਂ ਨੇ ਵਾਧੂ ਚਾਰਜ ਹੋਣ ਕਾਰਨ ਕਮਿਸ਼ਨਰ ਵਾਲੀ ਕੋਠੀ ਵਿੱਚ ਸ਼ਿਫਟ ਹੋਣਾ ਮੁਨਾਸਿਬ ਨਹੀਂ ਸਮਝਿਆ। ਇਸੇ ਦੌਰਾਨ ਸਰਕਾਰ ਨੇ ਆਈ.ਏ.ਐਸ. ਅਧਿਕਾਰੀ ਰਾਕੇਸ਼ ਕੁਮਾਰ ਮੀਨਾ ਨੂੰ ਜੁਆਇੰਟ ਕਮਿਸ਼ਨਰ ਨਿਯੁਕਤ ਕਰ ਦਿੱਤਾ, ਜਿਨ੍ਹਾਂ ਨੇ ਅਹੁਦਾ ਸੰਭਾਲਦਿਆਂ ਹੀ ਕਮਿਸ਼ਨਰ ਲਈ ਨਿਰਧਾਰਿਤ ਕੋਠੀ ਵਿੱਚ ਰਿਹਾਇਸ਼ ਕਰ ਲਈ।

ਮਾਮਲਾ ਉਦੋਂ ਹੋਰ ਉਲਝ ਗਿਆ ਜਦੋਂ ਸਰਕਾਰ ਨੇ ਲਵਜੀਤ ਕਲਸੀ ਨੂੰ ਸਥਾਈ ਕਮਿਸ਼ਨਰ ਲਗਾ ਦਿੱਤਾ। ਹੁਣ ਸਥਿਤੀ ਇਹ ਹੈ ਕਿ ਕਮਿਸ਼ਨਰ ਦੀ ਕੋਠੀ ਵਿੱਚ ਜੁਆਇੰਟ ਕਮਿਸ਼ਨਰ ਰਹਿ ਰਹੇ ਹਨ, ਜਦਕਿ ਜੁਆਇੰਟ ਕਮਿਸ਼ਨਰ ਪੱਧਰ ਦੇ ਅਧਿਕਾਰੀ ਲਈ ਬਣੀ ਦੂਜੀ ਕੋਠੀ ਵਿੱਚ ਟ੍ਰੇਨਿੰਗ 'ਤੇ ਆਈ ਇੱਕ ਮਹਿਲਾ ਆਈ.ਏ.ਐਸ. ਅਧਿਕਾਰੀ ਪਹਿਲਾਂ ਹੀ ਰਹਿ ਰਹੀ ਹੈ।

ਨਿਗਮ ਪ੍ਰਸ਼ਾਸਨ ਇਸ ਸਮੇਂ ਧਰਮ-ਸੰਕਟ ਵਿੱਚ ਫਸਿਆ ਹੋਇਆ ਹੈ। ਕੋਈ ਵੀ ਅਧਿਕਾਰੀ ਇਹ ਫ਼ੈਸਲਾ ਨਹੀਂ ਲੈ ਪਾ ਰਿਹਾ ਕਿ ਨਵੀਂ ਕਮਿਸ਼ਨਰ ਨੂੰ ਕਿਹੜਾ ਘਰ ਦਿੱਤਾ ਜਾਵੇ। ਨਾ ਤਾਂ ਜੁਆਇੰਟ ਕਮਿਸ਼ਨਰ ਤੋਂ ਕੋਠੀ ਖ਼ਾਲੀ ਕਰਵਾਉਣ ਦੀ ਹਿੰਮਤ ਦਿਖਾਈ ਜਾ ਰਹੀ ਹੈ ਅਤੇ ਨਾ ਹੀ ਟ੍ਰੇਨਿੰਗ ਅਫ਼ਸਰ ਨੂੰ ਕਿਤੇ ਹੋਰ ਜਾਣ ਲਈ ਕਿਹਾ ਜਾ ਰਿਹਾ ਹੈ। ਨਤੀਜੇ ਵਜੋਂ, ਸ਼ਹਿਰ ਦੀ ਸਭ ਤੋਂ ਉੱਚੀ ਪ੍ਰਸ਼ਾਸਨਿਕ ਅਧਿਕਾਰੀ ਹੋਣ ਦੇ ਬਾਵਜੂਦ ਕਮਿਸ਼ਨਰ ਨੂੰ ਅਸਥਾਈ ਤੌਰ 'ਤੇ ਸਰਕਿਟ ਹਾਊਸ ਵਿੱਚ ਗੁਜ਼ਾਰਾ ਕਰਨਾ ਪੈ ਰਿਹਾ ਹੈ।

# "ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026" ਕੌਮ ਲਈ ਇਤਿਹਾਸਕ ਪ੍ਰਾਪਤੀ : ਬਲਕਾਰ ਸਿੱਧੂ



ਰਾਮਪੁਰਾ ਫੂਲ, 19 ਅਪ੍ਰੈਲ (ਮਨਪ੍ਰੀਤ ਮਿੰਟੂ): ਸਿੱਖ ਕੌਮ ਲਈ ਇੱਕ ਮਹੱਤਵਪੂਰਨ ਤੇ ਇਤਿਹਾਸਕ ਪਲ ਸਾਹਮਣੇ ਆਇਆ ਹੈ। ਪੰਜਾਬ ਵਿਧਾਨ ਸਭਾ ਵੱਲੋਂ ਸਰਬਸੰਮਤੀ ਨਾਲ ਪਾਸ ਕੀਤਾ ਗਿਆ "ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026" ਹੁਣ ਰਾਜਪਾਲ ਵੱਲੋਂ ਮਨਜ਼ੂਰੀ ਪ੍ਰਾਪਤ ਹੋਣ ਉਪਰੰਤ ਪੂਰੀ ਤਰ੍ਹਾਂ ਕਾਨੂੰਨ ਬਣ ਗਿਆ ਹੈ। ਇਸ ਸਬੰਧੀ ਹਲਕਾ ਰਾਮਪੁਰਾ ਫੂਲ ਦੇ ਵਿਧਾਇਕ ਨੇ ਇਸ ਦਿਨ ਨੂੰ ਸਿੱਖ ਕੌਮ ਲਈ ਇਤਿਹਾਸਕ ਘਟਨਾ ਕਰਾਰ ਦਿੰਦਿਆਂ ਕਿਹਾ ਕਿ ਇਹ ਬਿੱਲ 13 ਅਪ੍ਰੈਲ ਨੂੰ ਪਵਿੱਤਰ ਦੇ ਦਿਹਾੜੇ ਮੌਕੇ ਮੁੱਖ ਮੰਤਰੀ ਵੱਲੋਂ ਵਿਧਾਨ ਸਭਾ ਵਿੱਚ ਪੇਸ਼ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਸਾਰੀਆਂ ਰਾਜਨੀਤਿਕ ਪਾਰਟੀਆਂ ਨੇ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਇਸ ਬਿੱਲ ਨੂੰ ਸਰਬਸੰਮਤੀ ਨਾਲ ਪਾਸ ਕੀਤਾ, ਜੋ ਸਿੱਖ ਭਾਵਨਾਵਾਂ ਪ੍ਰਤੀ ਸਾਂਝੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਵਿਧਾਇਕ ਸਿੱਧੂ ਨੇ ਕਿਹਾ ਕਿ ਰਾਜਪਾਲ ਵੱਲੋਂ ਬਿਨਾਂ ਕਿਸੇ ਦੇਰੀ ਦੇ ਮਨਜ਼ੂਰੀ ਦੇਣ ਨਾਲ ਇਹ ਬਿੱਲ ਹੁਣ ਕਾਨੂੰਨ ਦਾ ਰੂਪ ਧਾਰ ਚੁੱਕਾ ਹੈ।

ਉਨ੍ਹਾਂ ਦੱਸਿਆ ਕਿ ਇਸ ਕਾਨੂੰਨ ਤਹਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲਿਆਂ ਲਈ ਘੱਟੋ-ਘੱਟ 10 ਸਾਲ ਤੋਂ ਲੈ ਕੇ ਉਮਰ ਕੈਦ ਤੱਕ ਦੀ ਸਖ਼ਤ ਸਜ਼ਾ ਅਤੇ 5 ਲੱਖ ਤੋਂ 25 ਲੱਖ ਰੁਪਏ ਤੱਕ ਦਾ ਭਾਰੀ ਜੁਰਮਾਨਾ ਰੱਖਿਆ ਗਿਆ ਹੈ। ਇਸ ਤੋਂ ਇਲਾਵਾ ਇਹ ਅਪਰਾਧ ਗੈ ਰ - ਜ਼ ਮਾ ਨ ਤੀ ਬਣਾਇਆ ਗਿਆ ਹੈ। ਵਿਧਾਇਕ ਬਲਕਾਰ ਸਿੰਘ ਸਿੱਧੂ ਨੇ ਕਿਹਾ ਕਿ ਇਹ ਕਾਨੂੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਨੂੰ ਯਕੀਨੀ ਬਣਾਉਣ ਵੱਲ ਇੱਕ ਵੱਡਾ ਅਤੇ ਇਤਿਹਾਸਕ ਕਦਮ ਹੈ, ਜਿਸ ਨਾਲ ਸਿੱਖ ਕੌਮ ਦੀ ਲੰਬੇ ਸਮੇਂ ਤੋਂ ਚੱਲ ਰਹੀ ਮੰਗ ਪੂਰੀ ਹੋਈ ਹੈ। ਉਨ੍ਹਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਕੋਈ ਵੀ ਵਿਅਕਤੀ ਐਸੀ ਘਿਨੌਣੀ ਹਰਕਤ ਕਰਨ ਦੀ ਹਿੰਮਤ ਨਾ ਕਰੇ, ਨਹੀਂ ਤਾਂ ਉਸ ਨੂੰ ਕਾਨੂੰਨ ਅਨੁਸਾਰ ਕੜੀ ਸਜ਼ਾ ਭੁਗਤਣੀ ਪਵੇਗੀ। ਨਾਲ ਹੀ ਉਨ੍ਹਾਂ ਸਮੂਹ ਸਿੱਖ ਜਗਤ ਨੂੰ ਵਧਾਈ ਦਿੰਦਿਆਂ ਅਪੀਲ ਕੀਤੀ ਕਿ ਸਾਰੇ ਲੋਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪੂਰਾ ਸਤਿਕਾਰ ਕਰਦੇ ਹੋਏ ਉਨ੍ਹਾਂ ਦੇ ਉਪਦੇਸ਼ਾਂ ਅਨੁਸਾਰ ਜੀਵਨ ਬਤੀਤ ਕਰਨ ਅਤੇ ਸਮਾਜ ਵਿੱਚ ਸ਼ਾਂਤੀ, ਸਦਭਾਵਨਾ ਤੇ ਭਾਈਚਾਰਕ ਏਕਤਾ ਨੂੰ ਹੋਰ ਮਜ਼ਬੂਤ ਬਣਾਉਣ।ਇਸ ਇਤਿਹਾਸਕ ਕਾਨੂੰਨ ਨਾਲ ਸਿੱਖ ਭਾਵਨਾਵਾਂ ਨੂੰ ਨਵੀਂ ਤਾਕਤ ਮਿਲੀ ਹੈ ਅਤੇ ਬੇਅਦਬੀ ਵਰਗੀਆਂ ਘਟਨਾਵਾਂ ਨੂੰ ਰੋਕਣ ਲਈ ਇਹ ਇੱਕ ਮਜ਼ਬੂਤ ਕਾਨੂੰਨੀ ਢਾਲ ਸਾਬਤ ਹੋਵੇਗਾ।

## ਅਧਿਆਪਕਾ ਨਾਲ ਬਦਸਲੂਕੀ ਕਰਨ ਵਾਲੇ ਅਧਿਆਪਕ 'ਤੇ ਪਰਚਾ ਦਰਜ

ਬਠਿੰਡਾ, 19 ਅਪ੍ਰੈਲ (ਦੀਪਕ ਸ਼ਰਮਾ): ਜਦੋਂ ਸਮਾਜ ਨੂੰ ਰਾਹ ਦਿਖਾਉਣ ਵਾਲੇ ਹੀ ਭਟਕ ਜਾਣ, ਤਾਂ ਸਵਾਲ ਸਿੱਖਿਆ ਦੇ ਪੂਰੇ ਢਾਂਚੇ 'ਤੇ ਉੱਠਦੇ ਹਨ। ਜ਼ਿਲ੍ਹੇ ਦੇ ਮੌੜ ਮੰਡੀ ਖੇਤਰ ਵਿੱਚ ਇੱਕ ਅਜਿਹੀ ਹੀ ਮੰਦਭਾਗੀ ਘਟਨਾ ਵਾਪਰੀ ਹੈ, ਜਿੱਥੇ ਇੱਕ ਮਹਿਲਾ ਅਧਿਆਪਕਾ ਨੂੰ ਆਪਣੇ ਹੀ ਸਾਥੀ ਅਧਿਆਪਕ ਦੀ ਬਦਨੀਤੀ ਦਾ ਸ਼ਿਕਾਰ ਹੋਣਾ ਪਿਆ। ਪੀੜਤਾ ਨੇ ਹਿੰਮਤ ਦਿਖਾਉਂਦਿਆਂ ਪੁਲਿਸ ਕੋਲ ਪਹੁੰਚ ਕੇ ਮੁਲਜ਼ਮ ਅਧਿਆਪਕ ਦਾ ਅਸਲ ਚਿਹਰਾ ਬੇਪਰਦ ਕੀਤਾ ਹੈ। ਪੀੜਤ ਮਹਿਲਾ ਅਧਿਆਪਕਾ, ਜੋ ਸਥਾਨਕ ਸ਼ਹਿਰ ਦੀ ਰਹਿਣ ਵਾਲੀ ਹੈ, ਨੇ ਦੱਸਿਆ ਕਿ ਉਹ ਮੌੜ ਮੰਡੀ ਦੇ ਇੱਕ ਸਕੂਲ ਵਿੱਚ ਬਤੌਰ ਟੀਚਰ ਕੰਮ ਕਰਦੀ ਹੈ। ਸਕੂਲ ਦੀ ਇੱਕ ਕਮੇਟੀ ਵਿੱਚ ਕੰਮ ਕਰਨ ਦੌਰਾਨ, ਸਾਥੀ ਅਧਿਆਪਕ ਪ੍ਰਵੀਨ ਕੁਮਾਰ ਨੇ ਲੱਕੜ ਦੇ ਕੰਮ ਦਾ ਜਾਇਜ਼ਾ ਲੈਣ ਦੇ ਬਹਾਨੇ ਉਸ ਨੂੰ ਇਕਾਂਤ ਵਿੱਚ ਸਥਿਤ ਇੱਕ ਕਮਰੇ ਵਿੱਚ ਬੁਲਾਇਆ। ਪੀੜਤਾ ਦਾ ਇਲਜ਼ਾਮ ਹੈ ਕਿ ਉੱਥੇ ਪ੍ਰਵੀਨ ਕੁਮਾਰ ਨੇ ਉਸ ਨਾਲ ਜ਼ਬਰਦਸਤੀ ਅਸ਼ਲੀਲ ਹਰਕਤਾਂ ਕੀਤੀਆਂ, ਅਤੇ ਧਮਕੀ ਦਿੱਤੀ ਕੀ ਜੇਕਰ ਕਿਸੇ ਨੂੰ ਦੱਸਿਆ ਤਾਂ ਇਸ ਦੇ ਗੰਭੀਰ ਨਤੀਜੇ ਭੁਗਤਣੇ ਪੈਣਗੇ।

ਆਪਣੇ ਬਿਆਨਾਂ ਵਿੱਚ ਪੀੜਤਾ ਨੇ ਕਿਹਾ ਕਿ ਉਹ ਕਿਸੇ ਤਰ੍ਹਾਂ ਉਸ ਦੇ ਚੁੰਗਲ ਵਿੱਚੋਂ ਨਿਕਲ ਕੇ ਬਾਹਰ ਆਈ ਅਤੇ ਆਪਣੀਆਂ ਸਾਥੀ ਟੀਚਰਾਂ ਨੂੰ ਇਸ ਬਾਰੇ ਦੱਸਿਆ। ਜਿਸ ਤੋਂ ਬਾਅਦ ਉਸ ਨੇ ਪਰਿਵਾਰਿਕ ਮੈਂਬਰਾਂ ਨੂੰ ਨਾਲ ਲੈ ਕੇ ਥਾਣਾ ਮੌੜ ਵਿਖੇ ਦਰਜ ਕਰਵਾਈ। ਪੁਲਿਸ ਨੇ ਸ਼ਿਕਾਇਤ ਦੇ ਆਧਾਰ 'ਤੇ ਪ੍ਰਵੀਨ ਕੁਮਾਰ ਖ਼ਿਲਾਫ਼ ਬੀਐਨਐਸ ਦੀਆਂ ਸਖ਼ਤ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰ ਲਿਆ ਹੈ।

## ਪਿੰਡ ਭਾਗੀ ਬਾਂਦਰ ਦੇ ਕਈ ਪਰਿਵਾਰ ਹੋਏ ਸ਼੍ਰੋਮਣੀ ਅਕਾਲੀ ਦਲ ਬਾਦਲ ਵਿੱਚ ਹੋਏ ਸ਼ਾਮਲ



ਤਲਵੰਡੀ ਸਾਬੋ, 19 ਅਪ੍ਰੈਲ (ਜਗਸੀਰ ਭੁੱਲਰ): ਰਾਮ ਜਿੰਦਲ ਜਗਾ ਆਮ ਆਦਮੀ ਪਾਰਟੀ ਦੇ ਕਾਂਗਰਸ ਪਾਰਟੀ ਨੂੰ ਉਸ ਸਮੇਂ ਝਟਕਾ ਲੱਗਿਆ ਜਦੋਂ ਪਿੰਡ ਭਾਗੀ ਬਾਂਦਰ ਦੇ ਕਈ ਪਰਿਵਾਰ ਸ਼੍ਰੋਮਣੀ ਅਕਾਲੀ ਦਲ ਹਲਕਾ ਇੰਚਾਰਜ ਰਵੀਪ੍ਰੀਤ ਸਿੰਘ ਸਿੱਧੂ ਦੀ ਹਾਜ਼ਰੀ ਵਿੱਚ ਸ਼੍ਰੋਮਣੀ ਅਕਾਲੀ ਦਲ ਬਾਦਲ ਵਿੱਚ ਸ਼ਾਮਿਲ ਹੋਏ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਦਾਰ ਰਵੀ ਪ੍ਰੀਤ ਸਿੰਘ ਸਿੱਧੂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਝੂਠੇ ਲਾਰੇ ਤੋਂ ਤੇ ਕਾਂਗਰਸ ਦੀ ਪਾਰਟੀ ਤੋਂ ਲੋਕ ਦੁਖੀ ਹੋ ਕੇ ਸਰਦਾਰ ਸੁਖਬੀਰ ਸਿੰਘ ਬਾਦਲ ਦੇ ਕੰਮਾਂ ਨੂੰ ਦੇਖਦੇ ਹੋਏ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਹੋ ਰਹੇ ਹਨ। ਜਿਨਾ ਨੂੰ ਅਸੀਂ ਜੀ ਆਇਆ ਆਖਦੇ ਹਾਂ ਪਾਰਟੀ ਵਿੱਚ ਆਉਣ ਤੇ ਪਾਰਟੀ ਵੱਲੋਂ ਇਹਨਾਂ ਦੇ ਕੰਮ ਪਹਿਲ ਦੇ ਆਧਾਰ ਤੇ ਕਿਤੇ ਜਾਣਗੇ ਤੇ ਪਾਰਟੀ ਵੱਲੋਂ ਪੂਰਾ ਮਾਣ ਸਤਿਕਾਰ ਦਿੱਤਾ ਜਾਵੇਗਾ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਪਰਿਵਾਰ ਗੁਰਚਰਨ ਸਿੰਘ ਚਰਨਾਂ ,ਸੀਨੀਅਰ ਆਗੂ ਜਗਤਾਰ ਸਿੰਘ ,ਜਰਨੈਲ ਸਿੰਘ ਸਾਬਕਾ ਪੰਚ ,ਮਲਕੀਤ ਸਿੰਘ, ਬਿੱਕਰ ਸਿੰਘ, ਜਗਜੀਤ ਸਿੰਘ ਅਤੇ ਹੋਰ ਵੀ ਕਈ ਪਰਿਵਾਰ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਹੋਏ ਇਸ ਮੌਕੇ ਸਰਕਲ ਪ੍ਰਧਾਨ ਜਸਵਿੰਦਰ ਸਿੰਘ ਜੈਲਦਾਰ ਜਗਾਰਾਮ ਤੀਰਥ ਸੁੱਖੀ ਸਿੰਘ ਪੀਏ ਅਤੇ ਹੋਰ ਵੀ ਕਈ ਅਕਾਲੀ ਆਗੂ ਮੌਕੇ ਤੇ ਮੌਜੂਦ ਸਨ।

## ਓ.ਐੱਸ.ਡੀ. ਸੁਖਵੀਰ ਸਿੰਘ ਦਾ "ਮਾਨਵਤਾ ਦਾ ਮਸੀਹਾ" ਐਵਾਰਡ ਨਾਲ ਸਨਮਾਨ



ਧੂਰੀ: 19 ਅਪਰੈਲ (ਰਾਜੇਸ਼ਵਰ ਪਿੰਟੂ, ਅਮਨ ਗਰਗ): ਧੂਰੀ ਹਲਕੇ ਦੇ ਸਰਬਪੱਖੀ ਵਿਕਾਸ ਅਤੇ ਲੋਕਾਂ ਦੀਆਂ ਦਰਪੇਸ਼ ਮੁਸ਼ਕਲਾਂ ਦੇ ਨਿਪਟਾਰੇ ਲਈ ਵਚਨਬੱਧ ਗੈਰ-ਸਿਆਸੀ ਜੱਥੇਬੰਦੀ "ਧੂਰੀ ਵਿਕਾਸ ਮੰਚ (ਰਜਿ:)" ਵੱਲੋਂ ਅੱਜ ਇੱਕ ਵਿਸ਼ੇਸ਼ ਸਮਾਗਮ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਓ.ਐੱਸ. ਡੀ. ਸੁਖਵੀਰ ਸਿੰਘ ਨੂੰ ਉਨ੍ਹਾਂ ਦੀਆਂ ਲੋਕ-ਪੱਖੀ ਸੇਵਾਵਾਂ ਬਦਲੇ "ਮਾਨਵਤਾ ਦਾ ਮਸੀਹਾ" ਐਵਾਰਡ ਨਾਲ ਸਨਮਾਨਿਤ ਕਰਕੇ ਇਲਾਕੇ ਦੀਆਂ ਉਮੀਦਾਂ ਨੂੰ ਨਵੀਂ ਉਡਾਣ ਦਿੱਤੀ ਗਈ। ਸਮਾਗਮ ਦੌਰਾਨ ਮੰਚ ਦੇ ਉੱਪ ਚੇਅਰਮੈਨ ਐਡਵੋਕੇਟ ਰਾਜੇਸ਼ਵਰ ਚੌਧਰੀ, ਪ੍ਰਧਾਨ ਅਮਨ ਗਰਗ ਅਤੇ ਸਕੱਤਰ ਜਨਰਲ ਹੰਸ ਰਾਜ ਬਜਾਜ ਨੇ ਕਿਹਾ ਕਿ ਸੁਖਵੀਰ ਸਿੰਘ ਨੇ ਹਲਕੇ ਦੀਆਂ ਲਟਕਦੀਆਂ ਮੰਗਾਂ ਨੂੰ ਨਾ ਸਿਰਫ਼ ਉੱਚ ਪੱਧਰ 'ਤੇ ਉਠਾਇਆ, ਸਗੋਂ ਉਨ੍ਹਾਂ ਨੂੰ ਅਮਲੀ ਜਾਮਾ ਪਹਿਨਾਉਣ ਵਿੱਚ ਵੀ ਅਹਿਮ ਭੂਮਿਕਾ ਨਿਭਾਈ ਹੈ। ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਉਣ ਅਤੇ ਜਨਤਕ ਸ਼ਿਕਾਇਤਾਂ ਦਾ ਪਹਿਲ ਦੇ ਅਧਾਰ 'ਤੇ ਹੱਲ ਯਕੀਨੀ ਬਣਾਉਣ ਕਾਰਨ ਉਹ ਇਲਾਕਾ ਨਿਵਾਸੀਆਂ ਲਈ ਸੇਵਾ ਦੀ ਇੱਕ ਮਿਸਾਲ ਬਣ ਕੇ ਉਭਰੇ ਹਨ।

ਉਨ੍ਹਾਂ ਨਾਲ ਸੀਨੀਅਰ ਮੀਤ ਪ੍ਰਧਾਨ ਸੰਦੀਪ ਬਾਂਸਲ, ਜੁਆਇੰਟ ਖਜਾਨਚੀ ਮੋਹਿਤ ਜਿੰਦਲ, ਜੁਆਇੰਟ ਸਕੱਤਰ ਸੰਜੀਵ ਕੁਮਾਰ ਜੋਨੀ, ਕਾਨੂੰਨੀ ਸਲਾਹਕਾਰ ਮਨਿੰਦਰ ਸਿੰਘ ਢੀਂਡਸਾ ਅਤੇ ਮੀਡੀਆ ਸਕੱਤਰ ਮਨੋਹਰ ਸਿੰਘ ਸੱਗੂ ਸਮੇਤ ਕਈ ਪਤਵੰਤੇ ਸੱਜਣਾਂ ਨੇ ਸਨਮਾਨ ਚਿੰਨ੍ਹ ਭੇਂਟ ਕਰਦਿਆਂ ਖੁਸ਼ੀ ਦਾ ਇਜ਼ਹਾਰ ਕੀਤਾ। ਸਨਮਾਨ ਹਾਸਲ ਕਰਨ ਉਪਰੰਤ ਓ.ਐੱਸ.ਡੀ. ਸੁਖਵੀਰ ਸਿੰਘ ਨੇ ਧੂਰੀ ਵਿਕਾਸ ਮੰਚ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਮਾਣ ਉਨ੍ਹਾਂ ਨੂੰ ਲੋਕਾਂ ਦੀ ਸੇਵਾ ਲਈ ਹੋਰ ਵੀ ਉਤਸ਼ਾਹਿਤ ਕਰੇਗਾ। ਉਨ੍ਹਾਂ ਭਰੋਸਾ ਦਿੱਤਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਧੂਰੀ ਹਲਕੇ ਨੂੰ ਸੂਬੇ ਦਾ ਮੋਹਰੀ ਹਲਕਾ ਬਣਾਉਣ ਲਈ ਉਹ ਦਿਨ-ਰਾਤ ਇੱਕ ਕਰ ਦੇਣਗੇ ਅਤੇ ਹਰ ਵਰਗ ਦੀਆਂ ਮੁਸ਼ਕਲਾਂ ਦਾ ਹੱਲ ਉਨ੍ਹਾਂ ਦੇ ਦਰਵਾਜ਼ੇ ਤੱਕ ਪਹੁੰਚਾਇਆ ਜਾਵੇਗਾ।

## ਮਾਮੂਲੀ ਤਕਰਾਰ ਨੇ ਲਈ ਜਾਨ: ਪਿੰਡ ਮਹਿਤਾ ਵਿੱਚ ਨੌਜਵਾਨ ਦਾ ਬੇਰਹਿਮੀ ਨਾਲ ਕਤਲ

ਬਠਿੰਡਾ, 19 ਅਪ੍ਰੈਲ (ਦੀਪਕ ਸ਼ਰਮਾ): ਜ਼ਿਲ੍ਹਾ ਬਠਿੰਡਾ ਦੇ ਪਿੰਡ ਮਹਿਤਾ ਵਿੱਚ ਆਪਸੀ ਬਹਿਸਬਾਜ਼ੀ ਨੇ ਉਸ ਵੇਲੇ ਖ਼ੂਨੀ ਮੋੜ ਲੈ ਲਿਆ ਜਦੋਂ ਕੁਝ ਹਮਲਾਵਰਾਂ ਨੇ ਇੱਕ ਵਿਅਕਤੀ ਦੀ ਬੇਰਹਿਮੀ ਨਾਲ ਕੁੱਟਮਾਰ ਕਰਕੇ ਉਸ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਘਰ ਦੇ ਬਾਹਰ ਖੜ੍ਹੇ ਮਲਕੀਤ ਸਿੰਘ 'ਤੇ ਹੋਏ ਇਸ ਹਮਲੇ ਦੌਰਾਨ ਸਿਰ ਵਿੱਚ ਗੰਭੀਰ ਸੱਟ ਲੱਗਣ ਕਾਰਨ ਉਸ ਦੀ ਹਸਪਤਾਲ ਪਹੁੰਚਣ ਤੋਂ ਪਹਿਲਾਂ ਹੀ ਮੌਤ ਹੋ ਗਈ। ਪੁਲਿਸ ਨੇ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ।ਇਸ ਸਬੰਧੀ ਡੀ.ਐਸ.ਪੀ. ਦਿਹਾਤੀ ਹਰਿੰਦਰ ਸਿੰਘ ਸਰਾਂ ਨੇ ਦੱਸਿਆ ਹੈ ਕਿ, ਥਾਣਾ ਸੰਗਤ ਅਧੀਨ ਪੈਂਦੇ ਪਿੰਡ ਮਹਿਤਾ ਦਾ ਰਹਿਣ ਵਾਲਾ 45 ਸਾਲਾ ਮਲਕੀਤ ਸਿੰਘ ਪੁੱਤਰ ਗੋਲੂ ਸਿੰਘ ਜਦੋਂ ਆਪਣੇ ਘਰ ਦੇ ਨੇੜੇ ਮੌਜੂਦ ਸੀ, ਤਾਂ ਪਿੰਡ ਦੇ ਹੀ ਲੱਖਾ ਸਿੰਘ ਨੇ ਆਪਣੇ 2-3 ਸਾਥੀਆਂ ਸਮੇਤ ਉਸ ਨੂੰ ਘੇਰ ਲਿਆ। ਪਹਿਲਾਂ ਦੋਵਾਂ ਧਿਰਾਂ ਵਿਚਾਲੇ ਤਿੱਖੀ ਤਕਰਾਰ ਹੋਈ, ਜਿਸ ਤੋਂ ਬਾਅਦ ਗੁੱਸੇ ਵਿੱਚ ਆਏ ਲੱਖਾ ਸਿੰਘ ਅਤੇ ਉਸ ਦੇ ਸਾਥੀਆਂ ਨੇ ਮਲਕੀਤ ਸਿੰਘ 'ਤੇ ਡਾਂਗਾਂ-ਸੋਟਿਆਂ ਨਾਲ ਹਮਲਾ ਕਰ ਦਿੱਤਾ।

ਚਸ਼ਮਦੀਦਾਂ ਅਨੁਸਾਰ, ਹਮਲਾਵਰਾਂ ਨੇ ਮਲਕੀਤ ਸਿੰਘ ਦੇ ਸਿਰ ਵਿੱਚ ਜ਼ੋਰਦਾਰ ਡਾਂਗ ਮਾਰੀ, ਜਿਸ ਕਾਰਨ ਉਹ ਉੱਥੇ ਹੀ ਲਹੂ-ਲੁਹਾਨ ਹੋ ਕੇ ਡਿੱਗ ਪਿਆ। ਜ਼ਖ਼ਮੀ ਹਾਲਤ ਵਿੱਚ ਜਦੋਂ ਉਸ ਨੂੰ ਹਸਪਤਾਲ ਲਿਜਾਇਆ ਜਾ ਰਿਹਾ ਸੀ, ਤਾਂ ਉਸ ਨੇ ਰਸਤੇ ਵਿੱਚ ਹੀ ਦਮ ਤੋੜ ਦਿੱਤਾ। ਡਾਕਟਰਾਂ ਨੇ ਮਲਕੀਤ ਸਿੰਘ ਨੂੰ ਹਸਪਤਾਲ ਪਹੁੰਚਣ 'ਤੇ ਮ੍ਰਿਤਕ ਐਲਾਨ ਦਿੱਤਾ। ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਇਸ ਕਤਲ ਦੀ ਵਾਰਦਾਤ ਤੋਂ ਬਾਅਦ ਮੁਲਜ਼ਮ ਮੌਕੇ ਤੋਂ ਫ਼ਰਾਰ ਹਨ।ਪੁਲਿਸ ਅਧਿਕਾਰੀਆਂ ਅਨੁਸਾਰ ਮੁਲਜ਼ਮਾਂ ਦੀ ਅਤੇ ਮ੍ਰਿਤਕ ਵਿਅਕਤੀ ਦੀ ਪੁਰਾਣੀ ਰੰਜਿਸ਼ ਸੀ। ਜਿਸ ਤੇ ਚੱਲਦਾ ਇਸ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ ਹੈ।ਦੂਜੇ ਪਾਸੇ ਥਾਣਾ ਸੰਗਤ ਦੀ ਪੁਲਿਸ ਨੇ ਮੁਲਜ਼ਮਾਂ ਵਿਰੁੱਧ ਕਤਲ ਦਾ ਮਾਮਲਾ ਦਰਜ ਕਰ ਲਿਆ ਹੈ। ਪੁਲਿਸ ਵੱਲੋਂ ਪੋਸਟਮਾਰਟਮ ਕਰਵਾਉਣ ਲਈ ਲਾਸ਼ ਨੂੰ ਸਰਕਾਰੀ ਹਸਪਤਾਲ ਦੇ ਮੁਰਦਾ ਘਰ ਵਿੱਚ ਰਖਵਾ ਦਿੱਤਾ ਗਿਆ ਹੈ। ਪੁਲਿਸ ਅਧਿਕਾਰੀਆਂ ਅਨੁਸਾਰ ਹਮਲਾਵਰਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਮੁਲਜ਼ਮਾਂ ਨੂੰ ਜਲਦੀ ਹੀ ਗ੍ਰਿਫਤਾਰ ਕਰ ਲਿਆ ਜਾਵੇਗਾ।

## ਪਿੰਡ ਪੂਹਲੀ ਸੁਸਾਇਟੀ ਦੀ ਪ੍ਰਬੰਧਕ ਕਮੇਟੀ ਦੀ ਸਰਬਸੰਮਤੀ ਨਾਲ ਹੋਈ ਚੋਣ



ਭੁੱਚੋ ਮੰਡੀ ਨਥਾਣਾ, 19 ਅਪ੍ਰੈਲ (ਹਰਬੰਸ ਸਿੰਘ ਭੋਲਾ): ਬਹੁਮੰਤਵੀ ਸਹਿਕਾਰੀ ਖੇਤੀਬਾੜੀ ਸਭਾ ਪੂਹਲੀ ਦੀ ਪ੍ਰਬੰਧਕ ਕਮੇਟੀ ਦੀ ਸਰਬਸੰਮਤੀ ਨਾਲ ਹੋਈ ਚੋਣ ਦੀ ਜਾਣਕਾਰੀ ਦਿੰਦੇ ਹੋਏ ਪਿੰਡ ਦੇ ਸਰਪੰਚ ਹਰਮਨਦੀਪ ਸਿੰਘ ਮੋਹਨਾ ਸ਼ਾਬਕਾ ਸਰਪੰਚ ਚਮਕੌਰ ਸਿੰਘ ਧਾਲੀਵਾਲ,ਤੇ ਗੁਰਟੇਕ ਸਿੰਘ ਸੀਨੀਅਰ ਅਕਾਲੀ ਆਗੂ ਪੂਹਲੀ, ਰਣਧੀਰ ਸਿੰਘ ਨੇ ਦੱਸਿਆ ਕਿ ਪਿੰਡ ਪੂਰਲੀ ਦੀ ਭਾਈਚਾਰਕ ਸਾਂਝ ਦਾ ਸਬੂਤ ਪਿੰਡ ਵਿੱਚ ਬਣੀ ਹੋਈ ਸਹਿਕਾਰੀ ਸਭਾ ਦੀ ਪ੍ਰਬੰਧਕ ਕਮੇਟੀ ਦੀ ਚੋਣ ਬੜੇ ਸੁਖਾਵੇਂ ਮਾਹੌਲ ਵਿੱਚ ਸਾਰੇ ਸੋਸਾਇਟੀ ਮੈਂਬਰਾਂ ਦੀ ਸਹਿਮਤੀ ਨਾਲ ਹੋਈ ਚੋਣ ਇਸ ਮੌਕੇ ਚੁਣੇ ਹੋਏ ਮੈਂਬਰਾ ਦਾ ਪੰਚਾਇਤ ਵੱਲੋਂ ਹਾਰ ਪਾਕੇ ਸਨਮਾਨ ਕੀਤਾ ਗਿਆ ਤੇ ਸਰਪੰਚ ਹਰਮਨਦੀਪ ਸਿੰਘ ਮੋਹਨਾ ਤੇ ਗੁਰਟੇਕ ਸਿੰਘ ਨੇ ਵਧਾਈ ਤੇ ਕਿਹਾ ਕਿਸੇ ਸੰਸਥਾ, ਪੰਚਾਇਤ ਜਾ ਪਿੰਡਾਂ ਵਿੱਚ ਸਾਂਝੇ ਕੰਮਾਂ ਨੂੰ ਚਲਾਉਣ ਲਈ ਕਿਸੇ ਪ੍ਰਬੰਧਕ ਵਿੱਚ ਚੁਣੇ ਜਾਣਾ ਮਾਨ ਵਾਲੀ ਗੱਲ ਹੁੰਦੀ ਹੈ ਤੇ ਬਹੁ ਗਿਣਤੀ ਲੋਕਾਂ ਵੱਲੋਂ ਉਨ੍ਹਾਂ ਚੁਣੇ ਮੈਂਬਰਾਂ ਤੇ ਵਿਸ਼ਵਾਸ ਕਰਕੇ ਜੁੰਮੇਵਾਰੀ ਸੌਂਪਣਾ ਹੁੰਦਾ ਹੈ ਇਸ ਕਮੇਟੀ ਦੇ ਚੁਣੇ ਮੈਂਬਰ ਮਹਿੰਦਰ ਕੌਰ, ਸੁਰਜੀਤ ਸਿੰਘ, ਕੁਲਦੀਪ ਸਿੰਘ, ਮਲਕੀਤ ਸਿੰਘ , ਸੁਮਨਪ੍ਰੀਤ ਸਿੰਘ, , ਗੁਰਪ੍ਰੀਤ ਕੌਰ,ਕਾਹਨ ਸਿੰਘ,ਨਿਰਮਲ ਸਿੰਘ,ਰੇਸ਼ਮ ਸਿੰਘ, ਕੁਲਦੀਪ ਸਿੰਘ ਪੁੱਤਰ ਜੋਗਿੰਦਰ ਸਿੰਘ ਆਦਿ ਮੈਂਬਰ ਚੁਣੇ ਗਏ ਇਨ੍ਹਾਂ ਸਾਰੇ ਚੁੱਣੇ ਗਏ ਮੈਂਬਰਾਂ ਨੂੰ ਸਾਬਕਾ ਸਰਪੰਚ ਚਮਕੌਰ ਸਿੰਘ ਧਾਲੀਵਾਲ ਤੇ ਰਣਧੀਰ ਵੀਰਾਂ ਨੇ ਵਧਾਈ ਦਿੱਤੀ ਤੇ ਕਿਹਾ ਸਰਬਸੰਮਤੀ ਨਾਲ ਕਮੇਟੀ ਮੈਂਬਰ ਚੁਣੇ ਜਾਣਾ ਸਾਰੇ ਮੈਂਬਰਾਂ ਤੇ ਪਿੰਡ ਤੇ ਪਿੰਡ ਦੀ ਪੰਚਾਇਤ ਲਈ ਬੜੇ ਮਾਣ ਵਾਲੀ ਗੱਲ ਹੈ 'ਤੇ ਪਿੰਡ ਵਿੱਚ ਸੂਝਵਾਨ ਪੁਰਸ਼ ਤੇ ਮਹਿਲਾਵਾਂ ਨੂੰ ਜੁੰਮੇਵਾਰੀ ਸੌਂਪਣਾ ਹੈ।

## 36 ਸਾਲਾਂ ਬਾਅਦ ਸਕੂਲ ਦੇ ਪੁਰਾਣੇ ਵਿਦਿਆਰਥੀਆਂ ਦੀ ਹੋਈ ਭਾਵੁਕ ਮਿਲਣੀ



ਭਗਤਾ ਭਾਈ ਕਾ, 19 ਅਪ੍ਰੈਲ (ਸਵਰਨ ਸਿੰਘ ਭਗਤਾ): ਸਥਾਨਕ ਸ਼ਹਿਰ ਦੀ ਸੁਰਿੰਦਰਾ ਡੈਅਰੀ ਅਤੇ ਰੈਸਟੋਰੈਂਟ ਵਿਖੇ ਕੁਝ ਸਾਥੀਆਂ ਦੇ ਉਪਰਾਲੇ ਸਦਕਾ 36 ਸਾਲਾਂ ਬਾਅਦ ਪਹਿਲੀ ਤੋਂ ਦਸਵੀਂ ਇਕੱਠੇ ਪੜਨ ਵਾਲੇ ਯਾਰਾਂ ਦੋਸਤਾਂ ਦੀ ਇੱਕ ਭਾਵੁਕ ਮਿਲਣੀ ਦਾ ਆਯੋਜਿਨ ਕੀਤਾ ਗਿਆ, ਜਿਸ ਵਿੱਚ ਲਗਭਗ 40 ਸਾਥੀਆਂ ਨੇ ਹਾਜ਼ਰੀ ਭਰੀ। ਇਹ ਸਾਰੇ ਸਾਥੀ 1989-90 ਬੈਚ ਨਾਲ ਸੰਬੰਧਿਤ ਹਨ।ਮਿਲਣੀ ਦੌਰਾਨ ਸਾਰੇ ਸਾਥੀਆਂ ਨੇ ਗਰਮਜੋਸ਼ੀ ਨਾਲ ਇਕ ਦੂਜੇ ਨੂੰ ਗਲੇ ਮਿਲਦਿਆਂ ਪੁਰਾਣੀਆਂ ਯਾਦਾਂ ਨੂੰ ਤਾਜ਼ਾ ਕੀਤਾ। ਹੱਸਣ-ਖੇਡਣ ਅਤੇ ਗੱਲਬਾਤ ਦੇ ਮਾਹੌਲ ਵਿੱਚ ਸਕੂਲੀ ਦਿਨਾਂ ਦੀਆਂ ਯਾਦਾਂ, ਅਧਿਆਪਕਾਂ ਨਾਲ ਬਿਤਾਏ ਪਲਾਂ ਅਤੇ ਪੁਰਾਣੀਆਂ ਘਟਨਾਵਾਂ ਨੂੰ ਸਾਂਝਾ ਕੀਤਾ ਗਿਆ।ਇਸ ਮੌਕੇ ਉਨ੍ਹਾਂ ਜਮਾਤੀ ਮਿੱਤਰਾਂ ਨੂੰ ਵੀ ਯਾਦ ਕੀਤਾ ਗਿਆ ਜੋ ਇਸ ਦੁਨੀਆ ਤੋਂ ਵਿਛੜ ਚੁੱਕੇ ਹਨ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਦੋ ਮਿੰਟ ਦਾ ਮੌਨ ਰੱਖਿਆ ਗਿਆ ਅਤੇ ਪਰਮਾਤਮਾ ਅੱਗੇ ਅਰਦਾਸ ਕੀਤੀ ਗਈ।ਇਸ ਮੌਕੇ ਸਾਥੀਆਂ ਨੇ ਇੱਕ ਮਤ ਨਾਲ ਇਹ ਸੰਕਲਪ ਵੀ ਲਿਆ ਕਿ ਉਹ ਬਿਨਾਂ ਕਿਸੇ ਸਵਾਰਥ ਦੇ ਇਕ ਦੂਜੇ ਦੀ ਮਦਦ ਕਰਨ ਲਈ ਯਤਨਸ਼ੀਲ ਰਹਿਣਗੇ। ਇਸ ਦੌਰਾਨ ਇਹ ਫੈਸਲਾ ਵੀ ਲਿਆ ਗਿਆ ਕਿ ਭਵਿੱਖ ਵਿੱਚ ਇਸ ਤਰ੍ਹਾਂ ਦੇ ਪ੍ਰੋਗਰਾਮ ਪਰਿਵਾਰਾਂ ਸਮੇਤ ਵੀ ਆਯੋਜਿਤ ਕੀਤੇ ਜਾਣਗੇ, ਤਾਂ ਜੋ ਆਪਸੀ ਸਾਂਝ ਅਤੇ ਪਿਆਰ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ।ਅੰਤ ਵਿੱਚ ਸਾਰੇ ਸਾਥੀਆਂ ਨੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਸਾਰੇ ਪਰਿਵਾਰਾਂ 'ਤੇ ਸੁੱਖ-ਸ਼ਾਂਤੀ ਬਣੀ ਰਹੇ ਅਤੇ ਸਭ ਨੂੰ ਤਰੱਕੀਆਂ ਮਿਲਦੀਆਂ ਰਹਿਣ।

## ਗੋਪਾਲ ਨਗਰ 'ਚ ਦਹਿਸ਼ਤ: ਅੱਧੀ ਰਾਤ ਨੂੰ ਘਰ 'ਚ ਵੜੀ ਸ਼ੱਕੀ ਔਰਤ, ਸਵੇਰੇ ਪਰਿਵਾਰ ਨੇ ਦਬੋਚੀ



ਬਠਿੰਡਾ, 19 ਅਪ੍ਰੈਲ (ਦੀਪਕ ਸ਼ਰਮਾ): ਸ਼ਹਿਰ ਦੇ ਗੋਪਾਲ ਨਗਰ ਇਲਾਕੇ ਵਿੱਚ ਉਸ ਵੇਲੇ ਹੜਕੰਪ ਮਚ ਗਿਆ, ਜਦੋਂ ਇੱਕ ਸ਼ੱਕੀ ਔਰਤ ਦੇ ਅੱਧੀ ਰਾਤ ਨੂੰ ਕੰਧ ਟੱਪ ਕੇ ਇੱਕ ਘਰ ਵਿੱਚ ਦਾਖ਼ਲ ਹੋਣ ਅਤੇ ਸਾਰੀ ਰਾਤ ਉੱਥੇ ਹੀ ਲੁਕੇ ਰਹਿਣ ਦਾ ਮਾਮਲਾ ਸਾਹਮਣੇ ਆਇਆ। ਸਵੇਰੇ ਜਦੋਂ ਪਰਿਵਾਰਕ ਮੈਂਬਰਾਂ ਦੀ ਨਜ਼ਰ ਉਸ 'ਤੇ ਪਈ ਤਾਂ ਸਭ ਦੇ ਹੋਸ਼ ਉੱਡ ਗਏ। ਪਰਿਵਾਰ ਨੇ ਮੁਸਤੈਦੀ ਦਿਖਾਉਂਦਿਆਂ ਔਰਤ ਨੂੰ ਕਾਬੂ ਕਰਕੇ ਪੁਲਿਸ ਦੇ ਹਵਾਲੇ ਕਰ ਦਿੱਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਇਹ ਸਾਰਾ ਮੰਜ਼ਰ ਗਲੀ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਵਿੱਚ ਕੈਦ ਹੋ ਗਿਆ। ਇਸ ਸਬੰਧੀ ਮਕਾਨ ਮਾਲਕ ਦੇ ਰਿਸ਼ਤੇਦਾਰ ਮਨੀਸ਼ ਕਾਲੜਾ ਨੇ ਦੱਸਿਆ ਕਿ ਸੀਸੀਟੀਵੀ ਫੁਟੇਜ ਵਿੱਚ ਦੇਖਿਆ ਗਿਆ ਕਿ ਔਰਤ ਪਹਿਲਾਂ ਕਾਫ਼ੀ ਦੇਰ ਘਰ ਦੇ ਬਾਹਰ ਬੈਠੀ ਰਹੀ ਅਤੇ ਫਿਰ ਮੌਕਾ ਦੇਖ ਕੇ ਮੁੱਖ ਗੇਟ ਦੇ ਉੱਪਰੋਂ ਦੀ ਅੰਦਰ ਦਾਖ਼ਲ ਹੋ ਗਈ। ਹੈਰਾਨੀ ਦੀ ਗੱਲ ਇਹ ਰਹੀ ਕਿ ਪਰਿਵਾਰ ਨੂੰ ਸਾਰੀ ਰਾਤ ਉਸ ਦੀ ਮੌਜੂਦਗੀ ਦੀ ਭਿਣਕ ਤੱਕ ਨਹੀਂ ਲੱਗੀ। ਸਵੇਰੇ ਕਰੀਬ 6 ਵਜੇ ਜਦੋਂ ਘਰ ਦੀ ਇੱਕ ਮਹਿਲਾ ਮੈਂਬਰ ਨੇ ਉਸ ਨੂੰ ਦੇਖਿਆ ਤਾਂ ਰੌਲਾ ਪੈ ਗਿਆ, ਜਿਸ ਤੋਂ ਬਾਅਦ ਪਰਿਵਾਰ ਦੇ ਬਾਕੀ ਮੈਂਬਰਾਂ ਨੇ ਮੌਕੇ 'ਤੇ ਪਹੁੰਚ ਕੇ ਉਸ ਨੂੰ ਫੜ ਲਿਆ।

ਸੀਸੀਟੀਵੀ ਫੁਟੇਜ ਵਿੱਚ ਔਰਤ ਦੀਆਂ ਹਰਕਤਾਂ ਕਾਫ਼ੀ ਸ਼ੱਕੀ ਜਾਪ ਰਹੀਆਂ ਹਨ। ਉਹ ਕੰਧ 'ਤੇ ਲੱਗੇ ਹਨੂਮਾਨ ਜੀ ਦੇ ਸਟਿੱਕਰ ਨੂੰ ਵੀ ਉਖਾੜ ਕੇ ਬਾਹਰ ਸੁੱਟਦੀ ਨਜ਼ਰ ਆਈ ਹੈ। ਫੜੀ ਗਈ ਔਰਤ ਦੀ ਪਛਾਣ ਸਾਜੀਆ ਵਜੋਂ ਹੋਈ ਹੈ, ਜੋ ਪਲਪਲ ਖੇਤਰ ਦੀ ਰਹਿਣ ਵਾਲੀ ਦੱਸੀ ਜਾ ਰਹੀ ਹੈ। ਥਾਣਾ ਕੈਨਾਲ ਕਲੋਨੀ ਦੇ ਮੁੱਖ ਅਫ਼ਸਰ ਇੰਸਪੈਕਟਰ ਹਰਜੋਤ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਮਹਿਲਾ ਨੂੰ ਹਿਰਾਸਤ ਵਿੱਚ ਲੈ ਲਿਆ ਹੈ। ਪੁਲਿਸ ਵੱਲੋਂ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਉਸ ਦੇ ਘਰ ਵਿੱਚ ਵੜਨ ਪਿੱਛੇ ਕੀ ਮਕਸਦ ਸੀ ਅਤੇ ਕੀ ਉਹ ਮਾਨਸਿਕ ਤੌਰ 'ਤੇ ਠੀਕ ਹੈ ਜਾਂ ਕਿਸੇ ਹੋਰ ਘਟਨਾ ਨੂੰ ਅੰਜਾਮ ਦੇਣ ਦੀ ਫਿਰਾਕ ਵਿੱਚ ਸੀ।

## ਸ਼ਿਵ ਮੰਦਿਰ ਵਿਖੇ ਮਨਾਈ ਪਰਸ਼ੂਰਾਮ ਜਯੰਤੀ



ਸੁਨਾਮ, 19 ਅਪ੍ਰੈਲ (ਮੋਹਣ ਸ਼ਰਮਾ): ਇਤਿਹਾਸਕ ਸ਼੍ਰੀ ਸ਼ਿਵ ਮੰਦਿਰ ਕੁਟੀ ਵਿਖੇ ਭਗਵਾਨ ਪਰਸ਼ੂਰਾਮ ਦੀ ਜਨਮ ਉਤਸਵ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ ਸ਼ਹਿਰ ਵਾਸੀਆਂ ਅਤੇ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਤੋਂ ਇਲਾਵਾ, ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂਆਂ ਨੇ ਵੀ ਇਸ ਸਮਾਗਮ ਵਿੱਚ ਸ਼ਿਰਕਤ ਕੀਤੀ ਅਤੇ ਭਗਵਾਨ ਪਰਸ਼ੂਰਾਮ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਬ੍ਰਾਹਮਣ ਸਭਾ ਦੇ ਰਾਸ਼ਟਰੀ ਬੁਲਾਰੇ ਅਤੇ ਉਪ ਪ੍ਰਧਾਨ ਪ੍ਰਦੀਪ ਮੈਣਨ ਨੇ ਸਾਰੇ ਦੇਸ਼ ਵਾਸੀਆਂ ਨੂੰ ਇਸ ਮੌਕੇ ਵਧਾਈ ਦਿੱਤੀ ਅਤੇ ਕਿਹਾ ਕਿ ਸਾਰਿਆਂ ਨੂੰ ਭਗਵਾਨ ਵਿਸ਼ਨੂੰ ਦੇ ਛੇਵੇਂ ਅਵਤਾਰ, ਪਰਸ਼ੂਰਾਮ ਦੀ ਜਨਮ ਉਤਸਵ ਇਕੱਠੇ ਹੋ ਕੇ ਮਨਾਉਣਾ ਚਾਹੀਦਾ ਹੈ ਇਸ ਮੌਕੇ ਤੇ ਭਾਜਪਾ ਜ਼ਿਲ੍ਹਾ ਪ੍ਰਧਾਨ ਦਮਨ ਥਿੰਦ ਬਾਜਵਾ, ਹਰਮਨ ਦੇਵ ਬਾਜਵਾ, ਸ਼ਿਰੋਮਣੀ ਅਕਾਲੀ ਦਲ ਦੇ ਵਿਨਰਜੀਤ ਗੋਲਡੀ, ਘ ਣ ਸ਼ਿ ਆ ਮ ਕਾਂਸਲ ਤੇ ਵੱਖ-ਵੱਖ ਪਾਰਟੀਆਂ, ਧਾਰਮਿਕ ਅਤੇ ਸਮਾਜਿਕ ਆਗੂਆਂ ਨੇ ਪਹੁੰਚ ਕੇ ਆਪਣੀ ਹਾਜ਼ਰੀ ਲਗਵਾਈ ਅਤੇ ਭਗਵਾਨ ਪਰਸ਼ੂਰਾਮ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ ਇਸ ਮੌਕੇ ਤੇ ਪ੍ਰਧਾਨ ਸੰਦੀਪ ਸ਼ਰਮਾ ਨੇ ਸਾਰਿਆਂ ਨੂੰ ਵਧਾਈ ਦਿੱਤੀ ਬ੍ਰਾਹਮਣ ਸਭਾ ਵੱਲੋਂ ਸਾਰੀਆ ਸੰਗਤਾਂ ਲਈ ਲੰਗਰ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਸੀ।

## ਪੱਤਰਕਾਰ ਜਤਿੰਦਰਜੀਤ ਸੰਧੂ (ਆਸ਼ੂ) ਨਮਿਤ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ 23 ਨੂੰ



ਬਠਿੰਡਾ, 19 ਅਪ੍ਰੈਲ (ਇੰਦਰਪਾਲ ਬਾਂਸਲ): ਰਾਮਪੁਰਾ ਫੂਲ ਤੋਂ ਪੱਤਰਕਾਰ ਜਤਿੰਦਰਜੀਤ ਸਿੰਘ ਸੰਧੂ (ਆਸ਼ੂ) ਦੀ ਪਿਛਲੇ ਦਿਨੀਂ ਇੱਕ ਸੰਖੇਪ ਜਿਹੀ ਬੀਮਾਰੀ ਕਾਰਣ ਮੌਤ ਹੋ ਗਈ। ਸਵਰਗਵਾਸੀ ਗੁਰਮੁੱਖ ਸਿੰਘ (ਗੋਰਾ ਠੇਕੇਦਾਰ)ਦਾ ਪੁੱਤਰ ਜਤਿੰਦਰਜੀਤ ਆਸ਼ੂ ਬੇਹੱਦ ਮਿਲਣਸਾਰ, ਹਸਮੁਖ ਅਤੇ ਮਿਹਨਤੀ ਇਨਸਾਨ ਸੀ। ਪਿਛਲੇ ਲੱਗਭਗ ਡੇਢ ਦਹਾਕਿਆਂ ਤੋਂ ਪੱਤਰਕਾਰੀ ਦੇ ਖੇਤਰ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਆਸ਼ੂ ਦਾ ਪੱਤਰਕਾਰ ਭਾਈਚਾਰੇ ਤੋਂ ਇਲਾਵਾ ਇਲਾਕੇ ਦੇ ਸਮਾਜਿਕ, ਧਾਰਮਿਕ, ਵਪਾਰਕ ਅਤੇ ਰਾਜਨੀਤਕ ਸੰਗਠਨਾਂ ਨਾਲ ਵਧੀਆ ਤਾਲਮੇਲ ਸੀ। ਜਤਿੰਦਰਜੀਤ ਆਸ਼ੂ ਦੀ ਮੌਤ ਤੇ ਹਲਕਾ ਵਿਧਾਇਕ ਬਲਕਾਰ ਸਿੰਘ ਸਿੱਧੂ, ਸਾਬਕਾ ਕੈਬਨਿਟ ਮੰਤਰੀ ਸਿਕੰਦਰ ਸਿੰਘ ਮਲੂਕਾ, ਸਾਬਕਾ ਕੈਬਨਿਟ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ, ਮਾਰਕਫੈੱਡ ਪੰਜਾਬ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ, ਸਮਾਜਸੇਵੀ ਮਨਜੀਤ ਸਿੰਘ ਬਿੱਟੀ, ਭਾਜਪਾ ਦੇ ਜਿਲਾ ਪ੍ਰਧਾਨ ਗੁਰਪ੍ਰੀਤ ਸਿੰਘ ਮਲੂਕਾ, ਸੀਨੀਅਰ ਕਾਂਗਰਸੀ ਨੇਤਾ ਜਸ਼ਨਦੀਪ ਸਿੰਘ ਚਹਿਲ, ਸੀਨੀਅਰ ਅਕਾਲੀ ਨੇਤਾ ਹਰਿੰਦਰ ਹਿੰਦਾ ਮਹਿਰਾਜ, ਗਿਆਨ ਸਾਗਰ ਪੀਰ ਮੰਦਿਰ ਚੈਰੀਟੇਬਲ ਟਰੱਸਟ ਦੇ ਜੱਸੀ ਬਾਬਾ, ਸਹਾਰਾ ਸਮਾਜਸੇਵਾ ਦੇ ਪ੍ਰਧਾਨ ਸੰਦੀਪ ਵਰਮਾ, ਸੁਖਦੇਵ ਕਾਲਾ, ਪ੍ਰਦੀਪ ਬਿੱਲਾ, ਪੁਨਰਜੋਤੀ ਆਈ ਡੋਨੇਸ਼ਨ ਸੋਸਾਇਟੀ ਦੇ ਰਾਕੇਸ਼ ਤਾਇਲ, ਸ਼ੇਰਜੰਗ ਬੌਬੀ, ਜੈ ਸ਼ਕਤੀ ਭੰਡਾਰਾ ਸੋਸਾਇਟੀ ਰਾਮਪੁਰਾ ਫੂਲ ਦੇ ਪ੍ਰਧਾਨ ਅਜੀਤਪਾਲ ਸਿੰਘ ਟੈਣੀ ਜੌੜਾ, ਸਮੂਹ ਕਾਵੜ ਸੰਘ ਰਾਮਪੁਰਾ ਫੂਲ ਦੇ ਪ੍ਰਧਾਨ ਨੀਰਜ ਚੌਧਰੀ, ਜਨਰਲ ਸਕੱਤਰ ਕੇਵਲ ਕ੍ਰਿਸ਼ਨ ਹੈਪੀ ਸਮੇਤ ਵੱਖ-ਵੱਖ ਸਮਾਜਿਕ, ਧਾਰਮਿਕ, ਵਪਾਰਕ, ਰਾਜਨੀਤਿਕ ਸੰਗਠਨਾਂ ਦੇ ਅਹੁਦੇਦਾਰਾਂ, ਮੈਂਬਰਾ ਅਤੇ ਪੱਤਰਕਾਰ ਭਾਈਚਾਰੇ ਵੱਲੋਂ ਗਹਿਰਾ ਦੁੱਖ ਪ੍ਰਗਟ ਕੀਤਾ ਗਿਆ ਹੈ। ਸਵਰਗਵਾਸੀ ਜਤਿੰਦਰਜੀਤ ਆਸ਼ੂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ 23 ਅਪ੍ਰੈਲ (ਵੀਰਵਾਰ) ਨੂੰ ਦੁਪਹਿਰ 12:30 ਵਜੇ ਸ੍ਰੀ ਗੁਰਦੁਆਰਾ ਸਾਹਿਬ ਪਿੰਡ ਮਾੜੀ ਵਿਖੇ ਪਾਏ ਜਾਣਗੇ।

## ਪਰਸ ਰਾਮ ਨਗਰ 'ਚ ਚੋਰਾਂ ਦੇ ਹੌਸਲੇ ਬੁਲੰਦ: 8 ਦਿਨਾਂ 'ਚ ਦੂਜੀ ਵਾਰਦਾਤ, ਘਰ ਦੇ ਬਾਹਰੋਂ ਸਕੂਟੀ ਚੋਰੀ



ਬਠਿੰਡਾ, 19 ਅਪ੍ਰੈਲ (ਦੀਪਕ ਸ਼ਰਮਾ): ਸ਼ਹਿਰ ਦੇ ਪਰਸ ਰਾਮ ਨਗਰ ਇਲਾਕੇ ਵਿੱਚ ਚੋਰੀ ਦੀਆਂ ਵਧ ਰਹੀਆਂ ਵਾਰਦਾਤਾਂ ਨੇ ਲੋਕਾਂ ਦੀ ਨੀਂਦ ਉਡਾ ਦਿੱਤੀ ਹੈ। ਤਾਜ਼ਾ ਮਾਮਲੇ ਵਿੱਚ ਦੁਰਗਾ ਗਲੀ ਦੇ ਇੱਕ ਪਰਿਵਾਰ ਨੂੰ ਉਸ ਵੇਲੇ ਵੱਡਾ ਝਟਕਾ ਲੱਗਾ ਜਦੋਂ ਉਨ੍ਹਾਂ ਦੇ ਘਰ ਦੇ ਬਾਹਰ ਖੜ੍ਹੀ ਸਕੂਟੀ ਚੋਰੀ ਹੋ ਗਈ। ਹੈਰਾਨੀ ਅਤੇ ਚਿੰਤਾ ਦੀ ਗੱਲ ਇਹ ਹੈ ਕਿ ਇਸੇ ਘਰ ਵਿੱਚ ਮਹਿਜ਼ ਅੱਠ ਦਿਨ ਪਹਿਲਾਂ ਵੀ ਚੋਰੀ ਦੀ ਵਾਰਦਾਤ ਵਾਪਰ ਚੁੱਕੀ ਹੈ, ਜਿਸ ਕਾਰਨ ਸਥਾਨਕ ਨਿਵਾਸੀਆਂ ਵਿੱਚ ਪੁਲਿਸ ਪ੍ਰਸ਼ਾਸਨ ਖ਼ਿਲਾਫ਼ ਭਾਰੀ ਰੋਸ ਪਾਇਆ ਜਾ ਰਿਹਾ ਹੈ। ਪੀੜਤ ਪਰਿਵਾਰ ਵੱਲੋਂ ਸਾਂਝੀ ਕੀਤੀ ਜਾਣਕਾਰੀ ਅਨੁਸਾਰ ਉਨ੍ਹਾਂ ਦੀ ਸਕੂਟੀ (ਨੰਬਰ PB03AN5396) ਜੋ ਦੁਰਗਾ ਗਲੀ ਨੰਬਰ-2 ਸਥਿਤ ਘਰ ਦੇ ਬਾਹਰ ਖੜ੍ਹੀ ਸੀ, ਜਿਸ ਨੂੰ ਦੇਰ ਰਾਤ ਅਣਪਛਾਤੇ ਚੋਰ ਬੜੀ ਸਫ਼ਾਈ ਨਾਲ ਲੈ ਉੱਡੇ। ਸਵੇਰੇ ਜਦੋਂ ਪਰਿਵਾਰ ਦੇ ਮੈਂਬਰ ਉੱਠੇ ਤਾਂ ਸਕੂਟੀ ਗਾਇਬ ਦੇਖ ਕੇ ਉਨ੍ਹਾਂ ਦੇ ਪੈਰਾਂ ਹੇਠੋਂ ਜ਼ਮੀਨ ਖਿਸਕ ਗਈ। ਕਾਫ਼ੀ ਭਾਲ ਕਰਨ ਦੇ ਬਾਵਜੂਦ ਜਦੋਂ ਕੋਈ ਸੁਰਾਗ ਨਾ ਮਿਲਿਆ ਤਾਂ ਮਾਮਲਾ ਪੁਲਿਸ ਦੇ ਧਿਆਨ ਵਿੱਚ ਲਿਆਂਦਾ ਗਿਆ।

ਪਰਿਵਾਰ ਨੇ ਦੱਸਿਆ ਕਿ ਅਜੇ ਅੱਠ ਦਿਨ ਪਹਿਲਾਂ ਹੋਈ ਚੋਰੀ ਦੇ ਜ਼ਖ਼ਮ ਅੱਲੇ ਹੀ ਸਨ ਕਿ ਚੋਰਾਂ ਨੇ ਦੁਬਾਰਾ ਵਾਰਦਾਤ ਕਰਕੇ ਸੁਰੱਖਿਆ ਪ੍ਰਬੰਧਾਂ ਦੀ ਪੋਲ ਖੋਲ੍ਹ ਦਿੱਤੀ ਹੈ। ਮੁਹੱਲਾ ਨਿਵਾਸੀਆਂ ਦਾ ਕਹਿਣਾ ਹੈ ਕਿ ਲਗਾਤਾਰ ਹੋ ਰਹੀਆਂ ਚੋਰੀਆਂ ਕਾਰਨ ਲੋਕ ਹੁਣ ਆਪਣੇ ਘਰਾਂ ਦੇ ਬਾਹਰ ਵਾਹਨ ਖੜ੍ਹੇ ਕਰਨ ਤੋਂ ਵੀ ਡਰਨ ਲੱਗੇ ਹਨ। ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਇਲਾਕੇ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ ਤਾਂ ਜੋ ਮੁਲਜ਼ਮਾਂ ਤੱਕ ਪਹੁੰਚਿਆ ਜਾ ਸਕੇ। ਪੁਲਿਸ ਅਧਿਕਾਰੀਆਂ ਦਾ ਦਾਅਵਾ ਹੈ ਕਿ ਚੋਰਾਂ ਨੂੰ ਜਲਦ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

## ਦਸਤਾਰ ਮੁਕਾਬਲੇ ਦੇ ਵਿਦਿਆਰਥੀਆਂ ਦਾ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਸਨਮਾਨ



ਭਗਤਾ ਭਾਈ ਕਾ, 19 ਅਪ੍ਰੈਲ (ਸਵਰਨ ਸਿੰਘ ਭਗਤਾ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਧਾਨ, ਐਡ. ਹਰਜਿੰਦਰ ਸਿੰਘ ਧਾਮੀ ਸਾਹਿਬ ਤੇ ਡਾਇਰੈਕਟੋਰੇਟ ਆਫ ਐਜੂਕੇਸ਼ਨ ਬਹਾਦਰਗੜ੍ਹ, ਪਟਿਆਲਾ ਦੇ ਅਧੀਨ ਚੱਲ ਰਹੇ ਸਮੂਹ ਵਿੱਦਿਅਕ ਅਦਾਰਿਆਂ 'ਚ "ਦਸਤਾਰ ਸਜਾਓ" ਮੁਹਿੰਮ ਤਹਿਤ ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਵੱਖ-ਵੱਖ ਸਕੂਲਾਂ ਵਿੱਚ ਦਸਤਾਰ ਮੁਕਾਬਲੇ ਕਰਵਾਏ ਗਏ ਸਨ। ਇਹ ਮੁਕਾਬਲਾ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਮਲੂਕਾ 'ਚ ਪ੍ਰਿੰਸੀਪਲ ਗੁਰਿੰਦਰ ਕੌਰ ਦੀ ਅਗਵਾਈ ਹੇਠ ਕਰਵਾਇਆ। ਜਿਸ ਵਿੱਚ ਸਕੂਲ ਦੇ ਛੇਵੀਂ ਤੋਂ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਨੇ ਭਾਗ ਲਿਆ।ਇਸ ਮੁਕਾਬਲੇ ਵਿੱਚ ਜੇਤੂ ਰਹੇ ਵਿਦਿਆਰਥੀਆਂ ਨੂੰ ਸਕੂਲ 'ਚ ਸਨਮਾਨਿਤ ਕੀਤਾ ਗਿਆ। ਇਨ੍ਹਾਂ ਮੁਕਾਬਲਿਆਂ ਵਿੱਚੋਂ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਜੇਤੂ ਵਿਦਿਆਰਥੀਆਂ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਸਾਬੋ ਕੀ ਤਲਵੰਡੀ ਬਠਿੰਡਾ ਵਿਖੇ ਸਨਮਾਨਿਤ ਕੀਤਾ ਗਿਆ। ਸਕੂਲ ਦੇ ਜੇਤੂ ਵਿਦਿਆਰਥੀਆਂ ਪਵਨਦੀਪ ਸਿੰਘ (ਜਮਾਤ 11ਵੀਂ ਆਰਟਸ), ਹਰਕੀਰਤ ਸਿੰਘ (ਜਮਾਤ 10ਵੀਂ ਲੋਟਸ) ਤੇ ਸੁਖਮਦੀਪ ਸਿੰਘ (ਜਮਾਤ 11ਵੀਂ ਕਾਮਰਸ) ਨੂੰ ਇਸ ਮੌਕੇ 'ਤੇ ਸਨਮਾਨਿਤ ਕੀਤਾ ਗਿਆ। ਇਸ ਗੁਰਮਤਿ ਸਮਾਗਮ 'ਚ ਸਕੂਲ ਦੇ ਧਾਰਮਿਕ ਅਧਿਆਪਕ ਗੁਰਪ੍ਰੀਤ ਸਿੰਘ ਤੇ ਮਿਊਜਿਕ ਅਧਿਆਪਕ ਸੁਖਜਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਇਸ ਮੌਕੇ 'ਤੇ ਸਕੂਲ ਦੇ ਪ੍ਰਿੰਸੀਪਲ ਅਤੇ ਸਮੂਹ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ ਤੇ ਉਨ੍ਹਾਂ ਦੀ ਇਸ ਉਪਲਬਧੀ 'ਤੇ ਖੁਸ਼ੀ ਪ੍ਰਗਟ ਕੀਤੀ ਗਈ। ਇਸ ਮੌਕੇ ਪ੍ਰਿੰਸੀਪਲ ਗੁਰਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਦਸਤਾਰ ਸਜਾਉਣ ਅਤੇ ਹਰ ਰੋਜ਼ ਪਾਠ ਕਰਨ ਤੇ ਗੁਰੂ ਜੀ ਦੇ ਦੱਸੇ ਪੂਰਨਿਆਂ ਤੇ ਚੱਲਣ ਲਈ ਪ੍ਰੇਰਿਤ ਕੀਤਾ।

## ਬੇਅਦਬੀ ਕਰਨ ਵਾਲਿਆਂ ਦੀ ਹੁਣ ਖ਼ੈਰ ਨਹੀਂ, ਪੰਜਾਬ ਸਰਕਾਰ ਦਾ ਨਵਾਂ ਕਾਨੂੰਨ ਸਖ਼ਤ ਸਜ਼ਾਵਾਂ ਦਾ ਰਾਹ ਕਰੇਗਾ ਪੱਧਰ : ਡਾ. ਜਵੰਧਾ



ਸੰਗਰੂਰ, 19 ਅਪ੍ਰੈਲ (ਹਰਕੰਵਲ ਸਿੰਘ ਹੈਪੀ): ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਮਾਮਲਿਆਂ ਸਬੰਧੀ ਇੱਕ ਵੱਡਾ ਬਿਆਨ ਜਾਰੀ ਕਰਦਿਆਂ ਕਿਹਾ ਹੈ ਕਿ ਹੁਣ ਅਜਿਹੀਆਂ ਘਿਨਾਉਣੀਆਂ ਹਰਕਤਾਂ ਕਰਨ ਵਾਲਿਆਂ ਦੀ ਖ਼ੈਰ ਨਹੀਂ ਹੈ। ਮਾਨ ਸਰਕਾਰ ਵੱਲੋਂ ਬੇਅਦਬੀ ਵਿਰੁੱਧ ਲਿਆਂਦੇ ਗਏ ਸਖ਼ਤ ਬਿਲ 'ਤੇ ਰਾਜਪਾਲ ਪੰਜਾਬ ਵੱਲੋਂ ਹਸਤਾਖਰ ਕੀਤੇ ਜਾਣ ਤੋਂ ਬਾਅਦ, ਹੁਣ ਇਹ ਬਿਲ ਕਾਨੂੰਨੀ ਰੂਪ ਲੈ ਚੁੱਕਾ ਹੈ। ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿਲ ਨੂੰ ਮਿਲੀ ਹਰੀ ਝੰਡੀ ਡਾਕਟਰ ਜਵੰਧਾ ਨੇ ਦੱਸਿਆ ਕਿ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿਲ' ਹੁਣ ਕਾਨੂੰਨ ਬਣ ਗਿਆ ਹੈ। ਇਸ ਇਤਿਹਾਸਕ ਕਦਮ ਲਈ ਉਨ੍ਹਾਂ ਨੇ ਅਕਾਲ ਪੁਰਖ ਦਾ ਕੋਟਾਨ-ਕੋਟਿ ਸ਼ੁਕਰਾਨਾ ਅਦਾ ਕੀਤਾ। ਉਨ੍ਹਾਂ ਕਿਹਾ ਕਿ ਇਹ ਸਿੱਖ ਸੰਗਤਾਂ ਦੀਆਂ ਭਾਵਨਾਵਾਂ ਦੀ ਜਿੱਤ ਹੈ ਤੇ ਪੰਜਾਬ ਦੀ ਮਾਨ ਸਰਕਾਰ ਨੇ ਆਪਣੇ ਕੀਤੇ ਵਾਅਦੇ ਅਨੁਸਾਰ ਬੇਅਦਬੀ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇਣ ਵੱਲ ਇੱਕ ਵੱਡਾ ਕਦਮ ਚੁੱਕਿਆ ਹੈ। ਨਵੇਂ ਕਾਨੂੰਨ ਦੇ ਲਾਗੂ ਹੋਣ ਨਾਲ, ਧਾਰਮਿਕ ਗ੍ਰੰਥਾਂ ਦੀ ਬੇਅਦਬੀ ਕਰਨ ਵਾਲੇ ਅਨਸਰਾਂ 'ਤੇ ਸਖ਼ਤ ਕਾਨੂੰਨੀ ਸ਼ਿਕੰਜਾ ਕੱਸਿਆ ਜਾਵੇਗਾ। ਚੇਅਰਮੈਨ ਨੇ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ ਪੰਜਾਬ ਦੇ ਲੋਕ ਬੇਅਦਬੀ ਦੇ ਮਾਮਲਿਆਂ ਵਿੱਚ ਨਿਆਂ ਦੀ ਉਡੀਕ ਕਰ ਰਹੇ ਸਨ। ਮਾਨ ਸਰਕਾਰ ਵੱਲੋਂ ਲਿਆਂਦਾ ਗਿਆ ਇਹ ਕਾਨੂੰਨ ਨਾ ਸਿਰਫ ਦੋਸ਼ੀਆਂ ਨੂੰ ਸਲਾਖਾਂ ਪਿੱਛੇ ਪਹੁੰਚਾਏਗਾ, ਬਲਕਿ ਸਮਾਜ 'ਚ ਅਜਿਹੇ ਅਪਰਾਧ ਕਰਨ ਵਾਲਿਆਂ ਲਈ ਇੱਕ ਮਿਸਾਲ ਵੀ ਪੈਦਾ ਕਰੇਗਾ। ਪੰਜਾਬ ਸਰਕਾਰ ਦੀ ਇਸ ਪ੍ਰਾਪਤੀ 'ਤੇ ਖੁਸ਼ੀ ਜ਼ਾਹਰ ਕਰਦਿਆਂ ਡਾਕਟਰ ਮਿੰਕੂ ਜਵੰਧਾ ਨੇ ਕਿਹਾ ਕਿ ਸੂਬੇ ਵਿੱਚ ਅਮਨ-ਸ਼ਾਂਤੀ ਤੇ ਧਾਰਮਿਕ ਸਦਭਾਵਨਾ ਨੂੰ ਕਿਸੇ ਵੀ ਕੀਮਤ 'ਤੇ ਭੰਗ ਨਹੀਂ ਹੋਣ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਕਾਨੂੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਵਉੱਚਤਾ ਤੇ ਸਤਿਕਾਰ ਨੂੰ ਬਹਾਲ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਏਗਾ। ਇਸ ਦੌਰਾਨ ਉਨ੍ਹਾਂ ਸਮੂਹ ਪੰਜਾਬੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਹੁਣ ਇਨਸਾਫ਼ ਦਾ ਰਾਹ ਪੂਰੀ ਤਰ੍ਹਾਂ ਦੇ ਨਾਲ ਪੱਧਰ ਹੋ ਗਿਆ ਹੈ।

## ਮਨਦੀਪ ਸਿੰਘ ਦਾ ਬਰਿੰਦਰ ਗੋਇਲ ਵੱਲੋਂ ਵਿਸ਼ੇਸ਼ ਸਨਮਾਨ



ਲਹਿਰਾਗਾਗਾ, 19 ਅਪ੍ਰੈਲ (ਰਾਮੇਸ਼ਵਰ ਸ਼ਰਮਾ/ਖੁਸਵਿੰਦਰ ਸ਼ਰਮਾ): ਸ਼ਹਿਰ ਦੇ ਨੇੜਲੇ ਪਿੰਡ ਬਲੱਰਾ ਵਿਖੇ ਕੈਬਨਿਟ ਮੰਤਰੀ ਬਰਿੰਦਰ ਗੋਇਲ ਵੱਲੋਂ ਵਿਧਾਨ ਸਭਾ ਹਲਕਾ ਲਹਿਰਾਗਾਗਾ ਦੇ ਪਿੰਡ ਬੱਲਰਾ ਵਿਖੇ ਪਹੁੰਚ ਕੇ ਕਬੱਡੀ ਖਿਡਾਰੀ ਮਨਦੀਪ ਸਿੰਘ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਮਨਦੀਪ ਸਿੰਘ ਨੇ ਪਿੰਡ ਭਲੱਥ ਵਿਖੇ ਹੋਏ ਕਬੱਡੀ ਟੂਰਨਾਮੈਂਟ ਵਿਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਬੁਲੇਟ ਮੋਟਰਸਾਈਕਲ ਸਮੇਤ ਕਰੀਬ 14 ਲੱਖ ਰੁਪਏ ਦਾ ਇਨਾਮ ਜਿੱਤ ਕੇ ਆਪਣੇ ਇਲਾਕੇ ਦਾ ਨਾਮ ਰੋਸ਼ਨ ਕੀਤਾ ਹੈ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਖਿਡਾਰੀ ਵੱਖ ਵੱਖ ਸਥਾਨਾਂ 'ਤੇ ਹੋਏ ਕਬੱਡੀ ਮੁਕਾਬਲਿਆਂ ਵਿਚ ਘੋੜੀਆਂ, ਗੱਡੀਆਂ, ਨਗਦ ਇਨਾਮ ਆਦਿ ਜਿੱਤ ਕੇ ਇਲਾਕੇ ਦਾ ਨਾਂਅ ਰੋਸ਼ਨ ਕਰ ਚੁੱਕਾ ਹੈ। ਬਰਿੰਦਰ ਗੋਇਲ ਨੇ ਖਿਡਾਰੀ ਨੂੰ ਵਧਾਈ ਦਿੱਤੀ ਅਤੇ ਉਸਦੇ ਸੁਨਿਹਰੇ ਭਵਿੱਖ ਦੀ ਕਾਮਨਾ ਕਰਦਿਆਂ ਕਿਹਾ ਕਿ ਪੰਜਾਬ ਦੀ ਧਰਤੀ ਖੇਡਾਂ ਲਈ ਮਸ਼ਹੂਰ ਰਹੀ ਹੈ ਅਤੇ ਇੱਥੋਂ ਦੇ ਨੌਜਵਾਨਾਂ ਵਿਚ ਬੇਹੱਦ ਕਾਬਲੀਅਤ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਖਿਡਾਰੀਆਂ ਨੂੰ ਬਣਦਾ ਮਾਣ-ਸਨਮਾਨ ਦੇਣ ਤੇ ਉਨ੍ਹਾਂ ਨੂੰ ਅੱਗੇ ਵਧਣ ਲਈ ਮੌਕੇ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਪਿੰਡ ਪੱਧਰ ਤੋਂ ਲੈ ਕੇ ਸੂਬਾ ਪੱਧਰ ਤੱਕ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਵੱਖ-ਵੱਖ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ। ਨਵੇਂ ਖੇਡ ਮੈਦਾਨਾਂ ਦਾ ਵਿਕਾਸ, ਆਧੁਨਿਕ ਸਹੂਲਤਾਂ ਦੀ ਉਪਲਬਧਤਾ ਅਤੇ ਖਿਡਾਰੀਆਂ ਲਈ ਪ੍ਰੋਤਸਾਹਨ ਰਾਸ਼ੀਆਂ ਜਿਹੇ ਕਦਮ ਚੁੱਕੇ ਜਾ ਰਹੇ ਹਨ, ਜਿਸ ਨਾਲ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ "ਰੰਗਲਾ ਪੰਜਾਬ" ਤੇ "ਨਸ਼ਾ ਮੁਕਤ ਪੰਜਾਬ" ਦਾ ਸੁਪਨਾ ਤਾਂ ਹੀ ਸਾਕਾਰ ਹੋ ਸਕਦਾ ਹੈ ਜਦੋਂ ਨੌਜਵਾਨ ਆਪਣੀ ਊਰਜਾ ਨੂੰ ਸਕਾਰਾਤਮਕ ਦਿਸ਼ਾ ਵਿਚ ਲਗਾਉਣ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਖੇਡਾਂ ਨਾਲ ਜੁੜ ਕੇ ਆਪਣਾ ਅਤੇ ਸੂਬੇ ਦਾ ਨਾਮ ਰੋਸ਼ਨ ਕਰਨ ਅਤੇ ਨਸ਼ਿਆਂ ਤੋਂ ਦੂਰ ਰਹਿਣ ਇਸ ਮੌਕੇ ਮੰਤਰੀ ਬਰਿੰਦਰ ਗੋਇਲ ਦੇ ਬੇਟੇ ਗੌਰਵ ਗੋਇਲ, ਐਸਡੀਐਮ ਰਾਕੇਸ਼ ਪ੍ਰਕਾਸ਼ ਗਰਗ ਅਤੇ ਬਹੁਤ ਵੱਡੀ ਗਿਣਤੀ ਵਿੱਚ ਪਿੰਡ ਨਿਵਾਸੀ ਹਾਜ਼ਰ ਸਨ।



ਭਗਵਾਨ ਸ੍ਰੀ ਪਰਸੂ ਰਾਮ ਜੈਯੰਤੀ ਮੌਕੇ ਅਸ਼ੀਰਵਾਦ ਲੈਣ ਲਈ ਪਹੁੰਚੇ ਸਾਬਕਾ ਖਜ਼ਾਨਾ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਉਹਨਾਂ ਦੇ ਨਾਲ ਜਗਦੀਸ਼ ਰਾਏ ਠੇਕੇਦਾਰ, ਪਾਲਾ ਰਾਮ, ਸਰਦਾਰਾ ਸਿੰਘ ਐਮਸੀ, ਕਿਰਪਾਲ ਸਿੰਘ ਨਾਥਾ ਐਮ ਸੀ, ਨੀਟੂ ਸ਼ਰਮਾ, ਪਾਲੀ ਰਾਮ ਬ੍ਰਾਹਮਣ ਸਭਾ ਦੇ ਪ੍ਰਧਾਨ ਰਾਮ ਸਰੂਪ ਸ਼ਰਮਾ, ਸੈਕਟਰੀ ਬਲਵਿੰਦਰ ਸ਼ਰਮਾ, ਭੁਪਿੰਦਰ ਸ਼ਰਮਾ ਆਦੀ ਹਾਜ਼ਰ ਸਨ।(**ਫੋਟੋ ਅਤੇ ਵੇਰਵਾ : ਸ਼ਰਮਾ ਖੁਸਵਿੰਦਰ ਸ਼ਰਮਾ**)

## ਸ੍ਰੀ ਬ੍ਰਾਹਮਣ ਸਭਾ ਨੇ ਸ੍ਰੀ ਪਰਸ਼ੂਰਾਮ ਜੈਅੰਤੀ ਮਨਾਈ



ਭਵਾਨੀਗੜ੍ਹ, 19 ਅਪ੍ਰੈਲ (ਅਮਨਦੀਪ ਸਿੰਘ ਮਾਝਾ): ਪ੍ਰਾਚੀਨ ਸ਼ਿਵ ਮੰਦਰ ਭਵਾਨੀਗੜ੍ਹ ਵਿਖੇ ਸ੍ਰੀ ਬ੍ਰਾਹਮਣ ਸਭਾ ਭਵਾਨੀਗੜ੍ਹ ਵੱਲੋਂ ਪ੍ਰਧਾਨ ਮਨਦੀਪ ਕੁਮਾਰ ਅੱਤਰੀ ਦੀ ਅਗਵਾਈ ਹੇਠ ਸ੍ਰੀ ਪਰਸੂ ਰਾਮ ਜੈਅੰਤੀ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਈ ਗਈ।ਸਮਾਗਮ ਦੀ ਸ਼ੁਰੂਆਤ ਸੁੰਦਰ ਪਾਠ ਅਤੇ ਝੰਡੇ ਦੀ ਰਸਮ ਅਦਾ ਕਰਨ ਉਪਰੰਤ ਕੀਤੀ ਗਈ। ਸਮਾਗਮ ਨੂੰ ਸੰਬੋਧਨ ਕਰਦਿਆਂ ਸਾਬਕਾ ਕੈਬਨਿਟ ਮੰਤਰੀ ਵਿਜੈ ਇੰਦਰ ਸਿੰਗਲਾ, ਸਾਬਕਾ ਸੰਸਦੀ ਸਕੱਤਰ ਪ੍ਰਕਾਸ਼ ਚੰਦ ਗਰਗ, ਚੇਅਰਮੈਨ ਅਵਤਾਰ ਸਿੰਘ ਈਲਵਾਲ, ਡੀਐਸਪੀ ਭਵਾਨੀਗੜ੍ਹ ਰਾਹੁਲ ਕੌਸ਼ਲ ਨੇ ਸਮੂਹ ਭਾਈਚਾਰੇ ਨੂੰ ਭਗਵਾਨ ਪਰਸ਼ੂਰਾਮ ਜੀ ਦੇ ਜਨਮ ਦਿਹਾੜੇ ਦੀਆਂ ਵਧਾਈਆਂ ਦਿੱਤੀਆਂ। ਉਨ੍ਹਾਂ ਕਿਹਾ ਕਿ ਅਜੋਕੇ ਦੌਰ ਅੰਦਰ ਆਪਸੀ ਭਾਈਚਾਰਕ ਸਾਂਝ ਨੂੰ ਬਣਾਈ ਰੱਖਣ ਲਈ ਉਨ੍ਹਾਂ ਦੀਆਂ ਸਿੱਖਿਆਵਾਂ ਤੋਂ ਸੇਧ ਲੈਣ ਦੀ ਲੋੜ ਹੈ।

ਇਸ ਮੌਕੇ ਸਭਾ ਦੇ ਸਰਪ੍ਰਸਤ ਪਵਨ ਕੁਮਾਰ ਸ਼ਰਮਾ, ਪ੍ਰਧਾਨ ਮਨਦੀਪ ਕੁਮਾਰ ਅੱਤਰੀ, ਜਨਰਲ ਸਕੱਤਰ ਡਾ. ਰਿੰਪੀ ਸ਼ਰਮਾਂ, ਤੇਜਿੰਦਰ ਪਾਲ ਸ਼ਰਮਾ, ਪਵਨ ਸ਼ਰਮਾ ਸਕੱਤਰ, ਵਿਨੋਦ ਸ਼ਰਮਾ ਸਲਾਹਕਾਰ, ਨਰਿੰਦਰ ਰਤਨ ਸਕੱਤਰ, ਪੰਡਿਤ ਜਗਦੀਸ਼ ਸਾਸ਼ਤਰੀ, ਭਗਵਤੀ ਪ੍ਰਸਾਦ, ਗੋਪਾਲ ਕ੍ਰਿਸ਼ਨ, ਨਰਿੰਦਰ ਸ਼ਰਮਾ, ਪਰਮਜੀਤ ਸ਼ਰਮਾ ਘਰਾਚੋਂ ਮੀਤ ਪ੍ਰਧਾਨ, ਪਰਮਜੀਤ ਸ਼ਰਮਾ ਭੱਟੀਵਾਲ, ਗੀਤਾ ਸ਼ਰਮਾ, ਨੀਲਮ ਮੋਦਗਿਲ, ਬਬੀਤਾ ਅੱਤਰੀ, ਪਰਮਜੀਤ ਕੌਰ, ਮੱਖਣ ਸ਼ਰਮਾ, ਸੋਮਦੱਤ ਸ਼ਰਮਾ, ਪ੍ਰਿੰਸੀਪਲ ਕੇਵਲ ਕ੍ਰਿਸ਼ਨ, ਸੋਮਦੱਤ ਸ਼ਰਮਾ, ਭੋਲਾ ਸ਼ਰਮਾ, ਜਗਤਾਰ ਨਮਾਦਾ, ਮਨਜੀਤ ਸਿੰਘ ਸੋਢੀ, ਹਰਵਿੰਦਰ ਕੁਮਾਰ ਨੀਟਾ, ਸੁਮਨ ਸ਼ਰਮਾ, ਕਰਮਜੀਤ ਕੌਰ ਸ਼ਰਮਾ ਭੱਟੀਵਾਲ ਕਲਾਂ ਆਦਿ ਹਾਜ਼ਰ ਸਨ। ਇਸ ਮੌਕੇ ਅਤੁੱਟ ਲੰਗਰ ਵਰਤਾਇਆ ਗਿਆ।



# ਪਟਿਆਲਾ-ਆਸ/ਪਾਸ



# ਭਾਸ਼ਾ ਵਿਭਾਗ ਨੇ ਕਰਵਾਇਆ ਡਾ. ਦੀਵਾਨ ਸਿੰਘ ਕਾਲੇਪਾਣੀ ਸਬੰਧੀ ਸਮਾਗਮ

**➢ਡਾ. ਦੀਵਾਨ ਸਿੰਘ ਕਾਲੇਪਾਣੀ ਭਾਈਚਾਰਕ ਸਾਂਝ, ਦੇਸ਼ ਭਗਤੀ ਤੇ ਲਿਆਕਤ ਦਾ ਮੁਜੱਸਮਾ ਸਨ : ਜਸਵੰਤ ਸਿੰਘ ਜ਼ਫ਼ਰ**

**➢ਡਾ. ਆਤਮਜੀਤ ਨੇ ਡਾ. ਕਾਲੇਪਾਣੀ ਬਾਰੇ ਨਾਟਕ 'ਕਿਸ਼ਤੀਆਂ ਵਿੱਚ ਜਹਾਜ਼' ਦੀ ਸ਼ਾਨਦਾਰ ਪੇਸ਼ਕਾਰੀ ਕੀਤੀ**

ਪਟਿਆਲਾ, 19 ਅਪ੍ਰੈਲ (ਰੁਪਾਣਾ/ ਅਮਰਜੀਤ) : ਭਾਸ਼ਾ ਵਿਭਾਗ ਪੰਜਾਬ ਵੱਲੋਂ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ 'ਚ ਇੱਥੇ ਭਾਸ਼ਾ ਭਵਨ ਵਿਖੇ ਉੱਘੇ ਦੇਸ਼ ਭਗਤ ਤੇ ਸਾਹਿਤਕਾਰ ਡਾ. ਦੀਵਾਨ ਸਿੰਘ ਕਾਲੇਪਾਣੀ ਸਬੰਧੀ ਸਮਾਗਮ ਦਾ ਆਯੋਜਨ ਕੀਤਾ ਹੈ, ਜਿਸ ਦੌਰਾਨ ਉੱਘੇ ਨਾਟਕਕਾਰ ਡਾ. ਆਤਮਜੀਤ ਨੇ ਡਾ. ਕਾਲੇਪਾਣੀ ਬਾਰੇ ਨਾਟਕ 'ਕਿਸ਼ਤੀਆਂ ਵਿੱਚ ਜਹਾਜ਼' ਦੇ ਪਾਠ ਰਾਹੀਂ ਸ਼ਾਨਦਾਰ ਪੇਸ਼ਕਾਰੀ ਕੀਤੀ। ਸਮਾਗਮ ਦੀ ਪ੍ਰਧਾਨਗੀ ਪ੍ਰੋ. ਕਿਰਪਾਲ ਕਜ਼ਾਕ ਨੇ ਕੀਤੀ। ਇਸ ਮੌਕੇ ਵੱਡੀ ਗਿਣਤੀ 'ਚ ਸਾਹਿਤ ਰਸੀਏ ਤੇ ਰੰਗਕਰਮੀ ਮੌਜੂਦ ਸਨ। ਇਸ ਸਮਾਗਮ ਰਾਹੀਂ ਭਾਸ਼ਾ ਵਿਭਾਗ ਪੰਜਾਬ ਨੇ ਸਾਲ 2026-27 ਦੇ ਸਮਾਗਮਾਂ ਦੀ ਸ਼ੁਰੂਆਤ ਵੀ ਕੀਤੀ। ਸ. ਜਸਵੰਤ ਸਿੰਘ ਜ਼ਫ਼ਰ ਨੇ 'ਕਾਲੇਪਾਣੀ ਦਾ ਹੰਸ' ਸਿਰਲੇਖ ਤਹਿਤ ਡਾ. ਦੀਵਾਨ ਸਿੰਘ ਕਾਲੇਪਾਣੀ ਦੇ ਜੀਵਨ, ਸਾਹਿਤ ਸਿਰਜਣਾ ਤੇ ਕੁਰਬਾਨੀ ਸਬੰਧੀ ਵਿਸਥਾਰ ਵਿੱਚ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਡਾ. ਕਾਲੇਪਾਣੀ ਨੇ ਆਪਣੇ ਜੀਵਨ 'ਚ ਕਈ ਮਿਸਾਲਾਂ ਕਾਇਮ ਕੀਤੀਆਂ। ਜਿਨ੍ਹਾਂ 'ਚ



ਸੱਚੀ-ਸੁੱਚੀ ਕਿਰਤ, ਸਿੱਖ ਹੋਣ, ਪੰਜਾਬੀ ਹੋਣ ਅਤੇ ਗੁਰੂ ਘਰ ਦੇ ਮਾਅਨਿਆਂ ਸਬੰਧੀ ਮਿਸਾਲਾਂ ਸ਼ਾਮਲ ਹਨ। ਉਹ ਜਿੱਥੇ ਵੀ ਗਏ ਸਿੱਖ ਧਰਮ, ਪੰਜਾਬੀ ਭਾਸ਼ਾ ਤੇ ਸੱਭਿਆਚਾਰ ਦੀਆਂ ਚੰਗਿਆਈਆਂ ਨੂੰ ਨਾਲ ਲੈ ਕੇ ਗਏ। ਉਨ੍ਹਾਂ ਅੰਡੇਮਾਨ ਦੀ ਧਰਤੀ ਦੇ ਹੋਰਨਾਂ ਧਰਮਾਂ ਦੇ ਲੋਕਾਂ ਨਾਲ ਮਿਲਕੇ ਗੁਰਦੁਆਰਾ ਸਾਹਿਬ ਦੀ ਸਥਾਪਨਾ ਕੀਤੀ ਅਤੇ ਖਾਲਸਾ ਸਕੂਲ ਵੀ ਚਲਾਇਆ। ਉਕਤ ਗੁਰੂ ਘਰ ਅੱਜ ਵੀ ਉਨ੍ਹਾਂ ਦੇ ਨਾਮ 'ਤੇ ਸਥਾਪਤ ਹੈ। ਡਾ. ਆਤਮਜੀਤ ਨੇ ਆਪਣੇ ਨਾਟਕ 'ਕਿਸ਼ਤੀਆਂ ਵਿੱਚ ਜਹਾਜ਼' ਰਾਹੀਂ ਡਾ. ਦੀਵਾਨ ਸਿੰਘ ਕਾਲੇਪਾਣੀ ਦੇ ਜੀਵਨ, ਸੰਘਰਸ਼ ਅਤੇ ਕੁਰਬਾਨੀ ਬਾਰੇ ਬਹੁਤ ਸਾਰੀਆਂ ਅਣਛੋਹੀਆਂ ਘਟਨਾਵਾਂ ਬਾਰੇ ਜਾਣਕਾਰੀ ਦਿੱਤੀ। ਕਾਵਿ ਟੁਕੜੀਆਂ ਰਾਹੀਂ ਨਾਟਕ ਦੀ ਕਹਾਣੀ ਨੂੰ ਅੱਗੇ ਵਧਾਇਆ। ਇਸ ਨਾਟਕ ਰਾਹੀਂ ਡਾ. ਕਾਲੇਪਾਣੀ ਦੀ ਸ਼ਖ਼ਸੀਅਤ ਨੂੰ ਸੱਚੀ-ਸੁੱਚੀ ਕਿਰਤ, ਵਿਦਵਤਾ ਭਰਪੂਰ, ਸਾਂਝੀਵਾਲਤਾ ਦੇ ਹਾਮੀ, ਦੇਸ਼ ਭਗਤੀ ਦੇ ਮੁਜੱਸਮੇ ਵਜੋਂ ਉਭਾਰਿਆ। ਨਾਟਕ ਦੇ ਕਾਵਿ ਰੰਗਤ ਵਾਲੇ ਸੰਵਾਦਾਂ 'ਸਿਰ 'ਤੇ ਪੱਗ, ਮੱਥੇ 'ਚ ਜੱਗ', 'ਜ਼ਿੰਦਗੀ ਇੱਕ ਕਰਜ਼ ਹੈ, ਜ਼ਿੰਦਗੀ ਇੱਕ ਫ਼ਰਜ਼ ਹੈ, ਜ਼ਿੰਦਗੀ ਇੱਕ ਮਰਜ਼ ਹੈ', 'ਸਦਾਚਾਰ ਦੀ ਜੰਗ ਲੜਨ ਵਾਲਾ ਵੱਡਾ ਫੌਜੀ', ਆਦਿ ਰਾਹੀਂ ਦਰਸ਼ਕਾਂ ਨੂੰ ਵਾਰ-ਵਾਰ ਤਾੜੀਆਂ ਮਾਰਨ ਲਈ ਮਜਬੂਰ ਕੀਤਾ।ਆਪਣੇ ਪ੍ਰਧਾਨਗੀ ਭਾਸ਼ਣ 'ਚ ਪ੍ਰੋ. ਕਿਰਪਾਲ ਕਜ਼ਾਕ ਨੇ ਕਿਹਾ ਸਾਹਿਤ ਦੀਆਂ ਹੋਰਨਾਂ ਵਿਧਾਵਾਂ 'ਚ ਕਲਪਨਾ ਸ਼ਾਮਲ ਕੀਤੀ ਜਾ ਸਕਦੀ ਹੈ ਪਰ ਨਾਟਕ ਨੂੰ ਯਥਾਰਥ ਦੇ ਵਧੇਰੇ ਨੇੜੇ ਰੱਖਣਾ ਪੈਂਦਾ ਹੈ। ਡਾ. ਆਤਮਜੀਤ ਨੇ ਆਪਣੇ ਨਾਟਕ ਰਾਹੀਂ ਜਿੱਥੇ ਡਾ. ਕਾਲੇਪਾਣੀ ਦੇ ਜੀਵਨ ਸੰਘਰਸ਼ ਨੂੰ ਰੂਪਮਾਨ ਕੀਤਾ, ਉੱਥੇ ਅਜ਼ਾਦੀ ਸੰਘਰਸ਼ ਦੀਆਂ ਬਹੁਤ ਸਾਰੀਆਂ ਅਣਛੋਹੀਆਂ ਘਟਨਾਵਾਂ ਨੂੰ ਵੀ ਆਪਣੇ ਨਾਟਕ ਰਾਹੀਂ ਉਜਾਗਰ ਕੀਤਾ ਹੈ। ਜਿਸ ਨਾਲ ਇਹ ਨਾਟਕ ਬਹੁਪਰਤੀ ਬਣਦਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਇਤਿਹਾਸਿਕ ਨਾਟਕ ਲਿਖਣੇ ਬਹੁਤ ਹੀ ਸੰਵੇਦਨਸ਼ੀਲ ਤੇ ਜ਼ੋਖ਼ਮ ਭਰਪੂਰ ਹੁੰਦੇ ਹਨ, ਅਜਿਹੇ ਨਾਟਕ ਸਿਰਫ਼ ਡਾ. ਆਤਮਜੀਤ ਲਿਖ ਸਕਦਾ ਹੈ। ਅਖ਼ੀਰ ਵਿੱਚ ਮਹਿਮਾਨਾਂ ਨੂੰ ਵਿਭਾਗ ਵੱਲੋਂ ਸ਼ਾਲਾਂ ਅਤੇ ਪੁਸਤਕਾਂ ਦੇ ਸੈੱਟਾਂ ਨਾਲ ਸਤਿਕਾਰ ਦਿੱਤਾ ਗਿਆ। ਮੰਚ ਸੰਚਾਲਨ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ ਨੇ ਕੀਤਾ। ਇਸ ਮੌਕੇ ਪਦਮਸ਼੍ਰੀ ਪ੍ਰਾਣ ਸੱਭਰਵਾਲ, ਰੰਗਕਰਮੀ ਰਾਜੇਸ਼ ਸ਼ਰਮਾ, ਹਰਜੀਤ ਕੈਂਥ, ਡਾ. ਕਾਲੇਪਾਣੀ ਦੇ ਸਬੰਧੀ ਰਾਜਿੰਦਰ ਸਿੰਘ ਛਿੰਦਾ ਆਸਟਰੇਲੀਆ, ਸ਼੍ਰੋਮਣੀ ਕਵੀ ਬਲਵਿੰਦਰ ਸੰਧੂ, ਡਾ. ਸੁਰਜੀਤ ਸਿੰਘ, ਡਾ. ਅਤੈ ਸਿੰਘ. ਡਾ. ਸੁਨੀਲ ਭਾਟੀਆ ਦਿੱਲੀ, ਡਾ. ਬਲਵੀਰ ਕੌਰ ਪੰਧੇਰ, ਗੁਰਚਰਨ ਪਬਰਾਲੀ, ਅਵਤਾਰਜੀਤ ਸਿੰਘ, ਪ੍ਰੋ. ਘੁੰਮਣ, ਭਾਸ਼ਾ ਵਿਭਾਗ ਦੇ ਡਿਪਟੀ ਡਾਇਰੈਕਟਰ ਆਲੋਕ ਚਾਵਲਾ, ਸਹਾਇਕ ਡਾਇਰੈਕਟਰ ਅਮਰਿੰਦਰ ਸਿੰਘ, ਸੁਖਪ੍ਰੀਤ ਕੌਰ, ਤੇਜਿੰਦਰ ਸਿੰਘ ਗਿੱਲ, ਸੁਰਿੰਦਰ ਕੌਰ, ਜਸਪ੍ਰੀਤ ਕੌਰ ਅਤੇ ਵੱਡੀ ਗਿਣਤੀ 'ਚ ਸਾਹਿਤਕਾਰ ਤੇ ਸਾਹਿਤ ਰਸੀਏ ਸ਼ਾਮਲ ਸਨ।

## ਫਤਿਹਪੁਰ-ਮਿਆਲਾ ਲਿੰਕ ਸੜਕ 'ਤੇ ਬਣਿਆ ਖਸਤਾ ਹਾਲ ਪੁੱਲ ਕਿਸੇ ਵੀ ਸਮੇਂ ਬਣ ਸਕਦੈ ਵੱਡੇ ਹਾਦਸੇ ਦਾ ਕਾਰਨ

ਸਮਾਣਾ, 19 ਅਪ੍ਰੈਲ (ਵਿਜੇ ਕੁਮਾਰ) : ਕਰੀਬ ਛੇ ਦਹਾਕਿਆਂ ਤੋਂ ਵੱਧ ਸਮੇਂ ਪਹਿਲਾਂ ਪਿੰਡ ਫਤਿਹਪੁਰ-ਮਿਆਲਾ ਲਿੰਕ ਸੜਕ 'ਤੇ ਬਣਿਆ ਖਸਤਾ ਹਾਲਤ ਭਾਖੜਾ ਮੇਨ ਲਾਈਨ ਦਾ ਪੁੱਲ ਬੁਰਜੀ ਨੰਬਰ 227000 ਜੋ ਭਾਰੀ ਵਾਹਨਾਂ ਦੇ ਲੰਘਣ ਕਾਰਨ ਕਿਸੇ ਵੀ ਸਮੇਂ ਭਿਆਨਕ ਹਾਦਸੇ ਦਾ ਸ਼ਿਕਾਰ ਹੋ ਸਕਦਾ ਹੈ। ਪ੍ਰਸ਼ਾਸਨ ਵੱਲੋਂ ਭਾਰੀ ਵਾਹਨਾਂ ਨੂੰ ਇਸ ਪੁੱਲ ਤੋਂ ਲੰਘਣ ਤੋਂ ਨਾ ਰੋਕੇ ਜਾਣ ਕਾਰਨ ਕਈ ਪਿੰਡਾਂ ਦੇ ਲੋਕਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ। ਜਾਣਕਾਰੀ ਦਿੰਦਿਆਂ ਸਰਪੰਚ ਕੁਲਦੀਪ ਸਿੰਘ, ਪਰਮਜੀਤ ਸਿੰਘ, ਮਲਕੀਅਤ ਸਿੰਘ, ਗੁਰਦੀਪ ਸਿੰਘ, ਦਰਬਾਰਾ ਸਿੰਘ, ਸਾਧੂ ਸਿੰਘ, ਸਵਰਨ ਸਿੰਘ, ਭਜਨ ਸਿੰਘ ਢੋਟ ਆਦਿ ਨੇ ਦੱਸਿਆ ਕਿ ਇਹ ਭਾਖੜਾ ਮੇਨ ਲਾਈਨ 'ਤੇ ਬਣਿਆ ਪੁੱਲ ਕਾਫੀ ਪੁਰਾਣਾ ਤੇ ਖਸਤਾ ਹਾਲਤ ਵਿੱਚ ਹੈ। ਇਸ ਪੁੱਲ ਉੱਪਰੋਂ ਪਿਛਲੇ ਕਈ ਦਿਨਾਂ ਤੋਂ ਮਿੱਟੀ ਦੇ ਭਰੇ 40-45 ਟਿੱਪਰ ਰੋਜ਼ਾਨਾ ਲੰਘ ਰਹੇ ਹਨ। ਜਿਸ ਕਾਰਨ ਇਸ ਪੁੱਲ 'ਤੇ



ਡੂੰਘੇ- ਡੂੰਘੇ ਖੱਡੇ ਪੈ ਜਾਣ ਕਾਰਨ ਇਹ ਪੁੱਲ ਟੁੱਟ ਕੇ ਕਦੇ ਵੀ ਡਿੱਗ ਸਕਦਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਇਸ ਪੁਲ ਤੋਂ ਮੁਰਾਦਪੁਰਾ, ਖੁਦਾਦਪੁਰਾ, ਵੜੈਚਾਂ, ਮਿਆਲਾ, ਦਾਨੀਪੁਰ, ਲਾਲਗੜ, ਬਹਾਦਰਗੜ੍ਹ, ਕੁਤਬਨਪੁਰ ਆਦਿ ਪਿੰਡਾਂ ਦੇ ਲੋਕ ਰੋਜ਼ਾਨਾ ਲੰਘਦੇ ਹਨ। ਫਤਿਹਪੁਰ, ਲਾਲਗੜ ਤੇ ਬਹਾਦਰਗੜ੍ਹ ਦੇ ਲੋਕਾਂ ਦੀ ਹਜ਼ਾਰਾਂ ਏਕੜ ਜ਼ਮੀਨ ਪੁੱਲ ਦੇ ਦੋਵਾਂ ਪਾਸੇ ਹੋਣ ਕਾਰਨ ਉਹ ਖੇਤੀ ਕਰਨ ਵੀ ਜਾਂਦੇ ਹਨ। ਉਹਨਾਂ ਲੋਕਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਉਕਤ ਪੁਲ ਤੋਂ ਲੰਘਦੇ ਭਾਰੀ ਵਾਹਨਾਂ ਨੂੰ ਰੋਕਿਆ ਜਾਵੇ। ਇਸ ਸਬੰਧੀ ਐਕਸੀਅਨ ਬੀ.ਐਮ.ਐਲ. ਗੁਰਸ਼ਰਨ ਸਿੰਘ ਵਿਰਕ ਨਾਲ ਗੱਲ ਕਰਕੇ ਪੁੱਲ ਦੀ ਹਾਲਤ ਜਾਣੀ ਤਾਂ ਉਹਨਾਂ ਕਿਹਾ ਕਿ ਇਹ ਪੁੱਲ ਬਹੁਤ ਪੁਰਾਣੇ ਬਣੇ ਹੋਏ ਹਨ। ਪੁੱਲਾਂ ਦੀ ਸਟਰਕਚਰ ਸਟੇਵਿਲਟੀ ਦੀ ਰਿਪੋਰਟ ਬੀ ਐਂਡ ਆਰ ਨੇ ਕਰਨੀ ਹੈ, ਪਰ ਉਹ ਫਿਰ ਵੀ ਆਪਣਾ ਮੁਲਾਜ਼ਮ ਭੇਜ ਕੇ ਇਸ ਦੀ ਰਿਪੋਰਟ ਲੈਣਗੇ। ਇਸ ਸਬੰਧੀ ਐਸ.ਡੀ.ਐਮ ਰੀਚਾ ਗੋਇਲ ਨਾਲ ਗੱਲ ਕੀਤੀ ਤਾਂ ਉਹਨਾਂ ਕਿਹਾ ਕਿ ਉਹ ਪੰਜਾਬ ਮੰਡੀ ਬੋਰਡ ਦੀ ਅਧਿਕਾਰੀਆਂ ਨੂੰ ਇਸ ਪੁੱਲ ਤੋਂ ਭਾਰੀ ਵਾਹਨਾਂ ਨੂੰ ਰੋਕਣ ਲਈ ਬੈਰੀਕੇਟ ਲਗਾਏ ਜਾਣਗੇ ਤੇ ਪੁਲਿਸ ਦਾ ਪ੍ਰਬੰਧ ਵੀ ਕੀਤਾ ਜਾਵੇਗਾ।

## ਦਲਜੀਤ ਸਿੰਘ ਵਿਰਕ ਹੋਣਗੇ ਘਨੌਰ ਦੇ ਨਵੇਂ ਡੀ.ਐਸ.ਪੀ.

ਘਨੌਰ, 19 ਅਪ੍ਰੈਲ (ਮਦਨ ਲਾਲ): ਪੰਜਾਬ ਪੁਲਿਸ ਵੱਲੋਂ ਪੁਲਿਸ ਪ੍ਰਸ਼ਾਸਨ ਵਿੱਚ ਵੱਡਾ ਫੇਰ ਬਦਲ ਕਰਦਿਆਂ ਸਵਾ ਸੌ ਦੇ ਕਰੀਬ ਡੀਐਸਪੀ ਪੱਧਰ ਦੇ ਅਧਿਕਾਰੀਆਂ ਦੇ ਤਬਾਦਲੇ ਕੀਤੇ ਗਏ ਹਨ। ਪੁਲਿਸ ਹੈੱਡ ਕੁਆਰਟਰ ਤੋਂ ਜਾਰੀ ਪੱਤਰ ਨੰਬਰ ਅਨੁਸਾਰ ਹਲਕਾ ਘਨੌਰ ਦੇ ਡੀਐਸਪੀ ਹਰਮਨਪ੍ਰੀਤ ਸਿੰਘ ਚੀਮਾ ਨੂੰ ਇੱਥੋਂ ਬਦਲ ਕੇ ਸਬ ਡਵੀਜ਼ਨ ਪਾਇਲ, ਪੁਲਿਸ ਜ਼ਿਲ੍ਹਾ ਖੰਨਾ ਦਾ ਡੀਐਸਪੀ ਨਿਯੁਕਤ ਕੀਤਾ ਗਿਆ ਹੈ। ਉਹਨਾਂ ਦੀ ਥਾਂ 'ਤੇ ਜ਼ਿਲ੍ਹਾ ਸੰਗਰੂਰ ਵਿਖੇ ਬਤੌਰ ਡੀਐਸਪੀ (ਡੀ) ਤਾਇਨਾਤ ਦਲਜੀਤ ਸਿੰਘ ਵਿਰਕ ਨੂੰ ਹਲਕਾ ਘਨੌਰ ਦਾ ਨਵਾਂ ਡੀਐਸਪੀ ਲਾਇਆ ਗਿਆ ਹੈ। ਸੰਪਰਕ ਕਰਨ 'ਤੇ ਨਵੇਂ ਨਿਯੁਕਤ ਡੀਐਸਪੀ ਦਲਜੀਤ ਸਿੰਘ ਵਿਰਕ ਨੇ ਦੱਸਿਆ ਕਿ ਉਹ ਸੋਮਵਾਰ ਆਪਣੇ ਅਹੁਦੇ ਦਾ ਚਾਰਜ ਸੰਭਾਲਣਗੇ।



## ਸਨੌਰ ਦੀਆਂ ਸੜਕਾਂ 'ਤੇ ਮਿੱਟੀ ਦੇ ਭਰੇ ਬਿਨਾਂ ਨੰਬਰ ਦੇ ਟਿੱਪਰ ਪ੍ਰਸ਼ਾਸਨ ਦੀ ਖਾਮੋਸ਼ੀ 'ਤੇ ਸਵਾਲ : ਸੰਧੂ

ਸਨੌਰ, 19 ਅਪ੍ਰੈਲ (ਪ੍ਰਥਮ ਕੁਮਾਰ): ਬੀਤੀ ਰਾਤ ਸਨੌਰ ਸ਼ਹਿਰ ਵਿੱਚ ਬਿਨਾਂ ਨੰਬਰ ਪਲੇਟ ਵਾਲਾ ਟਿੱਪਰ ਦੇਖਿਆ ਗਿਆ, ਜਿਸ ਵਿੱਚ ਮਿੱਟੀ ਭਰੀ ਹੋਈ ਸੀ। ਇਸ ਘਟਨਾ 'ਤੇ ਹਲਕਾ ਸਨੌਰ ਦੇ ਸੀਨੀਅਰ ਕਾਂਗਰਸੀ ਆਗੂ (ਗੁਰਵਿੰਦਰ ਸਿੰਘ) ਗੌਰਵ ਸੰਧੂ, ਵੱਲੋਂ ਚਿੰਤਾ ਪ੍ਰਗਟ ਕੀਤੀ ਗਈ ਅਤੇ ਉਨ੍ਹਾਂ ਵੱਲੋਂ ਪ੍ਰਸ਼ਾਸਨ ਨੂੰ ਸਵਾਲ ਹੈ, ਕਿ ਟਿੱਪਰ ਦੇ ਬਿਨਾਂ ਨੰਬਰ ਹੋਣ ਕਾਰਨ ਇਸਦੇ ਮਾਲਕ ਦੀ ਪਛਾਣ ਨਹੀਂ ਹੋ ਸਕੀ ਹੈ ਅਤੇ ਇਹ ਸਵਾਲ ਉਠਦਾ ਹੈ ਕਿ ਇਹ ਟਿੱਪਰ ਗੈਰਕਾਨੂੰਨੀ ਤੌਰ 'ਤੇ ਮਿੱਟੀ ਦੀ ਢੁਆਈ ਵਿੱਚ ਸ਼ਾਮਲ ਹੈ, ਜਾਂ ਨਹੀਂ। ਤੇ ਬਿਨਾਂ ਰਜਿਸਟਰੇਸ਼ਨ ਨੰਬਰ ਦੇ ਟਿੱਪਰ ਦਾ ਸੜਕ 'ਤੇ ਚੱਲਣਾ ਕਾਨੂੰਨ ਦੇ ਖਿਲਾਫ ਹੈ। ਇਹ ਨਾ ਸਿਰਫ ਸੜਕ ਸੁਰੱਖਿਆ ਲਈ ਖਤਰਾ ਹੈ, ਸਗੋਂ ਇਹ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਉੱਤੇ ਵੀ



ਸਵਾਲ ਖੜ੍ਹੇ ਕਰਦਾ ਹੈ। ਇਸ ਦੇ ਨਾਲ ਸੰਧੂ ਦਾ ਕਹਿਣਾ ਹੈ ਕਿ ਰੱਬ ਨਾ ਕਰੇ ਜੇ ਬਿਨਾਂ ਨੰਬਰ ਪਲੇਟ ਵਾਲੇ ਟਿੱਪਰ ਕਾਰਨ ਕੋਈ ਦੁਰਘਟਨਾ ਹੋ ਜਾਂਦੀ ਹੈ, ਤਾਂ ਉਸਦਾ ਜ਼ਿੰਮੇਵਾਰ ਕੌਣ ਹੋਏਗਾ ਤੇ ਸੰਧੂ ਵੱਲੋਂ ਪ੍ਰਸ਼ਾਸਨ ਨੂੰ ਅਪੀਲ ਕੀਤੀ ਗਈ ਕਿ ਉਹ ਬਿਨਾਂ ਨੰਬਰ ਪਲੇਟ ਵਾਲੇ ਟਿੱਪਰਾਂ ਦੇ ਮਾਮਲੇ ਨੂੰ ਗੰਭੀਰਤਾ ਨਾਲ ਲਵੇ। ਸਨੌਰ ਸ਼ਹਿਰ ਵਿੱਚ ਸੁਰੱਖਿਆ ਵਧਾਉਣ ਲਈ ਕਈ ਕਦਮ ਚੁੱਕੇ ਜਾ ਸਕਦੇ ਹਨ, ਜਿਵੇਂ ਕਿ ਸਿਵਲ ਅਤੇ ਟ੍ਰੈਫਿਕ ਪੁਲਿਸ ਦੀ ਕਾਰਵਾਈ ਵਧਾਉਣਾ, ਨਾਕਾਬੰਦੀ ਕਰਨਾ ਅਤੇ ਸੁਰੱਖਿਆ ਕੈਮਰਿਆਂ ਦੀ ਗਿਣਤੀ ਤੇ ਗੁਣਵੱਤਾ ਵਿੱਚ ਵਾਧਾ ਕਰਨਾ। ਇਸ ਨਾਲ ਨਾ ਸਿਰਫ ਬਿਨਾਂ ਨੰਬਰ ਪਲੇਟ ਵਾਲੇ ਵਾਹਨਾਂ ਦੀ ਪਹਿਚਾਣ ਹੋਵੇਗੀ, ਸਗੋਂ ਸ਼ਹਿਰ ਦੀ ਸਮੁੱਚੀ ਸੁਰੱਖਿਆ ਵਿੱਚ ਵੀ ਸੁਧਾਰ ਆ ਸਕਦਾ ਹੈ।

## ਜੇਲ੍ਹ 'ਚੋਂ ਮੋਬਾਇਲ ਫ਼ੋਨ ਤੇ ਸਿੰਮ ਬ੍ਰਾਮਦ

ਪਟਿਆਲਾ, 19 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਤ੍ਰਿਪੜੀ ਪੁਲਿਸ ਕੋਲ ਲਖਵੀਰ ਸਿੰਘ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਪਟਿਆਲਾ ਨੇ ਕਥਿਤ ਦੋਸ਼ੀਆਂ ਹਵਾਲਾਤੀ ਸਫਲ ਸਿੰਘ ਪੁੱਤਰ ਸੰਦੀਪ ਸਿੰਘ ਵਾਸੀ ਪਿੰਡ ਬਰਿਆਲੀ, ਥਾਣਾ ਬਲੋਂਗੀ ਜ਼ਿਲ੍ਹਾ ਐਸ.ਐਸ.ਏ. ਨਗਰ ਮੋਹਾਲੀ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਹਾਤਾ ਬੈਰਕ 1 ਦੀ ਅਚਨਚੇਤ ਤਲਾਸ਼ੀ ਕੀਤੀ ਗਈ, ਜੋ ਹਵਾਲਾਤੀ ਸੰਦੀਪ ਸਿੰਘ ਦੀ ਪਾਈ ਹੋਈ ਲੋਅਰ ਵਿੱਚੋਂ 1 ਟੱਚ ਮੋਬਾਇਲ ਫੋਨ ਬਿਨਾਂ ਸਿਮ ਕਾਰਡ ਅਤੇ 1 ਕੈਚੇਡਾ ਕੰਪਨੀ ਦਾ ਫੋਨ ਸਮੇਤ ਸਿੰਮ ਕਾਰਡ ਬ੍ਰਾਮਦ ਹੋਇਆ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ। ਇਸੇ ਤਰ੍ਹਾਂ ਥਾਣਾ ਤ੍ਰਿਪੜੀ ਪੁਲਿਸ ਕੋਲ ਰਾਜੀਵ ਕੁਮਾਰ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਪਟਿਆਲਾ ਨੇ ਕਥਿਤ ਦੋਸ਼ੀ ਹਵਾਲਾਤੀ ਹਰਮੀਕ ਸਿੰਘ ਵਾਸੀ ਪਿੰਡ ਦੇਵੀ ਨਗਰ ਹੀਰਾ ਸਿੰਘ ਵਾਲਾ ਥਾਣਾ ਜੁਰਗਾ ਵਾਲਾ ਹਾਲ ਕੇਂਦਰੀ ਜੇਲ੍ਹ ਪਟਿਆਲਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਹਾਤਾ ਭੱਠਾ ਦੀ ਬੈਰਕ ਨੰ. 2-ਏ ਦੀ ਅਚਨਚੇਤ ਤਲਾਸ਼ੀ ਕੀਤੀ ਗਈ, ਜੋ ਹਵਾਲਾਤੀ ਸਤਨਾਮ ਸਿੰਘ ਦੀ ਪਾਈ ਹੋਈ ਲੋਅਰ ਦੀ ਸੱਜੀ ਜੇਬ ਵਿੱਚੋਂ 1 ਕੀਪੈਡ ਮੋਬਾਇਲ ਫੋਨ ਕੈਚੇਡਾ ਕੰਪਨੀ ਬਿਨਾਂ ਬੈਟਰੀ ਸਮੇਤ ਸਿੰਮ ਕਾਰਡ ਬ੍ਰਾਮਦ ਹੋਇਆ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ। ਇਸੇ ਤਰ੍ਹਾਂ ਥਾਣਾ ਤ੍ਰਿਪੜੀ ਪੁਲਿਸ ਕੋਲ ਸਰਤਾਜ ਸਿੰਘ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਪਟਿਆਲਾ ਨੇ ਕਥਿਤ ਦੋਸ਼ੀ ਦਿਲਪ੍ਰੀਤ ਸਿੰਘ ਪੁੱਤਰ ਹਰਨੇਕ ਸਿੰਘ ਵਾਸੀ ਭਨਭੌਰਾ ਥਾਣਾ ਅਮਰਗੜ੍ਹ ਜ਼ਿਲ੍ਹਾ ਮਲੇਰਕੋਟਲਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਦੌਰਾਨੇ ਤਲਾਸ਼ੀ ਹਾਤਾ ਭੱਠਾ ਦੀ ਬੈਰਕ ਨੰ.1 ਦੀ ਅਚਨਚੇਤ ਤਲਾਸ਼ੀ ਕੀਤੀ ਗਈ ਜੋ ਹਵਾਲਾਤੀ ਦਿਲਪ੍ਰੀਤ ਸਿੰਘ ਦੀ ਪਹਿਨੀ ਹੋਈ ਲੋਅਰ ਵਿੱਚੋਂ 1 ਟੱਚ ਮੋਬਾਇਲ ਫੋਨ, 1 ਕੈਚੇਡਾ ਕੰਪਨੀ ਦਾ ਮੋਬਾਇਲ ਫੋਨ, ਸਮੇਤ ਬੈਟਰੀ ਅਤੇ ਸਿੰਮ ਕਾਰਡ ਦੇ ਬ੍ਰਾਮਦ ਹੋਇਆ, ਜੋ ਇੱਕ ਚਾਰਜਰ ਵੀ ਬ੍ਰਾਮਦ ਹੋਇਆ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

### ਨਸ਼ੇ ਦੇ ਆਦੀ ਵਿਅਕਤੀਆਂ ਦਾ ਡੋਪ ਟੈਸਟ ਪਾਜ਼ੀਟਿਵ ਆਇਆ

ਪਟਿਆਲਾ, 19 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਅਨਾਜ ਮੰਡੀ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਰੁਪਿੰਦਰ ਸਿੰਘ ਵਾਸੀ ਗਲੀ ਨੰ. 20-ਸੀ ਅਨੰਦ ਨਗਰ-ਬੀ ਪਟਿ. ਹਾਲ ਗੋਬਿੰਦ ਕਲੋਨੀ ਪਟਿਆਲਾ ਵਿਰੁੱਧ ਧਾਰਾ 27, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਵਿਵੇਕ ਸ਼ਰਮਾ ਸਮੇਤ ਪੁਲਿਸ ਪਾਰਟੀ ਟੀ-ਪੁਆਇੰਟ ਰੇਲਵੇ ਕੁਆਰਟਰ ਪਾਸ ਮੌਜੂਦ ਸੀ, ਜੋ ਕਥਿਤ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ 'ਤੇ ਉਸਦਾ ਨਸ਼ਾ ਕੀਤਾ ਜਾਪਦਾ ਪਾਇਆ ਗਿਆ, ਜੋ ਡੋਪ ਟੈਸਟ ਕਰਾਉਣ 'ਤੇ ਪਾਜ਼ੀਟਿਵ ਆਇਆ। ਇਸੇ ਤਰ੍ਹਾਂ ਥਾਣਾ ਪਸਿਆਣਾ ਨੇ ਕਥਿਤ ਦੋਸ਼ੀ ਮਨਪ੍ਰੀਤ ਸਿੰਘ ਵਾਸੀ ਪਿੰਡ ਰਾਮਨਗਰ ਵਿਰੁੱਧ ਧਾਰਾ 27, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ, ਜੋ ਸੇਫ ਪੰਜਾਬ ਪੋਰਟਲ ਪਰ ਉਕਤ ਦੋਸ਼ੀ ਸਬੰਧੀ ਇੱਕ ਕੰਪਲੇਂਟ ਮੌਸੂਲ ਹੋਈ, ਜੋ ਮੌਕੇ 'ਤੇ ਰੇਡ ਕਰਕੇ ਦੋਸ਼ੀ ਨੂੰ ਨਸ਼ੇ ਦੀ ਹਾਲਤ ਵਿੱਚ ਕਾਬੂ ਕਰਕੇ ਡੋਪ ਟੈਸਟ ਕਰਾਉਣ 'ਤੇ ਪਾਜ਼ੀਟਿਵ ਆਇਆ।

## ਸਰਕਾਰੀ ਸਮਾਰਟ ਸਕੂਲ ਖ਼ਾਕਟਾਂ ਵਿਖੇ ਸਾਲਾਨਾ ਇਨਾਮ ਵੰਡ ਸਮਾਰੋਹ

### ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਵੱਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ

ਭੁਨਰਹੇੜੀ, 19 ਅਪ੍ਰੈਲ (ਗੁਰਜੀਤ ਸਿੰਘ ਢੋਟ) : ਸਰਕਾਰੀ ਪ੍ਰਾਇਮਰੀ ਮਿਡਲ ਸਮਾਰਟ ਸਕੂਲ ਖ਼ਾਕਟਾਂ ਬਲਾਕ ਭੁਨਰਹੇੜੀ ਵਿਖੇ ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ। ਇਸ ਵਿਸ਼ੇਸ਼ ਸਮਾਗਮ ਵਿੱਚ ਹਲਕਾ ਇੰਚਾਰਜ ਸ. ਰਣਜੋਧ ਸਿੰਘ ਹਡਾਣਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਕੇ ਪੜਾਈ ਅਤੇ ਹੋਰਨਾਂ ਗਤੀਵਿਧੀਆਂ ਵਿੱਚ ਅੱਵਲ ਰਹੇ ਵਿਦਿਆਰਥੀਆਂ ਨੂੰ ਸਨਮਾਨ ਦਿੱਤਾ ਅਤੇ ਇਨ੍ਹਾਂ ਵਿਦਿਆਰਥੀ ਨੂੰ ਸਖ਼ਤ ਮਿਹਨਤ ਕਰਵਾ ਰਹੇ ਸਕੂਲ ਇੰਚਾਰਜ ਮਦਨ ਲਾਲ ਸਮੇਤ ਹੋਰਨਾਂ ਸਟਾਫ ਦੀ ਵੀ ਕਾਫੀ ਤਾਰੀਫ਼ ਕੀਤੀ। ਇਸ ਮੌਕੇ ਕਿਰਨਜੀਤ ਕੌਰ, ਅਮਨਪ੍ਰੀਤ ਕੌਰ, ਰਵਿੰਦਰ ਕੌਰ, ਕਾਂਤਾ ਰਾਣੀ, ਰਵਿੰਦਰ ਸਿੰਘ, ਹਰਪ੍ਰੀਤਪਾਲ ਸਿੰਘ, ਪ੍ਰਾਇਮਰੀ ਸਟਾਫ ਤੋਂ ਗੁਰਪ੍ਰੀਤ ਸਿੰਘ ਸੀ.ਐਚ.ਟੀ,



ਗੁਲਜ਼ਾਰ ਸਿੰਘ ਈ.ਟੀ.ਟੀ, ਅੰਮ੍ਰਿਤਪਾਲ ਕੌਰ ਈ.ਟੀ.ਟੀ, ਸਤਬੰਤ ਕੌਰ ਈ.ਟੀ.ਟੀ ਅਤੇ ਗੁਰਮੇਲ ਸਿੰਘ, ਜਰਨੈਲ ਸਿੰਘ, ਮਹਿੰਦਰ ਸਿੰਘ, ਰਾਜਾ ਧੰਜੂ ਸਰਪੰਚ, ਹਰਵਿੰਦਰ ਸਿੰਘ, ਦਵਿੰਦਰ ਸਿੰਘ ਸਰਪੰਚ ਖਾਕਟਾਂ ਖੁਰਦ, ਬਲਦੇਵ ਸਿੰਘ, ਜਗਕਰਨ ਸਿੰਘ, ਕੁਲਦੀਪ ਸਿੰਘ, ਕੁਲਦੀਪ ਸਿੰਘ, ਸ਼ਿੰਦਰ ਸਿੰਘ ਸਰਪੰਚ ਖਾਕਟਾਂ ਕਲਾਂ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਦੱਸਣਯੋਗ ਹੈ ਕਿ ਸਕੂਲ ਪਹੁੰਚਣ 'ਤੇ ਸ. ਹਡਾਣਾ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਸਮਾਗਮ ਵਿੱਚ ਵਿਸ਼ੇਸ਼ ਖਿੱਚ ਦਾ ਕੇਂਦਰ ਵਿਦਿਆਰਥੀਆਂ ਵੱਲੋਂ ਲਗਾਈ ਗਈ 'ਸੁੰਦਰ ਲਿਖਾਈ ਪ੍ਰਦਰਸ਼ਨੀ' ਰਹੀ। ਹਡਾਣਾ ਨੇ ਬੱਚਿਆਂ ਦੁਆਰਾ ਲਿਖੇ ਗਏ ਸੁੰਦਰ ਸ਼ਬਦਾਂ ਅਤੇ ਕਲਾਤਮਕ ਲਿਖਾਈ ਦੀ ਡੂੰਘੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਸਰਕਾਰੀ ਸਕੂਲਾਂ ਦੇ ਬੱਚਿਆਂ ਅੰਦਰ ਅਥਾਹ ਪ੍ਰਤਿਭਾ ਛੁਪੀ ਹੋਈ ਹੈ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਬੱਚਿਆਂ ਨੇ ਬਾ-ਕਮਾਲ ਲਿਖਾਈ ਪੇਸ਼ ਕੀਤੀ ਹੈ, ਉਹ ਅਧਿਆਪਕਾਂ ਦੀ ਸਖ਼ਤ ਮਿਹਨਤ ਦਾ ਪ੍ਰਤੀਕ ਹੈ। ਇਸ ਮੌਕੇ ਹਾਜ਼ਰ ਇਕੱਠ ਨੂੰ ਸੰਬੋਧਨ ਕਰਦਿਆਂ ਸ. ਹਡਾਣਾ ਨੇ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਵਚਨਬੱਧ ਹੈ। ਖ਼ਾਕਟਾਂ ਸਕੂਲ ਦੇ ਬੱਚਿਆਂ ਦਾ ਹੌਸਲਾ ਅਤੇ ਉਨ੍ਹਾਂ ਦੀ ਵਿਦਿਅਕ ਪੱਧਰ ਦੇਖ ਕੇ ਬਹੁਤ ਖ਼ੁਸ਼ੀ ਹੋਈ ਹੈ। ਸਮਾਗਮ ਦੌਰਾਨ ਵਿਦਿਅਕ ਮੁਕਾਬਲਿਆਂ, ਖੇਡਾਂ ਅਤੇ ਹੋਰ ਗਤੀਵਿਧੀਆਂ ਵਿੱਚ ਮੋਹਰੀ ਰਹਿਣ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਸ. ਰਣਜੋਧ ਸਿੰਘ ਹਡਾਣਾ ਵੱਲੋਂ ਯਾਦਗਾਰੀ ਚਿੰਨ੍ਹ ਅਤੇ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬੱਚਿਆਂ ਦੇ ਚਿਹਰਿਆਂ 'ਤੇ ਖ਼ੁਸ਼ੀ ਅਤੇ ਆਤਮ-ਵਿਸ਼ਵਾਸ ਸਾਫ਼ ਝਲਕ ਰਿਹਾ ਸੀ। ਸਕੂਲ ਸਟਾਫ਼ ਵੱਲੋਂ ਮੁੱਖ ਮਹਿਮਾਨ ਦਾ ਧੰਨਵਾਦ ਕਰਦਿਆਂ ਸਕੂਲ ਦੀਆਂ ਪ੍ਰਾਪਤੀਆਂ ਬਾਰੇ ਰਿਪੋਰਟ ਪੜ੍ਹੀ ਗਈ। ਅਧਿਆਪਕਾਂ ਨੇ ਦੱਸਿਆ ਕਿ ਬੱਚਿਆਂ ਨੂੰ ਸਿਰਫ਼ ਕਿਤਾਬੀ ਗਿਆਨ ਹੀ ਨਹੀਂ, ਸਗੋਂ ਉਨ੍ਹਾਂ ਦੇ ਸਰਵਪੱਖੀ ਵਿਕਾਸ ਲਈ ਹਰ ਤਰ੍ਹਾਂ ਦੇ ਮੁਕਾਬਲਿਆਂ ਲਈ ਤਿਆਰ ਕੀਤਾ ਜਾਂਦਾ ਹੈ। ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਮਾਪੇ ਅਤੇ ਪਿੰਡ ਦੇ ਪਤਵੰਤੇ ਸੱਜਣ ਵੀ ਹਾਜ਼ਰ ਸਨ, ਜਿਨ੍ਹਾਂ ਨੇ ਸਕੂਲ ਦੇ ਪ੍ਰਬੰਧਾਂ ਦੀ ਸ਼ਲਾਘਾ ਕੀਤੀ। ਇਸ ਮਗਰੋਂ ਮੁੱਖ ਮਹਿਮਾਨ ਵੱਲੋਂ ਬੱਚਿਆਂ ਨਾਲ ਯਾਦਗਾਰੀ ਤਸਵੀਰਾਂ ਵੀ ਖਿਚਵਾਈਆਂ ਗਈਆਂ।

## ਅੰਤਰਰਾਸ਼ਟਰੀ ਲੇਖਕ ਅਨਿਲ ਕੁਮਾਰ ਭਾਰਤੀ ਨੇ ਪ੍ਰਧਾਨ ਮੰਤਰੀ ਮੋਦੀ ਨੂੰ ਲਿਖਿਆ ਪੱਤਰ

ਪਟਿਆਲਾ, 19 ਅਪ੍ਰੈਲ (ਚ.ਨ.ਸ.) : ਪ੍ਰਸਿੱਧ ਅੰਤਰਰਾਸ਼ਟਰੀ ਲੇਖਕ ਅਤੇ ਸਿੱਖਿਆ ਸ਼ਾਸਤਰੀ ਸ਼੍ਰੀ ਅਨਿਲ ਕੁਮਾਰ ਭਾਰਤੀ ਨੇ ਦੇਸ਼ ਦੇ ਯਸ਼ਸਵੀ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਨੂੰ ਇੱਕ ਪੱਤਰ ਲਿਖ ਕੇ ਸਾਲ 2011 ਤੋਂ ਪਹਿਲਾਂ ਨਿਯੁਕਤ ਅਧਿਆਪਕਾਂ ਨੂੰ ਅਧਿਆਪਕ ਯੋਗਤਾ ਪ੍ਰੀਖਿਆ (TET) ਦੀ ਸ਼ਰਤ ਤੋਂ ਛੋਟ ਦੇਣ ਦੀ ਪੁਰਜ਼ੋਰ ਮੰਗ ਕੀਤੀ ਹੈ। ਸ਼੍ਰੀ ਭਾਰਤੀ ਨੇ ਇਸ ਪੱਤਰ ਰਾਹੀਂ ਦੇਸ਼ ਭਰ ਦੇ ਉਹਨਾਂ ਲੱਖਾਂ ਅਧਿਆਪਕਾਂ ਦੀ ਪੀੜ ਅਤੇ ਉਹਨਾਂ ਦੇ ਭਵਿੱਖ ਨਾਲ ਜੁੜੀਆਂ ਚਿੰਤਾਵਾਂ ਨੂੰ ਪ੍ਰਧਾਨ ਮੰਤਰੀ ਦੇ ਸਾਹਮਣੇ ਰੱਖਿਆ ਹੈ, ਜੋ ਦਹਾਕਿਆਂ ਤੋਂ ਸਿੱਖਿਆ ਜਗਤ ਵਿੱਚ ਆਪਣੀਆਂ ਸੇਵਾਵਾਂ ਦੇ ਰਹੇ ਹਨ। ਪ੍ਰੈਸ ਨੋਟ ਜਾਰੀ ਕਰਦਿਆਂ ਸ਼੍ਰੀ ਭਾਰਤੀ ਨੇ ਕਿਹਾ ਕਿ ਸਾਲ 2011 ਤੋਂ ਪਹਿਲਾਂ ਸਰਕਾਰੀ ਸੇਵਾ ਵਿੱਚ ਆਏ ਅਧਿਆਪਕ ਉਸ ਸਮੇਂ ਦੀਆਂ ਰਾਜ ਸਰਕਾਰਾਂ ਦੁਆਰਾ ਨਿਰਧਾਰਤ ਸਾਰੀਆਂ ਸਖ਼ਤ ਚੋਣ ਪ੍ਰਕਿਰਿਆਵਾਂ ਅਤੇ ਵਿਦਿਅਕ ਮਾਪਦੰਡਾਂ ਨੂੰ ਪੂਰਾ ਕਰਨ ਤੋਂ ਬਾਅਦ ਹੀ ਨਿਯੁਕਤ ਹੋਏ ਸਨ। ਸਿੱਖਿਆ ਸ਼ਾਸਤਰੀ ਸ਼੍ਰੀ ਭਾਰਤੀ ਨੇ ਆਪਣੇ ਪੱਤਰ ਵਿੱਚ ਸਪੱਸ਼ਟ ਕੀਤਾ ਹੈ ਕਿ ਪ੍ਰਸ਼ਾਸਨਿਕ ਨਿਯਮਾਂ ਅਨੁਸਾਰ ਕੋਈ ਵੀ ਨਵੀਂ ਸੇਵਾ ਸ਼ਰਤ ਭਵਿੱਖ ਦੀਆਂ ਨਿਯੁਕਤੀਆਂ ਲਈ ਲਾਗੂ ਹੋਣੀ ਚਾਹੀਦੀ ਹੈ। ਭਾਰਤੀ ਨੇ ਮਾਨਯੋਗ ਪ੍ਰਧਾਨ ਮੰਤਰੀ ਨੂੰ ਨਿਮਰਤਾ ਸਹਿਤ ਬੇਨਤੀ ਕੀਤੀ ਹੈ ਕਿ ਸੁਪਰੀਮ ਕੋਰਟ ਦੇ ਹਾਲੀਆ ਹੁਕਮਾਂ ਦੇ ਮੱਦੇਨਜ਼ਰ ਕੇਂਦਰ ਸਰਕਾਰ ਇਸ ਮਾਮਲੇ ਵਿੱਚ ਗੰਭੀਰਤਾ ਨਾਲ ਦਖਲ ਦੇਵੇ। ਉਹਨਾਂ ਮੰਗ ਕੀਤੀ ਕਿ ਦੇਸ਼ ਦੀ ਸਿੱਖਿਆ ਪ੍ਰਣਾਲੀ ਦੀ ਨੀਂਹ ਨੂੰ ਮਜ਼ਬੂਤ ਕਰਨ ਵਾਲੇ ਇਹਨਾਂ ਤਜ਼ਰਬੇਕਾਰ ਗੁਰੂਆਂ ਨੂੰ ਟੈਟ (TET) ਪ੍ਰੀਖਿਆ ਤੋਂ ਵਿਸ਼ੇਸ਼ ਛੋਟ ਦਿੱਤੀ ਜਾਵੇ ਤਾਂ ਜੋ ਉਹ ਆਪਣਾ ਬਾਕੀ ਰਹਿੰਦਾ ਸੇਵਾਕਾਲ ਬਿਨਾਂ ਕਿਸੇ ਮਾਨਸਿਕ ਤਣਾਅ ਦੇ ਪੂਰਾ ਕਰ ਸਕਣ।



### ਕੁੱਟਮਾਰ ਸਬੰਧੀ ਮਾਮਲਾ ਦਰਜ

ਪਟਿਆਲਾ, 19 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਲਾਹੋਰੀ ਗੇਟ ਪਟਿਆਲਾ ਪੁਲਿਸ ਕੋਲ ਕਿਰਨਦੀਪ ਕੌਰ ਪਤਨੀ ਸਤਨਾਮ ਸਿੰਘ ਵਾਸੀ ਪਿੰਡ ਬਿਸਲਪੁਰ ਜ਼ਿਲ੍ਹਾ ਮੋਗਾ ਨੇ ਕਥਿਤ ਦੋਸ਼ੀਆਂ ਰਾਜਾ, ਮਨੀਸ਼ ਕੁਮਾਰ, ਲੇਖਰਾਜ ਵਾਸੀ ਵੱਡੀ ਬਾਰਾਦਰੀ ਪਟਿ. ਅਤੇ 7-8 ਹੋਰ ਅਣਪਛਾਤੇ ਵਿਅਕਤੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਉਹ ਆਪਣੇ ਪਰਿਵਾਰ ਸਮੇਤ ਕਾਲੀ ਮਾਤਾ ਮੰਦਰ ਪਟਿਆਲਾ ਵਿਖੇ ਮੱਥਾ ਟੇਕਣ ਆਈ ਸੀ ਤਾਂ ਬਾਰਾਂਦਰੀ ਗਾਰਡਨ ਪਟਿਆਲਾ ਪਾਸ ਗੱਡੀ ਦੀ ਪਾਰਕਿੰਗ ਨੂੰ ਲੈ ਕੇ ਕਥਿਤ ਦੋਸ਼ੀਆਂ ਨਾਲ ਬਹਿਸ ਹੋ ਗਈ, ਜੋ ਕਥਿਤ ਦੋਸ਼ੀਆਂ ਨੇ ਮੌਕੇ 'ਤੇ 7-8 ਅਣਪਛਾਤੇ ਵਿਅਕਤੀ ਬੁਲਾ ਕੇ ਉਸ ਅਤੇ ਉਸਦੇ ਭਰਾ ਦੀ ਕੁੱਟਮਾਰ ਕੀਤੀ। ਪੁਲਿਸ ਨੇ ਧਾਰਾ 76,115(2), 126 (2), 3(5) ਬੀਐਨਐਸ ਦੇ ਤਹਿਤ ਮਾਮਲਾ ਦਰਜ ਕੀਤਾ ਹੈ।

## ਭਾਜਪਾ ਦੇ ਵਿਕਸਿਤ ਭਾਰਤ ਜੀ.ਆਰ.ਜੀ. ਸੈੱਲ ਪੰਜਾਬ ਦੀ ਮੀਟਿੰਗ

**➢ਪ੍ਰਿੰਸੀਪਲ ਮੋਹਨ ਲਾਲ ਮੁੱਖ ਸਲਾਹਕਾਰ ਨਿਯੁਕਤ**



ਸਮਾਣਾ, 19 ਅਪ੍ਰੈਲ (ਹਰਜਿੰਦਰ ਸਿੰਘ ਜਵੰਦਾ) : ਭਾਰਤੀ ਜਨਤਾ ਪਾਰਟੀ ਦੇ ਵਿਕਸਿਤ ਭਾਰਤ ਜੀ.ਆਰ. ਜੀ. ਸੈੱਲ ਪੰਜਾਬ ਦੀ ਇਕ ਅਹਿਮ ਮੀਟਿੰਗ ਪ੍ਰਿੰਸੀਪਲ ਮੋਹਨ ਲਾਲ ਦੇ ਗ੍ਰਹਿ ਵਿਖੇ ਆਯੋਜਿਤ ਕੀਤੀ ਗਈ। ਮੀਟਿੰਗ ਦੌਰਾਨ ਜਥੇਬੰਦੀ ਦੇ ਵਿਸਥਾਰ ਅਤੇ ਆਉਣ ਵਾਲੇ ਸਮੇਂ ਦੀਆਂ ਰਣਨੀਤੀਆਂ ਬਾਰੇ ਵਿਸਥਾਰ ਨਾਲ ਚਰਚਾ ਹੋਈ। ਇਸ ਮੌਕੇ ਸੈੱਲ ਦੇ ਕਨਵੀਨਰ ਭੀਮ ਸਿੰਘ ਅਤੇ ਕੋ-ਕਨਵੀਨਰ ਚਮਕੀਲਾ ਸਿੰਘ ਵੱਲੋਂ ਪ੍ਰਿੰਸੀਪਲ ਮੋਹਨ ਲਾਲ ਨੂੰ ਜੀ.ਆਰ.ਜੀ. ਸੈੱਲ ਪੰਜਾਬ ਦਾ ਮੁੱਖ ਸਲਾਹਕਾਰ ਨਿਯੁਕਤ ਕਰਨ 'ਤੇ ਸਨਮਾਨਿਤ ਕੀਤਾ ਗਿਆ। ਸਮਾਗਮ ਵਿੱਚ ਸੋਸ਼ਲ ਮੀਡੀਆ ਇੰਚਾਰਜ ਜ਼ਿਲ੍ਹਾ ਪਟਿਆਲਾ ਸੰਜੀਵ ਗਰਗ, ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਸਮਾਣਾ ਪਰਦਮਨ ਸਿੰਘ ਵਿਰਕ, ਰਾਜੇਸ਼ ਮੌਦਗਿੱਲ, ਦਿਨੇਸ਼ ਜੈਨ, ਜਸਵੰਤ ਸ਼ਰਮਾ, ਯੂਥ ਆਗੂ ਸ਼ੁਭਨੀਤ ਗਰਗ ਅਤੇ ਜਨਕ ਰਾਜ ਜਿੰਦਲ ਸਮੇਤ ਹੋਰ ਕਈ ਭਾਜਪਾ ਆਗੂ ਵੀ ਹਾਜ਼ਰ ਸਨ। ਮੀਟਿੰਗ ਦੌਰਾਨ ਪੰਜਾਬੀ ਲੋਕ ਗਾਇਕ ਜਗਜੀਤ ਜੁਗਨੂੰ ਆਪਣੇ ਸਾਥੀਆਂ ਸਮੇਤ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਏ। ਇਸ ਮੌਕੇ ਉਨ੍ਹਾਂ ਕਿਹਾ ਕਿ ਮੌਜੂਦਾ ਆਪ ਸਰਕਾਰ ਗਰੀਬ ਵਰਗ ਦੀ ਭਲਾਈ ਲਈ ਯਥਾਰਥਕ ਕਦਮ ਨਹੀਂ ਚੁੱਕ ਰਹੀ, ਜਦਕਿ ਭਾਜਪਾ ਵੱਲੋਂ ਗਰੀਬਾਂ ਦੇ ਉੱਥਾਨ ਲਈ ਵੱਖ-ਵੱਖ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ।

ਇਨ੍ਹਾਂ ਯੋਜਨਾਵਾਂ ਤੋਂ ਪ੍ਰਭਾਵਿਤ ਹੋ ਕੇ ਉਹ ਪ੍ਰਿੰਸੀਪਲ ਮੋਹਨ ਲਾਲ ਦੀ ਅਗਵਾਈ ਹੇਠ ਭਾਜਪਾ ਵਿੱਚ ਸ਼ਾਮਲ ਹੋਏ ਹਨ। ਪ੍ਰਿੰਸੀਪਲ ਮੋਹਨ ਲਾਲ ਨੇ ਨਵੇਂ ਸ਼ਾਮਲ ਹੋਏ ਮੈਂਬਰਾਂ ਦਾ ਸਵਾਗਤ ਕਰਦਿਆਂ ਭਰੋਸਾ ਦਿੱਤਾ ਕਿ ਪਾਰਟੀ ਵੱਲੋਂ ਉਨ੍ਹਾਂ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਸੰਗਠਨ ਵਿੱਚ ਉਚਿਤ ਸਥਾਨ ਦਿੱਤਾ ਜਾਵੇਗਾ।

## ਕਾਤਰੋਂ ਸਕੂਲ ਦਾ ਅੱਠਵੀਂ ਜਮਾਤ ਦਾ ਨਤੀਜਾ 100 ਫ਼ੀਸਦੀ ਰਿਹਾ



ਮਲੇਰਕੋਟਲਾ, 19 ਅਪ੍ਰੈਲ (ਬਲਜੀਤ ਸਿੰਘ ਟਿੱਬਾ) : ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਨਤੀਜਿਆਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਤਰੋਂ ਦਾ ਅੱਠਵੀਂ ਜਮਾਤ ਦਾ ਨਤੀਜਾ 100% ਰਿਹਾ। ਜਾਣਕਾਰੀ ਦਿੰਦਿਆਂ ਸਕੂਲ ਦੇ ਇੰਚਾਰਜ ਪ੍ਰਿੰਸੀਪਲ ਬਲਜਿੰਦਰ ਸਿੰਘ ਫਰਵਾਹੀ ਨੇ ਦੱਸਿਆ ਕਿ ਗੁਰਨੂਰ ਕੌਰ ਪੁੱਤਰੀ ਬੂਟਾ ਸਿੰਘ 557/600 ਨੇ ਪਹਿਲਾ ਮਹਿਕਦੀਪ ਕੌਰ ਪੁੱਤਰੀ ਗੁਰਪ੍ਰੀਤ ਸਿੰਘ 525/600 ਨੇ ਦੂਜਾ ਤੇ ਰਾਜਵਿੰਦਰ ਸਿੰਘ ਇਸ਼ਾ ਪੁੱਤਰ ਨਿਰਮਲ ਸਿੰਘ 508/600 ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਪੁਜੀਸ਼ਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਕੂਲ ਸਟਾਫ ਵੱਲੋਂ ਸਨਮਾਨ ਚਿੰਨ੍ਹ ਅਤੇ 1100-1100 ਰੁਪਏ ਦੀ ਨਕਦ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਕੂਲ ਮੁਖੀ ਬਲਜਿੰਦਰ ਸਿੰਘ ਦੇ ਨਾਲ ਕੁਸ਼ਲਵੀਰ ਸਿੰਘ, ਜਸਵਿੰਦਰ ਕੌਰ, ਰਮਿੰਦਰਜੀਤ ਕੌਰ, ਮਾਲਵਿੰਦਰ ਕੌਰ, ਕੈਪਟਨ ਜਤਿੰਦਰ ਸਿੰਘ, ਭੀਮ ਸਿੰਘ, ਗੁਰਵਿੰਦਰ ਸਿੰਘ, ਅਮਰਦੀਪ ਸਿੰਘ, ਮਨਦੀਪ ਸਿੰਘ, ਗੁਰਪ੍ਰੀਤ ਸਿੰਘ, ਅੰਮ੍ਰਿਤਪਾਲ ਸਿੰਘ, ਹਨੀ ਗਰਗ, ਰਜਿੰਦਰ ਕੌਰ, ਹਰਪ੍ਰੀਤ ਕੌਰ, ਅਮਨਦੀਪ ਕੌਰ, ਮੀਨਾ ਗੋਇਲ, ਸ਼ਿਵਾਂਗੀ ਸ਼ਰਮਾ, ਅਮਨਦੀਪ ਅਤੇ ਸੰਦੀਪ ਸਿੰਘ ਹਾਜ਼ਰ ਸਨ।

## ਅੱਜ ਤੇ ਭਲਕੇ ਬੂਥਾਂ 'ਤੇ ਵੋਟਰ ਸੂਚੀਆਂ ਦੀ ਸੁਧਾਈ ਲਈ ਲਏ ਜਾਣਗੇ ਇਤਰਾਜ਼ ਅਤੇ ਦਾਅਵੇ

ਸਮਾਣਾ, 19 ਅਪ੍ਰੈਲ (ਵਿਜੇ ਕੁਮਾਰ) : ਰਾਜ ਚੋਣ ਕਮਿਸ਼ਨ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਮੰਡਲ ਚੋਣਕਾਰ ਰਜਿਸਟਰੇਸ਼ਨ ਅਫਸਰ ਰੀਚਾ ਗੋਇਲ ਨੇ ਅਗਾਮੀ ਨਗਰ ਕੌਂਸਲ ਦੀਆਂ ਚੋਣਾਂ ਲਈ ਵੋਟਰ ਸੂਚੀਆਂ ਦੀ ਸੁਧਾਈ, ਨਵੀਨੀਕਰਨ, ਇਤਰਾਜ਼ ਅਤੇ ਰਿਹਾਇਸ਼ੀ ਪਤਾ ਬਦਲਣ ਲਈ 23 ਅਪ੍ਰੈਲ ਦਾ ਸਮਾਂ ਰੱਖਿਆ ਗਿਆ ਹੈ। ਜਿਸ ਲਈ ਕੋਈ ਵੀ ਵੋਟਰ, ਜਿਸ ਦੀ ਉਮਰ 23 ਅਪ੍ਰੈਲ ਨੂੰ 18 ਸਾਲ ਹੋ ਜਾਂਦੀ ਹੈ, ਤਾਂ ਉਹ ਆਪਣਾ ਨਾਮ ਵੋਟਰ ਸੂਚੀ ਵਿੱਚ 7 ਨੰਬਰ ਫਾਰਮ ਭਰ ਕੇ ਦਰਜ ਕਰਵਾ ਸਕਦਾ ਹੈ। ਇਤਰਾਜ਼ ਲਈ ਫਾਰਮ ਨੰਬਰ 8 'ਤੇ ਵਾਰਡ ਰਿਹਾਇਸ਼ੀ ਪਤਾ ਬਦਲਣ ਦੀ ਸੂਰਤ ਵਿੱਚ ਫਾਰਮ ਨੰਬਰ 9 ਭਰ ਕੇ 23 ਅਪ੍ਰੈਲ ਤੱਕ ਦਫਤਰ ਕਾਰਜਸਾਧਕ ਅਫਸਰ ਸਮਾਣਾ ਕੋਲ ਜਮ੍ਹਾ ਕਰਵਾ ਸਕਦੇ ਹਨ। ਉਹਨਾਂ ਇਹ ਵੀ ਦੱਸਿਆ ਕਿ 20/21 ਅਪ੍ਰੈਲ ਨੂੰ ਬੂਥਾਂ 'ਤੇ ਵਿਸ਼ੇਸ਼ ਕੈਂਪ 9 ਵਜੇ ਤੋਂ ਸ਼ਾਮ 5 ਵਜੇ ਤੱਕ ਲਗਾਏ ਜਾ ਰਹੇ ਹਨ। ਜਿੱਥੇ ਬੀ.ਐਲ.ਓਜ਼. ਬੂਥ ਉੱਪਰ ਬੈਠ ਕੇ ਇਤਰਾਜ਼ ਅਤੇ ਦਾਅਵੇ ਪ੍ਰਾਪਤ ਕਰਨਗੇ। ਉਕਤ ਪ੍ਰਾਪਤ ਹੋਏ ਦਾਅਵੇ ਅਤੇ ਇਤਰਾਜ਼ਾਂ ਦਾ 30 ਅਪ੍ਰੈਲ ਤੱਕ ਨਿਪਟਾਰਾ ਕਰਨ ਉਪਰੰਤ 5 ਮਈ ਨੂੰ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ ਕੀਤੀ ਜਾਵੇਗੀ। ਮੰਡਲ ਚੋਣ ਕਾਰ ਰਜਿਸਟਰੇਸ਼ਨ ਅਫਸਰ ਨੇ ਸਮੂਹ ਸ਼ਹਿਰ ਨਿਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੀ ਵੋਟ ਦੇ ਹੱਕ ਦਾ ਇਸਤੇਮਾਲ ਕਰਨ ਲਈ ਆਪਣੀਆਂ ਵੋਟਾਂ ਜ਼ਰੂਰ ਬਣਾਉਣ।

## ਜੀਵਨ ਗਰਗ ਸਰਬਸੰਮਤੀ ਨਾਲ ਤੀਜੀ ਵਾਰ ਲਾਇਨ ਕਲੱਬ ਸਮਾਣਾ ਰੋਇਲ ਦੇ ਪ੍ਰਧਾਨ ਨਿਯੁਕਤ

ਸਮਾਣਾ, 19 ਅਪ੍ਰੈਲ (ਜਵੰਦਾ/ ਵਿਜੇ ਕੁਮਾਰ) : ਲਾਇਨ ਕਲੱਬ ਸਮਾਣਾ ਰੋਇਲ ਦੀ ਸਾਲਾਨਾ ਮੀਟਿੰਗ ਅਜੂਬਾ ਰੈਜ਼ੀਡੈਂਸੀ ਪਟਿਆਲਾ ਵਿੱਚ ਕਰਵਾਈ ਗਈ। ਇਸ ਦੌਰਾਨ ਕਲੱਬ ਦੇ ਆਉਣ ਵਾਲੇ ਸਾਲ ਦੇ ਕਾਰਜਕ੍ਰਮਾਂ ਅਤੇ ਕੈਂਪਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ ਅਤੇ ਕਲੱਬ ਦੀ ਭਵਿੱਖੀ ਯੋਜਨਾਵਾਂ ਉੱਤੇ ਵੀ ਵਿਚਾਰ ਕੀਤਾ ਗਿਆ। ਮੀਟਿੰਗ ਦੌਰਾਨ ਸਾਲ 2026-27 ਲਈ ਨਵੀਂ ਟੀਮ ਦੀ ਚੋਣ ਕੀਤੀ ਗਈ, ਜਿਸ ਵਿੱਚ ਲਾਇਨ ਜੀਵਨ ਗਰਗ ਨੂੰ ਤੀਜੀ ਵਾਰ ਸਰਬਸੰਮਤੀ ਨਾਲ ਪ੍ਰਧਾਨ ਨਿਯੁਕਤ



ਕੀਤਾ ਗਿਆ। ਇਸ ਦੇ ਨਾਲ ਅਜੇ ਗਰਗ ਨੂੰ ਸੈਕਟਰੀ ਅਤੇ ਅਸ਼ਵਨੀ ਗਰਗ ਨੂੰ ਕੈਸ਼ੀਅਰ ਨਿਯੁਕਤ ਕੀਤਾ ਗਿਆ। ਨਵੀਂ ਟੀਮ ਦੀ ਘੋਸ਼ਣਾ ਤੋਂ ਬਾਅਦ ਸਾਰੇ ਮੈਂਬਰਾਂ ਵੱਲੋਂ ਵਧਾਈਆਂ ਦਿੱਤੀਆਂ ਗਈਆਂ ਅਤੇ ਕੇਕ ਕਟਿੰਗ ਕਰਕੇ ਖੁਸ਼ੀ ਮਨਾਈ ਗਈ। ਇਸ ਮੌਕੇ ਮੌਜੂਦਾ ਸੈਕਟਰੀ ਲਲਿਤ ਸਿੰਗਲਾ, ਕੈਸ਼ੀਅਰ ਮਨੂ ਅਗਰਵਾਲ, ਪੀ. ਆਰ. ਓ. ਪੁਨੀਤ ਸਿੰਗਲਾ, ਮੈਂਬਰ ਮੁਨੀਸ਼ ਗਰਗ, ਸਿਕੰਦਰਵੀਰ ਜਿੰਦਲ, ਜਵਾਹਰ ਗੋਇਲ, ਰੋਹਿਤ ਗਰਗ, ਜਤਿੰਦਰ ਧੀਮਾਨ, ਰਾਜੇਸ਼ ਬੰਸਲ, ਮਨੋਜ ਕਾਂਸਲ, ਐਡਵੋਕੇਟ ਰੋਹਿਤ ਗੋਇਲ, ਮੋਹਿਤ ਗੋਇਲ, ਡਾ. ਸੰਦੀਪ ਮਿੱਤਲ, ਮੈਂਬਰਸ਼ਿਪ ਚੇਅਰਪਰਸਨ ਸੰਜੇ ਗੋਇਲ ਅਤੇ ਰਾਜੇਸ਼ ਮਿੱਤਲ ਆਦਿ ਵੀ ਮੌਜੂਦ ਰਹੇ।

## ਡਾ. ਰਵਿੰਦਰ ਸਿੰਘ ਰਵੀ ਯਾਦਗਾਰੀ ਲੈਕਚਰ ਕਰਵਾਇਆ

**➢ਮੁੱਖ ਵਕਤਾ ਵਜੋਂ ਖਾੜੀ ਖੇਤਰ ਦੇ ਮਾਹਿਰ ਜਨਾਬ ਕਮਰ ਆਗਾ ਨੇ ਕੀਤੀ ਸ਼ਿਰਕਤ**

ਪਟਿਆਲਾ, 19 ਅਪ੍ਰੈਲ (ਚ.ਨ.ਸ.): ਭਾਸ਼ਾ ਵਿਭਾਗ ਪਟਿਆਲਾ ਵਿਖੇ ਡਾ. ਰਵੀ ਖੋਜ ਸਕੂਲ ਪਟਿਆਲਾ ਵੱਲੋਂ ਫਰੈਂਡਜ਼ ਆਫ਼ ਸੋਸ਼ਲਿਜ਼ਮ ਦੇ ਸਹਿਯੋਗ ਨਾਲ 'ਖਾੜੀ ਜੰਗ ਨੂੰ ਸਮਝਦਿਆਂ: ਆਰਥਿਕਤਾ, ਰਾਜਨੀਤੀ ਅਤੇ ਸੱਭਿਅਤਾ ਦੇ ਸਵਾਲ' ਵਿਸ਼ੇ 'ਤੇ ਡਾ. ਰਵਿੰਦਰ ਸਿੰਘ ਰਵੀ ਯਾਦਗਾਰੀ ਲੈਕਚਰ ਕਰਵਾਇਆ ਗਿਆ। ਇਸ ਵਿੱਚ ਮੁੱਖ ਵਕਤਾ ਵਜੋਂ ਖਾੜੀ ਖੇਤਰ ਦੇ ਮਾਹਿਰ ਜਨਾਬ ਕਮਰ ਆਗਾ ਨੇ ਸ਼ਿਰਕਤ ਕੀਤੀ। ਪ੍ਰੋ. ਮਨਜੀਤ ਸਿੰਘ ਨੇ ਪ੍ਰੋਗਰਾਮ ਦੀ ਸ਼ੁਰੂਆਤ ਕਰਦਿਆਂ ਪ੍ਰੋਗਰਾਮ ਨਾਲ ਜਾਣ ਪਛਾਣ ਕਰਵਾਈ। ਇਸ ਤੋਂ ਬਾਅਦ ਪ੍ਰੋ. ਕੁਲਦੀਪ ਸਿੰਘ ਨੇ ਜਨਾਬ ਕਮਰ ਆਗਾ ਨਾਲ ਤੁਆਰਫ਼ ਕਰਵਾਇਆ। ਜਨਾਬ ਕਮਰ ਆਗਾ ਨੇ ਆਪਣੇ ਭਾਸ਼ਣ ਦੌਰਾਨ ਈਰਾਨ-ਅਮਰੀਕਾ ਜੰਗ ਦੇ ਆਰਥਿਕ ਤੇ ਰਾਜਸੀ ਸੰਦਰਭਾਂ ਨੂੰ ਛੇੜਿਆ। ਉਹਨਾਂ ਨੇ ਕਿਹਾ ਕਿ ਈਰਾਨ ਲੰਬੇ ਸਮੇਂ ਤੋਂ ਇਸ ਸੰਭਾਵਿਤ ਜੰਗ ਲਈ ਆਪਣੇ ਆਪ ਨੂੰ ਤਿਆਰ ਕਰ ਰਿਹਾ ਸੀ ਕਿਉਂਕਿ ਉਸ ਨੂੰ ਇਸ ਗੱਲ ਦਾ ਆਭਾਸ ਕਿ ਬਾਕੀ ਖਾੜੀ



ਮੁਲਕਾਂ ਵਾਂਗ ਉਸ ਨੂੰ ਵੀ ਅਮਰੀਕਾ ਆਪਣਾ ਨਿਸ਼ਾਨਾ ਬਣਾਏਗਾ। ਈਰਾਨ ਦੀ ਤਾਕਤ ਉਸ ਦੇ ਗੈਸ ਤੇ ਤੇਲ ਭੰਡਾਰ ਹਨ, ਜਿਹਨਾਂ ਦੇ ਸਹਾਰੇ ਉਸ ਨੇ ਇਸ ਜੰਗ ਦੌਰਾਨ ਨੇੜੇ ਤੇੜੇ ਦੇ ਮੁਲਕਾਂ ਅਤੇ ਅਮਰੀਕਾ ਦੇ ਆਰਥਿਕ ਸਮੀਕਰਨਾਂ ਨੂੰ ਵੀ ਪ੍ਰਭਾਵਿਤ ਕੀਤਾ ਹੈ। ਇਸ ਦੇ ਨਾਲ ਹੀ ਈਰਾਨ ਦੀ ਆਰਮੀ ਦੇ ਵਿਕੇਂਦਰੀਕ੍ਰਿਤ ਪ੍ਰਬੰਧ ਕਾਰਨ ਜੰਗ ਦੌਰਾਨ ਇਸ ਦਾ ਕਮਾਂਡ ਸਟਰਕਚਰ ਬਣਿਆ ਰਿਹਾ। ਈਰਾਨ ਤੇ ਅਮਰੀਕਾ ਦੀ ਇਸ ਜੰਗ ਨੇ ਖਾੜੀ ਮੁਲਕਾਂ ਨੂੰ ਆਪਣੀ ਤਾਕਤ ਉੱਤੇ ਭਰੋਸਾ ਕਰਨ ਤੇ ਆਪਣੇ ਸ਼ਕਤੀਸ਼ਾਲੀ ਹੋਣ ਦੀ ਭਾਵਨਾ ਵਿੱਚ ਵਿਸ਼ਵਾਸ ਕਰਨ ਨੂੰ ਵੀ ਜਗਾਇਆ ਹੈ। ਇਸ ਜੰਗ ਨਾਲ ਅਮਰੀਕਾ ਦੇ ਸੁਪਰ ਪਾਵਰ ਹੋਣ ਦੀ ਧਾਰਨਾ ਨੂੰ ਖ਼ੋਰਾ ਲੱਗਿਆ ਹੈ। ਇਸ ਨਾਲ ਸੰਸਾਰ ਇੱਕ ਧਰੁਵੀਕਰਨ ਤੋਂ ਬਹੁ-ਧਰੁਵੀਕਰਨ ਵੱਲ ਵਧਿਆ ਹੈ। ਜਨਾਬ ਆਗਾ ਕਹਿੰਦੇ ਹਨ ਕਿ ਇਹਨਾਂ ਖਾੜੀ ਮੁਲਕਾਂ ਵਿੱਚ ਜਦੋਂ ਜਦੋਂ ਰਾਸ਼ਟਰਵਾਦ ਦਾ ਉਭਾਰ ਹੋਇਆ ਹੈ ਓਦੋਂ ਓਦੋਂ ਇੱਥੇ ਧਾਰਮਿਕ ਤਾਕਤਾਂ ਦਾ ਪਤਨ ਹੋਇਆ ਹੈ। ਇਸ ਸਭ ਨਾਲ ਅਮਰੀਕਾ ਦੀ ਯੋਜਨਾਬੰਦੀ ਨੂੰ ਧੱਕਾ ਲੱਗਿਆ ਹੈ। ਇਸ ਸਭ ਦੇ ਚੱਲਦਿਆਂ ਅਮਰੀਕਾ ਤੇ ਬਾਕੀ ਮੁਲਕਾਂ ਦੇ ਸੰਬੰਧ ਪ੍ਰਭਾਵਿਤ ਹੋਏ ਹਨ। ਇਜ਼ਰਾਈਲ ਤੇ ਅਮਰੀਕਾ ਦੇ ਰਿਸ਼ਤੇ ਵਿੱਚ ਖਟਾਸ ਆਈ ਹੈ। ਯੂਰਪ ਤੇ ਅਮਰੀਕਾ 'ਚ ਵਖਰੇਵੇਂ ਪੈਦਾ ਹੋਏ ਹਨ। ਬ੍ਰਿਟੇਨ, ਫਰਾਂਸ, ਜਰਮਨੀ ਤੇ ਚੀਨ ਨੇ ਵੀ ਅਮਰੀਕਨ ਰਾਸ਼ਟਰਪਤੀ ਡੋਨਲਡ ਟਰੰਪ ਦੇ ਕਹਿਣ ਦੇ ਬਾਵਜੂਦ ਉਸ ਦਾ ਸਾਥ ਦੇਣ ਤੋਂ ਕਿਨਾਰਾ ਕੀਤਾ ਹੈ। ਇਸ ਸੂਰਤੇਹਾਲ ਵਿੱਚ ਲੰਬੇ ਸਮੇਂ ਤੱਕ ਅਮਰੀਕਾ ਦੇ ਦੁਬਾਰਾ ਇਸ ਤਰ੍ਹਾਂ ਦੀ ਹਮਲਾਵਰਾਨਾਂ ਬਿਰਤੀ ਅਪਣਾਉਣ ਤੋਂ ਗੁਰੇਜ਼ ਕਰਨ ਦੇ ਆਸਾਰ ਜ਼ਿਆਦਾ ਦਿਖਾਈ ਦੇ ਰਹੇ ਹਨ। ਜਨਾਬ ਕਮਰ ਆਗਾ ਦੇ ਭਾਸ਼ਣ ਤੋਂ ਬਾਅਦ ਸਰੋਤਿਆਂ ਤੇ ਵਕਤੇ ਵਿਚਕਾਰ ਸਵਾਲ ਜਵਾਬ ਹੋਏ। ਅੰਤ ਵਿੱਚ ਪ੍ਰੋ. ਪਰਮਜੀਤ ਸਿੰਘ ਨੇ ਇਰਾਨ-ਅਮਰੀਕਾ ਜੰਗ ਦੇ ਸੰਦਰਭ ਵਿੱਚ ਬੋਲਣ ਦੀ ਮਹੱਤਤਾ ਨੂੰ ਦਰਸਾਉਂਦਿਆਂ ਸਭ ਸਰੋਤਿਆਂ ਤੇ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸਾਬਕਾ ਪ੍ਰਿੰਸੀਪਲ ਨੈਸ਼ਨਲ ਐਵਾਰਡੀ ਤੋਤਾ ਸਿੰਘ ਚਹਿਲ, ਡਾ. ਦਰਸ਼ਨਪਾਲ, ਪ੍ਰੋਫੈਸਰ ਬਾਵਾ ਸਿੰਘ, ਪ੍ਰੋਫੈਸਰ ਸੁਰਜੀਤ ਸਿੰਘ, ਸਵਰਨ ਸਿੰਘ ਭੰਗੂ, ਪ੍ਰੋਫੈਸਰ ਬਲਦੇਵ ਸਿੰਘ ਧਾਲੀਵਾਲ, ਪ੍ਰੋਫੈਸਰ ਰਜਿੰਦਰ ਪਾਲ ਸਿੰਘ ਬਰਾੜ ਅਤੇ ਬਲਰਾਜ ਜੋਸ਼ੀ ਸਮੇਤ ਹੋਰ ਵੱਖ-ਵੱਖ ਸ਼ਖਸੀਅਤਾਂ ਹਾਜ਼ਰ ਸਨ।

### 7 ਗ੍ਰਾਮ ਹੈਰੋਇਨ ਬ੍ਰਾਮਦ

ਨਾਭਾ, 19 ਅਪ੍ਰੈਲ (ਚੌਧਰੀਮਾਜਰਾ) : ਥਾਣਾ ਸਦਰ ਨਾਭਾ ਪੁਲਿਸ ਨੇ ਕਥਿਤ ਦੋਸ਼ੀ ਅਜੇ ਸਿੰਘ ਪੁੱਤਰ ਸੁਖਚੈਨ ਸਿੰਘ ਵਾਸੀ ਪਿੰਡ ਜੋਲੀਆ ਥਾਣਾ ਭਵਾਨੀਗੜ੍ਹ ਜ਼ਿਲ੍ਹਾ ਸੰਗਰੂਰ ਵਿਰੁੱਧ ਧਾਰਾ 21, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਐਸ.ਆਈ ਚਮਕੌਰ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਸੂਆ ਪੁਲੀ ਕੋਟ ਕਲਾਂ ਮੌਜੂਦ ਸੀ, ਜੋ ਕਥਿਤ ਦੋਸ਼ੀ ਨੂੰ ਸ਼ੱਕ ਦੇ ਅਧਾਰ 'ਤੇ ਰੋਕ ਕੇ ਚੈਕ ਕਰਨ 'ਤੇ 7 ਗ੍ਰਾਮ ਚਿੱਟਾ-ਹੈਰੋਇਨ ਬ੍ਰਾਮਦ ਹੋਈ।

### 30 ਗ੍ਰਾਮ ਅਫ਼ੀਮ ਬ੍ਰਾਮਦ

ਘਨੌਰ, 19 ਅਪ੍ਰੈਲ (ਮਦਨ ਲਾਲ) : ਥਾਣਾ ਘਨੌਰ ਪੁਲਿਸ ਨੇ ਕਥਿਤ ਦੋਸ਼ੀ ਕੁਲਵੀਰ ਸਿੰਘ ਵਾਸੀ ਪਿੰਡ ਕਪੂਰੀ ਵਿਰੁੱਧ ਧਾਰਾ 18, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਅਵਤਾਰ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਇਲਾਕਾ ਗਸ਼ਤ ਮੌਜੂਦ ਸੀ, ਜੋ ਸੇਫ ਪੰਜਾਬ ਦੀ ਕੰਪਲੇਟ 'ਤੇ ਉਕਤ ਦੋਸ਼ੀ ਦੇ ਘਰ ਰੇਡ ਕਰਨ 'ਤੇ 30 ਗ੍ਰਾਮ ਅਫ਼ੀਮ ਬ੍ਰਾਮਦ ਹੋਈ।



# ਪਟਿਆਲਾ-ਆਸ/ਪਾਸ



## ਭਾਸ਼ਾ ਵਿਭਾਗ ਪੰਜਾਬ ਵੱਲੋਂ ਸਾਹਿਤਕ ਸਮਾਗਮਾਂ ਨੂੰ ਨਿਵੇਕਲਾ ਰੂਪ ਦੇਣ ਦਾ ਐਲਾਨ

**➢ਵਿਭਾਗ ਮਨਾਏਗਾ ਪੂਰਾ ਸਾਲ ਗੁਰੂਆਂ, ਦੇਸ਼ ਭਗਤਾਂ ਤੇ ਸਾਹਿਤਕਾਰਾਂ ਦੇ ਜਨਮ ਦਿਹਾੜੇ**

ਪਟਿਆਲਾ, 19 ਅਪ੍ਰੈਲ (ਰੁਪਾਣਾ) :ਭਾਸ਼ਾ ਵਿਭਾਗ ਪੰਜਾਬ ਵੱਲੋਂ ਕਰਵਾਏ ਜਾਣ ਵਾਲੇ ਸਮਾਗਮਾਂ ਦਾ ਸਰੂਪ ਚਾਲੂ ਵਿੱਤੀ ਵਰ੍ਹੇ 2026-27 ਦੌਰਾਨ ਨਵਾਂ ਤੇ ਨਿਵੇਕਲਾ ਨਜ਼ਰ ਆਵੇਗਾ। ਇਸ ਸਬੰਧੀ ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਨੇ ਦੱਸਿਆ ਕਿ ਵਿਭਾਗ ਵੱਲੋਂ ਰਵਾਇਤੀ ਅੰਦਾਜ਼ 'ਚ ਕਰਵਾਏ ਜਾਣ ਵਾਲੇ ਸਮਾਗਮਾਂ ਦੀ ਜਿੱਥੇ ਗਿਣਤੀ 'ਚ ਵਾਧਾ ਕੀਤਾ ਗਿਆ ਹੈ ਉੱਥੇ ਇਨ੍ਹਾਂ ਦੇ ਆਯੋਜਨ ਦੇ ਢੰਗਾਂ ਅਤੇ ਮਨੋਰਥਾਂ ਵਿੱਚ ਵੀ ਨਵੀਨਤਾ ਦਿਖਾਈ ਦੇਵੇਗੀ, ਜਿਸ ਸਦਕਾ ਪੰਜਾਬੀ ਭਾਸ਼ਾ ਦਾ ਪ੍ਰਚਾਰ-ਪਸਾਰ ਵਧੇਰੇ ਸੁਚਾਰੂ ਢੰਗ ਨਾਲ ਹੋਵੇਗਾ ਅਤੇ ਨਵੀਂ ਪੀੜ੍ਹੀ ਦਾ ਪੰਜਾਬੀ ਭਾਸ਼ਾ ਪ੍ਰਤੀ ਲਗਾਅ ਵਧੇਗਾ। ਸ. ਜ਼ਫ਼ਰ ਨੇ ਦੱਸਿਆ ਕਿ ਭਾਸ਼ਾ ਵਿਭਾਗ ਵੱਲੋਂ ਇਸ ਮਾਲੀ ਵਰ੍ਹੇ ਦੌਰਾਨ ਗੁਰੂਆਂ, ਦੇਸ਼ ਭਗਤਾਂ ਤੇ ਸਾਹਿਤਕਾਰਾਂ ਦੇ ਜਨਮ ਦਿਨ



ਨਿਵੇਕਲੇ ਤਰੀਕੇ ਨਾਲ, ਉਨ੍ਹਾਂ ਦੀ ਜਨਮ ਭੋਇੰ 'ਤੇ ਜਾਂ ਹੋਰਨਾਂ ਢੁਕਵੀਆਂ ਥਾਵਾਂ 'ਤੇ ਮਨਾਏ ਜਾਣਗੇ। ਇਨ੍ਹਾਂ ਮੌਕਿਆਂ 'ਤੇ ਕਰਵਾਏ ਜਾਣ ਵਾਲੇ ਸਮਾਗਮਾਂ ਦੌਰਾਨ ਸਬੰਧਤ ਗੁਰੂ ਸਾਹਿਬਾਨਾਂ ਦੀ ਬਾਣੀ, ਫਿਲਾਸਫ਼ੀ ਤੇ ਸਿੱਖਿਆਵਾਂ, ਦੇਸ਼ ਭਗਤਾਂ ਦੀਆਂ ਜੁਝਾਰੂ ਲਿਖਤਾਂ, ਕੁਰਬਾਨੀਆਂ ਤੇ ਜੀਵਨ ਬਾਰੇ ਅਤੇ ਉੱਘੇ ਲਿਖਾਰੀਆਂ ਦੀਆਂ ਸਾਹਿਤਕ ਕ੍ਰਿਤਾਂ ਤੇ ਜੀਵਨ ਬਾਰੇ ਬਹੁਪਰਤੀ ਗੋਸ਼ਟੀਆਂ ਤੇ ਸੈਮੀਨਾਰ ਕਰਵਾਏ ਜਾਣਗੇ। ਸ. ਜ਼ਫ਼ਰ ਨੇ ਦੱਸਿਆ ਕਿ ਇਨ੍ਹਾਂ ਸਮਾਗਮਾਂ ਦੌਰਾਨ ਨਾਮਵਰ ਵਿਦਵਾਨ, ਲੇਖਕ ਤੇ ਕਵੀ ਆਪਣੀਆਂ ਰਚਨਾਵਾਂ ਰਾਹੀਂ ਦਾਨਿਸ਼ਵਰਾਂ ਅਤੇ ਉਨ੍ਹਾਂ ਦੀਆਂ ਰਚਨਾਵਾਂ ਬਾਰੇ ਚਾਨਣਾ ਪਾਉਣਗੇ। ਸ. ਜ਼ਫ਼ਰ ਨੇ ਦੱਸਿਆ ਕਿ ਹਰ ਸਮਾਗਮ ਦਾ ਥੀਮ (ਵਿਸ਼ਾ) ਕਿਸੇ ਨਾ ਕਿਸੇ ਦਾਨਿਸ਼ਵਰ ਨਾਲ ਸਬੰਧਤ ਵਿਸ਼ਾ ਹੋਵੇਗਾ। ਮਿਸਾਲ ਵਜੋਂ ਭਾਸ਼ਾ ਵਿਭਾਗ ਵੱਲੋਂ ਗੁਰੂਆਂ ਦੇ ਪ੍ਰਕਾਸ਼ ਦਿਹਾੜਿਆਂ ਮੌਕੇ ਉਨ੍ਹਾਂ ਦੀ ਬਾਣੀ ਦੇ ਵੱਖ-ਵੱਖ ਸਰੋਕਾਰਾਂ ਬਾਰੇ ਗੋਸ਼ਟੀਆਂ, ਲਿਖਾਰੀਆਂ ਤੇ ਢਾਡੀਆਂ ਤੇ ਕਵੀਸ਼ਰਾਂ ਦੇ ਜਨਮ ਦਿਨ ਸਾਹਿਤਕ ਸਮਾਗਮਾਂ ਦੇ ਰੂਪ 'ਚ ਮਨਾਏ ਜਾਣਗੇ। ਇਸ ਲੜੀ ਵਿੱਚ ਇਸੇ ਮਹੀਨੇ ਦੌਰਾਨ (26 ਅਪ੍ਰੈਲ) ਨੂੰ ਉੱਘੇ ਵਾਰਤਕਕਾਰ ਗੁਰਬਖ਼ਸ਼ ਸਿੰਘ ਪ੍ਰੀਤਲੜੀ ਦੀ ਯਾਦ ਵਿੱਚ ਪਟਿਆਲਾ ਤੋਂ ਪ੍ਰੀਤ ਨਗਰ (ਅੰਮ੍ਰਿਤਸਰ) ਤੱਕ ਸਾਹਿਤਕਾਰਾਂ ਤੇ ਸਾਹਿਤ ਪ੍ਰੇਮੀਆਂ ਵੱਲੋਂ ਭਾਸ਼ਾ ਵਿਭਾਗ ਦੀ ਅਗਵਾਈ 'ਚ ਵਿਸ਼ੇਸ਼ ਪ੍ਰੀਤ ਯਾਤਰਾ ਕੱਢੀ ਜਾਵੇਗੀ ਅਤੇ ਪ੍ਰੀਤ ਨਗਰ ਵਿਖੇ ਸ਼ਾਨਦਾਰ ਸਾਹਿਤਕ ਸਮਾਗਮ ਕਰਵਾਇਆ ਜਾਵੇਗਾ।

## ਸਮਾਣਾ ਦਾ 'ਧਰਮ ਯੁੱਧ ਮੋਰਚਾ' ਅਜੇ ਨਹੀਂ ਹੋਵੇਗਾ ਸਮਾਪਤ

ਸਮਾਣਾ, 19 ਅਪ੍ਰੈਲ (ਵਿਜੇ ਕੁਮਾਰ) : ਸਮਾਣਾ ਦੇ ਬਾਬਾ ਬੰਦਾ ਸਿੰਘ ਬਹਾਦਰ ਚੌਕ ਵਿੱਚ ਪਿਛਲੇ 54 ਦਿਨਾਂ ਤੋਂ ਚੱਲ ਰਿਹਾ 'ਧਰਮ ਯੁੱਧ ਮੋਰਚਾ' ਉਸ ਦਿਨ ਸਮਾਪਤ ਹੋਵੇਗਾ, ਜਦੋਂ ਵਿਧਾਨ ਸਭਾ ਵਿੱਚ ਪਾਸ ਹੋਏ ਕਾਨੂੰਨ ਦੀ ਨੋਟੀਫਿਕੇਸ਼ਨ ਦੀ ਕਾਪੀ ਮੋਰਚਾ ਕਮੇਟੀ ਦੇ ਮੈਂਬਰਾਂ ਤੱਕ ਪਹੁੰਚ ਜਾਵੇਗੀ।



ਇਸ ਮੌਕੇ ਧਰਮ ਯੁੱਧ ਮੋਰਚਾ ਕਮੇਟੀ ਦੇ ਕੋਆਰਡੀਨੇਟਰ ਗੁਰਪ੍ਰੀਤ ਸਿੰਘ ਨੇ ਸੰਗਤ, ਪੰਜਾਬ ਸਰਕਾਰ, ਗਵਰਨਰ ਸਾਹਿਬ ਤੇ ਸਪੀਕਰ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਸਮੂਹ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਰੋਕਣ ਲਈ ਭਾਈ ਗੁਰਜੀਤ ਸਿੰਘ ਖਾਲਸਾ ਵੱਲੋਂ ਕੀਤੇ ਗਏ ਸੰਘਰਸ਼ ਕਾਰਨ ਹੀ ਇਹ ਕਾਨੂੰਨ ਬਣ ਸਕਿਆ ਹੈ। ਇਸ ਧਰਮ ਯੁੱਧ ਮੋਰਚਾ ਕਮੇਟੀ ਦੇ ਮੈਂਬਰ ਤਲਵਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲਿਆਂ ਖ਼ਿਲਾਫ਼ 13 ਅਪ੍ਰੈਲ 2026 ਨੂੰ ਪੰਜਾਬ ਵਿਧਾਨ ਸਭਾ ਵਿੱਚ ਜੋ ਕਾਨੂੰਨ ਪਾਸ ਹੋਇਆ ਸੀ, ਉਸ 'ਤੇ ਪੰਜਾਬ ਦੇ ਰਾਜਪਾਲ ਸਾਹਿਬ ਨੇ ਦਸਤਖਤ ਕਰ ਦਿੱਤੇ ਹਨ। ਹੁਣ ਇਹ ਕਾਨੂੰਨ ਪੂਰਨ ਤੌਰ 'ਤੇ ਬਣ ਚੁੱਕਾ ਹੈ। ਜਦੋਂ ਇਸ ਕਾਨੂੰਨ ਦੀ ਕਾਪੀ ਵਿਧਾਨ ਸਭਾ ਵਿੱਚੋਂ ਪਾਸ ਹੋਣ ਉਪਰੰਤ ਸਾਡੇ ਕੋਲ ਪਹੁੰਚ ਜਾਵੇਗੀ, ਉਸੇ ਦਿਨ ਅਸੀਂ ਸਮਾਣਾ ਦੇ ਬਾਬਾ ਬੰਦਾ ਸਿੰਘ ਬਹਾਦਰ ਚੌਕ ਵਿੱਚ ਚੱਲ ਰਹੇ ਧਰਨੇ ਨੂੰ ਸਮਾਪਤ ਕਰ ਦੇਵਾਂਗੇ। ਤਲਵਿੰਦਰ ਸਿੰਘ ਨੇ ਇਹ ਵੀ ਜਾਣਕਾਰੀ ਦਿੱਤੀ ਕਿ ਕਾਨੂੰਨ ਪਾਸ ਹੋਣ ਦੀ ਖੁਸ਼ੀ ਵਿੱਚ ਵਾਹਿਗੁਰੂ ਜੀ ਦਾ ਸ਼ੁਕਰਾਨਾ ਕਰਨ ਲਈ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਇਹ ਅਖੰਡ ਪਾਠ ਕਦੋਂ ਅਤੇ ਕਿੱਥੇ ਕਰਵਾਏ ਜਾਣਗੇ, ਇਸ ਬਾਰੇ ਧਰਮ ਯੁੱਧ ਮੋਰਚਾ ਕਮੇਟੀ ਨੇ ਅਜੇ ਫੈਸਲਾ ਕਰਨਾ ਹੈ।

## 'ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ 2026' ਨੂੰ ਮਨਜ਼ੂਰੀ ਇਤਿਹਾਸਿਕ ਫ਼ੈਸਲਾ: ਸੁਰਜੀਤ ਸਿੰਘ ਰੱਖੜਾ

**➢ਰੱਖੜਾ ਨੇ ਸਮਾਣਾ ਟਾਵਰ ਮੋਰਚੇ 'ਚ ਪਹੁੰਚ ਕੇ ਸੰਘਰਸ਼ ਦੀ ਜਿੱਤ 'ਤੇ ਖ਼ੁਸ਼ੀ ਕੀਤੀ ਸਾਂਝੀ, ਭਾਈ ਗੁਰਜੀਤ ਸਿੰਘ ਖ਼ਾਲਸਾ ਦੀ ਦ੍ਰਿੜ੍ਹਤਾ ਨੂੰ ਕੀਤਾ ਸਿਜਦਾ**

ਸਮਾਣਾ, 19 ਅਪ੍ਰੈਲ (ਹਰਜਿੰਦਰ ਸਿੰਘ ਜਵੰਦਾ) : ਸਾਬਕਾ ਕੈਬਨਿਟ ਮੰਤਰੀ ਅਤੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਕੋਰ ਕਮੇਟੀ ਮੈਂਬਰ ਸੁਰਜੀਤ ਸਿੰਘ ਰੱਖੜਾ ਨੇ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਵਿਰੁੱਧ ਵਿਧਾਨ ਸਭਾ ਵਿੱਚ ਪਾਸ ਕੀਤੇ ਗਏ (ਸੋਧ) ਬਿੱਲ ਨੂੰ ਮਾਣਯੋਗ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਵੱਲੋਂ ਦਸਤਖ਼ਤ ਕਰਕੇ ਪ੍ਰਵਾਨਗੀ ਦੇਣ ਨੂੰ ਇਤਿਹਾਸਿਕ ਫ਼ੈਸਲਾ ਕਰਾਰ ਦਿੰਦਿਆਂ ਭਾਈ ਗੁਰਜੀਤ ਸਿੰਘ ਖ਼ਾਲਸਾ ਜੀ ਦੇ ਸਮਰਥਨ 'ਚ ਚੱਲ ਰਹੇ ਸਮਾਣਾ ਟਾਵਰ 'ਚ ਪਹੁੰਚ ਕੇ ਖ਼ੁਸ਼ੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਇਹ ਫ਼ੈਸਲਾ ਸਿੱਖ ਕੌਮ ਦੀਆਂ ਭਾਵਨਾਵਾਂ ਦੀ ਕਦਰ ਅਤੇ ਗੁਰੂ ਸਾਹਿਬ ਦੇ ਅਦਬ-ਸਤਿਕਾਰ ਨੂੰ ਬਣਾਈ ਰੱਖਣ ਲਈ ਸਰਕਾਰ ਵੱਲੋਂ ਉਠਾਇਆ ਇੱਕ ਮਜ਼ਬੂਤ ਕਦਮ ਹੈ। ਜ਼ਿਕਰਯੋਗ ਹੈ ਕਿ ਸੁਰਜੀਤ ਸਿੰਘ ਰੱਖੜਾ ਵੱਲੋਂ ਬੇਅਦਬੀਆਂ ਖ਼ਿਲਾਫ਼ ਸਖ਼ਤ ਕਾਨੂੰਨ ਬਣਾਉਣ ਦੀ ਮੰਗ ਲਈ



ਭਾਈ ਗੁਰਜੀਤ ਸਿੰਘ ਖ਼ਾਲਸਾ ਜੀ ਦੇ ਸਮਰਥਨ ਵਿੱਚ ਚੱਲ ਰਹੇ ਸਮਾਣਾ ਟਾਵਰ ਮੋਰਚੇ ਦੀ ਹਮਾਇਤ 'ਚ 18 ਮਾਰਚ 2026 ਨੂੰ ਡੀ.ਸੀ. ਦਫ਼ਤਰ ਪਟਿਆਲਾ ਦੇ ਸਾਹਮਣੇ ਵਿਸ਼ਾਲ ਰੋਸ ਧਾਰਨਾ ਲਗਾਇਆ ਗਿਆ ਸੀ। ਜਿਸ ਉਪਰੰਤ 21 ਮਾਰਚ 2026 ਨੂੰ ਪੰਜਾਬ ਸਰਕਾਰ ਵੱਲੋਂ ਬੇਅਦਬੀਆਂ ਖ਼ਿਲਾਫ਼ ਸਖ਼ਤ ਕਾਨੂੰਨ ਬਣਾਉਣ ਲਈ ਵਿਸ਼ੇਸ਼ ਸੈਸ਼ਨ ਬੁਲਾਉਣ ਦਾ ਐਲਾਨ ਕੀਤਾ ਗਿਆ ਸੀ। ਇਸ ਲਈ 'ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ 2026' ਮਨਜ਼ੂਰ ਹੋਣ 'ਚ ਕੀਤੇ ਸੰਘਰਸ਼ ਵਿੱਚ ਸਮਾਣਾ ਦੀ ਸਾਧ ਸੰਗਤ ਦੀ ਅਹਿਮ ਭੂਮਿਕਾ ਹੈ। ਇਸ ਮੌਕੇ ਉਨ੍ਹਾਂ ਗੁਰੂ ਦਾ ਸਤਿਕਾਰ ਕਰਨ ਵਾਲੀ ਵਿਸ਼ਵ ਭਰ 'ਚ ਵੱਸਦੀ ਸਮੂਹ ਸਾਧ ਸੰਗਤ ਨੂੰ ਦਿਲੋਂ ਵਧਾਈ ਦਿੱਤੀ ਅਤੇ ਭਾਈ ਗੁਰਜੀਤ ਸਿੰਘ ਖ਼ਾਲਸਾ ਜੀ ਦੇ ਗੌਰਵਮਈ ਅਤੇ ਲੰਬੇ ਸੰਘਰਸ਼ ਨੂੰ ਸਤਿਕਾਰ ਸਹਿਤ ਸਿਜਦਾ ਕੀਤਾ ਕਿ ਜਿਨ੍ਹਾਂ ਦੀ ਦ੍ਰਿੜ੍ਹਤਾ ਅਤੇ ਅਟੱਲ ਹੌਸਲੇ ਨੇ ਇਸ ਮਾਮਲੇ ਨੂੰ ਅੰਤ ਤੱਕ ਪਹੁੰਚਾਉਣ ਵਿੱਚ ਅਹਿਮ ਯੋਗਦਾਨ ਪਾਇਆ।

## ਬਰਸਟ ਦੀ ਅਗਵਾਈ ਹੇਠ ਨਸ਼ਿਆਂ ਵਿਰੁੱਧ ਜੰਗ ਨੂੰ ਤੇਜ਼ ਕਰਨ ਲਈ ਵਿਸ਼ੇਸ਼ ਮੀਟਿੰਗ

ਸਮਾਣਾ, 19 ਅਪ੍ਰੈਲ (ਵਿਜੇ ਕੁਮਾਰ) : ਹਲਕਾ ਸਮਾਣਾ ਦੇ ਯੁੱਧ ਨਸ਼ਿਆਂ ਵਿਰੁੱਧ ਵਿੰਗ ਦੇ ਬਲਾਕ ਕੋਆਰਡੀਨੇਟਰਾਂ ਦੀ ਇੱਕ ਵਿਸ਼ੇਸ਼ ਕਾਰਜਕਾਰਨੀ ਮੀਟਿੰਗ ਹਰਚੰਦ ਸਿੰਘ ਬਰਸਟ, ਸੂਬਾ ਜਨਰਲ ਸਕੱਤਰ



ਆਪ ਪੰਜਾਬ ਅਤੇ ਚੇਅਰਮੈਨ ਪੰਜਾਬ ਮੰਡੀ ਬੋਰਡ ਦੀ ਅਗਵਾਈ ਹੇਠ ਆਯੋਜਿਤ ਕੀਤੀ ਗਈ। ਮੀਟਿੰਗ ਦੌਰਾਨ ਹਰਚੰਦ ਸਿੰਘ ਬਰਸਟ ਵੱਲੋਂ ਟੀਮ ਮੈਂਬਰਾਂ ਨਾਲ ਵਿਚਾਰ-ਵਟਾਂਦਰਾ ਕਰਦਿਆਂ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਨਸ਼ਿਆਂ ਦੇ ਵਧਦੇ ਪ੍ਰਭਾਵ 'ਤੇ ਗੰਭੀਰ ਚਿੰਤਾ ਜਤਾਈ ਗਈ। ਉਨ੍ਹਾਂ ਟੀਮ ਨੂੰ ਲਾਮਬੰਦ ਕਰਦਿਆਂ ਅਪੀਲ ਕੀਤੀ ਕਿ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਦਲਦਲ ਤੋਂ ਬਚਾਉਣ ਲਈ ਜਾਗਰੂਕਤਾ ਮੁਹਿੰਮਾਂ ਚਲਾਈਆਂ ਜਾਣ ਅਤੇ ਘਰ-ਘਰ ਤੱਕ ਸੁਨੇਹਾ ਪਹੁੰਚਾਇਆ ਜਾਵੇ। ਮੀਟਿੰਗ ਵਿੱਚ ਇਹ ਵੀ ਜੋਰ ਦਿੱਤਾ ਗਿਆ ਕਿ ਸਮਾਜ ਦੇ ਸਹਿਯੋਗ ਨਾਲ ਹੀ ਨਸਿਆਂ ਵਿਰੁੱਧ ਇਸ ਜੰਗ ਨੂੰ ਜਿੱਤਿਆ ਜਾ ਸਕਦਾ ਹੈ ਅਤੇ ਨੌਜਵਾਨਾਂ ਨੂੰ ਸਹੀ ਦਿਸ਼ਾ ਦੇ ਕੇ ÷ਰੰਗਲਾ ਪੰਜਾਬ÷ ਦੀ ਸਿਰਜਣਾ ਕੀਤੀ ਜਾ ਸਕਦੀ ਹੈ। ਇਸ ਮੌਕੇ ਬਲਜਿੰਦਰ ਸਿੰਘ ਬਲਾਕ ਸੰਮਤੀ ਮੈਂਬਰ, ਕੁਲਦੀਪ ਸਿੰਘ ਵਿਰਕ ਪ੍ਰਧਾਨ, ਰਾਮ ਸਿੰਘ ਫਤਿਹਪੁਰ ਵਾਇਸ ਪ੍ਰਧਾਨ, ਜਸਬੀਰ ਸਿੰਘ ਤਰੈਂ ਵਾਇਸ ਪ੍ਰਧਾਨ, ਗਿਨੀ ਖੰਗੂੜਾ ਬਲਾਕ ਪ੍ਰਧਾਨ, ਹਰਪ੍ਰੀਤ ਸਿੰਘ, ਪਰਗਟ ਸਿੰਘ, ਅੰਗਰੇਜ ਸਿੰਘ ਭੁੱਲਰ, ਜਰਨੈਲ ਸਿੰਘ, ਹਰਬੰਸ ਸਿੰਘ ਦਾਨੀਪੁਰ, ਬਿੰਦਰ ਨਾਗਰ, ਜਸਵਿੰਦਰ ਸਿੰਘ, ਤਾਰਾ ਸਿੰਘ, ਗੁਰਸੇਵਕ ਸਿੰਘ, ਵਰਿੰਦਰ ਸ਼ਾਦੀਪੁਰ, ਗੁਰਵਿੰਦਰ ਕਾਕੜਾ, ਗੁਰਪ੍ਰੀਤ ਸਿੰਘ, ਕੁਲਦੀਪ ਕੁਮਾਰ, ਸਹਿਜਪਾਲ ਮੰਡ, ਵਕੀਲ ਸਿੰਘ, ਪਰਮਿੰਦਰ ਸਿੰਘ, ਹਰਸ਼ ਵਿਰਕ ਵਿੰਗ ਦੇ ਬਲਾਕ ਕੋਆਰਡੀਨੇਟਰ ਅਤੇ ਮੈਂਬਰ ਹਾਜ਼ਰ ਸਨ।

## ਖ਼ਾਲਸਾ ਕਾਲਜ ਵਿਖੇ ਸਾਲਾਨਾ ਕਲਾ ਪ੍ਰਦਰਸ਼ਨੀ 'ਇੰਪਰੈਸ਼ਨ-26' ਦਾ ਸਫ਼ਲ ਆਯੋਜਨ

ਪਟਿਆਲਾ, 19 ਅਪ੍ਰੈਲ (ਰੁਪਾਣਾ) : ਖ਼ਾਲਸਾ ਕਾਲਜ ਪਟਿਆਲਾ ਦੇ ਫਾਈਨ ਆਰਟਸ ਵਿਭਾਗ ਵੱਲੋਂ ਅੱਜ "ਇੰਪਰੈਸ਼ਨ 26" ਸਿਰਲੇਖ ਹੇਠ ਸਾਲਾਨਾ ਕਲਾ ਪ੍ਰਦਰਸ਼ਨੀ ਦਾ ਬਹੁਤ ਹੀ ਪ੍ਰਭਾਵਸ਼ਾਲੀ ਅਤੇ ਸਫ਼ਲ ਆਯੋਜਨ ਕੀਤਾ ਗਿਆ। ਇਸ ਕਲਾ ਪ੍ਰਦਰਸ਼ਨੀ ਵਿੱਚ ਕਾਲਜ ਦੇ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਵਿਦਿਆਰਥੀਆਂ ਨੇ ਬਹੁਤ ਹੀ ਉਤਸ਼ਾਹ ਨਾਲ ਭਾਗ ਲੈਂਦਿਆਂ ਆਪਣੀ ਕਲਾਤਮਕ ਪ੍ਰਤਿਭਾ ਅਤੇ ਸਿਰਜਣਾਤਮਕਤਾ ਦਾ ਸ਼ਾਨਦਾਰ ਮੁਜ਼ਾਹਰਾ ਕੀਤਾ। ਇਸ ਵਿਸ਼ੇਸ਼ ਸਮਾਗਮ ਦਾ ਉਦਘਾਟਨ ਕਾਲਜ ਦੇ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਭਾ ਵੱਲੋਂ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੇ ਨਾਲ ਡਿਪਟੀ ਪ੍ਰਿੰਸੀਪਲ ਡਾ. ਜਸਲੀਨ ਕੌਰ ਅਤੇ ਕਾਲਜ ਦੇ ਵੱਖ-ਵੱਖ ਵਿਭਾਗਾਂ ਦੇ ਅਧਿਆਪਕ ਸਾਹਿਬਾਨ ਵੀ ਉਚੇਚੇ ਤੌਰ 'ਤੇ ਹਾਜ਼ਰ ਹੋਏ। ਪ੍ਰਦਰਸ਼ਨੀ ਦਾ ਦੌਰਾ ਕਰਦਿਆਂ ਪ੍ਰਿੰਸੀਪਲ ਡਾ. ਉੱਭਾ ਨੇ ਵਿਦਿਆਰਥੀਆਂ ਦੁਆਰਾ ਤਿਆਰ ਕੀਤੀਆਂ ਕਲਾਕ੍ਰਿਤੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਕਲਾ ਮਨੁੱਖੀ ਭਾਵਨਾਵਾਂ ਨੂੰ ਪ੍ਰਗਟ ਕਰਨ ਦਾ ਸਭ ਤੋਂ ਉੱਤਮ ਜ਼ਰੀਆ ਹੈ ਅਤੇ ਅਜਿਹੇ ਮੰਚ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਬੇਹੱਦ ਜ਼ਰੂਰੀ ਹਨ। ਉਨ੍ਹਾਂ ਨੇ ਨੌਜਵਾਨ ਕਲਾਕਾਰਾਂ ਨੂੰ ਭਵਿੱਖ ਵਿੱਚ ਹੋਰ ਸਖ਼ਤ ਮਿਹਨਤ ਕਰਨ ਅਤੇ ਕਲਾ ਦੇ ਖੇਤਰ ਵਿੱਚ ਨਵੀਆਂ ਬੁਲੰਦੀਆਂ ਨੂੰ ਛੂਹਣ ਲਈ ਪ੍ਰੇਰਿਤ ਕੀਤਾ। ਇਸ ਪ੍ਰਦਰਸ਼ਨੀ ਵਿੱਚ ਵਿਦਿਆਰਥੀਆਂ ਵੱਲੋਂ ਲਗਭਗ 41 ਵਿਲੱਖਣ ਚਿੱਤਰ ਅਤੇ ਕਲਾਕ੍ਰਿਤੀਆਂ ਪ੍ਰਦਰਸ਼ਿਤ ਕੀਤੀਆਂ ਗਈਆਂ ਸਨ। ਇਹ ਚਿੱਤਰ ਨਾ ਕੇਵਲ ਵਿਦਿਆਰਥੀਆਂ ਦੀ ਤਕਨੀਕੀ ਮੁਹਾਰਤ ਨੂੰ ਦਰਸਾਉਂਦੇ ਸਨ, ਬਲਕਿ ਉਨ੍ਹਾਂ ਦੀ ਨਵੀਨਤਮ ਸੋਚ ਅਤੇ ਸਮਾਜਿਕ ਵਿਸ਼ਿਆਂ ਪ੍ਰਤੀ ਉਨ੍ਹਾਂ ਦੀ ਗਹਿਰੀ ਸੰਵੇਦਨਸ਼ੀਲਤਾ ਦੀ ਵੀ ਝਲਕ ਪੇਸ਼ ਕਰ ਰਹੇ ਸਨ। ਫਾਈਨ ਆਰਟਸ ਵਿਭਾਗ ਦੀ ਮੁਖੀ ਡਾ. ਮਨਵੀਰ ਕੌਰ ਨੇ ਪ੍ਰਿੰਸੀਪਲ ਸਾਹਿਬ ਨੂੰ ਵਿਭਾਗ ਦੀਆਂ ਗਤੀਵਿਧੀਆਂ ਅਤੇ ਵਿਦਿਆਰਥੀਆਂ ਦੁਆਰਾ ਹਾਸਲ ਕੀਤੀਆਂ ਉਪਲਬਧੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਵੱਲੋਂ ਇਸ ਪ੍ਰਦਰਸ਼ਨੀ ਨੂੰ ਸਫ਼ਲ ਬਣਾਉਣ ਲਈ ਕੀਤੀ ਗਈ ਦਿਨ-ਰਾਤ ਦੀ ਮਿਹਨਤ ਦੀ ਵੀ ਸ਼ਲਾਘਾ ਕੀਤੀ। ਸਮਾਗਮ ਦੇ ਅੰਤ ਵਿੱਚ ਡਾ. ਮਨਵੀਰ ਕੌਰ ਨੇ ਪ੍ਰਿੰਸੀਪਲ ਸਾਹਿਬ ਅਤੇ ਹੋਰਨਾਂ ਮਹਿਮਾਨਾਂ ਦਾ ਕੀਮਤੀ ਸਮਾਂ ਕੱਢਣ ਅਤੇ ਵਿਦਿਆਰਥੀਆਂ ਦੀ ਹੌਂਸਲਾ ਅਫ਼ਜ਼ਾਈ ਕਰਨ ਲਈ ਤਹਿ ਦਿਲੋਂ ਧੰਨਵਾਦ ਕੀਤਾ। ਇਸ ਪ੍ਰਦਰਸ਼ਨੀ ਨੇ ਕਾਲਜ ਦੇ ਮਾਹੌਲ ਨੂੰ ਕਲਾਤਮਕ ਰੰਗਾਂ ਵਿੱਚ ਰੰਗ ਦਿੱਤਾ। ਖ਼ਾਲਸਾ ਕਾਲਜ ਪਟਿਆਲਾ ਦੇ ਫਾਈਨ ਆਰਟਸ ਵਿਭਾਗ ਵੱਲੋਂ ਅੱਜ "ਇੰਪਰੈਸ਼ਨ 26"ਸਿਰਲੇਖ ਹੇਠ ਸਾਲਾਨਾ ਕਲਾ ਪ੍ਰਦਰਸ਼ਨੀ ਦਾ ਬਹੁਤ ਹੀ ਪ੍ਰਭਾਵਸ਼ਾਲੀ ਅਤੇ ਸਫ਼ਲ ਆਯੋਜਨ ਕੀਤਾ ਗਿਆ। ਇਸ ਵਿਸ਼ੇਸ਼ ਸਮਾਗਮ ਦਾ ਉਦਘਾਟਨ ਕਾਲਜ ਦੇ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਭਾ ਵੱਲੋਂ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੇ ਨਾਲ ਡਿਪਟੀ ਪ੍ਰਿੰਸੀਪਲ ਡਾ. ਜਸਲੀਨ ਕੌਰ ਅਤੇ ਕਾਲਜ ਦੇ ਵੱਖ-ਵੱਖ ਵਿਭਾਗਾਂ ਦੇ ਅਧਿਆਪਕ ਸਾਹਿਬਾਨ ਵੀ ਉਚੇਚੇ ਤੌਰ 'ਤੇ ਹਾਜ਼ਰ ਹੋਏ। ਪ੍ਰਦਰਸ਼ਨੀ ਦਾ ਦੌਰਾ ਕਰਦਿਆਂ ਪ੍ਰਿੰਸੀਪਲ ਡਾ. ਉੱਭਾ ਨੇ ਵਿਦਿਆਰਥੀਆਂ ਦੁਆਰਾ ਤਿਆਰ ਕੀਤੀਆਂ ਕਲਾਕ੍ਰਿਤੀਆਂ ਦੀ ਸ਼ਲਾਘਾ ਕੀਤੀ। ਫਾਈਨ ਆਰਟਸ ਵਿਭਾਗ ਦੀ ਮੁਖੀ ਡਾ. ਮਨਵੀਰ ਕੌਰ ਨੇ ਪ੍ਰਿੰਸੀਪਲ ਸਾਹਿਬ ਨੂੰ ਵਿਭਾਗ ਦੀਆਂ ਗਤੀਵਿਧੀਆਂ ਅਤੇ ਵਿਦਿਆਰਥੀਆਂ ਦੁਆਰਾ ਹਾਸਲ ਕੀਤੀਆਂ ਉਪਲਬਧੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।

## ਵੱਖ-ਵੱਖ ਸੜਕ ਹਾਦਸਿਆਂ 'ਚ ਦੋ ਦੀ ਮੌਤ




ਪਟਿਆਲਾ, 19 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਸਨੌਰ ਪੁਲਿਸ ਕੋਲ ਹਰਮਨ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਪਿੰਡ ਤਰੋੜਾ ਖੁਰਦ ਨੇ ਮੋਟਰਸਾਈਕਲ ਦੇ ਅਣਪਛਾਤੇ ਡਰਾਈਵਰ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਉਸ ਦਾ ਜੀਜਾ ਜਗਦੀਪ ਸਿੰਘ ਵਾਸੀ ਗਲੀ ਨੰ. 2 ਵਿਕਾਸ ਨਗਰ ਸਿਊਣਾ ਚੌਂਕ ਪਟਿਆਲਾ, ਜੋ ਕਿ ਮੋਟਰਸਾਈਕਲ 'ਤੇ ਸਵਾਰ ਹੋ ਕੇ ਪਿੰਡ ਬੋਲੜ ਪਾਸ ਜਾ ਰਿਹਾ ਸੀ ਤਾਂ ਅਣਪਛਾਤੇ ਡਰਾਈਵਰ ਨੇ ਆਪਣਾ ਮੋਟਰਸਾਈਕਲ ਤੇਜ ਰਫਤਾਰ ਤੇ ਲਾਪ੍ਰਵਾਹੀ ਨਾਲ ਲਿਆ ਕੇ ਜਗਦੀਪ ਸਿੰਘ ਵਿੱਚ ਮਾਰਿਆ, ਜਿਸ ਕਾਰਨ ਜਗਦੀਪ ਸਿੰਘ ਦੀ ਦੌਰਾਨੇ ਇਲਾਜ ਮੌਤ ਹੋ ਗਈ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ। ਇਸੇ ਤਰ੍ਹਾਂ ਲਾਹੌਰੀ ਗੇਟ ਪਟਿਆਲਾ ਕੋਲ ਰਾਕੇਸ਼ ਸਿੰਘ ਪੁੱਤਰ ਰਾਮ ਸਿੰਘ ਵਾਸੀ ਗੁਰੂ ਨਾਨਕ ਨਗਰ ਬਹਾਦਰਗੜ੍ਹ ਪਟਿਆਲਾ ਨ ਅਣਪਛਾਤੇ ਵਹੀਕਲ ਡਰਾਈਵਰ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਉਸ ਦਾ ਪਿਤਾ ਸਕੂਟਰੀ 'ਤੇ ਸਵਾਰ ਹੋ ਕੇ ਟਰੱਕ ਯੂਨੀਅਨ ਲਾਇਟਾਂ ਪਾਸ ਜਾ ਰਿਹਾ ਸੀ, ਜੋ ਕਿਸੇ ਅਣਪਛਾਤੇ ਵਹੀਕਲ ਡਰਾਇਵਰ ਨੇ ਤੇ ਰਫਤਾਰ ਤੇ ਲਾਪ੍ਰਵਾਹੀ ਨਾਲ ਉਸ ਦੇ ਪਿਤਾ ਨੂੰ ਫੇਟ ਮਾਰ ਦਿੱਤੀ, ਜਿਸ ਕਾਰਨ ਉਸ ਦੇ ਪਿਤਾ ਦੀ ਮੌਤ ਹੋ ਗਈ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

## ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਪੈਸਟੀਸਾਈਡ ਅਤੇ ਖਾਦ ਵਿਕਰੇਤਾ ਡੀਲਰਾਂ ਖ਼ਿਲਾਫ਼ ਸਖ਼ਤ ਐਕਸ਼ਨ ਲੈਣ ਦੀ ਤਿਆਰੀ

**➢ਡੀਲਰਾਂ ਨੂੰ ਆਪਣੀਆਂ ਦੁਕਾਨਾਂ ਦੇ ਬਾਹਰ ਦੁਕਾਨ 'ਚ ਪਏ ਹਰੇਕ ਪ੍ਰੋਡਕਟ ਦੀ ਜਾਣਕਾਰੀ ਬੋਰਡ 'ਤੇ ਲਿਖ ਕੇ ਦੁਕਾਨਾਂ ਦੇ ਬਾਹਰ ਲਗਾਉਣੀ ਲਾਜ਼ਮੀ : ਡਾ. ਦਾਰਾ ਸਿੰਘ**

ਬਲਬੇੜ੍ਹਾ/ਡਕਾਲਾ, 19 ਅਪ੍ਰੈਲ (ਗੁਰਸੇਵਕ ਸਿੰਘ ਕਰਹਾਲੀ ਸਾਹਿਬ) : ਜੂਨ ਮਹੀਨੇ 'ਚ ਝੋਨੇ ਦੀ ਲਵਾਈ ਦਾ ਸੀਜ਼ਨ ਸ਼ੁਰੂ ਹੋਣ ਤੋਂ ਪਹਿਲਾਂ ਪਹਿਲਾਂ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਦੇ ਡਿਪਟੀ ਡਾਇਰੈਕਟਰ ਡਾ. ਦਾਰਾ ਸਿੰਘ ਨੇ ਮੁੱਖ ਖੇਤੀਬਾੜੀ ਅਫਸਰ ਪਟਿਆਲਾ ਵਜੋਂ ਆਹੁੱਦਾ ਸੰਭਾਲਣ ਤੋਂ ਬਾਅਦ ਜ਼ਿਲ੍ਹੇ ਦੇ ਫੀਲਡ ਅਫਸਰਾਂ ਨੂੰ ਸਖ਼ਤ ਹਦਾਇਤਾਂ ਜਾਰੀ ਕਰਦਿਆਂ ਪੈਸਟੀਸਾਈਜ ਡੀਲਰਾਂ ਨੂੰ ਹੁਕਮ ਜਾਰੀ ਕੀਤੇ ਹਨ, ਜਿਸ ਨੂੰ ਲੈ ਕੇ ਜ਼ਿਲ੍ਹੇ ਦੇ ਮੁੱਖ ਖੇਤੀਬਾੜੀ ਅਫਸਰ ਡਾ. ਦਾਰਾ ਸਿੰਘ ਨੇ ਅਦਾਰਾ ਚੜ੍ਹਦੀਕਲਾ ਟਾਈਮ ਟੀ.ਵੀ. ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਹਾੜ੍ਹੀ ਜਾਂ ਸੌਣੀ ਦੇ ਸੀਜ਼ਨ ਤੋਂ ਪਹਿਲਾਂ ਅਕਸਰ ਖਾਦ ਨਾ ਮਿਲਣ ਦੀਆਂ ਖਬਰਾਂ ਪੂਰੇ ਪੰਜਾਬ ਅਤੇ ਵੱਖ ਵੱਖ ਜ਼ਿਲ੍ਹਿਆਂ 'ਚ ਦੇਖਣ ਸੁਣਨ 'ਚ ਸਾਹਮਣੇ ਆਉਂਦੀਆਂ ਹਨ, ਜਿਸ ਨੂੰ ਮੱਦੇ ਨਜ਼ਰ ਰੱਖਦੇ ਹੋਏ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਪੰਜਾਬ ਵੱਲੋਂ ਜਿਹੜੇ ਵੀ ਖਾਦ ਵਕਰੇਤਾ ਜਿਲੇ 'ਚ ਪੈਸਟੀਸਾਈਡ ਜਾਂ ਖਾਦ ਦੀ ਵਿਕਰੀ ਕਰਨ ਦਾ ਕੰਮ ਕਰਦੇ ਹਨ, ਉਹਨਾਂ ਲਈ ਖੇਤੀਬਾੜੀ ਵਿਭਾਗ ਵੱਲੋਂ ਸਖਤ ਨਿਰਦੇਸ਼ ਜਾਰੀ ਕੀਤੇ ਗਏ ਹਨ, ਕਿ ਹਰੇਕ ਪੈਸਟੀਸਾਈਡ ਅਤੇ ਖਾਦ ਡੀਲਰਾਂ ਨੂੰ ਆਪਣੀਆਂ ਦੁਕਾਨਾਂ ਦੇ ਬਾਹਰ ਦੁਕਾਨ 'ਚ ਪਏ ਹਰ ਪ੍ਰੋਡਕਟ ਦੀ ਜਾਣਕਾਰੀ ਲਈ ਸਟੋਕ ਬੋਰਡ ਲਿਖ ਕੇ ਦੁਕਾਨਾਂ ਦੇ ਬਾਹਰ ਲਗਾਉਣੇ ਲਾਜ਼ਮੀ ਹੋਣਗੇ, ਜਿਸ ਦੇ ਉੱਪਰ ਆਪਣੀ ਦੁਕਾਨ 'ਚ ਪਏ ਹਰ ਪ੍ਰੋਡਕਟ ਦੀ ਜਾਣਕਾਰੀ ਇਨ੍ਹਾਂ ਬੋਰਡਾਂ ਉੱਪਰ ਸਾਂਝੀ ਕਰਨੀ ਲਾਜ਼ਮੀ ਕਰ ਦਿੱਤੀ ਗਈ ਹੈ। ਖੇਤੀਬਾੜੀ ਅਫਸਰ ਡਾ ਦਾਰਾ ਸਿੰਘ ਨੇ ਕਿਹਾ ਕਿ ਜੇਕਰ ਕੋਈ ਵੀ ਪੈਸਟੀਸਾਈਡ ਡੀਲਰ



ਇਹਨਾਂ ਹੁਕਮਾਂ ਦੀ ਉਲੰਘਣਾ ਕਰਦਾ ਪਾਇਆ ਗਿਆ ਤਾਂ ਉਹਨਾਂ ਖਿਲਾਫ ਸਖ਼ਤ ਤੋਂ ਸਖ਼ਤ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ, ਉਹਨਾਂ ਕਿਹਾ ਕਿ ਉਹਨਾਂ ਕੋਲ ਅਕਸਰ ਇਹ ਸ਼ਿਕਾਇਤਾਂ ਮਿਲਦੀਆਂ ਰਹਿੰਦੀਆਂ ਹਨ ਕਿ ਪੈਸਟੀਸਾਈਡ ਡੀਲਰਾਂ ਵੱਲੋਂ ਵਾਧੂ ਰੇਟ ਵਸੂਲ ਕਰਨ ਦੀ ਨੀਅਤ ਨਾਲ ਖਾਸ ਤੌਰ 'ਤੇ ਖਾਦ ਵੇਚਣ ਦੇ ਮਾਮਲੇ 'ਚ ਕਾਲਾ ਬਜਾਰੀ ਦਾ ਧੰਦਾ ਕਰਨ ਲਈ ਵੱਡੇ ਰੂਪ 'ਚ ਖਾਦਾਂ ਨੂੰ ਦੁਕਾਨਾਂ ਜਾਂ ਖਾਦ ਗਡਾਉਣ ਦੇ ਵਿੱਚ ਇਲ-ਲੀਗਲ ਤਰੀਕੇ ਨਾਲ ਸਟੋਰੇਜ ਕਰਕੇ ਫਸਲਾਂ ਦੀ ਬਜਾਈ ਦੇ ਸਮੇਂ ਕਿਸਾਨਾਂ ਨੂੰ ਤੰਗ ਪਰੇਸ਼ਾਨ ਕੀਤਾ ਜਾਂਦਾ ਹੈ। ਇਸ ਮੌਕੇ ਡਾਕਟਰ ਦਾਰਾ ਸਿੰਘ ਨੇ ਕਿਹਾ ਜਿਹੜੇ ਖਾਦ ਵਿਕਰੇਤਾ ਵਾਧੂ ਰੇਟ ਵਸੂਲ ਕਰਨ ਦੀ ਨੀਅਤ ਨਾਲ ਕਿਸਾਨਾਂ ਨੂੰ ਖਾਦ ਦੇਣ ਤੋਂ ਆਨਾ ਕਾਨੀ ਕਰਦੇ ਹਨ ਇਸ ਲਈ ਇਸ ਸਾਰੇ ਮਾਮਲੇ ਨੂੰ ਸਰਕਾਰ ਦੇ ਧਿਆਨ 'ਚ ਆਉਣ ਤੋਂ ਬਾਅਦ ਇਸ ਮਾਮਲੇ ਨੂੰ ਖਾਦ ਮਾਰਕੀਟ ਦੇ ਵਿੱਚ ਪਾਰਦਰਸ਼ਤਾ ਦੇ ਨਾਲ ਲਾਗੂ ਕਰਨ ਦੇ ਲਈ ਇਹ ਹੁਕਮ ਜਾਰੀ ਕੀਤੇ ਗਏ ਹਨ, ਕਿ ਹਰੇਕ ਖਾਦ ਵਕਰੇਤਾ ਆਪਣੀ ਦੁਕਾਨ ਦੇ ਬਾਹਰ, ਦੁਕਾਨ ਅੰਦਰ ਪਏ ਹਰੇਕ ਪ੍ਰੋਡਕਟਾਂ ਦੀ ਜਾਣਕਾਰੀ ਅਤੇ ਨਾਲ ਤਹਿਸ਼ੁਦਾ ਮਨਜ਼ੂਰ ਰੇਟਾਂ ਦੀ ਲਿਸਟ ਨਾਲ ਲਗਾ ਕੇ ਖਰੀਦਦਾਰਾਂ ਲਈ ਇਹ ਯਕੀਨੀ ਬਣਾਵੇਗਾ ਕਿ ਉਸਦੀ ਦੁਕਾਨ ਵਿੱਚ ਕਿਹੜਾ ਪ੍ਰੋਡਕਟ ਕਿੰਨੀ ਮਾਤਰਾ ਵਿੱਚ ਉਪਲਬਧ ਹੈ ਅਤੇ ਉਸਦਾ ਮਾਰਕੀਟ ਪ੍ਰਾਇਜ ਰੇਟ ਕੀ ਹੈ, ਅਖੀਰ 'ਚ ਡਿਪਟੀ ਡਾਇਰੈਕਟਰ ਅਤੇ ਮੁੱਖ ਖੇਤੀਬਾੜੀ ਅਫਸਰ ਡਾ. ਦਾਰਾ ਸਿੰਘ ਨੇ ਕਿਹਾ ਕਿ ਹੁਣ ਝੋਨੇ ਦੇ ਸੀਜ਼ਨ ਸ਼ੁਰੂ ਹੋਣ ਤੋਂ ਪਹਿਲਾਂ ਪਹਿਲਾਂ ਜ਼ਿਲ੍ਹੇ ਦੇ ਸਾਰੇ ਪੈਸਟੀਸਾਈਡ ਡੀਲਰਾਂ ਦੀਆਂ ਦੁਕਾਨਾਂ ਦੇ ਬਾਹਰ ਇਹ ਬੋਰਡ ਲੱਗੇ ਹੋਏ ਦਿਖਾਈ ਨਜ਼ਰ ਆਉਣਗੇ, ਜੇਕਰ ਇਹਨਾਂ ਹੁਕਮਾਂ ਨੂੰ ਮੰਨਣ ਤੋਂ ਕੋਈ ਵੀ ਖਾਦ ਵਕਰੇਤਾ ਆਨਾ ਕਾਨੀ ਕਰੇਗਾ ਤਾਂ ਉਹ ਇਸ ਦਾ ਨਤੀਜਾ ਭੁਗਤਣ ਲਈ ਤਿਆਰ ਰਹੇ।

## ਪੰਜਾਬ ਨੰਬਰਦਾਰ ਐਸੋ: ਗਾਲਿਬ ਦੀ ਮੀਟਿੰਗ

ਸਮਾਣਾ, 19 ਅਪ੍ਰੈਲ (ਵਿਜੇ ਕੁਮਾਰ) : ਪੰਜਾਬ ਨੰਬਰਦਾਰ ਐਸੋਸੀਏਸ਼ਨ ਗਾਲਿਬ ਤਹਿਸੀਲ ਸਮਾਣਾ ਦੇ ਸਮੂਹ ਨੰਬਰਦਾਰਾਂ ਦੀ ਇਕ ਵਿਸ਼ੇਸ਼ ਮੀਟਿੰਗ ਪ੍ਰਧਾਨ ਬਲਵਿੰਦਰ ਸਿੰਘ ਟੋਡਰਪੁਰ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਨਵੇ ਬਣੇ ਨੰਬਰਦਾਰ ਹਰਿੰਦਰਜੀਤ ਸਿੰਘ ਪਿੰਡ ਦੁੱਲੜ ਦਾ ਪੰਜਾਬ ਨੰਬਰਦਾਰ ਐਸੋਸੀਏਸਨ ਗਾਲਿਬ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਨੰਬਰਦਾਰ ਬੇਅੰਤ ਸਿੰਘ ਚੀਮਾ ਸਮਾਣਾ, ਭਗਵਾਨ ਸਿੰਘ ਖਾਨਪੁਰ, ਬਹਾਦਰ ਸਿੰਘ ਖਾਨਪੁਰ, ਨਵਦੀਪ ਸਿੰਘ ਵੜੈਚਾਂ, ਸਿਮਰਨਜੀਤ ਸਿੰਘ ਮਿਆਲਾ, ਜਗਤਾਰ ਸਿੰਘ ਕੁਲਾਰਾਂ, ਅਮਨਦੀਪ ਸਿੰਘ ਗੁਰਦਿਆਲ ਪੁਰਾ, ਹਰਜੀਤ ਸਿੰਘ ਬੇਦੀ, ਜਗਤਾਰ ਸਿੰਘ ਚੁੱਪਕੀ, ਗੁਰਮੇਲ ਸਿੰਘ ਕਮਾਲਪੁਰ, ਤਰਨਜੀਤ ਸਿੰਘ ਕੋਟਲਾ, ਭੁਪਿੰਦਰ ਸਿੰਘ ਬਦਨਪੁਰ, ਕੰਧਾਰਾ ਸਿੰਘ ਅਚਰਾਲਾਂ, ਅਮ੍ਰਿਤਪਾਲ ਸਿੰਘ ਮਿਆਲਾ, ਸੁਰਿੰਦਰ ਸਿੰਘ ਵੜੈਚਾਂ, ਵਿਕਰਮ ਆਦਿ ਹਾਜ਼ਰ ਸਨ।

## ਜੰਗਲਾਤ, ਜੰਗਲੀ ਜੀਵ ਤੇ ਜੰਗਲਾਤ ਨਿਗਮ ਦੇ ਡੇਲੀਵੇਜਿਜ਼ ਕਾਮਿਆਂ ਦੀ ਸਬ-ਕਮੇਟੀ ਦਾ ਪੁਨਰਗਠਨ




ਪਟਿਆਲਾ, 19 ਅਪ੍ਰੈਲ (ਰੁਪਾਣਾ) : ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ (1680) ਦੀ ਜਿਲਾ ਸਬ ਕਮੇਟੀ ਜੰਗਲਾਤ, ਜੰਗਲੀ ਜੀਵ, ਜੰਗਲਾਤ ਨਿਗਮ, ਜਿਲਾ ਸਬ ਕਮੇਟੀ ਦਾ ਪੁਨਰਗਠਨ ਕੀਤਾ ਗਿਆ। ਇਸ ਦੀ ਅਗਵਾਈ ਸੂਬਾ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ, ਫੈਡਰੇਸ਼ਨ ਦੇ ਵਰਕਿੰਗ ਜਿਲਾ ਪ੍ਰਧਾਨ ਸੂਰਜ ਪਾਲ ਯਾਦਵ ਨੇ ਕੀਤੀ। ਜਿਸ ਮੌਕੇ 'ਤੇ ਵਿਭਾਗ ਵਿਚਲੇ ਰਹਿੰਦੇ ਕਾਮਿਆਂ ਨੂੰ ਰੈਗੂਲਰ ਕਰਨ ਰਹਿੰਦਿਆ ਤਨਖਾਹਾਂ ਜਾਰੀ ਕਰਨ, ਕੰਮਾਂ ਤੋਂ ਹਟਾਏ ਵਰਕਰਾਂ ਨੂੰ ਕੰਮਾਂ ਤੇ ਹਾਜਰ ਕਰਨ ਆਦਿ ਇਸ਼ੂਆਂ ਤੇ ਵਿਚਾਰ ਕੀਤਾ ਗਿਆ ਤੇ ਫੈਸਲਾ ਕੀਤਾ ਕਿ ਮੰਗਾਂ ਸਮੇਤ ਮਹਿੰਗਾਈ ਭੱਤਾ, ਪੁਰਾਣੀ ਪੈਨਸ਼ਨ ਪ੍ਰਾਪਤੀ ਆਦਿ ਇਸ਼ੂਆਂ ਤੇ ਵਣ ਭਵਨ ਮੋਹਾਲੀ ਵਿਖੇ ਮਈ ਵਿੱਚ ਧਰਨਾ ਦਿੱਤਾ ਜਾਵੇਗਾ। ਕਮੇਟੀ ਵਿੱਚ ਸ਼ਾਮਲ ਕੀਤੇ ਆਗੂਆਂ ਦੇ ਨਾਮ ਇਸ ਪ੍ਰਕਾਰ ਹਨ ਪ੍ਰਧਾਨ ਤਰਲੋਚਨ ਗਿਰ ਮਾੜੂ ਪਟਿਆਲਾ, ਜਨਰਲ ਸਕੱਤਰ ਬਲਵਿੰਦਰ ਸਿੰਘ ਸਾਮਲਾ ਨਾਭਾ, ਸੀਨੀਅਰ ਮੀਤ ਪ੍ਰਧਾਨ ਤਰਲੋਚਨ ਮੰਡੌਲੀ ਰਾਜਪੁਰਾ, ਸੀਨੀਅਰ ਮੀਤ ਪ੍ਰਧਾਨ ਨਿਸ਼ਾਨ ਰਾਣਾ ਡੇਰਾਬਸੀ, ਅਡੀਸ਼ਨਲ ਜਨਰਲ ਸਕੱਤਰ ਚੰਦਰ ਭਾਨ ਮੋਹਾਲੀ/ਪਟਿਆਲਾ, ਮੀਤ ਪ੍ਰਧਾਨ ਸੱਤਪਾਲ ਲੰਗ ਪਟਿਆਲਾ, ਖਜਾਨਚੀ ਸੋਮ ਦੱਤ ਜੰਗਲੀ ਜੀਵ ਪਟਿਆਲਾ, ਪ੍ਰਚਾਰ ਸਕੱਤਰ ਕੁਲਵਿੰਦਰ ਸਿੰਘ ਕਾਲਵਾ ਜੰਗਲੀ ਜੀਵ ਪਟਿਆਲਾ, ਮੁੱਖ ਸਲਾਹਕਾਰ ਨਛੱਤਰ ਸਿੰਘ ਲਾਛੜੂ ਰਾਜਪੁਰਾ, ਸਹਾਇਕ ਸਕੱਤਰ ਹਰਜਿੰਦਰ ਸਿੰਘ ਅਮਲੋਹ, ਜਥੇਬੰਦਕ ਸਕੱਤਰ ਨਿਰਮਲ ਸਿੰਘ ਭਾਦਸੋਂ, ਦਫ਼ਤਰ ਸਕੱਤਰ ਲਖਵੀਰ ਸਿੰਘ ਛੱਤਬੀੜ ਬਨੂੜ, ਸਹਾਇਕ ਸਕੱਤਰ ਬਲਵਿੰਦਰ ਸਿੰਘ ਛੱਤਬੀੜ ਬਨੂੜ, ਸਹਾਇਕ ਸਕੱਤਰ ਜਸਵਿੰਦਰ ਸਿੰਘ ਭਾਦਸੋਂ ਆਦਿ ਚੁਣੇ ਗਏ।

## ਮਗਨਰੇਗਾ ਮੁਲਾਜ਼ਮਾਂ ਦੀਆਂ ਤਨਖ਼ਾਹਾਂ ਲਟਕੀਆਂ

ਮਲੇਰਕੋਟਲਾ, 19 ਅਪ੍ਰੈਲ (ਬਲਜੀਤ ਸਿੰਘ ਟਿੱਬਾ) : ਮਗਨਰੇਗਾ ਤਹਿਤ ਵੱਖ ਵੱਖ ਬੀ ਡੀ ਪੀ ਓ ਬਲਾਕਾਂ ਵਿੱਚ ਕੰਮ ਕਰਦੇ ਮਗਨਰੇਗਾ ਮੁਲਾਜ਼ਮਾਂ ਦੀਆਂ ਤਨਖਾਹਾਂ ਪਿਛਲੇ 4 ਮਹੀਨਿਆ ਤੋਂ ਨਾ ਮਿਲਣ ਕਾਰਨ ਮੁਲਾਜ਼ਮਾਂ ਨੂੰ ਆਰਥਿਕ ਤੰਗੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਮਹਿੰਗਾਈ ਦੇ ਯੁੱਗ ਵਿੱਚ ਮੁਲਾਜ਼ਮਾਂ ਨੂੰ ਘਰ ਚਲਾਉਣਾ ਔਖਾ ਲੱਗ ਰਿਹਾ ਹੈ।ਮਾਲੇਰਕੋਟਲਾ ਦੇ ਜ਼ਿਲ੍ਹਾ ਪ੍ਰਧਾਨ ਬਲਵੀਰ ਸਿੰਘ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਕੇਂਦਰ ਸਰਕਾਰ ਮਗਨਰੇਗਾ ਸਕੀਮ ਦੀ ਥਾਂ ਤੇ ਜੀ-ਰਾਮ-ਜੀ ਸਕੀਮ ਨੂੰ ਲਾਗੂ ਕਰਨ ਜਾ ਰਹੀ ਹੈ, ਜਿਸ ਕਾਰਨ ਕੇਂਦਰ ਸਰਕਾਰ ਨੇ ਮਗਨਰੇਗਾ ਦੇ ਸਾਰੇ ਫੰਡ ਰੋਕ ਲਏ ਹਨ। ਇਸ ਤੋਂ ਇਲਾਵਾ ਸੀ ਏ ਤੇਜਵਰਿੰਦਰ ਸਿੰਘ, ਦਲਵੀਰ ਸਿੰਘ,ਸਰਬਜੀਤ ਸਿੰਘ ਨੇ ਦੱਸਿਆ ਕਿ ਕੇਂਦਰ ਸਰਕਾਰ ਪਿਛਲੇ 20 ਸਾਲਾਂ ਤੋਂ ਚੱਲ ਰਹੀ ਮਗਨਰੇਗਾ ਸਕੀਮ ਦੀ ਥਾਂ ਤੇ ਜੀ-ਰਾਮ-ਜੀ ਲਾਗੂ ਕਰਨ ਜਾ ਰਹੀ ਹੈ। ਜਿਸ ਕਾਰਨ ਹਜਾਰਾਂ ਮਗਨਰੇਗਾ ਮੁਲਾਜ਼ਮਾਂ ਦਾ ਭਵਿੱਖ ਖਤਰੇ ਵਿੱਚ ਹੈ। ਸਰਕਾਰ ਦੁਆਰਾ 15-20 ਸਾਲਾਂ ਤੋਂ ਮਗਨਰੇਗਾ ਸਕੀਮ ਵਿੱਚ ਕੰਮ ਕਰਦੇ ਮੁਲਾਜ਼ਮਾਂ ਨੂੰ ਪੱਕਾ ਕਰਨ ਦੀ ਥਾਂ ਉਹਨਾਂ ਦੀਆਂ ਤਨਖਾਹਾਂ ਵੀ ਰੋਕ ਲਈਆਂ ਹਨ। ਲਗਭਗ 5ਵਾ ਮਹੀਨਾ ਖ਼ਤਮ ਹੋਣ ਨੂੰ ਹੋ ਗਿਆ ਪਰ ਉਹਨਾਂ ਨੂੰ ਤਨਖਾਹਾਂ ਜਾਰੀ ਨਹੀਂ ਕੀਤੀਆਂ ਗਈਆਂ, ਜਿਸ ਕਾਰਨ ਬਹੁਤ ਸਾਰੀਆਂ ਆਰਥਿਕ ਤੰਗੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਹਨਾਂ ਸਰਕਾਰ ਤੋਂ ਮੰਗ ਕੀਤੀ ਕਿ ਮੁਲਾਜ਼ਮਾਂ ਨੂੰ ਜਲਦ ਤੋਂ ਜਲਦ ਤਨਖਾਹਾਂ ਜਾਰੀ ਕੀਤੀਆਂ ਜਾਣ। ਇਸ ਮੌਕੇ ਏ. ਪੀ ਓ ਅਮਰਜੀਤ ਸਿੰਘ, ਰਣਜੀਤ ਕੌਰ ਜਤਿੰਦਰ ਕੁਮਾਰ, ਗੁਰਜੀਤ ਸਿੰਘ, ਗੁਰਵਿੰਦਰ ਸਿੰਘ, , ਨਿਰਭੈ ਸਿੰਘ, ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

## ਵਿਦਿਆਰਥੀਆਂ ਨੂੰ ਫਾਇਰ ਸੇਫਟੀ, ਸਿਲੰਡਰਾਂ ਦੀ ਵਰਤੋਂ ਤੇ ਪੀੜਤਾਂ ਦੀ ਸਹਾਇਤਾ ਕਰਨ ਦੀ ਟ੍ਰੇਨਿੰਗ ਕਰਵਾਈ

ਪਟਿਆਲਾ, 19 ਅਪ੍ਰੈਲ (ਚ.ਨ.ਸ.) : ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ, ਜ਼ਿਲ੍ਹਾ ਸਿੱਖਿਆ ਅਫਸਰ ਪਟਿਆਲਾ ਵੱਲੋਂ ਜਾਰੀ ਕੀਤੇ ਪੱਤਰ ਅਨੁਸਾਰ ਆਰੀਆਂ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਪਟਿਆਲਾ ਵਲੋਂ ਵਿਦਿਆਰਥੀਆਂ, ਅਧਿਆਪਕਾਂ ਨੂੰ ਫਾਇਰ ਸੇਫਟੀ, ਸਿਲੰਡਰਾਂ ਦੀ ਵਰਤੋਂ, ਪੀੜਤਾਂ ਦੀ ਫਸਟ ਏਡ, ਸੀ ਪੀ ਆਰ ਕਰਨ ਦੀ ਟ੍ਰੇਨਿੰਗ ਅਭਿਆਸ ਕਰਵਾਏ। ਜਿਸ ਦੌਰਾਨ ਆਫ਼ਤ ਪ੍ਰਬੰਧਨ, ਫਸਟ ਏਡ, ਫਾਇਰ ਸੇਫਟੀ ਟ੍ਰੇਨਰ ਸ਼੍ਰੀ ਕਾਕਾ ਰਾਮ ਵਰਮਾ ਅਤੇ ਆਵਾਜਾਈ ਸਿੱਖਿਆ ਸੈਲ ਦੇ ਏ ਐਸ ਆਈ ਰਾਮ ਸਰਨ ਵੱਲੋਂ ਦੱਸਿਆ ਕਿ ਜੰਗਾਂ ਦੇ ਬੰਬਾਂ ਮਿਜ਼ਾਇਲਾਂ ਨਾਲੋਂ ਗੈਸਾਂ, ਬਿਜਲੀ, ਪੈਟਰੋਲੀਅਮ ਅਤੇ ਬਾਲਣ ਪਦਾਰਥਾਂ ਦੀਆਂ ਅੱਗਾਂ ਕਾਰਨ



ਵੱਧ ਮੌਤਾਂ ਅਤੇ ਪ੍ਰਾਪਰਟੀਆਂ ਦੇ ਭਾਰੀ ਨੁਕਸਾਨ ਹੋ ਰਹੇ ਹਨ। ਕਾਕਾ ਰਾਮ ਵਰਮਾ ਨੇ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਕਿ ਅੱਗਾਂ ਲਗਣ, ਗੈਸਾਂ ਲੀਕ ਹੋਣ, ਬਿਜਲੀ ਸ਼ਾਟ ਸਰਕਟ ਜਾਂ ਪੈਟਰੋਲੀਅਮ ਪਦਾਰਥਾਂ ਦੀ ਅੱਗਾਂ ਤੋਂ ਬਚਣ ਲਈ ਤੁਰੰਤ ਜ਼ਮੀਨ 'ਤੇ ਪੇਟ ਭਾਰ ( ਵੈਂਟੀਲੈਟਰ ਪੁਜ਼ੀਸ਼ਨ) ਵਿੱਚ ਲੇਟ ਕੇ ਆਪਣੇ ਮੂੰਹ, ਨੱਕ ਤੇ ਗਿੱਲਾ ਰੁਮਾਲ ਬੰਨ ਲੈਣਾ ਚਾਹੀਦਾ। ਪ੍ਰਿੰਸੀਪਲ ਸੰਤੋਸ਼ ਗੋਇਲ ਨੇ ਧੰਨਵਾਦ ਕਰਦੇ ਹੋਏ ਕਿਹਾ ਕਿ ਇਸ ਸਕੂਲ ਵਿਖੇ ਡੈਡੀਕੇਟਿਡ ਬ੍ਰਦਰਜ਼ ਗਰੁੱਪ ਪਟਿਆਲਾ ਦੇ ਪ੍ਰਧਾਨ ਡਾਕਟਰ ਰਾਕੇਸ਼ ਵਰਮੀ ਅਤੇ ਸ਼੍ਰੀ ਕਾਕਾ ਰਾਮ ਵਰਮਾ ਵੱਲੋਂ ਇਸ ਸਕੂਲ ਵਿਖੇ ਜਾਗ੍ਰਿਤੀ ਕਲੱਬ ਬਣਾਇਆ ਹੈ ਇਸ ਲਈ ਪਹਿਲ ਦੇ ਆਧਾਰ 'ਤੇ ਵਿਦਿਆਰਥੀਆਂ ਨੂੰ ਸਿਹਤ, ਸੇਫਟੀ, ਬਚਾਓ ਮਦਦ ਬਾਰੇ ਜਾਗਰੂਕ ਕੀਤਾ ਜਾਂਦਾ ਹੈ।

## ਬੀਬੀ ਹਰਪ੍ਰੀਤ ਕੌਰ ਮੁਖਮੈਲਪੁਰ ਦਾ ਪਿੰਡ ਸੀਲ ਵਿਖੇ ਨਿੱਘਾ ਸਵਾਗਤ



ਘਨੌਰ, 19 ਅਪ੍ਰੈਲ (ਰਾਜਿੰਦਰ ਸਿੰਘ ਕੰਬੋਜ): ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਬੀਬੀ ਹਰਪ੍ਰੀਤ ਕੌਰ ਮੁਖਮੈਲਪੁਰ ਨੂੰ ਪਾਰਟੀ ਦਾ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤੇ ਜਾਣ ਤੋਂ ਬਾਅਦ ਅੱਜ ਪਿੰਡ ਸੀਲ ਵਿਖੇ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ ਗਿਆ। ਪਿੰਡ ਦੇ ਸਰਪੰਚ ਜੋਰਾ ਸਿੰਘ ਅਤੇ ਹੋਰ ਪਤਵੰਤੇ ਸੱਜਣਾਂ ਦੀ ਅਗਵਾਈ ਵਿੱਚ ਉਲੀਕੇ ਗਏ ਇਸ ਸਨਮਾਨ ਸਮਾਰੋਹ ਦੌਰਾਨ ਇਲਾਕਾ ਨਿਵਾਸੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਮੌਕੇ ਧੰਨਵਾਦ ਪ੍ਰਗਟ ਕਰਦਿਆਂ ਬੀਬੀ ਮੁਖਮੈਲਪੁਰ ਨੇ ਪਿੰਡ ਵਾਸੀਆਂ ਨੂੰ ਆਪਣਾ ਪਰਿਵਾਰ ਦੱਸਿਆ ਅਤੇ ਪਾਰਟੀ ਹਾਈਕਮਾਂਡ ਦਾ ਸ਼ੁਕਰਾਨਾ ਕੀਤਾ। ਸਮਾਗਮ ਦੇ ਅਖੀਰ ਵਿੱਚ ਇਲਾਕੇ ਦੀਆਂ ਸੰਗਤਾਂ ਅਤੇ ਅਕਾਲੀ ਆਗੂਆਂ ਵੱਲੋਂ ਬੀਬੀ ਹਰਪ੍ਰੀਤ ਕੌਰ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਫੌਜੀ ਜੋਰਾ ਸਿੰਘ ਸਰਪੰਚ ਸੀਲ , ਕਾਕਾ ਹਰਬਿੰਦਰ ਸਿੰਘ ਸੀਲ, ਦਲਜੀਤ ਸਿੰਘ, ਗੁਰਪਾਲ ਸਿੰਘ ਆਦਿ ਤੋਂ ਇਲਾਵਾ ਪਿੰਡ ਵਾਸੀ ਹਾਜ਼ਰ ਸਨ।

## ਡੈਡੀਕੇਟਿਡ ਬ੍ਰਦਰਜ਼ ਗਰੁੱਪ ਵੱਲੋਂ ਸੁਖਦੇਵ ਸਿੰਘ ਸ਼ਾਂਤ ਲੇਖਕ ਕਵੀ ਦਾ ਸਨਮਾਨ

ਪਟਿਆਲਾ, 19 ਅਪ੍ਰੈਲ (ਚ.ਨ.ਸ.) : ਡੈਡੀਕੇਟਿਡ ਬ੍ਰਦਰਜ਼ ਗਰੁੱਪ ਪੰਜਾਬ ਦੇ ਸੰਸਥਾਪਕ ਅਤੇ ਪ੍ਰਧਾਨ ਡਾ.ਰਾਕੇਸ਼ ਵਰਮੀ ਦੀ ਸਰਪ੍ਰਸਤੀ ਹੇਠ 325 ਵੀਂ ਮਾਸਿਕ ਮਿਲਣੀ ਅਤੇ ਸਨਮਾਨ ਸਮਾਰੋਹ ਭਾਸ਼ਾ ਭਵਨ ਪਟਿਆਲਾ ਵਿਖੇ ਆਯੋਜਿਤ ਕੀਤਾ ਜਿਸ ਦੇ ਮੁੱਖ ਮਹਿਮਾਨ ਸੁਖਦੇਵ ਸਿੰਘ ਸ਼ਾਂਤ ਲੇਖਕ ਕਵੀ ਅਤੇ ਉਨ੍ਹਾਂ ਦੀ ਪਤਨੀ ਸੁਰਿੰਦਰ ਕੌਰ ਦਾ ਫੁੱਲਾਂ ਦੇ ਗੁਲਦਸਤਿਆਂ ਅਤੇ ਫੁੱਲਾਂ ਦੇ ਹਾਰਾਂ ਨਾਲ ਸਨਮਾਨ ਕਰਦੇ ਹੋਏ ਗੋਇਲ ਸਟੇਜ ਸਕੱਤਰ ਨੇ ਜੀ ਆਇਆਂ ਨੂੰ ਆਖਿਆ ਡੀ.ਬੀ.ਜੀ ਦੇ ਲੀਗਲ ਐਡਵਾਈਜਰ ਰਣਦੀਪ ਸਿੰਘ ਐਡਵੋਕੇਟ, ਅਮਨਇੰਦਰ ਸਿੰਘ ਸੈਣੀ, ਦਿਲਪ੍ਰੀਤ ਸਿੰਘ, ਰਾਜੇਸ਼ ਕੋਟਿਆ, ਡਾ.ਰਾਕੇਸ਼ ਵਰਮੀ, ਮਨਜੀਤ ਕੌਰ ਆਜਾਦ, ਸੁਮਨ ਆਨੰਦ, ਦਲਜੀਤ ਕੌਰ ਗਿੱਲ, ਬੀ.ਐਸ.ਬੇਦੀ ਨੇ ਫੁੱਲਾਂ ਦੇ ਗੁਲਦਸਤਿਆਂ ਨਾਲ ਜੀ ਆਇਆਂ ਨੂੰ ਆਖਿਆ। ਡਾ.ਰਾਕੇਸ਼ ਵਰਮੀ ਪ੍ਰਧਾਨ ਡੀ.ਬੀ.ਜੀ ਨੇ ਸੈਂਕੜੇ ਹੀ ਮੈਂਬਰਾਂ ਅਤੇ ਮਹਿਮਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ




ਸਮਾਜ ਦੇ ਹਰ ਵਰਗ ਦੀ ਸਹਾਇਤਾ ਕਰਨ ਲਈ ਵੱਖ-ਵੱਖ 35 ਪ੍ਰਾਜੈਕਟਾਂ ਰਾਹੀਂ ਮਾਨਵਤਾ ਦੀ ਸੇਵਾ ਕੀਤੀ ਜਾ ਰਹੀ ਹੈ। ਪੀ.ਜੀ.ਆਈ ਲਈ ਮੁਫਤ ਬੱਸ ਸੇਵਾ, ਮਿਹਨਤੀ, ਮਜ਼ਦੂਰ, ਰਿਕਸ਼ਾ ਚਾਲਕ, ਫੈਕਟਰੀ ਵਰਕਰ, ਆਟੋ ਚਾਲਕ, ਦੁਕਾਨਦਾਰਾਂ, ਵਿਦਿਆਰਥੀ, ਕੂੜਾ ਚੁਕਣ ਵਾਲੇ ਲੋਕਾਂ ਲਈ ਦੁਪਹਿਰ ਦਾ ਮੁਫਤ ਖਾਣਾ ਅਤੇ ਸਨਮਾਨ ਨਾਲ 10 ਰੁਪਏ ਥਾਲੀ ਰੋਟੀ, ਸਬਜੀ, ਚਾਵਲ, ਹਲਵਾ ਪ੍ਰਸ਼ਾਦ ਹਰ ਰੋਜ ਖਿਲਾਇਆ ਜਾਂਦਾ ਹੈ। ਡੀ.ਬੀ.ਜੀ ਹਮੇਸ਼ਾ ਹੋਣਹਾਰ ਵਿਦਿਆਰਥੀਆਂ ਦੀ ਪੜਾਈ ਦਾ ਖਰਚਾ ਕਰਦਾ ਹੈ। ਕਿਡਨੀ ਰੋਗੀਆਂ ਦੇ ਇਲਾਜ ਪੀ.ਜੀ.ਆਈ ਤੋਂ ਕਰਵਾਉਣ ਲਈ ਤਿੰਨ ਲੱਖ ਦਾ ਖਰਚਾ ਮਨਜ਼ੂਰ ਕੀਤਾ ਜਾਂਦਾ ਹੈ, ਅੱਖਾਂ ਦੇ ਲੈਂਨਜ ਵਾਲੇ ਮੁਫਤ ਆਪ੍ਰੇਸ਼ਨ, ਐਨਕਾਂ, ਦਵਾਈਆਂ, ਕੈਂਪਾਂ ਦੁਆਰਾ ਦਿੱਤੀਆਂ ਜਾਂਦੀਆਂ ਹਨ। ਸੁਖਦੇਵ ਸਿੰਘ ਸ਼ਾਂਤ ਅੰਤਰਰਾਸਟਰੀ ਪ੍ਰਸਿਧ ਲੇਖਕ ਅਤੇ ਕਵਿ ਨੇ ਵਿਸ਼ਾਲ ਸਭਾ ਨੂੰ ਸੰਬੋਧਨ ਕਰਦੇ ਹੋਏ ਕਿਹਾ ਇਸ ਸੰਸਥਾ ਡੀ.ਬੀ.ਜੀ ਦੇ ਆਜੀਵਨ ਮੈਂਬਰ ਹੋਣ 'ਤੇ ਸਾਨੂੰ ਫ਼ਖ਼ਰ ਹੈ ਗਰੁੱਪ ਦੀਆਂ ਗਤੀ ਵਿਧੀਆਂ ਬਾਰੇ ਅਸੀ ਸੋਸ਼ਲ ਮੀਡੀਆ ਰਾਹੀਂ ਅਮਰੀਕਾ ਵਿੱਚ ਜਾਣਕਾਰੀ ਪ੍ਰਾਪਤ ਕਰਦੇ ਰਹਿੰਦੇ ਹਾਂ। ਹਰੇਕ ਪ੍ਰਾਜੈਕਟ ਇੰਚਾਰਜ ਆਪਣੀ ਜਿੰਮੇਵਾਰੀ ਪੂਰੇ ਤਨ ਦੇਹੀ ਨਾਲ ਨਿਭਾਉਂਦਾ ਹੈ। ਬੇਟੀ ਰੂਹਾਨੀ ਨੇ ਦੇਸੀ ਮਹੀਨਿਆਂ ਦੀ ਮਹੱਤਤਾ ਆਪਣੀ ਕਵਿਤਾ ਰਾਹੀ ਸੁਣਈ ਜਿਸ ਤੋਂ ਖੁਸ਼ ਹੋ ਕੇ ਸੁਰਿੰਦਰ ਕੌਰ ਨੇ ਉਸ ਨੂੰ ਇਨਾਮ ਦਿੱਤਾ ਇਸ ਮੌਕੇ ਵੱਖ-2 ਪ੍ਰਾਜੈਕਟ ਇੰਚਾਰਜਾਂ ਨੇ ਅਤੇ ਕਾਕਾ ਰਾਮ ਵਰਮਾ ਪ੍ਰਬੰਧਕ ਫਸਟ ਏਡ ਫਾਇਰ ਸੇਫਟੀ ਟ੍ਰੇਨਰ ਨੇ ਮਨੁੱਖੀ ਕੀਮਤੀ ਜ਼ਿੰਦਗੀਆਂ ਬਚਾਉਣ ਲਈ ਜਾਗਰੂਕ ਕੀਤਾ ਗੁਰਜਾਪ ਸਿੰਘ , ਗੁਲਾਬ ਸਿੰਘ, ਦਰਸ਼ਨ ਸਿੰਘ, ਬਸ਼ੀਰ ਸਿਆਣੀ, ਚਮਨ ਲਾਲ, ਅਨੰਤ ਸਿੰਘ, ਜਸਵੀਰ ਸਿੰਘ, ਪਵਨ ਕੁਮਾਰ ਸਾਬਕਾ ਕਮਾਡੈਂਟ, ਡਾ.ਸਤੀਸ਼ ਕੁਮਾਰ, ਓਮ ਪ੍ਰਕਾਸ਼ ਸਿੰਗਲਾ, ਅਸ਼ੋਕ ਕੁਮਾਰ ਸ਼ਰਮਾ, ਪਵਨ ਕੁਮਾਰ ਸ਼ਰਮਾਂ, ਵਿਕਾਸ ਗੋਇਲ, ਸੁਰਿੰਦਰ ਬੇਦੀ, ਅਮਨਇੰਦਰ ਸਿੰਘ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ। ਇਹ ਜਾਣਕਾਰੀ ਅਮਨਇੰਦਰ ਸਿੰਘ ਸੈਣੀ ਨੇ ਦਿੱਤੀ।

## ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਵੱਲੋਂ ਬ੍ਰਿਸ਼ਭਾਨ ਕਾਂਸਲ ਤੇ ਰਜਿੰਦਰ ਗੁਪਤਾ ਦਾ ਸਨਮਾਨ



ਸਮਾਣਾ, 19 ਅਪ੍ਰੈਲ (ਵਿਜੇ ਕੁਮਾਰ) : ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਵੱਲੋਂ ਸਤੀ ਮੰਦਰ ਧਰਮਸ਼ਾਲਾ ਵਿਖੇ ਸੰਸਥਾ ਪ੍ਰਧਾਨ ਮਾ. ਜਸਬੀਰ ਸਿੰਘ ਦੀ ਪ੍ਰਧਾਨਗੀ 'ਚ ਇੱਕ ਵਿਸ਼ੇਸ਼ ਮੀਟਿੰਗ ਹੋਈ। ਇਸ ਮੀਟਿੰਗ ਵਿੱਚ ਪੈਨਸ਼ਨਰਾਂ ਨਾਲ ਸਬੰਧਤ ਅਹਿਮ ਮਸਲਿਆਂ ਅਤੇ ਮੁਸ਼ਕਲਾਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਸੰਸਥਾ ਵੱਲੋਂ ਬ੍ਰਿਸ਼ਭਾਨ ਕਾਂਸਲ ਨੂੰ ਅਗਰਵਾਲ ਧਰਮਸ਼ਾਲਾ ਅਤੇ ਸਕੂਲ ਪ੍ਰਬੰਧਕ ਕਮੇਟੀ ਦੇ ਨਿਰ ਵਿਰੋਧ ਬਣੇ ਮੈਂਬਰ ਅਤੇ ਰਜਿੰਦਰ ਗੁਪਤਾ ਨੂੰ ਭਾਰਤ ਵਿਕਾਸ ਪ੍ਰੀਸ਼ਦ ਦੇ ਦੂਜੀ ਵਾਰ ਪ੍ਰਧਾਨ ਬਨਣ ਤੇ ਸਨਮਾਨ ਚਿੰਨ੍ਹ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਮੀਟਿੰਗ ਦੌਰਾਨ ਨਾਥ ਸਿੰਘ, ਬ੍ਰਿਜਭਾਨ ਕਾਂਸਲ, ਰਜਿੰਦਰ ਗੁਪਤਾ, ਆਨੰਦ ਗਰਗ, ਸੁਰਜੀਤ ਸਿੰਘ, ਰਾਮ ਲਾਲ ਬਾਂਸਲ, ਮਾ. ਅਸ਼ੋਕ ਕੁਮਾਰ ਅਤੇ ਸੁਭਾਸ਼ ਪੰਜਰਥ ਸਮੇਤ ਹੋਰ ਮੈਂਬਰਾਂ ਨੇ ਪੈਨਸ਼ਨਰਾਂ ਦੀਆਂ ਮੰਗਾਂ 'ਤੇ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਡੀ.ਏ. (ਮਹਿੰਗਾਈ ਭੱਤਾ) ਦਾ 16 ਫੀਸਦੀ ਬਕਾਇਆ ਲੰਬੇ ਸਮੇਂ ਤੋਂ ਜਾਰੀ ਨਹੀਂ ਕੀਤਾ ਗਿਆ। ਇਸ ਮੌਕੇ ਮੀਟਿੰਗ 'ਚ ਕ੍ਰਿਸ਼ਨ ਸਿੰਗਲਾ, ਰਮੇਸ਼ ਸਿੰਗਲਾ, ਵਿਜੇ ਸਿੰਗਲਾ, ਰਜਿੰਦਰ ਕੁਮਾਰ, ਗਿਆਨ ਗੁਪਤਾ, ਪ੍ਰੀਤਮ ਸਿੰਘ ਸੰਧੂ, ਬਲਦੇਵ ਸਿੰਘ, ਬਾਬੂ ਸਿੰਘ ਪਨੇਠਾ, ਗੁਰਦੀਪ ਸਿੰਘ, ਅਵਤਾਰ ਸਿੰਘ, ਜਰਨੈਲ ਸਿੰਘ, ਜਸਵੀਰ ਸਿੰਘ ਚਾਵਲਾ, ਸੁਖਵਿੰਦਰ ਦਾਸ ਗਾਜ਼ੀਪੁਰ, ਗੋਬਿੰਦ ਰਾਮ, ਹਰਬਿਲਾਸ ਬਾਂਸਲ, ਸਤੀਸ਼ ਕੁਮਾਰ, ਰਮੇਸ਼ ਮਿੱਤਲ, ਰਾਜਕ੍ਰਿਸ਼ਨ, ਮਲਕੀਤ ਸਿੰਘ, ਪਵਨ ਬਾਂਸਲ, ਮਾ. ਦਰਸ਼ਨ ਕੁਮਾਰ, ਸੰਤੋਸ਼ ਸ਼ਰਮਾ, ਸੁਰਿੰਦਰਾ ਦੇਵੀ, ਗੁਰਚਰਨ ਕੌਰ ਅਤੇ ਦਰਸ਼ਨ ਕੌਰ ਸਮੇਤ ਵੱਡੀ ਗਿਣਤੀ 'ਚ ਮੈਂਬਰ ਹਾਜ਼ਰ ਸਨ।